8-APRIL-PAGE-1.qxdadd page.qxd 4/7/2023 9:24 PM Page 1

ਸ਼ਨੀਵਾਰ, 8 ਅਪ੍ਰੈਲ, 2023
26 ਚੇਤ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 71
ਅੰਕ/NO. : 307

# ਨਵਾਂ ਜ਼ਮਾਨਾ

DAILY NAWAN ZAMANA • SATURDAY, 8 APRIL, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਕਿਸਾਨਾਂ ਨੂੰ ਰਿਲੀਫ ਚੈੱਕ ਵਿਸਾਖੀ 'ਤੇ

### ਮੁੱਖ ਮੰਤਰੀ ਵੱਲੋਂ ਸਾਲ ਦੀਆਂ ਪ੍ਰਾਪਤੀਆਂ ਦਾ ਲੇਖਾ-ਜੋਖਾ ਪੇਸ਼

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਕਿਹਾ ਕਿ ਆਮ ਆਦਮੀ ਦੀ ਸਰਕਾਰ ਦੇ ਅਣਥੱਕ ਅਤੇ ਸੁਹਿਰਦ ਯਤਨਾਂ ਸਦਕਾ ਵਿਆਪਕ ਪੱਧਰ 'ਤੇ ਮਾਲੀਆ ਪੈਦਾ ਹੋਇਆ ਹੈ, ਜਿਸ ਨਾਲ ਪੰਜਾਬ 'ਵਿੱਤੀ ਘਾਟੇ' ਤੋਂ 'ਵਿੱਤੀ ਲਾਭ' ਵਾਲੇ ਸੂਬੇ ਵਿੱਚ ਤਬਦੀਲ ਹੋ ਗਿਆ ਹੈ।

ਪੰਜਾਬ ਭਵਨ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਹਮੇਸ਼ਾ ਹੀ ਆਪਣੇ ਨਿੱਜੀ ਹਿੱਤ ਪੂਰੇ ਕਰਨ ਲਈ ਸੋਚਦੀਆਂ ਸਨ, ਜਦਕਿ ਉਨ੍ਹਾਂ ਦੀ ਸਰਕਾਰ ਨੇ ਸੂਬੇ ਦੇ ਮਾਲੀਏ ਵਿੱਚ ਵਾਧਾ ਕਰਨ ਲਈ ਸਾਰੀਆਂ ਚੋਰ-ਮੋਰੀਆਂ ਬੰਦ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਬੜੀ ਤਸੱਲੀ ਵਾਲੀ ਗੱਲ ਹੈ ਕਿ ਇਨ੍ਹਾਂ ਯਤਨਾਂ ਦੇ ਸਾਰਥਿਕ ਨਤੀਜੇ ਸਾਹਮਣੇ ਆਏ ਹਨ, ਕਿਉਂਕਿ ਸੂਬਾ ਵੱਧ ਤੋਂ ਵੱਧ ਮਾਲੀਆ ਪੈਦਾ ਕਰਨ ਦੇ ਸਮਰੱਥ ਹੋ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੀ ਇਮਾਨਦਾਰ ਸਰਕਾਰ ਨੇ ਸਿਆਸਤਦਾਨਾਂ ਦੇ ਨਿੱਜੀ ਘਰਾਂ ਵਿਚ ਫੰਡ ਜਾਣ ਦੀ ਬਜਾਏ ਫੰਡਾਂ ਦਾ ਮੁਹਾਣ ਸਰਕਾਰੀ ਖਜ਼ਾਨੇ ਵੱਲ ਮੋੜ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਸੂਬਾ ਸਰਕਾਰ ਨੇ ਤਿੰਨ ਮਹੀਨੇ ਦੀ ਦੇਰੀ ਨਾਲ ਆਬਕਾਰੀ ਨੀਤੀ ਅਮਲ ਵਿਚ ਲਿਆਂਦੀ ਸੀ, ਪਰ ਇਸ ਨਾਲ ਸੂਬੇ ਨੂੰ 8841 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ ਹੈ।



ਉਨ੍ਹਾ ਕਿਹਾ ਕਿ ਇਹ ਮਾਲੀਆ ਪਿਛਲੇ ਸਾਲ ਨਾਲੋਂ 2587 ਕਰੋੜ ਰੁਪਏ ਵੱਧ ਹੈ, ਜੋ ਕਿ ਲੱਗਭੱਗ 41.41 ਫੀਸਦੀ ਵੱਧ ਬਣਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਅਗਲੇ ਵਿੱਤੀ ਸਾਲ ਲਈ 9754 ਕਰੋੜ ਰੁਪਏ ਦਾ ਟੀਚਾ ਰੱਖਿਆ ਗਿਆ ਹੈ ਅਤੇ ਆਪਣੇ ਨਿਰੰਤਰ ਯਤਨਾਂ ਸਦਕਾ ਇਸ ਟੀਚੇ ਨੂੰ ਵੀ ਪੂਰਾ ਕਰ ਲਿਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲੀ ਵਾਰ ਸੂਬੇ ਵਿੱਚ ਜ਼ੀਰੋ ਟੈਕਸ ਵਾਲਾ ਬੱਜਟ ਪੇਸ਼ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਜੀ.ਐੱਸ.ਟੀ. ਦੀ ਵਸੂਲੀ ਵਿੱਚ ਭਾਰੀ ਵਾਧਾ ਹੋਇਆ ਹੈ। ਉਨ੍ਹਾ ਕਿਹਾ ਕਿ ਪਹਿਲਾਂ ਪੰਜਾਬ ਜੀ.ਐੱਸ.ਟੀ. ਦੀ ਵਸੂਲੀ ਵਿੱਚ ਸਭ ਤੋਂ ਮਾੜਾ ਪ੍ਰਦਰਸ਼ਨ ਕਰ ਰਿਹਾ ਸੀ, ਪਰ ਹੁਣ 16.6 ਫੀਸਦੀ ਦੇ ਵਾਧੇ ਨਾਲ ਸੂਬਾ ਜੀ.ਐੱਸ.ਟੀ. ਕੁਲੈਕਸ਼ਨ ਵਿੱਚ ਸਭ ਤੋਂ ਚੰਗਾ ਪ੍ਰਦਰਸ਼ਨ ਕਰਨ ਵਾਲੇ ਸੂਬਿਆਂ ਵਿਚ ਸ਼ਾਮਲ ਹੋ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਪਿਛਲੇ ਵਿੱਤੀ ਸਾਲ ਵਿਚ 18126 ਕਰੋੜ ਰੁਪਏ ਜੀ.ਐੱਸ.ਟੀ. ਮਾਲੀਆ ਇਕੱਤਰ ਹੋਇਆ ਹੈ, ਜਦਕਿ ਉਸ ਤੋਂ ਪਿਛਲੇ ਸਾਲ 15542 ਕਰੋੜ ਰੁਪਏ ਇਕੱਤਰ ਹੋਏ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਲੀਹੋਂ ਹਟਵਾਂ ਉਪਰਾਲਾ ਕਰਦੇ ਹੋਏ ਜ਼ਮੀਨ-ਜਾਇਦਾਦ ਦੀ ਰਜਿਸਟ੍ਰੇਸ਼ਨ ਲਈ ਸਟੈਂਪ ਡਿਊਟੀ 'ਤੇ 2.25 ਫੀਸਦੀ ਦੀ ਛੋਟ ਦੇਣ ਦਾ ਨਵਾਂ ਤਜਰਬਾ ਕੀਤਾ। ਉਨ੍ਹਾ ਕਿਹਾ ਕਿ ਇਸ ਨਾਲ ਮਾਰਚ ਮਹੀਨੇ ਵਿੱਚ ਮਾਲੀਆ ਉਗਰਾਹੀ ਵਿੱਚ ਨਵਾਂ ਰਿਕਾਰਡ ਪੈਦਾ ਹੋਇਆ ਹੈ। ਇਸ ਦੀ ਮਿਸਾਲ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਫਰਵਰੀ ਮਹੀਨੇ ਵਿੱਚ 339 ਕਰੋੜ ਰੁਪਏ ਦਾ ਮਾਲੀਆ ਪੈਦਾ ਹੋਇਆ ਸੀ, ਜਦਕਿ ਮਾਰਚ ਮਹੀਨੇ ਵਿਚ ਇਹ ਮਾਲੀਆ ਵਧ ਕੇ 658.68 ਕਰੋੜ ਰੁਪਏ ਹੋ ਗਿਆ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਖਾਸ ਕਰਕੇ ਖੇਤੀ ਨਾਲ ਜੁੜੇ ਲੋਕਾਂ ਦੇ ਸੁਝਾਅ ਉੱਤੇ ਹੁਣ ਇਹ ਛੋਟ 30 ਅਪਰੈਲ ਤੱਕ ਵਧਾ ਦਿੱਤੀ ਗਈ ਹੈ।

● ਬਾਕੀ ਸਫ਼ਾ 2 'ਤੇ

## ਪੰਜਾਬ ਦੇ ਅਮਨ ਨੂੰ ਲਾਂਬੂ ਲਾਉਣ ਵਾਲੀਆਂ ਤਾਕਤਾਂ ਖਿਲਾਫ ਇਕਜੁੱਟ ਹੋਣ ਦਾ ਸੱਦਾ



**ਜਲੰਧਰ** : ਲੋਕਾਂ ਦੀ ਸਮਾਜਿਕ, ਰਾਜਨੀਤਕ, ਸੱਭਿਆਚਾਰਕ ਚੇਤਨਾ ਨੂੰ ਅੌਝੜੇ ਪਾਉਣ ਲਈ ਇਕ ਵੇਰ ਫਿਰ ਫਿਰਕੂ ਮੂਲਵਾਦੀ ਸ਼ਕਤੀਆਂ ਪੂਰਾ ਤਾਣ ਲਾ ਰਹੀਆਂ ਹਨ। ਇਤਿਹਾਸਕ ਕਿਸਾਨ ਘੋਲ ਤੋਂ ਬਾਅਦ ਲੋਕਾਂ 'ਚ ਉਪਜੀ ਲੋਕਪੱਖੀ ਰਾਜਨੀਤਕ ਚੇਤਨਾ ਅਤੇ ਲੋਟੂ ਪ੍ਰਬੰਧ ਖਿਲਾਫ ਵੇਗ ਫੜ ਰਹੀਆਂ ਸੰਘਰਸ਼ ਲਹਿਰਾਂ ਤੋਂ ਘਬਰਾਈਆਂ ਹਰ ਵੰਨਗੀ ਦੀਆਂ ਹਕੂਮਤਾਂ ਆਪਣੀਆਂ ਕਾਰਪੋਰੇਟ ਪੱਖੀ ਨੀਤੀਆਂ ਨੂੰ ਲਾਗੂ ਕਰਨ ਲਈ ਦੇਸ਼ ਭਰ 'ਚ ਨਵੀਆਂ-ਨਵੀਆਂ ਸਾਜ਼ਿਸ਼ਾਂ ਘੜਦੀਆਂ ਰਹਿੰਦੀਆਂ ਹਨ। ਪੰਜਾਬ 'ਚ ਫਿਰਕੂ ਕੱਟੜ ਸ਼ਕਤੀਆਂ ਦੇ ਵਰਤਾਰੇ ਨੂੰ ਬੱਤੀ ਸਾਲ ਪਹਿਲਾਂ ਦੇ ਵਰਤਾਰੇ ਵਾਂਗ ਹਵਾ ਦੇਣੀ, ਖ਼ਬਰਾਂ ਦੀਆਂ ਸੁਰਖੀਆਂ ਬਣਾ ਕੇ ਰੱਖਣਾ ਹਕੂਮਤਾਂ ਦੀ ਅਣਸਰਦੀ ਲੋੜ ਹੈ, ਜਿਸ ਤੋਂ ਸੂਬੇ ਦੇ ਸਮੂਹ ਇਨਸਾਫ-ਪਸੰਦ, ਅਮਨ-ਪਸੰਦ ਲੋਕਾਂ ਨੂੰ ਸੁਚੇਤ ਰਹਿਣ ਦੀ ਲੋੜ ਹੈ। ਖੱਬੀਆਂ ਪਾਰਟੀਆਂ ਅਤੇ ਜਥੇਬੰਦੀਆਂ 'ਤੇ ਆਧਾਰਤ ਫਾਸ਼ੀ ਹਮਲਿਆਂ ਵਿਰੋਧੀ ਫਰੰਟ ਦੀ ਸੂਬਾਈ ਮੀਟਿੰਗ ਵਿੱਚ ਇਨ੍ਹਾਂ ਵਿਚਾਰਾਂ 'ਤੇ ਸਹਿਮਤੀ ਬਣਾਈ ਗਈ।

ਦੇਸ਼ ਭਗਤ ਯਾਦਗਾਰ ਹਾਲ ਜਲੰਧਰ 'ਚ ਕਾ. ਗੁਰਮੀਤ ਸਿੰਘ ਬਖਤਪੁਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿਚ ਫਰੰਟ ਵੱਲੋਂ 10 ਮਾਰਚ ਨੂੰ ਜਲੰਧਰ ਵਿਖੇ ਫਾਸ਼ੀਵਾਦ ਖਿਲਾਫ ਅਤੇ ਪੰਜਾਬ ਦੀਆਂ ਮੰਗਾਂ 'ਤੇ ਕੀਤੀ ਸੂਬਾਈ ਕਾਨਫਰੰਸ ਦੀ ਕੁਝ ਘਾਟਾਂ ਦੇ ਬਾਵਜੂਦ ਸਫ਼ਲਤਾ 'ਤੇ ਡੂੰਘੀ ਤਸੱਲੀ ਦਾ ਇਜ਼ਹਾਰ ਕੀਤਾ ਗਿਆ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਫਰੰਟ ਕਮੇਟੀ ਮੈਂਬਰ ਕੰਵਲਜੀਤ ਖੰਨਾ ਨੇ ਦੱਸਿਆ ਕਿ ਮੀਟਿੰਗ ਵਿਚ ਕੇਂਦਰੀ ਏਜੰਸੀਆਂ ਦੀ ਛਤਰ-ਛਾਇਆ ਹੇਠ ਭਾਜਪਾ ਵੱਲੋਂ ਪੰਜਾਬ 'ਚ ਪੈਦਾ ਕੀਤੇ ਜਾ ਰਹੇ ਦਹਿਸ਼ਤ ਤੇ ਖੌਫ ਵਾਲੇ ਹਾਲਾਤ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ।

ਫਰੰਟ ਨੇ ਪੰਜਾਬ ਵਾਸੀਆਂ ਵੱਲੋਂ ਵਾਪਰੀਆਂ ਘਟਨਾਵਾਂ ਦੇ ਅਸਲ ਕਾਰਨਾਂ ਨੂੰ ਸਮਝਦਿਆਂ ਫਿਰਕੂ ਇਕਸੁਰਤਾ ਬਰਕਰਾਰ ਰੱਖਣ ਅਤੇ ਫੈਲਾਈਆਂ ਜਾ ਰਹੀਆਂ ਅਫਵਾਹਾਂ ਤੋਂ ਸੁਚੇਤ ਰਹਿਣ ਦੀ ਭਾਵਨਾ ਨੂੰ ਪੰਜਾਬੀਆਂ ਦੀ ਇਕ ਪ੍ਰਾਪਤੀ ਕਰਾਰ ਦਿੱਤਾ। ਫਰੰਟ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੋਹਾਂ ਨੂੰ ਅਜਿਹੇ ਸਨਸਨੀਖੇਜ਼ ਹਾਲਾਤ ਬਣਾਉਣ ਤੇ ਵੋਟ ਬੈਂਕ ਪੱਕਾ ਕਰਨ ਦੇ ਭੈੜੇ ਮਨਸੂਬਿਆਂ ਲਈ ਦੋਸ਼ੀ ਕਰਾਰ ਦਿੱਤਾ। ਫਰੰਟ ਨੇ

● ਬਾਕੀ ਸਫ਼ਾ 2 'ਤੇ

### ਸਿੱਧੂ ਖੜਗੇ ਨੂੰ ਮਿਲੇ



**ਨਵੀਂ ਦਿੱਲੀ** : ਨਵਜੋਤ ਸਿੰਘ ਸਿੱਧੂ ਨੇ ਸ਼ੁੱਕਰਵਾਰ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਕਾਂਗਰਸ ਨੇਤਾ ਜੈਰਾਮ ਰਮੇਸ਼ ਵੀ ਹਾਜ਼ਰ ਸਨ। ਵੀਰਵਾਰ ਉਨ੍ਹਾ ਰਾਹੁਲ ਗਾਂਧੀ ਤੇ ਪ੍ਰਿਅੰਕਾ ਗਾਂਧੀ ਨਾਲ ਮੁਲਾਕਾਤ ਕੀਤੀ ਸੀ। ਸਿੱਧੂ ਸ਼ਨੀਵਾਰ ਨੂੰ ਅੰਮ੍ਰਿਤਸਰ ਪੁੱਜਣਗੇ।

### ਓਬਾਨ ਪਾਰਕ 'ਚ ਪਰਤਿਆ

**ਸ਼ਿਓਪੁਰ** : ਮੱਧ ਪ੍ਰਦੇਸ਼ ਦੇ ਸ਼ਿਓਪੁਰ ਜ਼ਿਲ੍ਹੇ ਦੇ ਕੂਨੋ ਨੈਸ਼ਨਲ ਪਾਰਕ 'ਚੋਂ ਭਟਕ ਗਏ ਚੀਤੇ ਨੂੰ ਵਾਪਸ ਲੈ ਆਂਦਾ ਗਿਆ ਹੈ। ਪਿਛਲੇ ਸਾਲ ਸਤੰਬਰ 'ਚ ਨਾਮੀਬੀਆ ਤੋਂ ਲਿਆਂਦੇ ਅੱਠ ਚੀਤਿਆਂ ਵਿੱਚੋਂ 'ਓਬਾਨ' ਨਾਂਅ ਦਾ ਚੀਤਾ 2 ਅਪਰੈਲ ਨੂੰ ਪਾਰਕ ਵਿੱਚੋਂ ਭਟਕ ਕੇ ਪਿੰਡਾਂ ਵਿਚ ਚਲੇ ਗਿਆ ਸੀ। ਉਸ ਨੂੰ ਫੜ ਕੇ ਵੀਰਵਾਰ ਸ਼ਾਮ ਪਾਰਕ 'ਚ ਛੱਡ ਦਿੱਤਾ ਗਿਆ।

### ਅਮਰੀਕਾ 'ਚ ਭਾਰਤੀ ਨੂੰ 33 ਮਹੀਨੇ ਕੈਦ ਤੇ 24 ਲੱਖ ਡਾਲਰ ਦੀ ਸਜ਼ਾ

**ਨਿਊਯਾਰਕ** : ਅਮਰੀਕਾ 'ਚ ਭਾਰਤੀ ਨਾਗਰਿਕ ਨੂੰ ਬਜ਼ੁਰਗਾਂ ਨਾਲ ਧੋਖਾਧੜੀ ਦੇ ਮਾਮਲੇ 'ਚ 33 ਮਹੀਨਿਆਂ ਦੀ ਕੈਦ ਅਤੇ 24 ਲੱਖ ਡਾਲਰ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ। ਆਸ਼ੀਸ਼ ਬਜਾਜ (29) ਨੇ ਪਿਛਲੇ ਸਾਲ 4 ਅਗਸਤ ਨੂੰ ਨੇਵਾਰਕ ਸੰਘੀ ਅਦਾਲਤ 'ਚ ਜ਼ਿਲ੍ਹਾ ਜੱਜ ਕੇਵਿਨ ਮੈਕਨਲਟੀ ਦੇ ਸਾਹਮਣੇ ਆਨਲਾਈਨ ਧੋਖਾਧੜੀ ਦੀ ਸਾਜ਼ਿਸ਼ ਰਚਣ ਦਾ ਦੋਸ਼ ਕਬੂਲ ਕੀਤਾ ਸੀ।

### ਕਿਰਨ ਰੈੱਡੀ ਭਾਜਪਾ 'ਚ



**ਨਵੀਂ ਦਿੱਲੀ** : ਅਣਵੰਡੇ ਆਂਧਰਾ ਦੇ ਆਖਰੀ ਮੁੱਖ ਮੰਤਰੀ ਐੱਨ ਕਿਰਨ ਕੁਮਾਰ ਰੈੱਡੀ ਸ਼ੁੱਕਰਵਾਰ ਭਾਜਪਾ 'ਚ ਸ਼ਾਮਲ ਹੋ ਗਏ। ਉਨ੍ਹਾ ਕਿਹਾ ਕਿ ਕਾਂਗਰਸ ਗਲਤੀਆਂ ਤੋਂ ਸਬਕ ਸਿੱਖਣ ਲਈ ਤਿਆਰ ਨਹੀਂ।

### ਬੱਚੀਆਂ ਨਾਲ ਬਲਾਤਕਾਰ ਦੇ ਦੋਸ਼ 'ਚ 70 ਸਾਲਾ ਵਿਅਕਤੀ ਗ੍ਰਿਫਤਾਰ

**ਜਬਲਪੁਰ** : ਮੱਧ ਪ੍ਰਦੇਸ਼ ਦੇ ਜਬਲਪੁਰ ਜ਼ਿਲ੍ਹੇ ਦੇ ਕਟੰਗੀ ਕਸਬੇ 'ਚ ਮੰਗਲਵਾਰ ਚਾਕਲੇਟ ਦਾ ਝਾਂਸਾ ਦੇ ਕੇ ਛੇ ਤੇ ਅੱਠ ਸਾਲ ਦੀਆਂ ਭੈਣਾਂ ਨਾਲ ਕਥਿਤ ਬਲਾਤਕਾਰ ਦੇ ਦੋਸ਼ 'ਚ 70 ਸਾਲਾ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਐਡੀਸ਼ਨਲ ਐੱਸ ਪੀ (ਦਿਹਾਤੀ) ਸਵਿੰਦਰ ਸਿੰਘ ਨੇ ਦੱਸਿਆ ਕਿ ਮੁਲਜ਼ਮ ਖੇਡਦੀਆਂ ਕੁੜੀਆਂ ਨੂੰ ਚਾਕਲੇਟ ਦਾ ਲਾਲਚ ਦੇ ਕੇ ਆਪਣੇ ਘਰ ਲੈ ਗਿਆ ਸੀ। ਉਹ ਘਰ ਵਾਪਸ ਨਹੀਂ ਆਈਆਂ ਤਾਂ ਪਰਵਾਰਕ ਮੈਂਬਰਾਂ ਨੇ ਭਾਲ ਸ਼ੁਰੂ ਕੀਤੀ। ਉਹਦੇ ਘਰੋਂ ਲੱਭੀਆਂ।

### ਵਿਸ਼ੇਸ਼ ਸਪਲੀਮੈਂਟ



ਅਜੇ ਅਰੋੜਾ
ਕੋਟ ਈਸੇ ਖਾਂ
99143-58312



ਬਲਬੀਰ ਸੈਣੀ
ਹੁਸ਼ਿਆਰਪੁਰ
94632-61803



ਤਰਸੇਮ ਸਿੰਘ ਸਾਧਪੁਰ
ਤਰਸਿੱਕਾ (ਅੰਮ੍ਰਿਤਸਰ)
98882-03163

ਵਿਸਾਖੀ ਦੇ ਸ਼ੁੱਭ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

*-ਜਨਰਲ ਮੈਨੇਜਰ*

### ਰੋਜ਼ਗਾਰ ਦੇ ਨਵੇਂ ਮੌਕੇ ਮੁਹੱਈਆ ਕਰਵਾਉਣ 'ਚ ਕੋਈ ਕਸਰ ਨਹੀਂ ਛੱਡ ਰਹੇ : ਅਰੋੜਾ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਸੂਬੇ 'ਚ ਹੁਨਰਮੰਦ ਮਨੁੱਖੀ ਸ਼ਕਤੀ ਅਤੇ ਉਦਯੋਗਾਂ ਦੀਆਂ ਲੋੜਾਂ ਦਰਮਿਆਨ ਪਾੜੇ ਨੂੰ ਪੂਰਨ ਲਈ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਇੱਥੇ ਪੇਡਾ ਕੰਪਲੈਕਸ ਵਿਖੇ ਕਨਫੈਡਰੇਸਨ ਆਫ ਇੰਡੀਅਨ ਇੰਡਸਟਰੀ (ਸੀ ਆਈ ਆਈ) ਅਤੇ ਹੋਰ ਉਦਯੋਗਿਕ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਵਿਚਾਰ ਚਰਚਾ ਕੀਤੀ। ਅਮਨ ਅਰੋੜਾ ਨੇ ਉਦਯੋਗ ਜਗਤ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਵਿਚਾਰ ਚਰਚਾ

● ਬਾਕੀ ਸਫ਼ਾ 2 'ਤੇ

### ਕੇਂਦਰ ਨੇ ਕੋਰੋਨਾ ਖਿਲਾਫ ਰਾਜਾਂ ਨੂੰ ਕੀਤਾ ਖਬਰਦਾਰ

**ਨਵੀਂ ਦਿੱਲੀ** : ਕੋਵਿਡ ਦੇ ਮਾਮਲੇ ਵਧਣ ਦੇ ਮੱਦੇਨਜ਼ਰ ਕੇਂਦਰੀ ਸਿਹਤ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਸ਼ੁੱਕਰਵਾਰ ਵੀਡੀਓ ਕਾਨਫਰੰਸਿੰਗ ਰਾਹੀਂ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਸਿਹਤ ਮੰਤਰੀਆਂ ਨਾਲ ਸਮੀਖਿਆ ਮੀਟਿੰਗ ਕਰਦਿਆਂ ਐਮਰਜੰਸੀ ਹਾਟ ਸਪੌਟਾਂ ਦੀ ਪਛਾਣ ਕਰਨ, ਟੈਸਟਿੰਗ, ਜਿਨੋਮ ਸੀਕੁਐਂਸਿੰਗ ਵਧਾਉਣ ਤੇ ਹਸਪਤਾਲਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਕਰਨ ਦਾ ਨਿਰਦੇਸ਼ ਦਿੱਤਾ। ਉਨ੍ਹਾ ਕਿਹਾ ਕਿ ਕੋਰੋਨਾ ਤੋਂ ਬਚਾਅ ਲਈ ਨਿਯਮਾਂ ਦੀ ਸਖਤੀ ਨਾਲ ਪਾਲਣਾ ਦੀ ਲੋੜ ਹੈ। ਚੌਕਸੀ ਦੀ ਲੋੜ ਹੈ, ਘਬਰਾਉਣ ਦੀ ਨਹੀਂ। ਇਸ ਵੇਲੇ ਓਮੀਕਰੋਨ ਦਾ ਸਬ-ਵੈਰੀਐਂਟ ਫੈਲ ਰਿਹਾ ਹੈ। ਇਸ ਵਿਚ ਹਸਪਤਾਲ 'ਚ

● ਬਾਕੀ ਸਫ਼ਾ 2 'ਤੇ

### ਛੇਤੀ ਸ਼ੁਰੂ ਹੋਣਗੇ ਆਹਲਾ ਦਰਜੇ ਦੇ 10 ਯੂ ਪੀ ਐੱਸ ਸੀ ਕੋਚਿੰਗ ਸੈਂਟਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਨੇ ਐਲਾਨ ਕੀਤਾ ਕਿ ਨੌਜਵਾਨਾਂ ਦੀ ਭਲਾਈ ਲਈ ਅਤੇ ਉਨ੍ਹਾਂ ਦੀ ਅਥਾਹ ਸਮਰੱਥਾ ਨੂੰ ਸਹੀ ਦਿਸ਼ਾ ਵਿੱਚ ਲਾਉਣ ਲਈ ਨਵੀਆਂ ਸਕੀਮਾਂ ਸ਼ੁਰੂ ਕੀਤੀਆਂ ਜਾਣਗੀਆਂ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਸਮਾਜਕ-ਆਰਥਕ ਵਿਕਾਸ 'ਚ ਨੌਜਵਾਨਾਂ ਨੂੰ ਸਰਗਰਮ ਭਾਈਵਾਲ ਬਣਾਉਣ ਲਈ ਪੰਜਾਬ ਸਰਕਾਰ ਜਲਦੀ ਹੀ ਕਈ ਸਕੀਮਾਂ ਸ਼ੁਰੂ ਕਰੇਗੀ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਵਿਆਜ ਮੁਕਤ ਕਰਜ਼ਾ ਮੁਹੱਈਆ ਕਰਵਾਉਣ ਲਈ ਜਲਦੀ ਹੀ ਸਕੀਮ ਸ਼ੁਰੂ ਕਰੇਗੀ। ਭਗਵੰਤ ਮਾਨ ਨੇ ਕਿਹਾ ਕਿ ਇਸ ਨਾਲ ਨੌਜਵਾਨਾਂ ਲਈ ਸਵੈ-ਰੁਜ਼ਗਾਰ ਦੇ ਨਵੇਂ ਰਾਹ ਖੁੱਲ੍ਹਣ 'ਚ ਮਦਦ ਮਿਲੇਗੀ।

● ਬਾਕੀ ਸਫ਼ਾ 2 'ਤੇ

### ਅੱਜ-ਨਾਮਾ

ਬਾਹਲੀ ਚੰਗੀ ਨਹੀਂ ਹੁੰਦੀ ਆ ਰਾਜਨੀਤੀ,
ਦੇਵੇ ਟੱਬਰ ਉਹ ਆਪੋ ਵਿੱਚ ਪਾੜ ਬੇਲੀ।
ਕੁਰਸੀ ਟੱਬਰ ਦੇ ਜੀਆਂ ਨੂੰ ਧੂਹ ਪਾਉਂਦੀ,
ਸਾਰੇ ਈ ਲੱਗ ਜਾਣ ਕਰਨ ਜੁਗਾੜ ਬੇਲੀ।
ਵਿਰਾਸਤ ਬਾਪੂ ਦੀ ਕੋਈ ਹੈ ਸਾਂਭ ਲੈਂਦਾ,
ਵੱਢਦਾ ਨਿਕਲਣ ਨੂੰ ਦੂਸਰਾ ਵਾੜ ਬੇਲੀ।
ਵੱਢਵਾਂ ਬਾਪੂ ਦਾ ਜਿਨ੍ਹਾਂ ਨਾਲ ਵੈਰ ਸੀ ਗਾ,
ਤੀਸਰਾ ਲਵੇ ਪਿਆ ਉਨ੍ਹਾਂ ਦੀ ਆੜ ਬੇਲੀ।
ਅੱਜਕੱਲ੍ਹ ਜਦੋਂ ਹਰਿਆਣੇ ਵੱਲ ਝਾਤ ਮਾਰੋ,
ਚੌਟਾਲੇ ਟੱਬਰ ਦਾ ਇਹੋ ਜਿਹਾ ਹਾਲ ਬੇਲੀ।
ਭਾਜਪਾ ਨਾਲ ਯਰਾਨੇ ਕੋਈ ਪਾਈ ਫਿਰਦਾ,
ਤੇ ਕੋਈ ਤੁਰ ਪਿਆ ਕਾਂਗਰਸ ਨਾਲ ਬੇਲੀ।

-ਤੀਸ ਮਾਰ ਖਾਂ

### ਸ਼ਵਿੰਦਰ ਮਾਹਲ ਦੀ ਪਤਨੀ ਦਾ ਦੇਹਾਂਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**- ਪੰਜਾਬੀ ਫਿਲਮ ਇੰਡਸਟਰੀ ਦੀ ਮਾਣਮੱਤੀ ਸ਼ਖ਼ਸੀਅਤ ਮਸ਼ਹੂਰ ਅਦਾਕਾਰ ਸ਼ਵਿੰਦਰ ਮਾਹਲ ਨੂੰ ਉਸ ਸਮੇਂ ਬਹੁਤ ਗਹਿਰਾ ਸਦਮਾ ਲੱਗਾ, ਜਦੋਂ ਵੀਰਵਾਰ ਨੂੰ ਉਨ੍ਹਾ ਦੇ ਧਰਮਪਤਨੀ ਪ੍ਰਕਾਸ਼ ਕੌਰ ਇਸ ਨਾਸ਼ਵਾਨ ਸੰਸਾਰ ਨੂੰ ਹਮੇਸ਼ਾ ਲਈ ਅਲਵਿਦਾ ਕਹਿ ਗਏ। ਸ਼ਵਿੰਦਰ ਮਾਹਲ ਦੇ ਪਰਮ ਮਿੱਤਰ ਅਦਾਕਾਰ ਮਲਕੀਤ ਸਿੰਘ ਰੌਣੀ ਨੇ ਦੱਸਿਆ ਕਿ ਪ੍ਰਕਾਸ਼ ਕੌਰ ਪਿਛਲੇ ਕੁਝ ਸਮੇਂ ਤੋਂ ਲਿਵਰ ਦੀ ਬਿਮਾਰੀ ਤੋਂ ਪੀੜਤ ਪੀ ਜੀ ਆਈ ਚੰਡੀਗੜ੍ਹ ਜ਼ੇਰੇ ਇਲਾਜ ਸਨ। ਇਸ ਦੁੱਖ ਦੀ ਘੜੀ 'ਚ ਗਾਇਕ ਤੇ ਅਦਾਕਾਰ ਗਿੱਪੀ ਗਰੇਵਾਲ, ਐਮੀ ਵਿਰਕ, ਰਣਜੀਤ

● ਬਾਕੀ ਸਫ਼ਾ 2 'ਤੇ




ਪੰਜਾਬ ਸਰਕਾਰ
ਵੱਲੋਂ
ਮੁੱਖ ਮੰਤਰੀ
ਭਗਵੰਤ ਮਾਨ
ਦੀ ਅਗਵਾਈ ਹੇਠ
ਆਪ ਸਭ ਨੂੰ
ਮਾਨਵਤਾ ਨੂੰ ਪ੍ਰੇਮ, ਅਮਨ ਅਤੇ ਸਦਭਾਵਨਾ ਦਾ ਸੰਦੇਸ਼
ਦੇਣ ਵਾਲੇ ਅਧਿਆਤਮਕ ਗੁਰੂ
ਸ੍ਰੀ ਗੁਰੂ ਨਾਭਾ ਦਾਸ ਜੀ
ਦੇ ਜਨਮ ਦਿਵਸ ਦੀਆਂ
ਲੱਖ-ਲੱਖ ਮੁਬਾਰਕਾਂ
ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਕੇਵਲ ਸੁਖੀਜਾ ਕਾਂਗਰਸ ਦੇ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਰਹਿਨੁਮਈ ਹੇਠ ਕਾਂਗਰਸ ਦੇ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਦਵਿੰਦਰ ਸਿੰਘ ਘੁਬਾਇਆ ਵੱਲੋਂ ਸੀਨੀਅਰ ਆਗੂ ਕੇਵਲ ਸੁਖੀਜਾ ਨੂੰ ਪਾਰਟੀ ਦਾ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਨਵਨਿਯੁਕਤ ਜ਼ਿਲ੍ਹਾ ਮੀਤ ਪ੍ਰਧਾਨ ਕੇਵਲ ਸੁਖੀਜਾ ਨੂੰ ਬੀਤੇ ਦਿਨ ਪੰਜਾਬ ਪ੍ਰਧਾਨ ਰਾਜਾ ਵੜਿੰਗ, ਪੰਜਾਬ ਮਾਮਲੇ ਕਾਂਗਰਸ ਪਾਰਟੀ ਦੇ ਇੰਚਾਰਜ ਹਰੀਸ਼ ਚੌਧਰੀ, ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਘੁਬਾਇਆ ਵੱਲੋਂ ਨਿਯੁਕਤੀ ਪੱਤਰ ਦਿੱਤਾ ਗਿਆ। ਇਸ ਮੌਕੇ ਸਾਬਕਾ ਐਮ ਪੀ ਸ਼ੇਰ ਸਿੰਘ ਘੁਬਾਇਆ ਵੀ ਹਾਜ਼ਰ ਸਨ। ਇਸ ਮੌਕੇ ਨਵ-ਨਿਯੁਕਤ ਜ਼ਿਲ੍ਹਾ ਮੀਤ ਪ੍ਰਧਾਨ ਕੇਵਲ ਸੁਖੀਜਾ ਨੇ ਕਿਹਾ ਕਿ ਉਸ ਨੂੰ ਮਿਲੀ ਜ਼ੁੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਦੇ ਨਾਲ ਨਿਭਾਉਣਗੇ ਤੇ ਪਾਰਟੀ ਦੀਆਂ ਗਤੀਵਿਧੀਆਂ ਲੋਕਾਂ ਤੱਕ ਪਹੁੰਚਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।

## ਸ੍ਰੀ ਹਨੂੰਮਾਨ ਜਨਮ ਉਤਸਵ ਦੇ ਸੰਬੰਧ 'ਚ ਕਾਰਡ ਜਾਰੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ੍ਰੀ ਸਾਲਾਸਰ ਬਾਲਾ ਜੀ ਸੇਵਾ ਮੰਡਲ ਦੇ ਪ੍ਰਧਾਨ ਵਿਜੇ ਗੁਪਤਾ ਦੀ ਅਗਵਾਈ ਵਿੱਚ ਸ੍ਰੀ ਹਨੂੰਮਾਨ ਜਨਮ ਉਤਸਵ 8 ਅਪ੍ਰੈਲ ਨੂੰ ਸ੍ਰੀ ਸ਼ਿਵ ਮੰਦਰ ਧਰਮਸ਼ਾਲਾ ਮੋਗਾ ਰੋਡ ਵਿਖੇ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ, ਜਿਸ ਦੇ ਸਬੰਧ ਵਿੱਚ ਮੰਡਲ ਵੱਲੋਂ ਇਕ ਸੁੰਦਰ ਕਾਰਡ ਜਾਰੀ ਕੀਤਾ ਗਿਆ, ਜੋ ਹਰ ਦੁਕਾਨਦਾਰ ਨੂੰ ਸੱਦਾ ਦਿੱਤਾ ਗਿਆ। ਇਸ ਮੌਕੇ ਆਸ਼ੂ ਭੰਡਾਰੀ, ਰਮਨ ਗਰਗ, ਗੌਰਵ ਖੁਰਾਣਾ, ਜੁਗਨੂੰ ਜਿੰਦਲ, ਅਮਿਤ ਗੋਇਲ, ਰਮੇਸ਼ ਗੋਇਲ ਟੋਨੀ, ਸਾਜਨ, ਰਾਜਦਵਿੰਦਰ ਕਟਾਰੀਆ, ਦਲੀਪ, ਸ਼ੈਫੀ, ਕਮਲ, ਮੁਕੇਸ਼ ਨੇ ਦੱਸਿਆ ਕਿ 8 ਅਪ੍ਰੈਲ ਨੂੰ ਭਜਨ ਗਾਇਨ ਹਰਸ਼ ਸ਼ਰਮਾ ਐਂਡ ਪਾਰਟੀ ਮੋਗੇ ਵਾਲੇ ਰਾਤ 8 ਵਜੇ ਕਰਨਗੇ ਤੇ ਭਗਤਾਂ ਲਈ ਭੋਜਨ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ ਤੇ ਸ੍ਰੀ ਸ਼ਿਵ ਮੰਦਿਰ ਧਰਮਸ਼ਾਲਾ ਨੂੰ ਰੰਗ-ਬਿਰੰਗੀਆਂ ਲਾਈਟਾਂ ਅਤੇ ਫੁੱਲਾਂ ਤੇ ਗੁਬਾਰਿਆਂ ਨਾਲ ਖ਼ੂਬ ਸਜਾਵਟ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਮਾਗਮ ਦੇ ਸਬੰਧ ਵਿਚ ਤਿਆਰੀਆਂ ਪੂਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ।

## ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਦਿੱਤੀ ਜਾਣਕਾਰੀ



**ਜਗਰਾਉਂ (ਸੰਜੀਵ ਅਰੋੜਾ)**-ਪੁਲਸ ਜ਼ਿਲ੍ਹਾ ਲੁਧਿਆਣਾ (ਦਿਹਾਤੀ) ਦੇ ਐਸ. ਐਸ. ਪੀ. ਨਵਨੀਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਡੀ. ਐਸ. ਪੀ. ਟ੍ਰੈਫ਼ਿਕ ਗੁਰਬਿੰਦਰ ਸਿੰਘ ਦੀ ਨਿਗਰਾਨੀ ਹੇਠ ਐਜੂਕੇਸ਼ਨ ਸੈਲ ਦੇ ਏ. ਐਸ. ਆਈ. ਹਰਪਾਲ ਸਿੰਘ ਮਾਨ ਵੱਲੋਂ ਐਸ. ਬੀ.ਬੀ.ਐਸ. ਲਹੌਰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਪ੍ਰਿੰਸੀਪਲ ਚਰਨਜੀਤ ਸਿੰਘ ਦੀ ਅਗਵਾਈ ਵਿੱਚ ਸਕੂਲ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਤੇ ਨਸ਼ਿਆਂ ਦੇ ਮਾੜੇ ਪ੍ਰਭਾਵ ਸਬੰਧੀ ਜਾਗਰੂਕ ਕਰਨ ਲਈ ਟ੍ਰੈਫਿਕ ਸੈਮੀਨਾਰ ਕਰਾਇਆ ਗਿਆ, ਜਿਸ ਵਿੱਚ ਏ.ਐਸ.ਆਈ. ਹਰਪਾਲ ਸਿੰਘ ਮਾਨ ਵੱਲੋਂ ਸਕੂਲ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸੜਕ 'ਤੇ ਹਮੇਸ਼ਾਂ ਖੱਬੇ ਪਾਸੇ ਚੱਲੋ, ਸੜਕ ਨੂੰ ਦੌੜ ਕੇ ਪਾਰ ਨਾ ਕਰੋ, ਸੱਜੇ-ਖੱਬੇ ਦੇਖ ਕੇ ਹੀ ਸੜਕ ਪਾਰ ਕਰੋ, ਇਸ ਤੋਂ ਇਲਾਵਾ ਦੋ ਪਹੀਆ ਵਾਹਨ ਚਲਾਉਂਦੇ ਸਮੇਂ ਸਿਰ ਤੇ ਹੈਲਮਟ ਪਹਿਨੋ, ਤੇਜ਼ ਰਫ਼ਤਾਰ ਵਹੀਕਲ ਨਾ ਚਲਾਓ, ਵਹੀਕਲ ਚਲਾਉਂਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਨਾ ਕਰੋ, 18 ਸਾਲ ਤੋਂ ਘੱਟ ਉਮਰ ਦੇ ਬੱਚੇ ਕੋਈ ਵੀ ਵਹੀਕਲ ਨਾ ਚਲਾਓ ਤਾਂ ਜੁ ਸੜਕੀ ਹਾਦਸਿਆਂ ਤੋਂ ਬਚ ਸਕੀਏ। ਇਸ ਮੌਕੇ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਮਾਸਟਰ ਰਛਪਾਲ ਸਿੰਘ, ਗੁਰਮੀਤ ਕੌਰ ਨੇ ਸਕੂਲ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਉਣ 'ਤੇ ਐਸ.ਐਸ.ਪੀ ਨਵਨੀਤ ਸਿੰਘ ਬੈਂਸ ਦੀ ਪ੍ਰਸੰਸਾ ਕੀਤੀ ਗਈ ਤੇ ਏ. ਐਸ. ਆਈ. ਹਰਪਾਲ ਸਿੰਘ ਨੂੰ ਸਕੂਲ ਆਉਣ 'ਤੇ ਸਨਮਾਨਤ ਕੀਤਾ ਗਿਆ।

## ਭਾਜਪਾ ਦਾ ਸਥਾਪਨਾ ਦਿਵਸ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਭਾਜਪਾ ਦਾ ਸਥਾਪਨਾ ਦਿਵਸ ਇਲਾਕੇ ਦੇ ਆਗੂਆਂ ਤੇ ਵਰਕਰਾਂ ਵੱਲੋਂ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਕਰਨਵੀਰ ਸਿੰਘ ਢਿੱਲੋਂ ਦੇ ਨਿਰਦੇਸ਼ਾਂ ਅਤੇ ਮੰਡਲ ਪ੍ਰਧਾਨ ਅਸ਼ਵਨੀ ਸਿੰਗਲਾ ਦੀ ਅਗਵਾਈ ਹੇਠ ਮਨਾਏ ਗਏ ਪਾਰਟੀ ਦੇ 44ਵੇਂ ਸਥਾਪਨਾ ਦਿਵਸ ਨੂੰ ਸੰਬੋਧਨ ਕਰਦਿਆਂ ਸੀਨੀਅਰ ਆਗੂ ਸ਼ਿਵ ਕਲਿਆਣ ਨੇ ਕਿਹਾ ਕਿ ਬੀਜੇਪੀ ਹੀ ਇੱਕ ਅਜਿਹੀ ਪਾਰਟੀ ਹੈ ਜੋ ਦੇਸ਼ ਤੇ ਲੋਕ ਹਿੱਤਾਂ ਲਈ ਕੰਮ ਕਰਦੀ ਹੈ। ਹੋਰਨਾਂ ਆਗੂਆਂ ਨੇ ਕਿਹਾ ਕਿ ਉਹ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਿਰਦੇਸ਼ਾਂ ਅਤੇ ਪਾਰਟੀ ਦੇ ਸੀਨੀਅਰ ਆਗੂਆਂ ਦੀ ਅਗਵਾਈ ਹੇਠ ਮਜ਼ਬੂਤੀ ਲਈ ਕੰਮ ਕਰਨਗੇ। ਇਸ ਮੌਕੇ ਵਿਕਾਸ ਮਿੱਤਲ, ਸਤੀਸ਼ ਸਿੰਗਲਾ, ਨਿਤਿਨ ਲੂਥਰਾ, ਮਨੋਜ ਬਾਂਸਲ, ਪ੍ਰਵੀਨ ਗੋਇਲ, ਸੁਰਿੰਦਰ ਅਗਰਵਾਲ, ਕੁਲਵੀਰ ਸਿੰਘ, ਬਲਕਾਰ ਸਿੰਘ, ਰਾਜ ਕੁਮਾਰ, ਰਾਕੇਸ਼ ਕੁਮਾਰ, ਜਸਦੇਵ ਸਿੰਘ, ਗੋਗੀ ਭੱਟੀਆਂ, ਨੇਵੀ ਸਾਹਨੀ, ਅੰਸ਼ ਬਾਲੀ, ਬਲਜੀਤ, ਕਰਮਜੀਤ, ਸੁਸ਼ੀਲ ਅਤੇ ਅਮਿਤ ਕੁਮਾਰ ਵੀ ਮੌਜੂਦ ਸਨ।

## ਸ੍ਰੀ ਸ਼ੰਕਰਦਾਸ ਸਰਕਾਰੀ ਸਕੂਲ 'ਚ ਇਨਾਮ ਵੰਡ ਸਮਾਗਮ ਕਰਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ੍ਰੀ ਸ਼ੰਕਰਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿੱਦਿਅਕ ਸੈਸ਼ਨ 2022-23 ਦੇ ਨਾਨ ਬੋਰਡ ਸ਼੍ਰੇਣੀਆਂ 'ਚੋਂ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਸਕੂਲ ਪ੍ਰਿੰ. ਡਾ. ਆਰ.ਕੇ. ਸ਼ਰਮਾ ਦੀ ਰਹਿਨੁਮਾਈ 'ਚ ਆਯੋਜਤ ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਆਪਣੇ ਅੰਦਰ ਛੁਪੀ ਪ੍ਰਤਿਭਾ ਨੂੰ ਪਛਾਨਣ ਅਤੇ ਆਪਣੇ ਪਰਾਂ ਵਿਚ ਪਰਵਾਜ਼ ਭਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਗਿਆਰ੍ਹਵੀਂ ਸ਼੍ਰੇਣੀ ਦੇ ਸਿਮਰਨ, ਸ਼੍ਰੇਆ ਤੇ ਦਲਵਿੰਦਰ ਸਿੰਘ ਨੇ ਕ੍ਰਮਵਾਰ ਸਾਇੰਸ, ਕਾਮਰਸ ਅਤੇ ਆਰਟਸ ਗਰੁੱਪ 'ਚੋਂ ਪਹਿਲਾ ਸਥਾਨ ਅਤੇ ਨੌਵੀਂ, ਸੱਤਵੀਂ ਅਤੇ ਛੇਵੀਂ ਸ਼੍ਰੇਣੀਆਂ 'ਚੋਂ ਕ੍ਰਮਵਾਰ ਵਿੱਕੀ, ਕਰਨ ਕੁਮਾਰ ਅਤੇ ਸੂਰਜ ਨੇ ਪਹਿਲਾ ਸਥਾਨ, ਮਯੰਕ ਚੋਪੜਾ, ਨੂਰਦੀਪ ਕੌਰ, ਗਗਨਦੀਪ ਕੌਰ, ਇੰਦਰਪ੍ਰੀਤ ਸਿੰਘ ਅਤੇ ਅਰਸ਼ਪ੍ਰੀਤ ਸਿੰਘ ਨੇ ਵੱਖ-ਵੱਖ ਸ਼੍ਰੇਣੀਆਂ 'ਚੋਂ ਦੂਜਾ ਸਥਾਨ ਅਤੇ ਪ੍ਰਭਜੋਤ ਸਿੰਘ, ਦਿਪਾਂਸ਼ੂ, ਏਜ਼ਾਜ਼ ਅੰਸਾਰੀ, ਪ੍ਰਭਜੋਤ ਸਿੰਘ, ਜਸ਼ਨਦੀਪ ਸਿੰਘ ਅਤੇ ਰਘਵੀਰ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਡਾ. ਆਰ.ਕੇ. ਸ਼ਰਮਾ ਨੇ ਮੁਬਾਰਕਬਾਦ ਦਿੰਦਿਆਂ ਜ਼ਿੰਦਗੀ ਵਿੱਚ ਹੋਰ ਅੱਗੇ ਵਧਣ ਲਈ ਪ੍ਰੇਰਤ ਕੀਤਾ। ਅੰਤ 'ਚ ਵਾਈਸ ਪ੍ਰਿੰਸੀਪਲ ਨਿਰੰਜਨ ਕੁਮਾਰ ਨੇ ਮੁੱਖ ਮਹਿਮਾਨ, ਬੱਚਿਆਂ ਦੇ ਮਾਤਾ-ਪਿਤਾ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਦੀ ਭੂਮਿਕਾ ਮੀਨਾਕਸ਼ੀ ਸ਼ਰਮਾ ਨੇ ਨਿਭਾਈ। ਇਸ ਮੌਕੇ ਲੈਕਚਰਾਰ ਮਹਿੰਦਰ ਕੌਰ, ਸੁਸ਼ੀਲ ਗੁਲਾਟੀ, ਚਰਨਜੀਤ ਸਿੰਘ, ਮੱਖਣ ਸਿੰਘ, ਰਾਵਿੰਦਰ ਕੌਰ, ਮਨਪ੍ਰੀਤ ਬਖ਼ਸ਼ੀ, ਰੀਨਾ ਸ਼ਰਮਾ, ਕੰਵਲਜੀਤ ਵਰਮਾ, ਨਿਰਮਲ ਸਿੰਘ, ਸਿਮਰਨਜੀਤ ਸਿੰਘ, ਸੰਦੀਪ ਕੌਰ, ਕਮਲਜੀਤ ਕੌਰ, ਮਨਜੀਤ ਕੌਰ, ਰਾਕੇਸ਼ ਕੁਮਾਰ ਤੇ ਸੁਖਵੀਰ ਕੌਰ ਵੀ ਮੌਜੂਦ ਸਨ।

## ਥਾਣਾ ਮੁਖੀ ਨੇ ਟ੍ਰੈਫਿਕ ਸਮੱਸਿਆ ਸੰਬੰਧੀ ਕਰਿਆਨਾ ਯੂਨੀਅਨ ਨਾਲ ਕੀਤੀ ਅਹਿਮ ਮੀਟਿੰਗ



ਕਰਿਆਨਾ ਯੂਨੀਅਨ ਨਾਲ ਮੀਟਿੰਗ ਕਰਦੇ ਹੋਏ ਥਾਣਾ ਮੁਖੀ ਇਕਬਾਲ ਹੁਸੈਨ ਅਤੇ ਨਾਲ ਹੋਰ।

**ਕੋਟ ਈਸੇ ਖਾਂ (ਅਰੋੜਾ)**-ਥਾਣਾ ਕੋਟ ਈਸੇ ਖਾਂ ਵਿਖੇ ਪਹਿਲੇ ਥਾਣਾ ਮੁਖੀ ਦੀ ਬਦਲੀ ਹੋ ਜਾਣ ਉਪਰੰਤ ਨਵੇਂ ਆਏ ਥਾਣਾ ਮੁਖੀ ਇਕਬਾਲ ਹੁਸੈਨ ਨੇ ਕਸਬੇ ਅੰਦਰ ਟ੍ਰੈਫਿਕ ਸਮੱਸਿਆ ਨੂੰ ਦੇਖਦੇ ਹੋਏ ਅਤੇ ਉਸ ਦਾ ਹੱਲ ਕਰਨ ਲਈ ਕਰਿਆਨਾ ਯੂਨੀਅਨ ਦੇ ਦੁਕਾਨਦਾਰਾਂ ਜਿਨ੍ਹਾਂ 'ਚ ਕਰਿਆਨਾ ਯੂਨੀਅਨ ਦੇ ਪ੍ਰਧਾਨ ਬਲਦੇਵ ਰਾਜ ਗੱਖੜ, ਟਹਿਲ ਸਿੰਘ, ਤਿਲਕ ਰਾਜ ਗੁਲਾਟੀ, ਰਮੇਸ਼ ਕੁਮਾਰ, ਮਨੂੰ ਗਾਂਧੀ, ਆਦਿ ਹਾਜ਼ਰ ਸਨ, ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਮੌਕੇ ਥਾਣਾ ਮੁਖੀ ਇਕਬਾਲ ਹੁਸੈਨ ਨੇ ਕਿਹਾ ਕਿ ਜੋ ਵੀ ਕਰਿਆਨਾ ਦੁਕਾਨਦਾਰ ਆਪਣੀ ਦੁਕਾਨ ਤੋਂ ਅੱਗੇ ਤੈਅ ਸੀਮਾ ਤੋਂ ਜ਼ਿਆਦਾ ਸਮਾਨ ਬਾਹਰ ਲਗਾਉਂਦੇ ਹਨ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣਾ ਸਮਾਨ ਤੈਅ ਸੀਮਾ 'ਚ ਹੀ ਲਗਾਉਣ, ਤਾਂ ਜੋ ਟ੍ਰੈਫਿਕ ਵਿੱਚ ਕਿਸੇ ਤਰ੍ਹਾਂ ਦਾ ਵਿਘਨ ਨਾ ਪੈ ਸਕੇ। ਉਨ੍ਹਾ ਅੱਗੇ ਕਿਹਾ ਕਿ ਜੇਕਰ ਫਿਰ ਵੀ ਕੋਈ ਦੁਕਾਨਦਾਰ ਦੁਕਾਨਾਂ ਦੇ ਬਾਹਰ ਜ਼ਿਆਦਾ ਸਮਾਨ ਲਗਾਵੇਗਾ ਜਿਸ ਨਾਲ ਟ੍ਰੈਫਿਕ ਸਮੱਸਿਆ ਵਿੱਚ ਕੋਈ ਵਿਘਨ ਪੈਂਦਾ ਹੈ ਤਾਂ ਉਸ ਵਿਰੁੱਧ ਕਾਰਵਾਈ ਵੀ ਕੀਤੀ ਜਾਵੇਗੀ। ਇਸ ਮੌਕੇ ਕਰਿਆਨਾ ਯੂਨੀਅਨ ਪ੍ਰਧਾਨ ਬਲਦੇਵ ਰਾਜ ਗੱਖੜ ਨੇ ਥਾਣਾ ਮੁਖੀ ਨੂੰ ਵਿਸ਼ਵਾਸ ਦਵਾਇਆ ਕਿ ਕਰਿਆਨਾ ਯੂਨੀਅਨ ਦੇ ਦੁਕਾਨਦਾਰਾਂ ਵੱਲੋਂ ਕਸਬੇ 'ਚ ਟ੍ਰੈਫਿਕ ਦੀ ਸਮੱਸਿਆ ਦੇ ਹੱਲ ਲਈ ਪੂਰਨ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਚੌਂਕੀ ਇੰਚਾਰਜ ਦੌਲੇਵਾਲਾ ਪੂਰਨ ਸਿੰਘ, ਮੁੱਖ ਮੁਨਸ਼ੀ ਮਾਲਕ ਸਿੰਘ, ਰੀਡਰ ਤੀਰਥ ਸਿੰਘ ਆਦਿ ਹਾਜ਼ਰ ਸਨ।

## ਗੜੇਮਾਰੀ ਤੇ ਮੀਂਹ ਨੇ ਕਿਸਾਨਾਂ ਦੀਆਂ ਉਮੀਦਾਂ 'ਤੇ ਪਾਣੀ ਫੇਰਿਆ : ਧੰਦੀਵਾਲ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਕਾਕਾ ਧੰਦੀਵਾਲ ਨੇ ਕਿਹਾ ਕਿ ਸੂਬੇ ਵਿਚ ਬੇਮੌਸਮੀ ਬਾਰਿਸ਼ ਤੇ ਗੜ੍ਹੇਮਾਰੀ ਕਾਰਨ ਫਸਲਾਂ ਦਾ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਹੈ। ਸੂਬੇ ਭਰ ਵਿੱਚ ਖੜੀਆਂ ਫਸਲਾਂ ਦਾ ਮੀਂਹ ਅਤੇ ਝੱਖੜ ਨੇ ਵੱਡੀ ਪੱਧਰ 'ਤੇ ਨੁਕਸਾਨ ਕੀਤਾ ਹੈ। ਗੜ੍ਹੇਮਾਰੀ ਤੇ ਮੀਂਹ ਨੇ ਕਿਸਾਨਾਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਹੈ। ਜੇਕਰ ਲਗਾਤਾਰ ਇਸੇ ਤਰਾਂ ਬਾਰਸ ਹੁੰਦੀ ਰਹੀ ਤਾਂ ਆਉਣ ਵਾਲੇ ਦਿਨਾਂ ਵਿਚ ਕਿਸਾਨਾਂ ਆਪਣੀਆਂ ਫਸਲਾਂ ਵਾਹੁਣ ਲਈ ਮਜਬੂਰ ਹੋ ਜਾਣਗੇ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਨੂੰ ਸਵਾਲਾਂ ਦੇ ਘੇਰੇ 'ਚ ਲੈਂਦਿਆਂ ਕਿਹਾ ਕਿ ਜੇਕਰ ਕੇਂਦਰ ਵੱਲੋਂ ਕਿਸਾਨਾਂ ਦੀਆਂ ਫ਼ਸਲਾਂ ਲਈ ਸ਼ੁਰੂ ਕੀਤੀ ਬੀਮਾ ਯੋਜਨਾ ਪਾਲਸੀ ਨੂੰ ਗੰਭੀਰਤਾ ਨਾਲ ਲਾਗੂ ਕੀਤਾ ਹੁੰਦਾ ਤਾਂ ਕਿਸਾਨਾਂ ਨੂੰ ਕੁਦਰਤੀ ਮਾਰ ਕਾਰਨ ਖਰਾਬ ਹੋਈਆਂ ਫ਼ਸਲਾਂ ਦਾ ਮੁਆਵਜ਼ਾ ਲੈਣ ਲਈ ਸਰਕਾਰਾਂ ਦੇ ਮੂੰਹ ਵੱਲ ਨਾ ਦੇਖਣਾ ਪੈਂਦਾ। ਉਨ੍ਹਾਂ ਕਿਹਾ ਕੇ ਕੇਂਦਰ ਸਰਕਾਰ ਇਸ ਮਸਲੇ ਦੇ ਹੱਲ ਗੰਭੀਰ ਨਹੀਂ ਜਾਪਦੀ। ਜੇਕਰ ਕੇਂਦਰ ਸਰਕਾਰ ਕਿਸਾਨਾਂ ਜਾਂ ਸਰਕਾਰਾਂ ਦੇ ਆਪਣੀ ਮਰਜ਼ੀ ਦੇ ਬਣਾਏ ਕਾਨੂੰਨ ਜਬਰੀ ਥੋਪ ਸਕਦੀ ਹੈ ਤਾਂ ਕਿਸਾਨਾਂ ਦੀਆਂ ਫ਼ਸਲਾਂ ਦੀ ਬੀਮਾ ਯੋਜਨਾ ਪ੍ਰਤੀ ਸਰਕਾਰ ਗੰਭੀਰ ਕਿਉਂ ਨਹੀਂ ਨਜ਼ਰ ਆ ਰਹੀ। ਪੰਜਾਬ ਕੇਂਦਰੀ ਪੂਲ ਵਿੱਚ ਅਨਾਜ ਦਾ ਵੱਡਾ ਹਿੱਸਾ ਪਾ ਰਿਹਾ, ਪਰ ਜਦੋਂ ਕਿਸਾਨਾਂ ਦੀਆਂ ਕੁਦਰਤੀ ਆਫ਼ਤ ਨਾਲ ਮਰੀਆਂ ਫ਼ਸਲਾਂ ਦਾ ਮੁਆਵਜ਼ਾ ਦੇਣ ਦੀ ਗੱਲ ਆਉਂਦੀ ਹੈ ਤਾਂ ਕੇਂਦਰ ਸਰਕਾਰ ਸੂਬਾ ਸਰਕਾਰ ਦੇ ਮੋਢਿਆਂ 'ਤੇ ਬੋਝ ਪਾ ਦਿੰਦੀ ਹੈ।

ਲੰਮਾ ਸਮਾਂ ਬੀਤ ਜਾਣ 'ਤੇ ਕੇਂਦਰ ਅਤੇ ਸੂਬਾ ਸਰਕਾਰ ਇਸ ਖੇਤੀ ਬੀਮਾ ਯੋਜਨਾ ਦਾ ਬੈਠ ਕੇ ਹੱਲ ਨਹੀਂ ਕੱਢ ਸਕੀਆਂ। ਕੇਂਦਰ ਸਰਕਾਰ ਪੰਜਾਬ ਨੂੰ ਕਈ ਪ੍ਰਕਾਰ ਦੀਆਂ ਦਿੱਤੀਆਂ ਜਾਣ ਵਾਲੀਆਂ ਗਰਾਂਟਾਂ ਆਦਿ 'ਚ ਆਪਣਾ 80 ਫੀਸਦੀ ਅਤੇ ਸੂਬਾ ਸਰਕਾਰ ਦੀ 20 ਫੀਸਦੀ ਹਿੱਸੇਦਾਰੀ ਪਾਉਂਦੀ ਹੈ। ਇਸੇ ਪ੍ਰਕਾਰ ਖੇਤੀ ਬੀਮਾ ਯੋਜਨਾ ਨੂੰ ਸਰਕਾਰਾਂ 80-20 ਦੀ ਹਿੱਸੇਦਾਰੀ ਨਾਲ ਇਸ ਯੋਜਨਾ ਦਾ ਵੀ ਹੱਲ ਕਰ ਸਕਦੀਆਂ ਹਨ, ਪਰ ਸਰਕਾਰਾਂ ਦੇਸ ਦੇ ਅੰਨਦਾਤਾ ਪ੍ਰਤੀ ਗੰਭੀਰ ਨਜਰ ਨਹੀਂ ਆ ਰਹੀਆਂ।

## ਪੰਜਵੀਂ 'ਚ ਕਿੰਡਰ ਗਾਰਟਨ ਐਂਡ ਸੀਨੀ: ਸੈਕੰ. ਸਕੂਲ ਦਾ ਨਤੀਜਾ ਸ਼ਾਨਦਾਰ



**ਸਮਰਾਲਾ (ਸੁਰਜੀਤ ਸਿੰਘ)**-ਹਰ ਸਾਲ ਦੀ ਤਰਾਂ ਕਿੰਡਰ ਗਾਰਟਨ ਐਂਡ ਸੀ.ਸੈ.ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ। ਸੈਸ਼ਨ 2022-23 ਲਈ 53 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ, ਜਿਨ੍ਹਾਂ ਵਿੱਚੋਂ ਸਾਰੇ ਵਿਦਿਆਰਥੀ ਬਹੁਤ ਵਧੀਆ ਅੰਕ ਪ੍ਰਾਪਤ ਕਰਕੇ ਪਾਸ ਹੋਏ। ਪੰਜਵੀਂ ਵਿੱਚੋਂ ਰਾਸ਼ੀ ਨੇ 90% ਲੈ ਕੇ ਆਪਣੀ ਜਮਾਤ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ, ਸੁਖਮਨਪ੍ਰੀਤ ਕੌਰ ਨੇ 89% ਅੰਕ ਲੈ ਕੇ ਦੂਜਾ ਸਥਾਨ ਹਾਸਲ ਕੀਤਾ, ਅਮਨਜੋਤ ਕੌਰ ਨੇ 444 ਅੰਕ 88.8% ਲੈ ਕੇ ਜਮਾਤ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ। ਬਾਕੀ ਵਿਦਿਆਰਥੀਆਂ ਨੇ ਵੀ ਪਹਿਲੀ ਪੁਜੀਸ਼ਨ ਪ੍ਰਾਪਤ ਕਰਕੇ ਤੇ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਸਕੂਲ ਡਾਇਰੈਕਟਰ ਸ਼੍ਰੀਮਤੀ ਸਰਬਜੀਤ ਕੌਰ ਤੇ ਪ੍ਰਿੰਸੀਪਲ ਸ਼੍ਰੀਮਤੀ ਰਣਜੋਤ ਕੌਰ ਨੇ ਬੱਚਿਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦੇਣ ਉਪਰੰਤ ਸਮੁੱਚੀ ਸਫ਼ਲਤਾ ਦਾ ਸਿਹਰਾ ਸਕੂਲ ਸਟਾਫ਼ ਤੇ ਹੋਣਹਾਰ ਵਿਦਿਆਰਥੀਆਂ ਦੇ ਸਿਰ ਬੰਨ੍ਹਿਆ।

## ਦੋਰਾਹਾ 'ਚ ਭਾਜਪਾ ਆਗੂਆਂ ਨੇ 44ਵਾਂ ਸਥਾਪਨਾ ਦਿਵਸ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**

ਭਾਰਤੀ ਜਨਤਾ ਪਾਰਟੀ ਵੱਲੋਂ ਪੂਰੇ ਦੇਸ਼ ਅੰਦਰ ਸਥਾਪਨਾ ਦਿਵਸ ਮਨਾਇਆ ਜਾ ਰਿਹਾ ਹੈ। ਅੱਜ ਦੋਰਾਹਾ ਵਿਖੇ ਸਾਬਕਾ ਮੰਡਲ ਪ੍ਰਧਾਨ ਸੁੱਖਾ ਤੇ ਸੀਨੀ. ਭਾਜਪਾ ਆਗੂ ਨਰਿੰਦਰ ਸਿੰਘ ਰਾਜਗੜ੍ਹ ਦੀ ਅਗਵਾਈ ਹੇਠ ਸਥਾਪਨਾ ਦਿਵਸ ਮਨਾਇਆ ਗਿਆ। ਇਸ ਮੌਕੇ ਭਾਰਤੀ ਜਨਤਾ ਪਾਰਟੀ ਐਸ ਸੀ ਮੋਰਚਾ ਦੇ ਜ਼ਿਲ੍ਹਾ ਜਨਰਲ ਸਕੱਤਰ ਨਰਿੰਦਰ ਸਿੰਘ ਅਤੇ ਸਾਬਕਾ ਮੰਡਲ ਪ੍ਰਧਾਨ ਸੁਖਜੀਤ ਸਿੰਘ ਨੇ ਪਾਰਟੀ ਦੇ ਲੋਕਲ ਆਗੂਆਂ ਤੇ ਮਿਹਨਤੀ ਵਰਕਰਾਂ ਨਾਲ ਮਿਲ ਕੇ ਪਾਰਟੀ ਦਾ ਝੰਡਾ ਪਾਰਟੀ ਵਰਕਰ ਅਮਰਪ੍ਰਤਾਪ ਸਿੰਘ ਦੇ ਘਰ ਉਪਰ ਲਹਿਰਾਇਆ। ਇਸ ਮੌਕੇ ਨਰਿੰਦਰ ਸਿੰਘ ਤੇ ਸੁਖਜੀਤ ਸਿੰਘ ਨੇ ਜਾਣਕਾਰੀ ਦਿੱਤੀ ਕਿ ਬੀ ਜੇ ਪੀ ਦੀ ਸਥਾਪਨਾ 6 ਅਪ੍ਰੈਲ 1980 ਨੂੰ ਕੀਤੀ ਗਈ ਸੀ ਅਤੇ ਪਾਰਟੀ ਦੇ ਪਹਿਲੇ ਪ੍ਰਧਾਨ ਮੰਤਰੀ ਸਵ. ਅਟਲ ਬਿਹਾਰੀ ਵਾਜਪਾਈ ਸਨ । ਪਾਰਟੀ ਦੇ ਸੀਨੀਅਰ ਆਗੂਆਂ ਰਾਮ ਸਰੂਪ ਭਨੋਟ ਅਤੇ ਵਿਨੋਦ ਬੈਕਟਰ ਬਿੱਲਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪਰਵਾਰਵਾਦ ਤੋਂ ਉੱਪਰ ਉੱਠ ਕੇ ਦੇਸ਼ ਤੇ ਸਮਾਜ ਲਈ ਕੰਮ ਕਰਦੀ ਹੈ ਅਤੇ ਸਭ ਨੂੰ ਨਾਲ ਲੈ ਕੇ ਚੱਲਣ ਵਾਲੀ ਪਾਰਟੀ ਹੈ। ਆਉਣ ਵਾਲੀਆਂ ਲੋਕ ਸਭਾ ਚੋਣਾਂ 'ਚ ਬੀ ਜੇ ਪੀ ਪੰਜਾਬ ਦੀ ਨੰਬਰ ਵਨ ਪਾਰਟੀ ਬਣੇਗੀ। ਇਸ ਮੌਕੇ ਯੁਵਾ ਮੋਰਚਾ ਦੋਰਾਹਾ ਦੇ ਸਾਬਕਾ ਪ੍ਰਧਾਨ ਗੁਰਪ੍ਰੀਤ ਚੌਧਰੀ, ਪ੍ਰਵਾਸੀ ਸੈੱਲ ਦੋਰਾਹਾ ਦੇ ਸਾਬਕਾ ਪ੍ਰਧਾਨ ਰਾਹੁਲ ਸਿੰਘ, ਸਮਾਜਕ ਸਮਰਸਤਾ ਮੰਚ ਦੇ ਪ੍ਰਮੁੱਖ ਮਨੋਜ ਪੰਡਿਤ, ਐਡਵੋਕੇਟ ਮਨਦੀਪ ਸਿੰਘ, ਪੰਕਜ ਅੰਗਰਸ਼ ਲਾਲੀ, ਬ੍ਰਜੇਸ਼ ਤਿਵਾੜੀ, ਹਰੀਸ਼ ਕੁਮਾਰ, ਰੋਹਿਤ ਕੁਮਾਰ, ਅਮਰਪ੍ਰਤਾਪ ਸਿੰਘ, ਦਿਨੇਸ਼ ਨਾਰਦ, ਰਜਿੰਦਰ ਕੁਮਾਰ, ਗੋਪ ਆਦਿ ਹਾਜ਼ਰ ਸਨ।

## ਮਾਲ ਵਿਭਾਗ ਵੱਲੋਂ ਬਾਰਸ਼ ਪ੍ਰਭਾਵਤ ਫ਼ਸਲਾਂ ਦਾ ਜਾਇਜ਼ਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਭਰ ਵਿੱਚ ਹੋਈ ਬਾਰਿਸ਼ ਕਾਰਨ ਖਰਾਬ ਹੋਈਆਂ ਫ਼ਸਲਾਂ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਰਵੇ ਕਰਾਇਆ ਜਾ ਰਿਹਾ ਹੈ, ਜਿਸ ਤਹਿਤ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਦੀ ਟੀਮ ਤੇ ਮਾਲ ਵਿਭਾਗ ਦੇ ਪਟਵਾਰੀ ਵਲੋਂ ਜਾਇਜ਼ਾ ਲਿਆ ਗਿਆ।'ਆਪ' ਆਗੂ ਸੁਰਜੀਤ ਵਿਲਾਸਰਾ ਤੇ ਮਾਲ ਵਿਭਾਗ ਦੇ ਪਟਵਾਰੀ ਵਰੁਣ ਬਾਂਸਲ ਨੇ ਕਿਹਾ ਕਿ ਵੀਅਰ ਤੇ ਗੁਲਾਮ ਹੁਸੈਨ ਅਧੀਨ ਆਉਂਦੇ ਰਕਬੇ ਹੇਠ ਬਾਰਿਸ਼ ਕਾਰਨ ਜੋ ਫ਼ਸਲਾਂ ਦਾ ਨੁਕਸਾਨ ਹੋਇਆ ਹੈ, ਉਸਦੀ ਰਿਪੋਰਟ ਤਿਆਰ ਕੀਤੀ ਜਾ ਰਹੀ ਹੈ।ਸੁਰਜੀਤ ਵਿਲਾਸਰਾ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨ ਹਿਤੈਸ਼ੀ ਹੈ ਤੇ ਕਿਸਾਨਾਂ ਦੇ ਨਾਲ ਖੜੀ ਹੈ। ਬਿਨਾਂ ਕਿਸੇ ਪਾਰਟੀਬਾਜ਼ੀ ਤੋਂ ਤੇ ਬਿਨਾਂ ਕਿਸੇ ਭੇਦਭਾਵ ਤੋਂ ਹਰ ਕਿਸਾਨ ਨੂੰ ਪ੍ਰਭਾਵਤ ਹੋਈ ਫ਼ਸਲ ਦਾ ਮੁਆਵਜ਼ਾ ਮਿਲੇਗਾ।ਇਸ ਮੌਕੇ ਸਾਹਿਬ ਸਿੰਘ ਸਰਕਲ ਪ੍ਰਧਾਨ, ਮਾਸਟਰ ਕੁਲਵੰਤ ਸਿੰਘ, ਅਸ਼ੋਕ ਸਿੰਘ, ਨੰਬਰਦਾਰ ਮਿੱਠਾ ਸਿੰਘ, ਬਲਕਾਰ ਸਿੰਘ, ਸਰਪੰਚ ਕਰਮਜੀਤ ਸਿੰਘ ਤੇ ਕਿਸਾਨ ਯੂਨੀਅਨ ਆਗੂ ਗੋਮਾ ਸਿੰਘ ਵੀ ਹਾਜ਼ਰ ਸਨ।

## ਸਤਵੀਰ ਸੱਤੀ ਟਰੱਕ ਯੂਨੀਅਨ ਨੂੰ ਬੁਲੰਦੀਆਂ 'ਤੇ ਲੈ ਕੇ ਜਾਣਗੇ : ਆਪ ਆਗੂ



**ਕੋਟ ਈਸੇ ਖਾਂ (ਅਰੋੜਾ)**

ਇੱਥੋਂ ਥੋੜ੍ਹੀ ਦੂਰ ਪਿੰਡ ਉਮਰੀਆਣਾ ਤੋਂ ਤਲਵਿੰਦਰ ਸਿੰਘ ਵਿਰਕ ਸਰਕਲ ਪ੍ਰਧਾਨ, ਮਨਦੀਪ ਸਿੰਘ ਚੂਹੜਚੱਕ ਸੀਨੀ. ਆਗੂ, ਨਿਰਵੈਰ ਸਿੰਘ ਕੰਗ ਸੀਨੀ.ਆਪ ਆਗੂਆਂ ਨੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਮਿਹਨਤੀ ਤੇ ਬੇਦਾਗ ਆਗੂ ਸਤਵੀਰ ਸਿੰਘ ਸੱਤੀ ਜਲਾਲਾਬਾਦ ਨੂੰ ਟਰੱਕ ਯੂਨੀਅਨ ਧਰਮਕੋਟ ਦਾ ਪ੍ਰਧਾਨ ਬਣਾਉਣ 'ਤੇ ਹਲਕਾ ਵਿਧਾਇਕ ਲਾਡੀ ਢੋਸ ਦਾ ਧੰਨਵਾਦ ਕੀਤਾ ਅਤੇ ਸਤਵੀਰ ਸਿੰਘ ਸੱਤੀ ਨਵ ਨਿਯੁਕਤ ਪ੍ਰਧਾਨ ਟਰੱਕ ਯੂਨੀਅਨ ਧਰਮਕੋਟ ਨੂੰ ਵਧਾਈ ਦਿੱਤੀ। ਇਨ੍ਹਾਂ ਆਪ ਆਗੂਆਂ ਨੇ ਕਿਹਾ ਕਿ ਢੋਸ ਪਰਵਾਰ ਨੇ ਹਮੇਸ਼ਾ ਹੀ ਮਿਹਨਤੀ ਆਗੂਆਂ ਤੇ ਵਰਕਰਾਂ ਦੀ ਕਦਰ ਪਾਈ ਹੈ, ਜਿਨ੍ਹਾਂ ਵਿੱਚੋਂ ਸਤਵੀਰ ਸਿੰਘ ਸੱਤੀ ਵੀ ਅਜਿਹੇ ਮਿਹਨਤੀ ਆਗੂ ਹਨ ਜਿਸ ਨੇ ਹਮੇਸ਼ਾ ਹੀ ਢੋਸ ਪਰਵਾਰ ਲਈ ਅਹਿਮ ਸੇਵਾਵਾਂ ਨਿਭਾਈਆਂ ਹਨ ਜਿਸ ਦੀ ਕਦਰ ਪਾਉਂਦਿਆਂ ਵਿਧਾਇਕ ਢੋਸ ਵੱਲੋਂ ਉਨ੍ਹਾ ਨੂੰ ਟਰੱਕ ਯੂਨੀਅਨ ਦਾ ਪ੍ਰਧਾਨ ਬਣਾਇਆ ਗਿਆ। ਆਗੂਆਂ ਨੇ ਕਿਹਾ ਕਿ ਸਤਵੀਰ ਸੱਤੀ ਆਪਣੀ ਇਸ ਜ਼ਿੰਮੇਵਾਰੀ ਨੂੰ ਪੂਰੀ ਸੰਜੀਦਗੀ ਨਾਲ ਨਿਭਾਉਣਗੇ ਅਤੇ ਟਰੱਕ ਯੂਨੀਅਨ ਨੂੰ ਹੋਰ ਬੁਲੰਦੀਆਂ 'ਤੇ ਪਹੁੰਚਾਉਣਗੇ ਤੇ ਟਰੱਕ ਅਪ੍ਰੇਟਰਾਂ ਜਾਂ ਸੰਬੰਧਤ ਕਾਮਿਆਂ ਨੂੰ ਕਦੇ ਕੋਈ ਮੁਸ਼ਕਲ ਨਹੀਂ ਆਉਣ ਦੇਣਗੇ।

## ਮਾਡਰਨ ਕਾਲਜ ਬੀਰ ਕਲਾਂ 'ਚ ਗੁੱਡ ਫ੍ਰਾਈਡੇ ਦਿਵਸ ਮੌਕੇ ਸਮਾਗਮ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਆਫ਼ ਐਜੂਕੇਸ਼ਨ ਬੀਰ ਕਲਾਂ ਵਿਖੇ ਗੁੱਡ ਫ੍ਰਾਈਡੇਅ ਦਿਵਸ ਮੌਕੇ ਇੱਕ ਪ੍ਰੋਗਰਾਮ ਦਾ ਆਯੋਜਨ ਕਾਲਜ ਦੇ ਚੇਅਰਮੈਨ ਡਾ ਰਵਿੰਦਰ ਬਾਂਸਲ ਦੀ ਅਗਵਾਈ ਵਿੱਚ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ ਵੀ ਕੇ ਰਾਏ ਨੇ ਕਿਹਾ ਕਿ ਇਸਾਈ ਧਰਮ ਵਿੱਚ ਇਸ ਦਿਨ ਦਾ ਬਹੁਤ ਮਹੱਤਵ ਹੈ। ਈਸਾ ਮਸੀਹ ਨੂੰ ਜਦੋਂ ਮੌਤ ਦੀ ਸਜ਼ਾ ਸੁਣਾਈ ਗਈ ਸੀ ਤਾਂ ਉਸ ਦਿਨ ਸ਼ੁਕਰਵਾਰ ਸੀ। ਉਨ੍ਹਾਂ ਉੱਪਰ ਦੇਸ਼ ਵਿਰੋਧੀ ਹੋਣ ਦਾ ਇਲਜਾਮ ਲੱਗਾ ਸੀ ਅਤੇ ਉਨ੍ਹਾਂ ਨੂੰ ਸੂਲੀ ਉੱਪਰ ਟੰਗਿਆ ਗਿਆ ਸੀ। ਇਸ ਦੌਰਾਨ ਈਸਾ ਮਸੀਹ ਨੇ ਅਪਣੇ ਪ੍ਰਾਣ ਤਿਆਗ ਦਿੱਤੇ ਸਨ। ਉਸ ਦਿਨ ਤੋਂ ਬਾਅਦ ਗੁੱਡ ਫ੍ਰਾਈਡੇਅ ਮਨਾਉਣਾ ਸ਼ੁਰੂ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਕੋਈ ਖੁਸ਼ੀਆਂ ਮਨਾਉਣ ਦਾ ਦਿਨ ਨਹੀਂ ਹੈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪੋਸਟਰ ਬਣਾਏ ਗਏ ਤੇ ਆਪਣੇ-ਆਪਣੇ ਵਿਚਾਰ ਪੇਸ਼ ਕੀਤੇ ਗਏ। ਇਸ ਮੌਕੇ ਕਾਲਜ ਦੇ ਵਿਦਿਆਰਥੀ ਅਤੇ ਸਟਾਫ ਸ਼ਾਮਲ ਸੀ।

## ਫਲਾਇੰਗ ਸਕੁਐਡ ਵੱਲੋਂ ਕਿਤਾਬਾਂ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ

**ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਟਿਆਲਾ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਮਿਲ ਰਹੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੀਆਂ ਟੀਮਾਂ ਦੇ ਗਠਿਤ ਕੀਤੇ ਉਡਣ ਦਸਤਿਆਂ ਵੱਲੋਂ ਕਿਤਾਬ ਮਾਰਕੀਟ ਸਮੇਤ ਹੋਰਨਾਂ ਥਾਵਾਂ 'ਤੇ ਕਿਤਾਬਾਂ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ ਕੀਤੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਹੜੇ ਦੁਕਾਨਦਾਰ ਕਿਤਾਬਾਂ ਕੱਚੇ ਬਿੱਲਾਂ 'ਤੇ ਵੇਚਦੇ ਹਨ, ਉਨ੍ਹਾਂ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਉਹ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਮੁਤਾਬਕ ਕਿਤਾਬਾਂ ਦੀ ਵਿਕਰੀ ਦੇ ਪੱਕੇ ਬਿੱਲ ਗਾਹਕਾਂ ਨੂੰ ਦੇਣ।

ਸਾਕਸ਼ੀ ਸਾਹਨੀ ਨੇ ਦੱਸਿਆ ਕਿ ਫਲਾਇੰਗ ਸਕੁਐਡ ਵੱਲੋਂ ਕੀਤੀ ਗਈ ਅਚਨਚੇਤ ਚੈਕਿੰਗ ਦੌਰਾਨ ਕੁਤਾਹੀ ਸਾਹਮਣੇ ਆਉਣ 'ਤੇ ਜੁਰਮਾਨਾ ਵੀ ਕੀਤਾ ਗਿਆ ਹੈ। ਉਨ੍ਹਾ ਦੱਸਿਆ ਕਿ ਇਹ ਅਚਨਚੇਤ ਚੈਕਿੰਗ ਲਗਾਤਾਰ ਜਾਰੀ ਰਹੇਗੀ ਅਤੇ ਨਿਯਮਾਂ ਦੀ ਉਲੰਘਣਾ ਸਾਹਮਣੇ ਆਉਣ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਤਾਬਾਂ ਲੈਣ ਸਮੇਂ ਦੁਕਾਨਾਂ ਤੋਂ ਪੱਕਾ ਬਿੱਲ ਲੈਣਾ ਯਕੀਨੀ ਬਣਾਉਣ।

## ਵਿਸ਼ਵ ਯੂਨੀਵਰਸਿਟੀ ਦੇ ਐਨ ਐਸ ਐਸ ਵਿੰਗ ਵੱਲੋਂ ਹੈਲਥ ਵਾਕ ਦਾ ਆਯੋਜਨ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਵਿਸ਼ਵ ਸਿਹਤ ਦਿਵਸ ਦੇ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਿੱਖਿਆ ਵਿਭਾਗ ਦੇ ਵਿਦਿਆਰਥੀਆਂ ਤੇ ਐਨਐਸਐਸ ਵਲੰਟੀਅਰਾਂ ਨੇ ਹੈਲਥ ਵਾਕ ਦਾ ਆਯੋਜਨ ਕੀਤਾ। ਡਾ. ਹਰਨੀਤ ਬਿਲਿੰਗ, ਪ੍ਰੋਗਰਾਮ ਕੋਆਰਡੀਨੇਟਰ (ਐਨਐਸਐਸ) ਨੇ ਸਾਂਝਾ ਕੀਤਾ ਕਿ 7 ਅਪ੍ਰੈਲ ਦੀ ਮਿਤੀ 1948 ਵਿੱਚ ਡਬਲਯੂਐਚਓ ਦੀ ਸਥਾਪਨਾ ਦੀ ਵਰ੍ਹੇਗੰਢ ਨੂੰ ਦਰਸਾਉਂਦੀ ਹੈ ਅਤੇ ਇਹ ਦਿਵਸ ਵਿਸਵ ਭਰ ਵਿੱਚ ਸਿਹਤ ਵੱਲ ਧਿਆਨ ਖਿੱਚਣ ਲਈ ਹਰ ਸਾਲ ਮਨਾਇਆ ਜਾਂਦਾ ਹੈ। ਉਨ੍ਹਾਂ ਨੇ ਭਾਗੀਦਾਰਾਂ ਨੂੰ ਸਿਹਤ ਦੀਆਂ ਤਿੰਨ ਸ਼੍ਰੇਣੀਆਂ ਅਰਥਾਤ ਅਧਿਆਤਮਿਕ, ਮਾਨਸਿਕ ਤੇ ਸਰੀਰਕ ਸਿਹਤ ਬਾਰੇ ਦੱਸਿਆ। ਡਾ: ਸੁਮਨ ਪ੍ਰੀਤ ਕੌਰ, ਐਨ.ਐਸ.ਐਸ ਪ੍ਰੋਗਰਾਮ ਅਫਸਰ ਤੇ ਸ੍ਰੀਮਤੀ ਪ੍ਰਤਿਮਾ ਕੁਮਾਰੀ, ਸਹਾਇਕ ਪ੍ਰੋਫੈਸਰ ਇਨ ਐਜੂਕੇਸ਼ਨ ਨੇ ਸਮਾਗਮ ਦਾ ਆਯੋਜਨ ਕੀਤਾ। ਸਮਾਗਮ ਦਾ ਵਿਸ਼ਾ 'ਸਭ ਲਈ ਸਿਹਤ' ਸੀ। ਵਿਦਿਆਰਥੀਆਂ ਨੇ ਸਿਹਤ, ਸੰਤੁਲਤ ਖ਼ੁਰਾਕ ਅਤੇ ਆਮ ਸਿਹਤ ਸਮੱਸਿਆਵਾਂ ਬਾਰੇ ਪੋਸਟਰ ਤਿਆਰ ਕੀਤੇ। ਪੋਸਟਰਾਂ ਨੂੰ ਪਲੇਕਾਰਡ ਵਜੋਂ ਵਲੰਟੀਅਰਾਂ ਨੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਵਾਕ ਦੌਰਾਨ ਨਾਲ ਲਿਆ। ਇਹ ਵਾਕ ਯੂਨੀਵਰਸਿਟੀ ਕੈਂਪਸ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਫਤਹਿਗੜ੍ਹ ਸਾਹਿਬ ਵਿਖੇ ਸਮਾਪਤ ਹੋਈ, ਜਿੱਥੋਂ ਵਲੰਟੀਅਰਾਂ ਨੇ ਘਰ-ਘਰ ਜਾ ਕੇ ਪ੍ਰਚਾਰ ਕੀਤਾ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਸਿਹਤਮੰਦ ਰਹਿਣ ਲਈ ਪੌਸ਼ਟਿਕ ਭੋਜਨ ਖਾਣ ਦੀ ਅਪੀਲ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਵੀ ਪ੍ਰੇਰਤ ਕੀਤਾ। ਡਾ. ਸੁਮਨ ਪ੍ਰੀਤ ਕੌਰ ਨੇ ਵਲੰਟੀਅਰਾਂ ਦੀ ਸ਼ਮੂਲੀਅਤ ਲਈ ਤੇ ਵਾਈਸ-ਚਾਂਸਲਰ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਮਤਾ ਪੇਸ਼ ਕੀਤਾ।

## ...ਸਫ਼ਾ 1 ਦੇ ਬਾਕੀ

### ਕਿਸਾਨਾਂ ਨੂੰ ਰਿਲੀਫ...

ਮੁੱਖ ਮੰਤਰੀ ਨੇ ਕਿਹਾ ਕਿ ਇਸ ਤੋਂ ਪਹਿਲਾਂ ਸੂਬਾ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਪੀ.ਐੱਸ.ਪੀ.ਸੀ.ਐੱਲ. ਨੂੰ ਘਾਟੇ ਵਾਲਾ ਅਦਾਰਾ ਮੰਨਿਆ ਜਾਂਦਾ ਸੀ। ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਰਕਾਰ ਨੇ 20,200 ਕਰੋੜ ਰੁਪਏ ਦੀ ਬਕਾਇਆ ਸਬਸਿਡੀ ਜਾਰੀ ਕੀਤੀ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਇਸ ਸਬਸਿਡੀ ਵਿੱਚੋਂ 9063.79 ਕਰੋੜ ਰੁਪਏ ਖੇਤੀਬਾੜੀ ਸੈਕਟਰ ਨੂੰ, 8285.90 ਕਰੋੜ ਰੁਪਏ ਘਰੇਲੂ ਖਪਤਕਾਰਾਂ ਲਈ ਸਬਸਿਡੀ ਵਜੋਂ ਅਤੇ 2911 ਕਰੋੜ ਰੁਪਏ ਸਨਅਤੀ ਸੈਕਟਰ ਨੂੰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੂੰ ਪਿਛਲੀਆਂ ਸਰਕਾਰਾਂ ਤੋਂ ਪੀ.ਐੱਲ.ਪੀ.ਸੀ.ਐੱਲ. ਦਾ 9020 ਕਰੋੜ ਰੁਪਏ ਦਾ ਕਰਜ਼ਾ ਵਿਰਾਸਤ ਵਿੱਚ ਮਿਲਿਆ ਸੀ ਅਤੇ ਸੂਬਾ ਸਰਕਾਰ 1894 ਕਰੋੜ ਰੁਪਏ ਦੀਆਂ ਪੰਜ ਕਿਸ਼ਤਾਂ ਰਾਹੀਂ ਇਹ ਕਰਜ਼ਾ ਵੀ ਮੋੜ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਤੱਕ 3538 ਨੌਜਵਾਨਾਂ ਨੂੰ ਪਾਵਰਕਾਮ ਵਿੱਚ ਨੌਕਰੀਆਂ ਦਿੱਤੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਸੂਬੇ ਵਿੱਚ ਬਿਜਲੀ ਉਤਪਾਦਨ ਵਿੱਚ ਕਈ ਗੁਣਾ ਵਾਧਾ ਹੋਇਆ ਹੈ।

ਉਨ੍ਹਾਂ ਕਿਹਾ ਕਿ ਝਾਰਖੰਡ ਕੋਲਾ ਖਾਣ ਤੋਂ ਕੋਲੇ ਦੀ ਨਿਰਵਿਘਨ ਸਪਲਾਈ ਸ਼ੁਰੂ ਹੋ ਚੁੱਕੀ ਹੈ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਦੇਸ਼ ਵਿੱਚ ਵਾਧੂ ਬਿਜਲੀ ਵਾਲਾ ਸੂਬਾ ਬਣਨ ਵੱਲ ਵਧ ਰਿਹਾ ਹੈ। ਮੁੱਖ ਮੰਤਰੀ ਨੇ ਦੁਹਰਾਇਆ ਕਿ ਸੂਬਾ ਸਰਕਾਰ ਕੇਂਦਰ ਤੋਂ ਪੇਂਡੂ ਵਿਕਾਸ ਫੰਡ ਦਾ ਬਕਾਇਆ ਲੈਣ ਲਈ ਅਦਾਲਤ ਵਿੱਚ ਜਾਣ ਦੀਆਂ ਸੰਭਾਵਨਾਵਾਂ ਤਲਾਸ਼ ਰਹੀ ਹੈ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਆਰ.ਡੀ.ਐੱਫ. ਤਹਿਤ 30,000 ਕਰੋੜ ਰੁਪਏ ਦੇ ਫੰਡਾਂ ਨੂੰ ਰੋਕ ਕੇ ਸੂਬੇ ਨੂੰ ਬੇਲੋੜਾ ਪ੍ਰੇਸ਼ਾਨ ਕਰ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਕਿਸਾਨਾਂ ਦੀ ਭਲਾਈ ਲਈ ਹਰ ਕੀਮਤ 'ਤੇ ਯਕੀਨੀ ਬਣਾਉਣਾ ਹੈ। ਸੂਬੇ ਵਿੱਚ ਵਿਸ਼ੇਸ਼ ਗਿਰਦਾਵਰੀ ਕਰਵਾਈ ਜਾ ਰਹੀ ਹੈ ਅਤੇ ਵਿਸਾਖੀ ਤੱਕ ਮੁਆਵਜ਼ਾ ਵੰਡ ਦਿੱਤਾ ਜਾਵੇਗਾ।

### ਛੇਤੀ ਸ਼ੁਰੂ ਹੋਣਗੇ ਆਹਲਾ...

ਮੁੱਖ ਮੰਤਰੀ ਨੇ ਅੱਗੇ ਐਲਾਨ ਕੀਤਾ ਕਿ ਉਹ ਨੌਜਵਾਨਾਂ ਨਾਲ ਸਿੱਧਾ ਸੰਵਾਦ ਰਚਾਉਣ ਲਈ ਮਹੀਨੇ ਵਿੱਚ ਦੋ ਵਾਰ 'ਨੌਜਵਾਨ ਸਭਾ' ਕਰਨਗੇ। ਉਨ੍ਹਾ ਕਿਹਾ ਕਿ ਇਨ੍ਹਾਂ ਮੀਟਿੰਗਾਂ ਦਾ ਮਕਸਦ ਨੌਜਵਾਨਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਾ ਹੈ ਅਤੇ ਉਨ੍ਹਾਂ ਦੀ ਫੀਡਬੈਕ ਅਤੇ ਸੁਝਾਅ ਪ੍ਰਾਪਤ ਕਰਨਾ ਹੈ ਤਾਂ ਜੋ ਸਰਕਾਰ ਉਨ੍ਹਾਂ ਲਈ ਨਵੇਂ ਕਾਰੋਬਾਰ ਸ਼ੁਰੂ ਕਰਨ ਅਤੇ ਹੋਰ ਨਿਵੇਕਲੀਆਂ ਪਹਿਲਕਦਮੀਆਂ ਕਰਨ ਲਈ ਢੁਕਵੀਆਂ ਨੀਤੀਆਂ ਤਿਆਰ ਕਰ ਸਕੇ। ਭਗਵੰਤ ਮਾਨ ਨੇ ਕਿਹਾ ਕਿ ਖੇਤੀਬਾੜੀ, ਟਰਾਂਸਪੋਰਟ ਅਤੇ ਹੋਰ ਖੇਤਰਾਂ ਨੂੰ ਹੁਲਾਰਾ ਦੇਣ ਲਈ ਹਰ 15 ਦਿਨਾਂ ਬਾਅਦ ਨੌਜਵਾਨਾਂ ਨਾਲ ਡੂੰਘਾਈ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇਗਾ ਅਤੇ ਉਨ੍ਹਾਂ ਦੇ ਸੁਝਾਅ ਲਏ ਜਾਣਗੇ। ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਸਿਖਲਾਈ ਦੇਣ ਲਈ 10 ਅਤਿ-ਆਧੁਨਿਕ ਸੈਂਟਰ ਖੋਲ੍ਹੇਗੀ। ਭਗਵੰਤ ਮਾਨ ਨੇ ਕਿਹਾ ਕਿ ਇਹ ਸੈਂਟਰ ਨੌਜਵਾਨਾਂ ਨੂੰ ਯੂ ਪੀ ਐਸ ਸੀ ਦੀ ਪ੍ਰੀਖਿਆ ਪਾਸ ਕਰਨ ਅਤੇ ਸੂਬੇ ਅਤੇ ਦੇਸ਼ ਵਿੱਚ ਵੱਕਾਰੀ ਅਹੁਦਿਆਂ 'ਤੇ ਪੁੱਜਣ ਲਈ ਮਿਆਰੀ ਸਿਖਲਾਈ ਦੇਣਗੇ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਦਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਨੌਜਵਾਨ ਉੱਚ ਅਹੁਦਿਆਂ 'ਤੇ ਬੈਠਣ, ਨਾ ਕਿ ਕਿਸੇ ਗੈਰ-ਕਾਨੂੰਨੀ ਗਤੀਵਿਧੀਆਂ 'ਚ ਸ਼ਾਮਲ ਹੋ ਕੇ ਜੇਲ੍ਹਾਂ ਵਿੱਚ ਪੁੱਜਣ।

### ਰੋਜ਼ਗਾਰ ਦੇ ਨਵੇਂ ਮੌਕੇ ਮੁਹੱਈਆ ..

ਦਾ ਮੁੱਖ ਉਦੇਸ਼ ਉਦਯੋਗਾਂ 'ਚ ਰੋਜ਼ਗਾਰ ਸੰਬੰਧੀ ਮੌਜੂਦਾ ਲੋੜਾਂ ਅਤੇ ਹੋਰ ਮੁੱਦਿਆਂ ਬਾਰੇ ਜਾਣਕਾਰੀ ਹਾਸਲ ਕਰਨਾ ਸੀ ਤਾਂ ਜੋ ਉਦਯੋਗਾਂ 'ਚ ਹੁਨਰਮੰਦ ਮਨੁੱਖੀ ਸ਼ਕਤੀ ਮੁਹੱਈਆ ਕਰਵਾਉਣ ਦੇ ਨਾਲ-ਨਾਲ ਪੰਜਾਬ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਢੁਕਵੇਂ ਮੌਕੇ ਪੈਦਾ ਕੀਤੇ ਜਾ ਸਕਣ। ਇਸ ਮੌਕੇ ਓਪਨ ਹਾਊਸ ਸੈਸ਼ਨ ਦੌਰਾਨ ਉਦਯੋਗਪਤੀਆਂ ਤੋਂ ਸੁਝਾਅ ਲੈਂਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਵਡਮੁੱਲੇ ਸੁਝਾਵਾਂ ਨਾਲ ਵਿਭਾਗ ਨੂੰ ਉਦਯੋਗਾਂ ਦੀਆਂ ਮੰਗਾਂ ਅਨੁਸਾਰ ਲੋੜੀਂਦੇ ਕੋਰਸ ਸ਼ੁਰੂ ਕਰਨ 'ਚ ਮਦਦ ਮਿਲੇਗੀ। ਉਨ੍ਹਾ ਕਿਹਾ ਕਿ ਇਸ ਸੰਬੰਧੀ ਕਿਸੇ ਵੀ ਸਮੱਸਿਆ ਦੇ ਹੱਲ ਲਈ ਉਹ ਹਰ ਸਮੇਂ ਮੌਜੂਦ ਹਨ। ਰੋਜ਼ਗਾਰ ਉਤਪਤੀ ਅਤੇ ਹੁਨਰ ਵਿਕਾਸ ਤੇ ਸਿਖਲਾਈ ਵਿਭਾਗ ਦੇ ਡਾਇਰੈਕਟਰ ਦੀਪਤੀ ਉੱਪਲ ਨੇ ਕਿਹਾ ਕਿ ਪੰਜਾਬ ਹੁਨਰ ਵਿਕਾਸ ਮਿਸ਼ਨ (ਪੀ.ਐਸ.ਡੀ.ਐਮ.) ਦਾ ਮੁੱਖ ਧਿਆਨ ਹੁਨਰ ਕੋਰਸਾਂ ਲਈ ਉਦਯੋਗਾਂ ਨੂੰ ਸੂਚੀਬੱਧ ਕਰਨਾ ਰਹੇਗਾ। ਉਨ੍ਹਾ ਨੈਸ਼ਨਲ ਅਪ੍ਰੈਂਟਿਸਸ਼ਿਪ ਪ੍ਰਮੋਸ਼ਨ ਸਕੀਮ, ਪੀ ਐੱਸ ਡੀ ਐੱਮ ਨਾਲ ਸੂਚੀਬੱਧ ਉਦਯੋਗਾਂ, ਉਦਯੋਗਾਂ 'ਚ ਨੌਕਰੀਆਂ ਦੀ ਮੰਗ ਅਨੁਸਾਰ ਚਲਾਏ ਜਾ ਰਹੇ ਸਿਖਲਾਈ ਪ੍ਰੋਗਰਾਮਾਂ ਅਤੇ ਵਿਭਾਗ ਦੇ ਹੋਰ ਪ੍ਰੋਗਰਾਮਾਂ ਬਾਰੇ ਵੀ ਜਾਣੂ ਕਰਵਾਇਆ। ਇਸ ਮੌਕੇ ਸੀ ਆਈ ਆਈ ਦੇ ਚੇਅਰਮੈਨ ਅਤੇ ਟਾਇਨਰ ਆਰਥੋਡੋਨਟਿਕਸ ਦੇ ਮਾਲਕ ਪੀ ਜੇ ਸਿੰਘ, ਮੋਹਾਲੀ ਇੰਡਸਟਰੀਜ਼ ਐਸੋਸੀਏਸ਼ਨ ਦੇ ਚੇਅਰਮੈਨ ਅਨੁਰਾਗ ਅਗਰਵਾਲ, ਚੀਮਾ ਬੋਆਇਲਰਜ਼ ਲਿਮ. ਦੇ ਐਚ ਐਸ ਚੀਮਾ, ਮੁੰਜਾਲ ਬਰਮਿੰਘਮ ਸਿਟੀ ਯੂਨੀਵਰਸਿਟੀ ਦੇ ਕਾਰਜਕਾਰੀ ਡਾਇਰੈਕਟਰ ਡਾ. ਪ੍ਰੇਮ ਕੁਮਾਰ, ਬਰਮਿੰਘਮ ਸਿਟੀ ਯੂਨੀਵਰਸਿਟੀ ਦੇ ਪ੍ਰੋਫੈਸਰ ਜੂਲੀਅਨ ਬੀਅਰ, ਕੇ ਸੀ ਗਰੁੱਪ ਆਫ਼ ਇੰਡਸਟਰੀਜ਼ ਦੇ ਸ੍ਰੀ ਵਿਕਾਸ, ਜਰਿਉ ਇੰਜੀਨੀਅਰਿੰਗ ਲਿਮ. ਦੇ ਮੈਨੇਜਿੰਗ ਡਾਇਰੈਕਟਰ ਰੋਹਿਤ ਗਰੋਵਰ ਵੀ ਹਾਜ਼ਰ ਸਨ।

### ਸ਼ਵਿੰਦਰ ਮਾਹਲ...

ਬਾਵਾ, ਗੁਰਪ੍ਰੀਤ ਘੁੱਗੀ, ਗੁੱਗੂ ਗਿੱਲ, ਕਰਮਜੀਤ ਅਨਮੋਲ, ਮਲਕੀਤ ਰੌਣੀ, ਭਾਨਾ ਐਲ ਏ, ਜਸਵਿੰਦਰ ਭੱਲਾ, ਭਾਰਤ ਭੂਸ਼ਣ ਵਰਮਾ, ਬੀਨੂ ਢਿੱਲੋਂ, ਪੰਮੀ ਬਾਈ, ਸਰਦਾਰ ਸੋਹੀ, ਯੋਗਰਾਜ ਸਿੰਘ, ਹਰਬੀ ਸੰਘਾ, ਰਾਣਾ ਜੰਗ ਬਹਾਦਰ, ਗੀਤਜ਼ ਬਿੰਦਰਖੀਆ, ਗਾਇਕ ਸੁਰਿੰਦਰ ਛਿੰਦਾ, ਸੁਖਦੇਵ ਬਰਨਾਲਾ, ਦਿਲਾਵਰ ਸਿੱਧੂ, ਆਸ਼ੀਸ਼ ਦੁੱਗਲ, ਨਰਿੰਦਰ ਨੀਨਾ, ਜਸਵੀਰ ਗਿੱਲ, ਪਰਮਵੀਰ ਸਿੰਘ, ਹਰਜਿੰਦਰ ਸਿੰਘ ਜਵੰਦਾ, ਪਰਮਜੀਤ ਭੰਗੂ, ਰਵਿੰਦਰ ਮੰਡ, ਅਮਰ ਨੂਰੀ, ਨਿਰਮਲ ਰਿਸ਼ੀ, ਅਨੀਤਾ ਦੇਵਗਨ, ਸੁਨੀਤਾ ਧੀਰ, ਗੁਰਪ੍ਰੀਤ ਕੌਰ ਭੰਗੂ, ਰੁਪਿੰਦਰ ਰੂਪੀ, ਅਨੀਤਾ ਮੀਤ, ਸ਼ੀਮਾ ਕੌਸ਼ਲ, ਤਨਵੀ ਨਾਗੀ, ਰਾਜ ਧਾਲੀਵਾਲ, ਪੂਨਮ ਸੂਦ, ਰਾਖੀ ਹੁੰਦਲ, ਦਲਜੀਤ ਸਿੰਘ ਅਰੋੜਾ, ਇਕਬਾਲ ਸਿੰਘ ਚਾਨਾ ਅਤੇ ਅੰਮ੍ਰਿਤਪਾਲ ਬਿੱਲਾ ਸਮੇਤ ਵੱਡੀ ਗਿਣਤੀ 'ਚ ਪੋਲੀਵੁੱਡ ਕਲਾਕਾਰਾਂ, ਧਾਰਮਕ, ਸਮਾਜਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਸ਼ਵਿੰਦਰ ਮਾਹਲ ਅਤੇ ਉਨ੍ਹਾਂ ਦੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

### ਪੰਜਾਬ ਦੇ ਅਮਨ ਨੂੰ ..

ਸਰਵਸੰਮਤੀ ਨਾਲ ਸਾਰੇ ਬੇਕਸੂਰ ਲੋਕਾਂ ਨੂੰ ਰਿਹਾਅ ਕਰਨ, ਐੱਨ ਐਸ ਏ ਦੀ ਦੁਰਵਰਤੋਂ ਰੋਕਣ, ਸਾਰੇ ਕਾਲੇ ਕਾਨੂੰਨ ਰੱਦ ਕਰਨ, ਪੰਜਾਬ ਚੋਂ ਸੁਰੱਖਿਆ ਦਸਤੇ ਵਾਪਸ ਬੁਲਾਉਣ, ਕੇਂਦਰ ਦੀਆਂ ਸਰਕਾਰੀ ਏਜੰਸੀਆਂ ਦੀ ਸੂਬੇ 'ਚ ਦਖ਼ਲਅੰਦਾਜ਼ੀ ਬੰਦ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ। ਮੀਟਿੰਗ ਵਿੱਚ ਉਪਰੋਕਤ ਤੋਂ ਬਿਨਾਂ ਕਾ. ਅਜਮੇਰ ਸਿੰਘ, ਕਾ. ਮੰਗਤ ਰਾਮ ਪਾਸਲਾ, ਕਾ. ਬੰਤ ਸਿੰਘ ਬਰਾੜ, ਕਾ. ਮੰਗਤ ਰਾਮ ਲੌਂਗੋਵਾਲ, ਸੁੱਚਾ ਸਿੰਘ, ਗੁਰਨਾਮ ਸਿੰਘ ਦਾਊਦ ਆਦਿ ਹਾਜ਼ਰ ਸਨ।

### ਕੇਂਦਰ ਨੇ ਕੋਰੋਨਾ...

ਭਰਤੀ ਹੋਣ ਦੀ ਲੋੜ ਨਹੀਂ ਹੁੰਦੀ। ਇਸ ਤੋਂ ਪਹਿਲਾਂ ਕੇਂਦਰੀ ਸਿਹਤ ਅਤੇ ਪਰਵਾਰ ਭਲਾਈ ਰਾਜ ਮੰਤਰੀ ਡਾ. ਭਾਰਤੀ ਪ੍ਰਵੀਨ ਪਵਾਰ ਨੇ ਕਿਹਾ ਕਿ ਕੇਂਦਰ ਕੋਵਿਡ-19 ਦੇ ਵਧ ਰਹੇ ਮਾਮਲਿਆਂ ਦੇ ਮੱਦੇਨਜ਼ਰ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਨਿਯਮਤ ਤੌਰ 'ਤੇ ਦਿਸ਼ਾ-ਨਿਰਦੇਸ਼ ਜਾਰੀ ਕਰ ਰਿਹਾ ਹੈ। ਪੁੱਡੂਚੇਰੀ ਪ੍ਰਸ਼ਾਸਨ ਨੇ ਮਾਸਕ ਪਹਿਨਣਾ ਲਾਜ਼ਮੀ ਕਰ ਦਿੱਤਾ ਹੈ। ਜ਼ਿਲ੍ਹਾ ਕੁਲੈਕਟਰ ਈ ਵਲਵਨ ਨੇ ਕਿਹਾ ਕਿ ਜਨਤਕ ਥਾਵਾਂ, ਬੀਚ ਰੋਡ, ਪਾਰਕਾਂ ਅਤੇ ਥੀਏਟਰਾਂ 'ਚ ਮਾਸਕ ਪਹਿਨਣਾ ਲਾਜ਼ਮੀ ਹੈ। ਹਸਪਤਾਲਾਂ, ਹੋਟਲਾਂ, ਬਾਰਾਂ, ਰੈਸਟੋਰੈਂਟਾਂ, ਸ਼ਰਾਬ ਦੀਆਂ ਦੁਕਾਨਾਂ, ਪ੍ਰਾਹੁਣਚਾਰੀ ਅਤੇ ਮਨੋਰੰਜਨ ਖੇਤਰਾਂ, ਸਰਕਾਰੀ ਦਫਤਰਾਂ ਅਤੇ ਵਪਾਰਕ ਅਦਾਰਿਆਂ 'ਚ ਕੰਮ ਕਰਨ ਵਾਲੇ ਸਟਾਫ ਨੂੰ ਲਾਜ਼ਮੀ ਤੌਰ 'ਤੇ ਮਾਸਕ ਪਹਿਨਣੇ ਚਾਹੀਦੇ ਹਨ। ਸਾਰੇ ਸਰਕਾਰੀ ਦਫਤਰਾਂ ਅਤੇ ਨਿੱਜੀ ਅਦਾਰਿਆਂ 'ਚ ਸੌ ਫੀਸਦੀ ਟੀਕਾਕਰਨ ਯਕੀਨੀ ਬਣਾਇਆ ਜਾਵੇਗਾ। ਭਾਰਤ ਵਿਚ ਇਕ ਦਿਨ ਵਿਚ ਕੋਰੋਨਾ ਦੇ 6,050 ਨਵੇਂ ਕੇਸ ਸਾਹਮਣੇ ਆਉਣ ਤੋਂ ਬਾਅਦ ਮਰੀਜ਼ਾਂ ਦੀ ਗਿਣਤੀ 4,47,45,104 ਹੋ ਗਈ ਹੈ। ਇਹ ਪਿਛਲੇ 203 ਦਿਨਾਂ 'ਚ ਰੋਜ਼ਾਨਾ ਰਿਪੋਰਟ ਕੀਤੇ ਗਏ ਕੇਸਾਂ ਦੀ ਸਭ ਤੋਂ ਵੱਧ ਗਿਣਤੀ ਹੈ। ਹੁਣ ਇਲਾਜ ਅਧੀਨ ਮਰੀਜ਼ਾਂ ਦੀ ਗਿਣਤੀ 28,303 ਹੋ ਗਈ ਹੈ। ਪਿਛਲੇ ਸਾਲ 16 ਸਤੰਬਰ ਨੂੰ ਦੇਸ਼ 'ਚ ਵਾਇਰਸ ਦੇ 6,298 ਕੇਸ ਸਾਹਮਣੇ ਆਏ ਸਨ। ਪੰਜਾਬ ਦੇ ਇਕ ਵਿਅਕਤੀ ਸਮੇਤ ਦੇਸ਼ 'ਚ 14 ਹੋਰ ਮੌਤਾਂ ਹੋ ਗਈਆਂ ਹਨ। ਜਾਨ ਗੁਆਉਣ ਵਾਲੇ ਲੋਕਾਂ ਦੀ ਗਿਣਤੀ ਵਧ ਕੇ 5,30,943 ਹੋ ਗਈ ਹੈ।

## ਸੇਵਾਮੁਕਤ ਕਰਮਚਾਰੀ ਜਥੇਬੰਦੀ ਤਲਵੰਡੀ ਭਾਈ ਦੀ ਇਕੱਤਰਤਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੇਵਾਮੁਕਤ ਕਰਮਚਾਰੀ ਜਥੇਬੰਦੀ ਤਲਵੰਡੀ ਭਾਈ ਦੀ ਇਕੱਤਰਤਾ ਇੱਥੇ ਨਗਰ ਕੌਂਸਲ ਪਾਰਕ ਵਿਖੇ ਹੋਈ।ਇਸ ਮੌਕੇ ਜਥੇਬੰਦੀ ਦੇ ਮੈਂਬਰਾਂ ਵਲੋਂ ਪੰਜਾਬ ਦੇ ਅਜੋਕੇ ਮਾਹੌਲ 'ਤੇ ਚਿੰਤਾ ਪ੍ਰਗਟ ਕਰਦਿਆਂ ਪੰਜਾਬ ਸਰਕਾਰ ਤੇ ਪੰਜਾਬ ਵਾਸੀਆਂ ਨੂੰ ਆਪਸੀ ਭਾਈਚਾਰਾ ਕਾਇਮ ਰੱਖਣ ਦੀ ਅਪੀਲ ਕੀਤੀ।ਸਤਿਪਾਲ ਖੁੱਲਰ, ਡਾ. ਰਾਜ ਕੁਮਾਰ ਅਗਨੀਹੋਤਰੀ, ਹੈੱਡ ਮਾਸਟਰ ਮੂਲ ਚੰਦ, ਹਰਜੀਤ ਸਿੰਘ ਬੇਦੀ ਤੇ ਹਰੀ ਸਿੰਘ ਨੇ ਚੰਗੇ ਸਮਾਜ ਦੀ ਸਿਰਜਣਾ ਲਈ ਸਭਨਾਂ ਦੇ ਸਾਂਝੇ ਯਤਨਾਂ 'ਤੇ ਜ਼ੋਰ ਦਿੱਤਾ, ਜਦਕਿ ਇਸ ਸਮੇਂ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਜਥੇਬੰਦੀ ਦੇ ਪ੍ਰਧਾਨ ਅਤੇ ਸੇਵਾਮੁਕਤ ਬਲਾਕ ਸਿੱਖਿਆ ਅਫ਼ਸਰ ਬੂਟਾ ਰਾਮ ਅਰੋੜਾ ਨੇ ਪੈਨਸ਼ਨਰਾਂ ਨੂੰ ਦਰਪੇਸ਼ ਮੁਸ਼ਕਲਾਂ 'ਤੇ ਚਾਨਣਾ ਪਾਉਂਦਿਆਂ ਸਰਕਾਰ ਅਪੀਲ ਕੀਤੀ ਕਿ ਸੇਵਾਮੁਕਤ ਕਰਮਚਾਰੀਆਂ ਦੇ ਲੰਬੇ ਸਮੇਂ ਲੰਬਿਤ ਮਸਲਿਆਂ ਦਾ ਨਿਪਟਾਰਾ ਕਰਦੇ ਹੋਏ ਮੰਗਾਂ ਦੀ ਪੂਰਤੀ ਕੀਤੀ ਜਾਵੇ ਤਾਂ ਜੁ ਸੇਵਾਮੁਕਤ ਮੁਲਾਜ਼ਮਾਂ ਨੂੰ ਬੁਢਾਪੇ ਦੀ ਉਮਰ ਦੌਰਾਨ ਸੰਘਰਸ਼ ਕਰਨ ਲਈ ਮਜਬੂਰ ਨਾ ਹੋਣਾ ਪਵੇ।ਮੀਟਿੰਗ ਮੌਕੇ ਬਨਾਰਸੀ ਦਾਸ, ਅਮਰ ਸਿੰਘ ਕਲਸੀ, ਪ੍ਰੀਤਮ ਸਿੰਘ, ਹਰਪੂਲ ਸਿੰਘ, ਭਜਨ ਸਿੰਘ, ਦਰਸ਼ਨ ਲਾਲ ਬਜਾਜ, ਸੂਬਾ ਸਿੰਘ ਭੁੱਲਰ, ਗੁਰਚਰਨ ਸਿੰਘ, ਸ਼ਿਵਦੇਵ ਸਿੰਘ, ਰਾਮ ਬਿਲਾਸ, ਪ੍ਰਾਣ ਨਾਥ, ਦਰਸ਼ਨ ਸਿੰਘ, ਗੁਰਮੇਲ ਸਿੰਘ ਤੇ ਵਿੱਦਿਆ ਸਾਗਰ ਆਦਿ ਸ਼ਾਮਲ ਸਨ।

## ਆਂਗਨਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਪ੍ਰਧਾਨ ਮੰਤਰੀ ਦੇ ਨਾਂਅ ਭੇਜਿਆ ਜਾਵੇਗਾ ਮੰਗ ਪੱਤਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਲ ਪੰਜਾਬ ਆਂਗਨਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 11 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਰਾਹੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਂਅ ਮੰਗ ਪੱਤਰ ਭੇਜਿਆ ਜਾਵੇਗਾ। ਜਾਣਕਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸ਼ੀਲਾ ਰਾਣੀ ਨੇ ਦਿੱਤੀ। ਉਨ੍ਹਾਂ ਕਿਹਾ ਕਿ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨੇ ਕੇਂਦਰ ਸਰਕਾਰ ਦੀ ਸਕੀਮ ਆਈਸੀਡੀਐੱਸ ਤਹਿਤ 2 ਅਕਤੂਬਰ 1975 ਨੂੰ ਕੰਮ ਸ਼ੁਰੂ ਕੀਤਾ ਸੀ ਤੇ ਉਨ੍ਹਾਂ ਨੂੰ ਕੰਮ ਕਰਦਿਆਂ 47 ਸਾਲ ਬੀਤ ਗਏ ਹਨ, ਪਰ ਐਨੇ ਲੰਮੇ ਸਮੇਂ ਵਿੱਚ ਵੀ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਨਹੀਂ ਦਿੱਤਾ ਗਿਆ।ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਨੇ ਸਰਕਾਰੀ ਮੁਲਾਜ਼ਮ ਤਾਂ ਕੀ ਬਣਾਉਣਾ ਸੀ, ਪਿਛਲੇਂ ਪੰਜ ਸਾਲਾਂ ਤੋਂ ਉਨ੍ਹਾਂ ਦੇ ਮਾਣਭੱਤੇ ਵਿੱਚ ਵੀ ਕੋਈ ਵਾਧਾ ਨਹੀਂ ਕੀਤਾ ਗਿਆ, ਜਦਕਿ ਇਸ ਸਮੇਂ ਵਿੱਚ ਮਹਿੰਗਾਈ ਕਈ ਗੁਣਾ ਵੱਧ ਚੁੱਕੀ ਹੈ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

8-April-PAGE- 3.qxd 4/7/2023 9:34 PM Page 1



# ਦਿੱਲੀ ਫਤਿਹ ਦਿਵਸ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਦਿੱਲੀ ਰਵਾਨਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਦਿੱਲੀ ਫਤਿਹ ਦਿਵਸ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸ੍ਰੀ ਅਕਾਲ ਤਖਤ ਸਾਹਿਬ 'ਤੇ ਅਰਦਾਸ ਉਪਰੰਤ ਦਿੱਲੀ ਲਈ ਰਵਾਨਾ ਹੋਇਆ। ਇਸ ਵਾਰ ਦਿੱਲੀ ਫਤਿਹ ਦਿਵਸ ਪ੍ਰੋਗਰਾਮ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ 200 ਸਾਲਾ ਸ਼ਹੀਦੀ ਦਿਹਾੜੇ ਅਤੇ ਬਾਬਾ ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਕੀਤਾ ਗਿਆ ਹੈ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਇਹ ਨਗਰ ਕੀਰਤਨ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੇ ਕਸਬਿਆਂ ਵਿਚੋਂ ਹੁੰਦਾ ਹੋਇਆ ਅੰਬਾਲਾ ਤੋਂ ਸ਼ੁਰੂ ਹੋ ਕੇ ਕਰਨਾਲਾ, ਪਾਣੀਪਤ ਤੇ ਸੋਨੀਪਤ ਦੇ ਰਸਤੇ ਦਿੱਲੀ ਪ੍ਰਵੇਸ਼ ਕਰੇਗਾ ਤੇ ਗੁਰਦੁਆਰਾ ਮਜਨੂੰ ਕਾ ਟਿੱਲਾ ਵਿਖੇ ਸਮਾਪਤ ਹੋਵੇਗਾ। ਇਸ ਨਗਰ ਕੀਰਤਨ ਵਿਚ ਸੰਤਾਂ ਮਹਾਂਪੁਰਖਾਂ, ਨਿਹੰਗ ਸਿੱਖ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਸਮੇਤ ਕੌਮ ਦੀਆਂ ਪ੍ਰਮੁੱਖ ਜਥੇਬੰਦੀਆਂ ਸ਼ਮੂਲੀਅਤ ਕਰ ਰਹੀਆਂ ਹਨ। ਨਿਹੰਗ ਸਿੰਘਾਂ ਵੱਲੋਂ ਜਿਥੇ ਗਤਕੇ ਦੇ ਜੌਹਰ ਵਿਖਾਏ ਜਾ ਰਹੇ ਹਨ, ਉਥੇ ਹੀ ਗੁਰੂ ਸਾਹਿਬਾਨ ਅਤੇ ਮਹਾਨ ਸਿੱਖ ਜਰਨੈਲਾਂ ਨਾਲ ਸਬੰਧਤ ਵਸਤਾਂ ਦੇ ਦਰਸ਼ਨ ਵੀ ਸੰਗਤਾਂ ਨੂੰ ਕਰਵਾਏ ਜਾ ਰਹੇ ਹਨ। ਅੰਮ੍ਰਿਤਸਰ ਤੋਂ ਚਲ ਕੇ ਨਗਰ ਕੀਰਤਨ ਜੰਡਿਆਲਾ ਗੁਰੂ, ਬਿਆਸ, ਕਰਤਾਰਪੁਰ, ਜਲੰਧਰ, ਖੰਨਾ, ਸਰਹਿੰਦ, ਰਾਜਪੁਰਾ ਤੇ ਸ਼ੰਭੂ ਹੁੰਦਾ ਹੋਇਆ ਦੇਰ ਸ਼ਾਮ ਅੰਬਾਲਾ ਪਹੁੰਚਿਆ। ਰਸਤੇ ਵਿਚ ਥਾਂ-ਥਾਂ 'ਤੇ ਸੰਗਤਾਂ ਨੇ ਵਿਸ਼ਾਲ ਇਕੱਠ ਦੇ ਰੂਪ ਵਿਚ ਨਗਰ ਕੀਰਤਨ ਦੇ ਦਰਸ਼ਨ ਕੀਤੇ ਅਤੇ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰਿਆਂ ਤੇ ਨਾਲ ਚਲ ਰਹੇ ਪ੍ਰਬੰਧਕਾਂ ਨੂੰ ਸਿਰੋਪਾਓ ਬਖਸ਼ਿਸ਼ ਕਰ ਕੇ ਸਨਮਾਨਤ ਕੀਤਾ। ਉਨ੍ਹਾਂ ਦੱਸਿਆ ਕਿ 8 ਅਪ੍ਰੈਲ ਨੂੰ ਲਾਲ ਕਿਲ੍ਹੇ 'ਤੇ ਕੀਰਤਨ ਦਰਬਾਰ ਹੋਵੇਗਾ। 9 ਅਪ੍ਰੈਲ ਨੂੰ ਜਰਨੈਲੀ ਮਾਰਚ ਕੱਢਿਆ ਜਾਵੇਗਾ ਜੋ ਲਾਲ ਕਿਲ੍ਹੇ 'ਤੇ ਸਮਾਪਤ ਹੋਵੇਗਾ ਤੇ ਲਾਲ ਕਿਲ੍ਹੇ 'ਤੇ ਗੱਤਕੇ ਦੇ ਜੌਹਰ ਹੋਣਗੇ ਤੇ ਢਾਡੀ ਵਾਰਾਂ ਹੋਣਗੀਆਂ, ਲਾਈਟ ਐਂਡ ਸ਼ੋਅ ਹੋਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਬਾਬਾ ਬਲਜੀਤ ਸਿੰਘ ਦਾਦੂਵਾਲ, ਬਾਬਾ ਗੁਰਦੇਵ ਸਿੰਘ ਘਣੂਪੁਰ ਕਾਲੇ, ਬਾਬਾ ਗੁਰਪਿੰਦਰ ਸਿੰਘ ਸ਼ਤਲਾਣੀ ਸਾਹਿਬ ਵਾਲੇ, ਬਾਬਾ ਹਰਭਜਨ ਸਿੰਘ ਹਰਸ਼ਾ ਛੀਨਾ ਦਿੱਲੀ ਕਮੇਟੀ ਦੇ ਪੰਜਾਬ ਦੇ ਧਰਮ ਪ੍ਰਚਾਰ ਵਿੰਗ ਦੇ ਮੁਖੀ ਭਾਈ ਮਨਜੀਤ ਸਿੰਘ ਭੋਮਾ, ਦਿੱਲੀ ਕਮੇਟੀ ਦੇ ਸਕੱਤਰ ਜਸਮੇਨ ਸਿੰਘ ਨੋਨੀ, ਦਿੱਲੀ ਕਮੇਟੀ ਮੈਂਬਰ ਭੁਪਿੰਦਰ ਸਿੰਘ ਭੁੱਲਰ, ਗੁਰਦੇਵ ਸਿੰਘ, ਹਰਜੀਤ ਸਿੰਘ ਪੱਪਾ, ਜਸਪ੍ਰੀਤ ਸਿੰਘ ਕਰਮਸਰ, ਭੁਪਿੰਦਰ ਸਿੰਘ ਗਿੰਨੀ, ਰਮਿੰਦਰ ਸਿੰਘ ਸਵੀਟਾ, ਗੁਰਪ੍ਰੀਤ ਸਿੰਘ ਤੇ ਬੀਬੀ ਰਵਿੰਦਰ ਕੌਰ ਆਦਿ ਸਮੇਤ ਹੋਰ ਉੱਘੀਆਂ ਸ਼ਖਸੀਅਤਾਂ ਹਾਜ਼ਰ ਸਨ।

# ਸਰਹੱਦੋਂ 2 ਕਿੱਲੋ ਹੈਰੋਇਨ ਬਰਾਮਦ




**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਪੰਜਾਬ ਪੁਲਸ ਅਤੇ ਬੀਐੱਸਐੱਫ ਦੀ 101 ਬਟਾਲੀਅਨ ਨੇ ਸਾਂਝੇ ਆਪਰੇਸਨ ਦੌਰਾਨ ਖੇਮਕਰਨ ਸੈਕਟਰ ਅਧੀਨ ਪੈਂਦੀ ਚੌਂਕੀ ਐੱਮਪੀ ਬੇਸ ਤੋਂ 5 ਪੈਕਟ ਹੈਰੋਇਨ ਬਰਾਮਦ ਕੀਤੀ ਹੈ। ਇਕੱਤਰ ਹੋਈ ਜਾਣਕਾਰੀ ਅਨੁਸਾਰ ਬੀਐੱਸਐੱਫ ਦੀ 101 ਬਟਾਲੀਅਨ ਅਤੇ ਖੇਮਕਰਨ ਪੁਲਸ ਵੱਲੋਂ ਸ਼ੱਕ ਦੇ ਆਧਾਰ 'ਤੇ ਸਰਹੱਦ 'ਤੇ ਸਾਂਝਾ ਸਰਚ ਅਭਿਆਨ ਚਲਾਇਆ ਗਿਆ, ਜਿਸ ਦੌਰਾਨ ਪੁਲਸ ਅਤੇ ਬੀਐੱਸਐੱਫ ਦੀ ਟੀਮ ਨੂੰ ਖੇਮਕਰਨ ਸੈਕਟਰ ਅਧੀਨ ਆਉਂਦੀ ਚੌਕੀ ਐੱਮਪੀ ਬੇਸ ਤੋਂ 5 ਕੋਲਡਰਿੰਕ ਦੀਆਂ ਬੋਤਲਾਂ 'ਚ ਭਰੀ 2 ਕਿੱਲੋ ਹੈਰੋਇਨ ਬਰਾਮਦ ਹੋਈ। ਸੂਤਰਾਂ ਅਨੁਸਾਰ ਬਰਾਮਦ ਹੋਈ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ 'ਚ ਕੀਮਤ 10 ਕਰੋੜ ਦੱਸੀ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਖੇਮਕਰਨ ਇੰਸਪੈਕਟਰ ਕੰਵਲਜੀਤ ਰਾਏ ਨੇ ਦੱਸਿਆ ਕਿ ਉਨ੍ਹਾਂ ਨੇ ਬਰਾਮਦ ਹੋਈ ਹੈਰੋਇਨ ਨੂੰ ਕਬਜ਼ੇ ਵਿਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਜਲਦੀ ਹੀ ਦੋਸ਼ੀਆਂ ਨੂੰ ਵੀ ਹਿਰਾਸਤ 'ਚ ਲੈ ਲਿਆ ਜਾਵੇਗਾ।

# ਧਾਲੀਵਾਲ ਨੇ ਪਿੰਡਾਂ 'ਚ ਨੁਕਸਾਨੀਆਂ ਫਸਲਾਂ ਦੀ ਗਿਰਦਾਵਰੀ ਦਾ ਲਿਆ ਜਾਇਜ਼ਾ



**ਅਜਨਾਲਾ, (ਨਰਿੰਦਰਜੀਤ ਸਿੰਘ)**-ਪੰਜਾਬ ਵਿਚ ਮੀਂਹ ਤੇ ਗੜੇਮਾਰੀ ਕਾਰਨ ਹੋਏ ਫਸਲਾਂ ਦੇ ਨੁਕਸਾਨ ਸਬੰਧੀ ਸਹੀ ਜਾਣਕਾਰੀ ਪਤਾ ਕਰਨ ਲਈ ਖੇਤੀਬਾੜੀ ਵਿਭਾਗ ਅਤੇ ਪਟਵਾਰੀਆਂ ਵੱਲੋਂ ਪਿੰਡ ਪਿੰਡ ਪਹੁੰਚ ਕੇ ਕੀਤੀ ਜਾ ਰਹੀ ਫਸਲਾਂ ਦੀ ਗਿਰਦਾਵਰੀ ਦਾ ਜਾਇਜ਼ਾ ਲੈਣ ਲਈ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਰਮਦਾਸ, ਬਾਉਲੀ, ਸਿੰਘੋਕੇ, ਪੰਜਗਰਾਈ, ਧਰਮ ਪ੍ਰਕਾਸ਼ ਅਤੇ ਦਰਿਆ ਮੂਸਾ ਪਿੰਡਾਂ ਦਾ ਦੌਰਾ ਕੀਤਾ।

ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਫਸਲਾਂ ਦਾ ਮੁਆਵਜ਼ਾ ਫਸਲ ਦੀ ਕਟਾਈ ਦੇ ਨਾਲ ਹੀ ਦੇਣਾ ਚਾਹੁੰਦੀ ਹੈ ਅਤੇ ਉਹ ਤਾਂ ਹੀ ਸੰਭਵ ਹੈ ਜੇਕਰ ਦੋਵੇਂ ਵਿਭਾਗ ਫਸਲਾਂ ਦੇ ਨੁਕਸਾਨ ਸਬੰਧੀ ਆਪਣੀ ਰਿਪੋਰਟ ਮਾਲ ਵਿਭਾਗ ਦੇ ਰਿਕਾਰਡ ਅਨੁਸਾਰ ਤਿਆਰ ਕਰਕੇ ਸਮੇਂ ਦੇਣ।

ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਕਣਕ ਤੋਂ ਇਲਾਵਾ ਸਬਜ਼ੀ, ਪਸ਼ੂਆਂ ਦਾ ਚਾਰਾ ਅਤੇ ਹੋਰ ਫਸਲਾਂ ਦਾ ਵੀ ਨੁਕਸਾਨ ਮੀਂਹ ਅਤੇ ਗੜੇਮਾਰੀ ਕਾਰਨ ਹੋਇਆ ਹੈ, ਸੋ ਦੋਵਾਂ ਵਿਭਾਗਾਂ ਦੇ ਅਧਿਕਾਰੀ ਹਰੇਕ ਪਿੰਡ ਪਹੁੰਚ ਕੇ ਫਸਲਾਂ ਦੀ ਸਹੀ ਜਾਣਕਾਰੀ ਇਕੱਠੀ ਕਰਨੀ ਯਕੀਨੀ ਬਨਾਉਣ ਅਤੇ ਇਸਦੀ ਰਿਪੋਰਟ 10 ਅਪ੍ਰੈਲ ਤੋਂ ਪਹਿਲਾਂ ਪਹਿਲਾਂ ਦੇਣ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬਣਾਈ ਗਈ ਨੀਤੀ ਅਨੁਸਾਰ ਕਿਸਾਨ ਨੂੰ ਮੁਆਵਜ਼ਾ ਫਸਲ ਦੇ ਨੁਕਸਾਨ ਦੇ ਹਿਸਾਬ ਨਾਲ ਹੀ ਮਿਲਣਾ ਹੈ, ਸੋ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਹਰੇਕ ਖੇਤ ਤੱਕ ਜਾਣ ਤੇ ਫਸਲਾਂ ਦੇ ਹੋਏ ਨੁਕਸਾਨ ਦੀ ਸਹੀ ਰਿਪੋਰਟ ਤਿਆਰ ਕਰਨ, ਤਾਂ ਜੋ ਕਿਸਾਨਾਂ ਨੂੰ ਬਣਦਾ ਯੋਗ ਮੁਆਵਜ਼ਾ ਦਿੱਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਕਿਸੇ ਵੀ ਕਿਸਾਨ ਨਾਲ ਰਿਪੋਰਟ ਦੇ ਮਸਲੇ ਉਤੇ ਬੇਇਨਸਾਫੀ ਨਾ ਹੋਵੇ ਅਤੇ ਨਾ ਹੀ ਕੋਈ ਅਧਿਕਾਰੀ ਪੈਸੇ ਦੇ ਲਾਲਚ ਵਿੱਚ ਗਲਤ ਰਿਪੋਰਟ ਹੀ ਦੇਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਅਜਿਹਾ ਹੋਇਆ ਤਾਂ ਸਬੰਧਤ ਕਰਮਚਾਰੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਵਿਸਾਖੀ ਦੇ ਨਾਲ ਹੀ ਮੁਆਵਜ਼ਾ ਦੇਣ ਦੀ ਸਾਡੀ ਕੋਸ਼ਿਸ਼ ਹੈ ਅਤੇ ਇਸ ਟੀਚੇ ਅਨੁਸਾਰ ਹੀ ਕੰਮ ਪੂਰਾ ਕੀਤਾ ਜਾਵੇ। ਇਸ ਮੌਕੇ ਚੇਅਰਮੈਨ ਬਲਦੇਵ ਸਿੰਘ, ਸਹਾਇਕ ਕਮਿਸ਼ਨਰ ਸਿਮਰਨਜੀਤ ਸਿੰਘ ਆਈ ਏ ਐਸ, ਜ਼ਿਲ੍ਹਾ ਮੁੱਖ ਖੇਤੀਬਾੜੀ ਅਫਸਰ ਜਤਿੰਦਰ ਸਿੰਘ ਗਿੱਲ, ਏਓ ਯੋਗਰਾਜਬੀਰ ਸਿੰਘ, ਵਿਸਥਾਰ ਅਫਸਰ ਪ੍ਰਭਦੀਪ ਗਿੱਲ ਚੇਤਨਪੁਰਾ, ਏਈਓ ਹਰਭਜਨ ਸਿੰਘ, ਏਡੀਓ ਅਜਮੇਰ ਸਿੰਘ, ਤਹਿਸੀਲਦਾਰ, ਬੀਡੀਪੀ ਓਅਜਨਾਲਾ, ਗਰਦੌਰ, ਪਟਵਾਰੀ ਅਤੇ ਹੋਰ ਮੋਹਤਬਰ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਨਵੀਂ ਇਕਾਈ ਦਾ ਗਠਨ



**ਧਨੌਲਾ (ਕਰਮਜੀਤ ਸਿੰਘ ਸਾਗਰ ਧਨੌਲਾ)**-ਕਿਸਾਨ ਯੂਨੀਅਨ ਕਾਦੀਆਂ ਵੱਲੋਂ ਅੱਜ ਬਲਾਕ ਪ੍ਰਧਾਨ ਜਸਵੀਰ ਸਿੰਘ ਕਾਲੇਕੇ ਅਤੇ ਸੀਨੀਅਰ ਮੀਤ ਪ੍ਰਧਾਨ ਰਣਧੀਰ ਸਿੰਘ ਸੇਖਾ ਦੀ ਅਗਵਾਈ 'ਚ ਪਿੰਡ ਉਪਲੀ 'ਚ ਮੀਟਿੰਗ ਕੀਤੀ ਗਈ, ਜਿਸ 'ਚ ਸੂਬਾ ਆਗੂ ਮਹਿੰਦਰ ਸਿੰਘ ਬੜੈਚ, ਜ਼ਿਲ੍ਹਾ ਆਗੂ ਜਸਮੇਲ ਸਿੰਘ ਕਾਲੇਕੇ, ਬਲਦੇਵ ਸਿੰਘ ਬਿੱਟੂ ਝਲੂਰ, ਹਰਦੀਪ ਸਿੰਘ ਕਰਮਗੜ੍ਹ, ਕਾਲਾ ਸਿੰਘ ਕੱਟੂ ਨੇ ਸੰਬੋਧਨ ਕਰਦਿਆਂ ਕਿਹਾ ਭਾਕਿਯੂ ਕਾਦੀਆਂ ਹਮੇਸ਼ਾ ਹੀ ਕਿਸਾਨੀ ਦੀਆ ਦਰਪੇਸ਼ ਮੁਸ਼ਕਲਾਂ 'ਤੇ ਲੜਦੀ ਆ ਰਹੀ ਹੈ ਤੇ ਆਪ ਮੁਹਾਰੇ ਪਿੰਡਾਂ 'ਚੋਂ ਕਿਸਾਨ ਤੇ ਨੌਜਵਾਨ ਕਾਦੀਆਂ ਜਥੇਬੰਦੀ 'ਚ ਸ਼ਾਮਲ ਹੋ ਰਹੇ ਹਨ, ਜਿਸ ਦੇ ਤਹਿਤ ਅੱਜ ਪਿੰਡ ਉਪਲੀ ਵਿਖੇ ਚੱਲ ਰਹੀ ਇਕਾਈ ਦਾ ਪੁਨਰਗਠਨ ਕੀਤਾ ਗਿਆ ਤੇ ਸਰਬਸੰਮਤੀ ਨਾਲ ਅਹੁਦੇਦਾਰਾਂ ਦੀ ਚੋਣ ਹੋਈ, ਜਿਸ 'ਚ ਪਾਲ ਸਿੰਘ ਬਲਾਕ ਮੀਤ ਪ੍ਰਧਾਨ, ਭੂਰਾ ਸਿੰਘ ਸਰਪ੍ਰਸਤ, ਗੁਰਮੀਤ ਸਿੰਘ ਇਕਾਈ ਪ੍ਰਧਾਨ, ਗੁਰਪ੍ਰੀਤ ਸਿੰਘ ਮੀਤ ਪ੍ਰਧਾਨ, ਸੁਖਪਾਲ ਸਿੰਘ ਸਲਾਹਕਾਰ, ਨਾਹਰ ਸਿੰਘ ਖਜ਼ਾਨਚੀ, ਚਮਕੌਰ ਸਿੰਘ ਮੁੱਖ ਬੁਲਾਰਾ, ਪਰਮਜੀਤ ਸਿੰਘ ਸਕੱਤਰ, ਗੁਰਪ੍ਰੀਤ ਸਿੰਘ ਜਨਰਲ ਸਕੱਤਰ, ਬਿੰਦਰ ਸਿੰਘ ਖਜ਼ਾਨਚੀ, ਸੇਵਾ ਸਿੰਘ, ਬਲਵੀਰ ਸਿੰਘ, ਨਛੱਤਰ ਸਿੰਘ, ਕੁਲਦੀਪ ਸਿੰਘ, ਰਸਵੀਰ ਸਿੰਘ, ਜਗਸੀਰ ਸਿੰਘ, ਬਲਜੀਤ ਸਿੰਘ, ਸੁੱਖੀ ਸਿੰਘ ਨੂੰ ਅਗਜ਼ੈਕਟਿਵ ਮੈਂਬਰ ਥਾਪੇ ਗਏ। ਇਸ ਮੌਕੇ ਆਗੂ ਕੋਮਲਦੀਪ ਸਿੰਘ ਧਨੌਲਾ, ਗੋਪੀ ਅਸਪਾਲ ਕਲਾਂ, ਮਲਕੀਤ ਸਿੰਘ ਫਰਵਾਹੀ, ਜੱਗਾ ਸੇਖਾ, ਗੁਰਦਿਆਲ ਸਿੰਘ ਸੇਖਾ, ਸੁੱਖੀ ਕੱਟੂ, ਜਗਦੇਵ ਸਿੰਘ ਖਾਲਸਾ ਜਥੇਬੰਦੀ ਦੇ ਆਗੂ ਹਾਜ਼ਰ ਸਨ।

# ਪਠਾਨਕੋਟ ਪੁਲਸ ਵੱਲੋਂ ਚੰਬਾ ਤੋਂ ਚੋਰ ਕਾਬੂ, ਨਕਦੀ ਤੇ ਕੀਮਤੀ ਵਸਤਾਂ ਜ਼ਬਤ



**ਪਠਾਨਕੋਟ (ਦਵਿੰਦਰ ਸਿੰਘ)**—ਪਠਾਨਕੋਟ ਪੁਲਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਇੱਕ ਬਦਨਾਮ ਚੋਰ ਦਾ ਪਤਾ ਲਗਾ ਕੇ ਉਸ ਨੂੰ ਗ੍ਰਿਫਤਾਰ ਕੀਤਾ ਹੈ ਜੋ ਪਿਛਲੇ ਇੱਕ ਹਫਤੇ ਦੌਰਾਨ ਕਈ ਚੋਰੀਆਂ ਦੀਆਂ ਵਾਰਦਾਤਾਂ ਵਿੱਚ ਸ਼ਮਲ ਸੀ। ਪੁਲਸ ਸੀਸੀਟੀਵੀ ਫੁਟੇਜ ਦੀ ਮਦਦ ਨਾਲ ਦੋਸ਼ੀ ਦੀ ਪਛਾਣ ਕਰਨ ਅਤੇ ਬਾਅਦ ਵਿੱਚ ਗ੍ਰਿਫਤਾਰ ਕਰਨ ਵਿੱਚ ਕਾਮਯਾਬ ਰਹੀ ਹੈ। ਫੜੇ ਗਏ ਮੁਲਜ਼ਮ ਦੀ ਪਛਾਣ ਅਕਸ਼ੈ ਕੁਮਾਰ ਪੁੱਤਰ ਛੋਟੂ ਰਾਮ ਵਾਸੀ ਵੀਪੀਓ ਓਬਰੀ, ਥਾਣਾ ਸੁਲਤਾਨਪੁਰ, ਜ਼ਿਲ੍ਹਾ ਚੰਬਾ ਵਜੋਂ ਹੋਈ ਹੈ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸੀਨੀਅਰ ਕਪਤਾਨ ਪੁਲਸ ਪਠਾਨਕੋਟ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਪਠਾਨਕੋਟ ਪੁਲਸ ਨੇ ਜ਼ਿਲ੍ਹੇ ਵਿੱਚ ਵੱਧ ਰਹੀਆਂ ਚੋਰੀਆਂ ਅਤੇ ਹੋਰ ਛੋਟੇ-ਮੋਟੇ ਜੁਰਮਾਂ ਨੂੰ ਨੱਥ ਪਾਉਣ ਲਈ ਸਖਤ ਕਦਮ ਚੁੱਕੇ ਹਨ। ਐੱਸਪੀ ਇਨਵੈਸਟੀਗੇਸ਼ਨ ਮਨੋਜ ਕੁਮਾਰ, ਡੀਐੱਸਪੀ ਸਿਟੀ ਲਖਵਿੰਦਰ ਸਿੰਘ ਅਤੇ ਇੰਸਪੈਕਟਰ ਸੀਆਈਏ ਰਾਜੇਸ਼ ਹਸਤੀਰ ਦੀ ਅਗਵਾਈ ਵਿੱਚ ਥਾਣਾ ਨੰਬਰ 1 ਅਤੇ 2 ਦੇ ਐੱਸਐੱਚਓ ਸਮੇਤ ਵਿਸੇਸ ਪੁਲਸ ਟੀਮਾਂ ਦਾ ਗਠਨ ਕੀਤਾ ਗਿਆ ਅਤੇ ਚੋਰੀ ਦੇ ਮਾਮਲਿਆਂ ਨੂੰ ਟਰੇਸ ਕਰਨ ਦਾ ਕੰਮ ਸੌਂਪਿਆ ਗਿਆ ਸੀ। ਇਹ ਚੋਰ ਪਠਾਨਕੋਟ ਖੇਤਰ ਵਿੱਚ ਮੁਹੱਲਾ ਸੁੰਦਰਨਗਰ, ਮੁਹੱਲਾ ਅੰਗੂਰਾਂ ਵਾਲਾ ਬਾਗ, ਬਾਜਰੀ ਕੰਪਨੀ ਅਤੇ ਗਾਂਧੀ ਨਗਰ ਸਮੇਤ ਕਈ ਥਾਵਾਂ 'ਤੇ ਚੋਰੀ ਦੀਆਂ ਵਾਰਦਾਤਾਂ ਵਿੱਚ ਸਾਮਲ ਸੀ।

ਐੱਸਐੱਸਪੀ ਨੇ ਦੱਸਿਆ ਕਿ ਫੜੇ ਗਏ ਮੁਲਜ਼ਮ ਨੂੰ ਸਥਾਨਕ ਅਦਾਲਤ ਵਿੱਚ ਪੇਸ਼ ਕੀਤਾ ਜਾਣਾ ਹੈ, ਜਿਸ ਦਾ ਰਿਮਾਂਡ ਹਾਸਲ ਕਰਨ ਦੇ ਇਰਾਦੇ ਨਾਲ ਚੋਰੀ ਦੇ ਸਮਾਨ ਦੀ ਵਿਕਰੀ ਵਿੱਚ ਸ਼ਾਮਲ ਪੂਰੀ ਸਪਲਾਈ ਚੇਨ ਦਾ ਪਰਦਾਫਾਸ਼ ਕੀਤਾ ਜਾਵੇਗਾ।

# ਪਿੰਡਾਂ 'ਚ ਸਪੈਸ਼ਲ ਗਿਰਦਾਵਰੀਆਂ ਦਾ ਕੰਮ ਜੰਗੀ ਪੱਧਰ 'ਤੇ ਜਾਰੀ : ਡੀ ਸੀ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਬੀਤੇ ਦਿਨੀਂ ਹੋਈ ਭਾਰੀ ਬਰਸਾਤ, ਗੜੇਮਾਰੀ ਅਤੇ ਹਨੇਰੀ ਕਾਰਨ ਹੋਏ ਫਸਲਾਂ ਦੇ ਨੁਕਸਾਨ ਦਾ ਅਨੁਮਾਨ ਲਗਾਉਣ ਸਪੈਸ਼ਲ ਗਿਰਦਾਵਰੀ ਦਾ ਕੰਮ ਜੰਗੀ ਪੱਧਰ ਤੇ ਚੱਲ ਰਿਹਾ ਹੈ ਅਤੇ ਫਸਲਾਂ ਦੇ ਨੁਕਸਾਨ ਦਾ ਮੁਆਵਜ਼ਾ ਜਲਦ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਆਦੇਸਾਂ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਿਸਾਨਾਂ ਦੇ ਖਾਤਿਆਂ ਵਿੱਚ ਪਾਇਆ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਆਈ. ਏ. ਐੱਸ. ਵੱਲੋਂ ਜ਼ਿਲੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਗਿਰਦਾਵਰੀ ਦੇ ਕੰਮ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਨਾਲ ਐਸ. ਡੀ. ਐਮ. ਗੁਰੂਹਰਸਹਾਏ ਗਗਨਦੀਪ ਸਿੰਘ, ਤਹਿਸੀਲਦਾਰ ਗੁਰੂਹਰਸਹਾਏ ਮਨਜੀਤ ਸਿੰਘ, ਨਾਇਬ ਤਹਿਸੀਲਦਾਰ ਮਮਦੋਟ ਵਿਜੇ ਬਹਿਲ ਵੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਖੁਦ ਪਿੰਡਾਂ ਵਿਚ ਜਾ ਕੇ ਫਸਲਾਂ ਦੇ ਹੋਏ ਨੁਕਸਾਨ ਨੂੰ ਦੇਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਪਿੰਡ ਰਾਉ ਕੇ ਹਿਠਾੜ, ਚੱਕ ਰਾਉ ਕੇ, ਗੱਟੀ ਮੱਤੜ, ਫਾਰੂ ਵਾਲਾ, ਮਾਦੀ ਕੇ, ਦੋਨਾ ਮੱਤੜ, ਚੱਕ ਕੰਦੇ ਸ਼ਾਹ, ਹਜ਼ਾਰਾ ਸਿੰਘ ਵਾਲਾ, ਲਾਲਚੀਆਂ ਆਦਿ ਪਿੰਡਾਂ ਦਾ ਦੌਰਾ ਕਰਕੇ ਮੀਂਹ ਅਤੇ ਗੜੇਮਾਰੀ ਨਾਲ ਨੁਕਸਾਨੀਆਂ ਫਸਲਾਂ ਦਾ ਜਾਇਜ਼ਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਬਾਕੀ ਰਹਿੰਦੇ ਪਿੰਡਾਂ ਦੀ ਵੀ ਛੇਤੀ ਹੀ ਗਿਰਦਾਵਰੀ ਕਰਕੇ ਰਿਪੋਰਟ ਸਰਕਾਰ ਨੂੰ ਭੇਜੀ ਜਾਵੇਗੀ ਤਾਂ ਜੋ ਕਿਸਾਨਾਂ ਨੂੰ ਜਲਦ ਤੋਂ ਜਲਦ ਉਨ੍ਹਾਂ ਦੀ ਫਸਲ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਮਿਲ ਸਕੇ। ਇਸ ਸਬੰਧੀ ਉਨ੍ਹਾਂ ਮੌਕੇ 'ਤੇ ਹਾਜ਼ਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਵੀ ਦਿੱਤੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਫ਼ਸਲਾਂ ਦੀ ਗਿਰਦਾਵਰੀ ਬਿਲਕੁਲ ਪਾਰਦਰਸ਼ੀ ਢੰਗ ਨਾਲ ਅਧਿਕਾਰੀਆਂ ਵੱਲੋਂ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਉਨ੍ਹਾਂ ਨੂੰ ਬਣਦਾ ਢੁੱਕਵਾਂ ਮੁਆਵਜ਼ਾ ਸਰਕਾਰ ਵੱਲੋਂ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਹਮੇਸ਼ਾ ਕਿਸਾਨਾਂ ਤੇ ਮਜ਼ਦੂਰਾਂ ਨਾਲ ਖੜ੍ਹੇ ਹਨ ਅਤੇ ਇਸ ਕੁਦਰਤੀ ਆਫ਼ਤ ਨਾਲ ਹੋਏ ਅੰਨਦਾਤਿਆਂ ਦੇ ਹੋਏ ਨੁਕਸਾਨ ਦੀ ਉਚਿੱਤ ਭਰਪਾਈ ਕੀਤੀ ਜਾਵੇਗੀ।

ਇਸ ਮੌਕੇ ਕਾਨੂੰਨਗੋ ਹਰਪ੍ਰੀਤ ਸਿੰਘ, ਖੇਤੀਬਾੜੀ ਵਿਭਾਗ ਦੇ ਏ. ਡੀ. ਓ. ਮਨਿੰਦਰ ਸਿੰਘ ਤੇ ਅਮਨਦੀਪ ਸਿੰਘ, ਰੀਡਰ ਮਨੋਹਰ ਲਾਲ ਤੋਂ ਇਲਾਵਾ ਪਿੰਡਾਂ ਦੇ ਕਿਸਾਨ, ਪਤਵੰਤੇ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਤਨਬੀਰ ਕੌਰ ਸੋਢੀ ਨੇ ਝਬਾਲ ਦਾ ਮਾਣ ਵਧਾਇਆ




**ਝਬਾਲ**- ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਸਕੂਲ ਵਿੱਚੋਂ ਸੰਨ 2010 'ਚ ਬਾਰ੍ਹਵੀ ਜਮਾਤ ਪਾਸ ਕਰ ਚੁੱਕੀ ਤਨਬੀਰ ਕੌਰ ਸੋਢੀ ਸਪੁੱਤਰੀ ਮਨਜੀਤ ਸਿੰਘ ਸੋਢੀ ਨੇ ਭਾਰਤ 'ਚ ਕਰਵਾਏ ਜੀ-20 ਸੰਮੇਲਨ 'ਚ ਭਾਰਤ ਵੱਲੋਂ ਡੈਲੀਗੇਟ ਦੇ ਤੌਰ 'ਤੇ ਭਾਗ ਲਿਆ। ਸਕੂਲ ਦੀ ਮੈਨੇਜਮੈਂਟ ਅਤੇ ਪ੍ਰਿੰਸੀਪਲ ਨੇ ਬੱਚੀ ਨੂੰ ਸਕੂਲ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਹੌਸਲਾ-ਅਫ਼ਜ਼ਾਈ ਕੀਤੀ ਅਤੇ ਉਸ ਦੇ ਉੱਜਲ ਭਵਿੱਖ ਦੀ ਕਾਮਨਾ ਕੀਤੀ।

# ਜ਼ਿਲਾ ਯੂਥ ਪ੍ਰਧਾਨ ਰੁਪਿੰਦਰ ਕੌਰ ਸੰਧੂ ਨੇ ਐੱਸਐੱਸਪੀ ਤਰਨਤਾਰਨ ਨੂੰ ਕੀਤਾ ਸਨਮਾਨਿਤ



**ਤਰਨਤਾਰਨ (ਸਾਗਰਦੀਪ ਸਿੰਘ ਅਰੋੜਾ)**—ਐੱਸਐੱਸਪੀ ਤਰਨ ਤਾਰਨ ਗੁਰਮੀਤ ਸਿੰਘ ਚੌਹਾਨ ਦੀ ਵਧੀਆ ਕਾਰਗੁਜ਼ਾਰੀ ਅਤੇ ਜ਼ਿਲੇ ਵਿਚ ਕਾਨੂੰਨ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਬਣਾਈ ਰੱਖਣ ਤੇ ਜ਼ਿਲਾ ਮੀਤ ਪ੍ਰਧਾਨ ਯੂਥ ਰੁਪਿੰਦਰ ਕੌਰ ਸੰਧੂ ਆਮ ਆਦਮੀ ਪਾਰਟੀ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵਲੋ ਧਾਰਮਿਕ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਜ਼ਿਲ੍ਹਾ ਮੀਤ ਪ੍ਰਧਾਨ ਰੁਪਿੰਦਰ ਕੌਰ ਸੰਧੂ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਮੌਕੇ ਜੋ ਕਾਨੂੰਨ ਵਿਵਸਥਾ ਵਿਚ ਕਮੀਆਂ ਰਹਿ ਜਾਣ ਕਾਰਨ ਤਰਨ ਤਾਰਨ ਸ਼ਹਿਰ ਵਿਚ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਵੱਡੇ ਪੱਧਰ ਤੇ ਵੱਧ ਚੁਕੀਆਂ ਸਨ ਅਤੇ ਨਸ਼ਾ ਤਸਕਰੀ ਦੇ ਮਾਮਲੇ ਵੀ ਬਹੁਤ ਵੱਧ ਚੁੱਕੇ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਕਾਨੂੰਨ ਵਿਵਸਥਾ ਨੂੰ ਮੁੜ ਸੁਰਜੀਤ ਕਰਨ ਅਤੇ ਐੱਸਐੱਸਪੀ ਗੁਰਮੀਤ ਸਿੰਘ ਚੌਹਾਨ ਜੀ ਵਰਗੇ ਵਧੀਆ ਅਫਸਰਾਂ ਦੀ ਮਿਹਨਤ ਸਦਕਾ ਤਰਨ ਤਾਰਨ ਵਿੱਚ ਕਾਨੂੰਨ ਵਿਵਸਥਾ ਮੁੜ ਤੋਂ ਬਹਾਲ ਹੁੰਦੀ ਨਜ਼ਰ ਆ ਰਹੀ ਹੈ ਅਤੇ ਲਗਾਤਾਰ ਨਸ਼ਾ ਤਸਕਰਾਂ ਤੇ ਨਕੇਲ ਕੱਸਣ ਲਈ ਥਾਂ ਥਾਂ ਤੇ ਚੈਕਿੰਗ ਕਰਕੇ ਨਸ਼ਾ ਤਸਕਰੀ ਨੂੰ ਨੱਥ ਪਾਈ ਜਾ ਰਹੀ ਹੈ। ਇਸ ਮੌਕੇ ਮਨਪ੍ਰੀਤ ਸਿੰਘ ਸੰਧੂ, ਕੁਲਜੀਤ ਕੌਰ, ਗੁਰਦੀਪ ਸਿੰਘ, ਜਸਵਿੰਦਰ ਸਿੰਘ, ਨਰਿੰਦਰ ਸਿੰਘ ਅਤੇ ਗੁਰਚਰਨ ਸਿੰਘ ਆਦਿ ਹਾਜ਼ਰ ਸਨ।

# ਭੁੱਲਰ ਵੱਲੋਂ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਹਲਕੇ 'ਚ ਖਰਾਬ ਫਸਲਾਂ ਦਾ ਦੂਸਰਾ ਦੌਰਾ



**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸੂਬੇ ਅੰਦਰ ਬੀਤੇ ਦਿਨਾਂ ਤੋਂ ਸੂਬੇ ਅੰਦਰ ਬੇਮੌਸਮੀ ਬਰਸਾਤ ਨਾਲ ਕਣਕ ਸਰੋਂ ਸਮੇਤ ਹਾੜ੍ਹੀ ਦੀਆਂ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ। ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਹਿਲ ਕਦਮੀ ਕਰਦਿਆਂ ਸੂਬੇ ਦੇ ਕੈਬਨਿਟ ਮੰਤਰੀਆਂ ਤੇ ਵਿਧਾਇਕਾਂ ਨੂੰ ਸਖਤ ਹਦਾਇਤਾਂ ਦਿੱਤੀਆਂ ਗਈਆਂ ਕਿ ਉਹ ਆਪਣੇ ਹਲਕਿਆਂ ਵਿਚ ਜਾ ਕੇ ਬੇਮੌਸਮੀ ਬਰਸਾਤ ਗੜੇਮਾਰੀ ਤੇ ਤੂਫਾਨ ਨਾਲ ਪ੍ਰਭਾਵਿਤ ਹੋਇਆ ਫਸਲਾਂ ਦਾ ਮੌਕਾ ਵੇਖਿਆ ਜਾਵੇ। ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਜਲਦੀ ਤੋਂ ਜਲਦੀ ਗਿਰਦਾਵਰੀ ਕਰਕੇ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਕਿਸਾਨਾਂ ਤੇ ਕਾਸ਼ਤਕਾਰਾਂ ਨੂੰ ਖਰਾਬ ਹੋਈਆਂ ਫਸਲਾਂ ਦਾ ਮੁਆਵਜ਼ਾ ਦਿੱਤਾ ਜਾਵੇ । ਮੁੱਖ ਮੰਤਰੀ ਦੇ ਹੁਕਮਾਂ ਤੋਂ ਬਾਅਦ ਪੱਟੀ ਤੋਂ ਵਿਧਾਇਕ ਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਹਲਕੇ ਹਥਾੜ ਏਰੀਏ ਵਿਚ ਪਿੰਡ ਸਭਰਾ ਕੋਟਬੁੱਢਾ ਸੀਤੋ ਮਹਿ ਝੁੱਗੀਆਂ ਆਦਿ ਪਿੰਡਾਂ ਵਿੱਚ ਪਹਿਲਾ ਵੀ ਫਸਲਾਂ ਦੇ ਭਾਰੀ ਨੁਕਸਾਨ ਦਾ ਦੌਰਾ ਕਰ ਚੁੱਕੇ ਅੱਜ ਫਿਰ ਦੂਸਰੀ ਵਾਰ ਮਾਝੇ ਦੇ ਪਿੰਡ ਤੁੰਗ ਕਿਰਤੋਵਾਲ ਹਰੀਕੇ ਆਦਿ ਪਿੰਡਾਂ 'ਚ ਜਾ ਕੇ ਖਰਾਬ ਹੋਈਆਂ ਫਸਲਾਂ ਦੇ ਨੁਕਸਾਨ ਦਾ ਜਾਇਜ਼ਾ ਲਿਆ ਗਿਆ। ਕਿਸਾਨਾਂ ਤੇ ਕਾਸ਼ਤਕਾਰਾਂ ਦੀਆਂ ਮੁਸ਼ਕਿਲਾਂ ਸੁਣੀਆਂ। ਕੈਬਨਿਟ ਮੰਤਰੀ ਭੁੱਲਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਮੁੱਖ ਮੰਤਰੀ ਦੇ ਹੁਕਮਾਂ ਅਨੁਸਾਰ ਉਨ੍ਹਾਂ ਵੱਲੋਂ ਬੇਮੌਸਮੀ ਬਰਸਾਤ ਤੇ ਤੂਫਾਨ ਨਾਲ ਪ੍ਰਭਾਵਿਤ ਫਸਲਾਂ ਤੇ ਕਿਸਾਨਾਂ ਦਾ ਹਾਲ ਚਾਲ ਪੁੱਛਿਆ ਗਿਆ। ਭੁੱਲਰ ਨੇ ਦੱਸਿਆ ਕਿ ਜਿਹੜੇ ਕਿਸਾਨਾਂ ਤੇ ਕਾਸ਼ਤਕਾਰਾਂ ਦੀਆਂ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ ਉਹਨਾਂ ਨੂੰ 15 ਹਜ਼ਾਰ ਰੁਪੈ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇਗਾ। ਭੁੱਲਰ ਨੇ ਆਖਿਆ ਕਿ ਪੰਜਾਬ ਦਾ ਕਿਸਾਨ ਪੂਰੇ ਦੇਸ਼ ਦੇ ਅਨਾਜ ਭੰਡਾਰ ਲਈ ਦੇਸ਼ ਬਾਕੀ ਸੂਬਿਆਂ ਨਾਲੋਂ ਵੱਧ ਦੇਸ਼ ਦੇ ਲੋਕਾਂ ਦਾ ਪੇਟ ਭਰਨ ਲਈ ਅੰਨ ਭੰਡਾਰ ਵਿਚ ਸਭ ਤੋਂ ਵੱਧ ਯੋਗਦਾਨ ਪਾਉਂਦਾ। ਉਨਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਜਿਥੇ ਸੂਬਾ ਸਰਕਾਰ ਕਿਸਾਨਾਂ ਨੂੰ ਉਨ੍ਹਾਂ ਦੀਆਂ ਖਰਾਬ ਹੋਈਆਂ ਫਸਲਾਂ ਦਾ ਢੁਕਵਾਂ ਮੁਆਵਜ਼ਾ ਕਾਸ਼ਤਕਾਰਾਂ ਨੂੰ ਦੇ ਰਹੀ ਕੇਂਦਰ ਸਰਕਾਰ ਵੀ ਮੁਆਵਜ਼ਾ ਦੇਣ ਲਈ ਐਲਾਨ ਕਰੇ। ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਵਾਗ ਐਲਾਨ ਨਹੀ ਕਰਦੇ ਹਮੇਸ਼ਾ ਕਿਸਾਨਾਂ ਦੀ ਭਲਾਈ ਲਈ ਕੰਮ ਕਰ ਰਹੀ। ਸੂਬੇ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਮੌਕੇ ਖਰਾਬ ਹੋਈਆਂ ਫਸਲਾਂ ਦੇ ਮੁਆਵਜ਼ਾ ਦਿੱਤਾ ਗਿਆ। ਭਗਵੰਤ ਸਿੰਘ ਮਾਨ ਸਰਕਾਰ ਕਿਸਾਨਾਂ ਦੇ ਦੁੱਖ ਦਰਦ ਨੂੰ ਮਹਿਸੂਸ ਕਰਦੇ ਹੋਏ ਕਿਸਾਨਾਂ ਤੇ ਕਾਸ਼ਤਕਾਰਾਂ ਦੇ ਨਾਲ ਖੜੀ ਹੈ। ਕਿਸਾਨ ਤੇ ਕਾਸ਼ਤਕਾਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਕੁਦਰਤੀ ਆਫਤਾਂ ਸਮੇਂ ਕਿਸਾਨਾਂ ਨੂੰ ਵੱਧ ਤੋਂ ਵੱਧ ਸਹਿਯੋਗ ਕੀਤਾ ਜਾਵੇਗਾ। ਇਸ ਮੌਕੇ ਤੇ ਪੀਏ ਦਿਲਬਾਗ ਸਿੰਘ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋਂ, ਗੁਰਬਿੰਦਰ ਸਿੰਘ ਕਾਲੇਕੇ, ਨਿਸ਼ਾਨ ਸਿੰਘ ਬੁੱਟਰ ਪ੍ਰਧਾਨ ਟਰੱਕ ਯੂਨੀਅਨ ਹਰੀਕੇ, ਸਰਪੰਚ ਗੁਰਨਾਮ ਸਿੰਘ ਬਾਠ ਸ਼ਿਵਮ ਪੁਰੀ, ਮੋਹਰ ਸਿੰਘ, ਅੰਗਰੇਜ ਸਿੰਘ ਗਿੱਲ, ਗੁਲਸ਼ਨ ਮਲਹੋਤਰਾ, ਸੁਖਵਿੰਦਰ ਸਿੰਘ, ਇਕਬਾਲ ਸਿੰਘ ਸਿੱਧੂ, ਖਜਾਨ ਸਿੰਘ, ਥਾਣਾ ਮੁਖੀ ਗੁਰਤੇਜ ਸਿੰਘ ਬਰਾੜ, ਸੁਨੀਲ ਕੁਮਾਰ ਤਹਿਸੀਲਦਾਰ, ਹਰੀਕੇ, ਖੇਤੀਬਾੜੀ ਅਫਸਰ ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ ਨੰਬਰਦਾਰ, ਬਲਵਿੰਦਰ ਸਿੰਘ ਸਾਬਕਾ ਸਰਪੰਚ, ਮਨਜੀਤ ਸਿੰਘ, ਕੁਲਬੀਰ ਸਿੰਘ, ਜੁਗਰਾਜ ਸਿੰਘ ਫੋਜੀ,ਗੁਰਮੇਜ ਸਿੰਘ ਡਾਕਟਰ ਬੂਹ, ਅਰਸ਼ਦੀਪ ਸਿੰਘ, ਵਿਕਰਮਜੀਤ ਸਿੰਘ, ਦਵਿੰਦਰ ਸਿੰਘ, ਜੰਗ ਬੂਹ ਹਵੇਲੀਆ, ਨਿਸ਼ਾਨ ਸਿੰਘ, ਗੁਲਸ਼ਨ ਕੁਮਾਰ, ਕਾਕਾ ਭਾਟੀਆ, ਪਰਮਜੀਤ ਸਿੰਘ, ਇਕਬਾਲ ਸਿੰਘ, ਨਰਵਿੰਦਰ ਸਿੰਘ ਫੋਜੀ,ਬੱਬੀ ਭੇਲ ਆੜ੍ਹਤੀਆ, ਹਰਦਿਆਲ ਸਿੰਘ, ਪਰਮਜੀਤ ਸਿੰਘ, ਬਿੱਲਾ ਧਕਾਨਾ, ਅੰਮ੍ਰਿਤਪਾਲ ਸਿੰਘ ਢੋਟੀਆਂ, ਗੁਰਨਾਮ ਸਿੰਘ ਸਰਪੰਚ ਬੂਹ ਹਵੇਲੀਆਂ, ਕਸ਼ਮੀਰ ਸਿੰਘ ਸਾਬਕਾ ਸਰਪੰਚ ਬੂਹ, ਗੁਰਭੇਜ ਸਿੰਘ, ਅਨਿਲ ਕੁਮਾਰ ਹਰੀਕੇ, ਸ਼ਾਲੂ ਹਰੀਕੇ, ਨਿਸ਼ਾਨ ਸਿੰਘ ਬੁੱਟਰ ਪ੍ਰਧਾਨ ਟਰੱਕ ਯੂਨੀਅਨ ਹਰੀਕੇ, ਸਰਪੰਚ ਗੁਰਨਾਮ ਸਿੰਘ ਬਾਠ ਸ਼ਿਵਮਪੁਰੀ, ਮੋਹਰ ਸਿੰਘ, ਅੰਗਰੇਜ ਸਿੰਘ ਗਿੱਲ, ਗੁਲਸ਼ਨ ਮਲਹੋਤਰਾ, ਸੁਖਵਿੰਦਰ ਸਿੰਘ, ਇਕਬਾਲ ਸਿੰਘ ਸਿੱਧੂ ਅਤੇ ਖਜਾਨ ਸਿੰਘ ਆਦਿ ਹਾਜ਼ਰ ਸਨ।

# ਮਨਰੇਗਾ ਮਜ਼ਦੂਰ ਯੂਨੀਅਨ ਵੱਲੋਂ ਮੀਟਿੰਗ ਆਯੋਜਿਤ



**ਮਜੀਠਾ (ਸੋਇਮ ਆਨੰਦ)**-ਮਜੀਠਾ ਹਲਕੇ ਦੇ ਪਿੰਡ ਕੋਟਲਾ ਸੈਦਾਂ ਨਜ਼ਦੀਕ ਕੱਥੂਨੰਗਲ ਵਿਖੇ ਮਨਰੇਗਾ ਮਜ਼ਦੂਰ ਯੂਨੀਅਨ ਦੀ ਮੀਟਿੰਗ ਲਖਵਿੰਦਰ ਸਿੰਘ ਗੋਪਾਲਪੁਰਾ ਦੀ ਰਹਿਨੁਮਾਈ ਹੇਠ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਸਾਥੀ ਪੂਰਨ ਸਿੰਘ ਨੇ ਕੀਤੀ। ਇਸ ਮੌਕੇ ਬੋਲਦਿਆਂ ਸਾਥੀ ਬਲਕਾਰ ਦੁਧਾਲਾ ਨੇ ਪਿੰਡ ਵਾਸੀਆਂ ਨੂੰ ਮਨਰੇਗਾ ਕਾਨੂੰਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਵਲੋਂ ਇਹ ਕਨੂੰਨ 2005 ਵਿੱਚ ਬਣਾਇਆ ਗਿਆ ਸੀ ਪਰ ਉਸਤੋਂ ਬਾਅਦ ਆਉਣ ਵਾਲੀਆਂ ਸਰਕਾਰਾਂ ਨੇ ਮਜ਼ਦੂਰਾਂ ਨੂੰ ਇਸ ਸਬੰਧੀ ਕੋਈ ਖਾਸ ਸਹੂਲਤਾਂ ਮੁਹੱਈਆ ਨਹੀਂ ਕਰਵਾਈਆਂ ਜਿਵੇਂ ਪਿੰਡ ਤੋਂ ਦੂਰ ਕੰਮ ਕਰਨ ਜਾਂਦਿਆਂ ਜੇ ਕਿਸੇ ਮਜ਼ਦੂਰ ਨੂੰ ਸੱਟ ਲੱਗ ਜਾਂਦੀ ਹੈ ਉਸਨੂੰ ਇਲਾਜ ਸਮੇਤ ਕੋਈ ਆਰਥਿਕ ਸਹੂਲਤ ਨਹੀਂ ਦਿੱਤੀਆਂ ਜਾਂਦੀ। ਮਜ਼ਦੂਰਾਂ ਨੂੰ ਕੀਤੇ ਗਏ ਕੰਮ ਦੇ ਪੂਰੇ ਪੈਸੇ ਸਮੇਂ ਸਿਰ ਨਹੀਂ ਦਿੱਤੇ ਜਾਂਦੇ। ਪਿੰਡਾਂ ਚ ਕੰਮ ਕਰਾਉਣ ਵਾਲੇ ਮੁਲਾਜ਼ਮ ਸਰਪੰਚਾਂ ਦੇ ਕਹੇ ਤੇ ਮਜ਼ਦੂਰਾਂ ਨਾਲ ਪੱਖਪਾਤੀ ਵਿਤਕਰਾ ਕਰਦੇ ਹਨ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਨੂੰ ਅਰਜ਼ੀਆਂ ਦੇ ਕੇ ਕੰਮ ਦੀ ਮੰਗ ਕਰਨੀ ਚਾਹੀਦੀ ਹੈ ਜੋ ਵੀ ਅਫਸਰ ਜਾਂ ਮੁਲਾਜ਼ਮ ਕੰਮ ਦੇਣ ਤੋਂ ਇਨਕਾਰ ਕਰਦਾ ਹੈ ਉਸ ਵਿਰੁੱਧ ਕਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ। ਇਨ੍ਹਾਂ ਮੰਗਾਂ ਨੂੰ ਲੈਕੇ ਜਿਲ੍ਹਾ ਅੰਮ੍ਰਿਤਸਰ ਦੇ ਮਨਰੇਗਾ ਅਫਸਰ ਨੂੰ ਮਿਲ ਕੇ ਜਾਣੂ ਕਰਵਾਇਆ ਜਾਵੇਗਾ। ਲਖਵਿੰਦਰ ਸਿੰਘ ਗੋਪਾਲਪੁਰਾ ਨੇ ਕਿਹਾ ਕਿ ਮਜ਼ਦੂਰਾਂ ਦੇ ਮੁੱਫਤ ਦਿੱਤੇ ਜਾਣ ਵਾਲੇ ਰਾਸ਼ਨ ਕਾਰਡ ਕੱਟ ਦਿੱਤੇ ਗਏ ਹਨ ਪਰ ਤਕੜੇ ਲੋਕਾਂ ਨੂੰ ਅਨਾਜ ਸਪਲਾਈ ਹੋ ਰਿਹਾ ਹੈ ਇਸ ਸਬੰਧੀ ਜਿਲ੍ਹਾ ਖੁਰਾਕ ਸਪਲਾਈ ਅਫਸਰ ਨੂੰ ਮਿਲਕੇ ਸ਼ਿਕਾਇਤ ਕੀਤੀ ਜਾਵੇਗੀ। ਇਸ ਮੌਕੇ ਤਰਸੇਮ ਸਿੰਘ, ਰੋਸ਼ਨ ਸਿੰਘ, ਪਰਮਜੀਤ ਕੌਰ, ਮਨਦੀਪ ਕੌਰ, ਸੁਰਿੰਦਰ ਸਿੰਘ, ਪ੍ਰਕਾਸ਼ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਬੀਬੀਆਂ ਤੇ ਮਜ਼ਦੂਰ ਸ਼ਾਮਿਲ ਹੋਏ। ਪੂਰਨ ਸਿੰਘ ਨੇ ਮੀਟਿੰਗ ਵਿੱਚ ਆਏ ਲੋਕਾਂ ਦਾ ਧੰਨਵਾਦ ਕੀਤਾ।

# ਸਹਿਕਾਰੀ ਸਭਾਵਾਂ ਦੇ ਏ ਆਰ ਦਫਤਰ ਮੂਹਰੇ ਧਰਨਾ 10 ਨੂੰ : ਚੂਸਲੇਵੜ/ਦਿਆਲਪੁਰਾ



**ਪੱਟੀ, (ਬਲਦੇਵ ਸਿੰਘ ਸੰਧੂ /ਸਮਸੇਰ ਸਿੰਘ ਯੋਧਾ)**-ਸਹਿਕਾਰੀ ਸਭਾਵਾਂ ਦੇ ਏ ਆਰ ਦਫਤਰ ਵੱਲੋਂ ਜਿਥੇ ਕੁਝ ਸਮਾਂ ਪਹਿਲਾਂ ਭੋਲੇ-ਭਾਲੇ ਕਿਸਾਨਾਂ ਨਾਲ ਠੱਗੀਆਂ ਮਾਰਨ ਦੇ ਮਾਮਲੇ ਸਾਹਮਣੇ ਆ ਰਹੇ ਸਨ , ਉਥੇ ਹੁਣ ਸਹਿਕਾਰੀ ਸਭਾਵਾਂ ਪੱਟੀ 'ਚ ਏ ਆਰ ਦਫਤਰ ਦੇ ਕਰਮਚਾਰੀ ਵੱਲੋਂ ਆਪਣੇ ਈ ਮਹਿਕਮੇ ਦੇ ਕਰਮਚਾਰੀ ਨਾਲ ਠੱਗੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸਹਿਕਾਰੀ ਸਭਾਵਾਂ ਦੇ ਕਰਮਚਾਰੀ ਨੂੰ ਦਿੱਤੀ ਗਈ ਰਕਮ ਸਰਕਾਰੀ ਖਜ਼ਾਨੇ ਵਿਚ ਰਕਮ ਜਮ੍ਹਾ ਨਾ ਕਰਵਾਉਣ ਕਰਕੇ ਠੱਗੀ ਦਾ ਸ਼ਿਕਾਰ ਹੋਣਾ ਪਿਆ । ਏ ਆਰ ਦਫਤਰ ਦੇ ਕਰਮਚਾਰੀ ਵੱਲੋਂ ਮਾਰੀ ਠੱਗੀ ਦੇ ਮਾਮਲੇ ਨੂੰ ਲੈ ਕੇ ਜਮਹੂਰੀ ਕਿਸਾਨ ਸਭਾ ਪੱਟੀ ਦੀ ਮੀਟਿੰਗ ਜਗੀਰ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ 'ਚ ਹੋਈ। ਮੀਟਿੰਗ 'ਚ ਗੁਰਨਾਮ ਸਿੰਘ ਭਿੱਖੀਵਿੰਡ ਤੇ ਕੇਵਲ ਸਿੰਘ ਮਾੜੀ ਕੰਬੋਕੇ ਨੇ ਦੱਸਿਆ ਕਿ ਸਹਿਕਾਰੀ ਸਭਾਵਾਂ ਦੇ ਸਕੱਤਰ ਸਤਨਾਮ ਸਿੰਘ ਮਾੜੀ ਕੰਬੋਕੇ 28 ਫਰਵਰੀ 2022 ਨੂੰ ਸੇਵਾਮੁਕਤ ਹੋਇਆ ਹੈ। ਉਸ ਨੇ ਸੇਵਾਮੁਕਤੀ ਤੋਂ ਪਹਿਲਾਂ ਨਿਸ਼ਾਨ ਸਿੰਘ ਕੈਸ਼ੀਅਰ ਕੋਆਪਰੇਟਿਵ ਬੈਂਕ ਖਾਲੜਾ ਦੀ 85000 ਰੁਪਏ ਦੀ ਠੱਗੀ ਦੀ ਆਰ, ਏ ਪੱਟੀ ਨੂੰ ਸ਼ਿਕਾਇਤ ਕਰ ਦਿੱਤੀ। ਕਰੀਬ 3-4 ਸਾਲਾਂ ਤੋਂ ਦੋਸ਼ੀ ਦੀ ਪੜਤਾਲ ਪੈਂਡਿੰਗ ਰੱਖ ਕੇ ਉਸ ਨੂੰ ਭਿੱਖੀਵਿੰਡ ਬੈਂਕ ਦਾ ਮੈਨੇਜਰ ਬਣਾ ਦਿੱਤਾ ਹੈ। ਨਿਰਦੋਸ਼ ਮੁਦਈ ਸਤਨਾਮ ਸਿੰਘ ਦੇ ਸੇਵਾ ਮੁਕਤੀ ਲਾਭ ਤੇ ਤਨਖਾਹਾਂ ਦੋ ਸਾਲ ਤੋਂ ਰੋਕ ਕੇ ਆਰ ਏ ਪੱਟੀ ਨੇ ਮਨੁੱਖਤਾ ਦਾ ਘਾਣ ਕੀਤਾ ਹੈ। ਇਸ ਮੌਕੇ ਸਭਾ ਦੇ ਸੂਬਾ ਕਮੇਟੀ ਮੈਂਬਰ ਦਲਜੀਤ ਸਿੰਘ ਦਿਆਲਪੁਰਾ ਨੇ ਕਿਹਾ ਕਿ ਇਸ ਮਸਲੇ ਸਬੰਧੀ ਇਸ ਅਧਿਕਾਰੀ ਨੂੰ ਸਭਾ ਦੇ ਵਫਦ ਨੇ ਕਈ ਵਾਰ ਮਿਲਣ ਦਾ ਯਤਨ ਕੀਤਾ ਹੈ ਪਰ ਇਸ ਨੇ ਮਿਲਣ ਤੋਂ ਵੀ ਆਨਾਕਾਨੀ ਕੀਤੀ ਹੈ। ਪੀੜਤ ਸਤਨਾਮ ਸਿੰਘ ਨੂੰ ਇਨਸਾਫ ਨਾ ਮਿਲਣ ਕਾਰਨ ਮਾਨਸਿਕ ਰੋਗੀ ਬਣ ਚੁੱਕਾ ਹੈ। ਇਸ ਸੰਬੰਧ ਵਿੱਚ ਨਿਆ ਲਈ ਸਹਿਕਾਰੀ ਸਭਾਵਾਂ ਏ ਆਰ ਦਫਤਰ ਪੱਟੀ ਦੇ ਮੂਹਰੇ 7 ਅਪ੍ਰੈਲ ਨੂੰ ਸਭਾ ਵੱਲੋਂ ਵਿਸ਼ਾਲ ਧਰਨਾ ਦੇਣ ਦਾ ਐਲਾਨ ਕੀਤਾ ਗਿਆ ਸੀ ਪਰ ਸਰਕਾਰੀ ਛੁੱਟੀ ਹੋਣ ਕਾਰਨ ਇਹ ਧਰਨਾ ਦਿਨ ਸੋਮਵਾਰ 10 ਅਪ੍ਰੈਲ ਨੂੰ ਦਿੱਤਾ ਜਾਵੇਗਾ। ਇਸ ਮੌਕੇ ਸਭਾ ਦੇ ਜ਼ਿਲ੍ਹਾ ਕਮੇਟੀ ਮੈਂਬਰ ਹਰਭਜਨ ਸਿੰਘ ਚੂਸਲੇਵੜ ਨੇ ਪੱਟੀ ਇਲਾਕੇ ਵਿੱਚ ਲੁੱਟਾਂ, ਖੋਹਾਂ, ਚੋਰੀਆਂ ਤੋਂ ਪੀੜਤ ਲੋਕਾਂ ਦੀ ਦਾਸਤਾਨ ਦੱਸੀ ਕਿ ਚੋਰ ਦਿਨ ਦਿਹਾੜੇ ਮੋਟਰ ਸਾਈਕਲ, ਮੋਬਾਇਲ , ਸੋਨੇ ਦੀਆਂ ਵਾਲੀਆਂ ਖੋਹ ਲੈਂਦੇ ਹਨ, ਧੀਆਂ, ਭੈਣਾਂ ਦਾ ਘਰੋਂ ਨਿਕਲਣਾ ਮੁਸਕਲ ਹੈ। ਕਿਸਾਨਾਂ ਦੀਆਂ ਮੋਟਰਾਂ ਤੋਂ ਕੇਬਲਾਂ ਸਟਾਰਟਰ ਚੋਰੀ ਹੋਣਾ ਆਮ ਵਰਤਾਰਾ ਬਣ ਗਿਆ ਹੈ। ਦਰਖਾਸਤ ਦੇਣ ਤੇ ਚੋਰਾਂ ਖਿਲਾਫ ਕੋਈ ਪੁਲਿਸ ਕਾਰਵਾਈ ਨਾ ਹੋਣ ਕਰਕੇ ਬਹੁਤੇ ਲੋਕ ਹੁਣ ਪੁਲਿਸ ਨੂੰ ਚੋਰੀ ਦੀ ਇਤਲਾਹ ਹੀ ਨਹੀਂ ਦਿੰਦੇ। ਅਖੀਰ ਵਿੱਚ ਸਭਾ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਜੇਕਰ ਪ੍ਰਸ਼ਾਸਨ ਨੇ ਚੋਰਾਂ ਤੇ ਨਸ਼ੇ ਦੇ ਵਪਾਰੀਆਂ ਨੂੰ ਤੁਰੰਤ ਕਾਬੂ ਨਾ ਕੀਤਾ ਤਾਂ ਜਲਦੀ ਹੀ ਡੀਐੱਸਪੀ ਪੱਟੀ ਦੇ ਦਫਤਰ ਮੂਹਰੇ ਵੀ ਵਿਸਾਲ ਧਰਨਾ ਦਿੱਤਾ ਜਾਵੇਗਾ ਜਿਸਦੀ ਜ਼ਿੰਮੇਵਾਰੀ ਸਰਕਾਰ ਤੇ ਪੁਲਸ ਪ੍ਰਸ਼ਾਸਨ ਦੀ ਹੋਵੇਗੀ।f

ਇਸ ਮੌਕੇ ਹੋਰਨਾਂ ਤੋਂ ਇਲਾਵਾ ਜਰਨੈਲ ਸਿੰਘ ਦਿਆਲਪੁਰਾ ਬਾਜ ਸਿੰਘ ਬਾਹਮਣੀ ਵਾਲਾ, ਬਾਜ ਸਿੰਘ ਗੰਡੀਵਿੰਡ, ਬਲਦੇਵ ਸਿੰਘ ਅਹਿਮਦਪੁਰ ਅਤੇ ਕੁਲਵੰਤ ਸਿੰਘ ਮਾਣਕਪੁਰ ਆਦਿ ਹਾਜ਼ਰ ਸਨ।

# ਅਫਸਰਾਂ ਦੀਆਂ ਖਾਲੀ ਸੀਟਾਂ ਭਰਨ ਤੇ ਨਰੇਗਾ ਤਹਿਤ ਕੰਮ ਲੈਣ ਲਈ ਮੁਜ਼ਾਹਰਾ ਕੀਤਾ ਜਾਵੇਗਾ : ਸੀਪੀਆਈ



**ਭਿੱਖੀਵਿੰਡ (ਨਜ਼ਸ)**-ਸੀਪੀਆਈ ਬਲਾਕ ਭਿੱਖੀਵਿੰਡ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ, ਮੀਤ ਸਕੱਤਰ ਰਛਪਾਲ ਸਿੰਘ ਬਾਠ, ਟਹਿਲ ਸਿੰਘ ਲੱਧੂ ਤੇ ਸੁਖਦੇਵ ਸਿੰਘ ਕਾਲੇ ਨੇ ਦੱਸਿਆ ਕਿ 11 ਅਪ੍ਰੈਲ ਨੂੰ ਚੇਲਾ ਮੋੜ ਕਾਲੋਨੀ ਭਿੱਖੀਵਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਸੀਪੀਆਈ ਭਿੱਖੀਵਿੰਡ ਬਲਾਕ ਦੀ ਜਨਰਲ ਬਾਡੀ ਮੀਟਿੰਗ ਕੀਤੀ ਜਾਵੇਗੀ ਜਿਸ ਨੂੰ ਉਚੇਚੇ ਤੌਰ ਤੇ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਸੰਬੋਧਨ ਕਰਨ ਲਈ ਪਹੁੰਚ ਰਹੇ ਹਨ। ਮੀਟਿੰਗ ਵਿੱਚ ਪਾਰਟੀ ਮੈਂਬਰਾਂ ਤੋਂ ਇਲਾਵਾ ਹਮਦਰਦ ਵੀ ਸ਼ਾਮਲ ਹੋਣਗੇ ਜਿਨ੍ਹਾਂ ਦੀ ਗਿਣਤੀ 300 ਤੋਂ ਵਧੇਰੇ ਹੋਵੇਗੀ। ਇਸ ਮੀਟਿੰਗ ਵਿੱਚ ਹਿੰਦੁਸਤਾਨ ਤੇ ਪੰਜਾਬ ਦੇ ਹਾਲਾਤ 'ਤੇ ਵਿਚਾਰ ਚਰਚਾ ਕਰਨ ਤੋਂ ਇਲਾਵਾ ਨਰੇਗਾ ਕੰਮ ਦੀ ਪ੍ਰਾਪਤੀ ਲਈ ਸੰਘਰਸ਼ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ। ਬੜੀ ਹੈਰਾਨੀ ਹੈ ਕਿ ਡੀਸੀ ਦੇ ਹੁਕਮ 'ਤੇ ਵੀ ਭਿੱਖੀਵਿੰਡ ਬਲਾਕ ਦੇ ਨਰੇਗਾ ਮੁਲਾਜ਼ਮਾਂ ਦੇ ਕੰਨ ਤੇ ਜੂੰ ਨਹੀਂ ਸਰਕਦੀ। ਉਹ ਡੀਸੀ ਦੇ ਹੁਕਮ ਨੂੰ ਵੀ ਟਿੱਚ ਸਮਝਦੇ ਹਨ। ਆਗੂਆਂ ਨੇ ਕਿਹਾ ਕਿ ਇਸ ਤੋਂ ਵੀ ਜ਼ਿਆਦਾ ਹੈਰਾਨੀ ਹੈ ਕਿ ਭਿੱਖੀਵਿੰਡ ਤਹਿਸੀਲ ਦੇ ਸਾਰੇ ਅਦਾਰੇ ਆਪਣੇ ਅਫਸਰਾਂ ਤੋਂ ਵਾਂਝੇ ਹਨ। ਇਥੇ ਐੱਸਡੀਐੱਮ, ਤਹਿਸੀਲਦਾਰ, ਬੀਡੀਪੀਓ ਤੇ ਸਰਕਾਰੀ ਸਕੂਲ ਦੇ ਪ੍ਰਿੰਸੀਪਲ ਦੀ ਪੋਸਟ ਖਾਲੀ ਪਈ ਹੈ। ਲੋਕ ਦਫਤਰਾਂ ਵਿੱਚ ਖੱਜਲ ਖੁਆਰ ਹੋ ਰਹੇ ਹਨ। ਇਸ ਤਰ੍ਹਾਂ ਲੱਗਦਾ ਹੈ ਕਿ ਸਰਕਾਰ ਨੇ ਬਾਰਡਰ ਦੀ ਵਸੋਂ ਨੂੰ ਹੀ ਵਿਸਾਰ ਦਿੱਤਾ ਹੈ। ਮੀਟਿੰਗ ਦੀ ਸਮਾਪਤੀ ਤੇ ਅਫਸਰਾਂ ਦੀਆਂ ਖਾਲੀ ਸੀਟਾਂ ਭਰਨ ਤੇ ਨਰੇਗਾ ਕੰਮ ਦੀ ਪ੍ਰਾਪਤੀ ਲਈ ਰੋਹ ਭਰਪੂਰ ਮੁਜ਼ਾਹਰਾ ਵੀ ਕੀਤਾ ਜਾਵੇਗਾ।

# 11 ਨੂੰ ਆਂਗਣਵਾੜੀ ਵਰਕਰ ਪ੍ਰਧਾਨ ਮੰਤਰੀ ਦੇ ਨਾਂਅ ਭੇਜਣਗੇ ਮੰਗ ਪੱਤਰ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੇ ਦਿਸਾ ਨਿਰਦੇਸਾਂ ਅਨੁਸਾਰ 11 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਰਾਹੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਂਅ ਮੰਗ ਪੱਤਰ ਭੇਜਿਆ ਜਾਵੇਗਾ। ਉਪਰੋਕਤ ਜਾਣਕਾਰੀ ਯੂਨੀਅਨ ਅਜਨਾਲਾ ਦੀ ਬਲਾਕ ਪ੍ਰਧਾਨ ਹਰਜਿੰਦਰ ਕੌਰ ਹਰਦੋਪੁਤਲੀ ਨੇ ਦਿੱਤੀ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਕੇਂਦਰ ਸਰਕਾਰ ਦੀ ਸਕੀਮ ਆਈਸੀਡੀਐੱਸ ਤਹਿਤ 2 ਅਕਤੂਬਰ 1975 ਨੂੰ ਕੰਮ ਸ਼ੁਰੂ ਕੀਤਾ ਸੀ ਤੇ ਉਨ੍ਹਾਂ ਨੂੰ ਕੰਮ ਕਰਦਿਆਂ 47 ਸਾਲ ਬੀਤ ਗਏ ਹਨ ਪਰ ਐਨੇ ਲੰਮੇ ਸਮੇਂ ਵਿਚ ਵੀ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਨਹੀਂ ਦਿੱਤਾ ਗਿਆ। ਉਨਾਂ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਨੇ ਸਰਕਾਰੀ ਮੁਲਾਜ਼ਮ ਤਾਂ ਕੀ ਬਣਾਉਣਾ ਸੀ, ਪਿਛਲੇ ਪੰਜ ਸਾਲਾਂ ਤੋਂ ਉਨਾਂ ਦੇ ਮਾਣ-ਭੱਤੇ ਵਿਚ ਵੀ ਕੋਈ ਵਾਧਾ ਨਹੀਂ ਕੀਤਾ ਗਿਆ ਜਦੋਂਕਿ ਇਸ ਸਮੇਂ ਵਿਚ ਮਹਿੰਗਾਈ ਕਈ ਗੁਣਾ ਵੱਧ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ ।

# ਬੀ ਨੈਚੁਰਲ ਬਣਿਆ ਪੰਜਾਬ ਕਿੰਗਜ਼ ਲਈ ਆਫੀਸ਼ੀਅਲ ਫਰੂਟ ਬੇਵਰੇਜ ਪਾਰਟਨਰ

**ਲੁਧਿਆਣਾ** : ਆਈਟੀਸੀ ਦੇ ਸਭ ਤੋਂ ਪਸੰਦੀਦਾ ਅਤੇ ਪ੍ਰਤਿਸ਼ਠਿਤ ਬ੍ਰਾਂਡ ਬੀ ਨੈਚੁਰਲ ਜੂਸੇਸ ਐਂਡ ਬੇਵਰੇਜਿਸ ਦੁਆਰਾ ਆਈਪੀਐੱਲ 2023 ਦੇ ਆਗਾਮੀ ਸੀਜ਼ਨ ਲਈ ਪੰਜਾਬ ਕਿੰਗਸ ਦੇ ਨਾਲ ਭਾਗੀਦਾਰੀ ਦੀ ਘੋਸ਼ਣਾ ਕੀਤੀ ਗਈ। ਆਪਣੀ ਤਰ੍ਹਾਂ ਦੀ ਇਸ ਪਹਿਲੀ ਭਾਗੀਦਾਰੀ ਵਿੱਚ ਬੀ ਨੈਚੁਰਲ, ਆਈਪੀਐੱਲ 2023 ਦੇ ਲਈ ਇਸ ਟੀਮ ਦਾ ਆਫੀਸ਼ੀਅਲ ਫਰੂਟ ਬੇਵਰੇਜ ਪਾਰਟਨਰ ਦੇ ਤੌਰ 'ਤੇ ਜੁੜਿਆ ਹੈ। ਇਸ ਭਾਗੀਦਾਰੀ ਦੇ ਤਹਿਤ ਬੀ ਨੈਚੁਰਲ ਨੇ #ਮੈਚਰੇਡੀਬੀਨੈਚੁਰਲਦੇਨਾਲ ਨਾਮਕ ਕੈਂਪੇਨ ਲਾਂਚ ਕੀਤਾ ਹੈ, ਜਿਸ ਵਿੱਚ ਬੀ ਨੈਚੁਰਲ ਆਪਣੇ ਫਰੂਟ ਅਤੇ ਫਾਇਬਰ ਬੇਵਰੇਜਿਸ ਦੇ ਨਾਲ ਪੰਜਾਬ ਕਿੰਗਸ ਦੇ ਖਿਡਾਰੀਆਂ ਨੂੰ ਮੈਚ ਦੇ ਲਈ ਤਿਆਰ ਰਹਿਣ ਵਿੱਚ ਮਦਦ ਕਰੇਗਾ। ਬੀ ਨੈਚੁਰਲ ਨੇ ਦੇਸ਼ ਭਰ ਦੇ ਕ੍ਰਿਕਟ ਪ੍ਰੇਮੀਆਂ ਨੂੰ ਵੀ ਇਹ ਸ਼ੇਅਰ ਕਰਨ ਲਈ ਸੱਦਾ ਦਿੱਤਾ ਹੈ ਕਿ ਉਹ ਕਿਸ ਤਰ੍ਹਾਂ #ਮੈਚਰੇਡੀਬੀਨੈਚੁਰਲਦੇਨਾਲ ਹਨ ਅਤੇ ਨਾਲ ਹੀ ਆਪਣੀ ਪਸੰਦੀਦਾ ਟੀਮ ਦੇ ਲਈ ਸਮਰਥਨ ਜਤਾਉਣ ਦੀ ਵੀ ਅਪੀਲ ਕੀਤੀ ਹੈ। ਇਸ ਭਾਗੀਦਾਰੀ 'ਤੇ ਖੁਸ਼ੀ ਜਤਾਉਂਦੇ ਹੋਏ ਸੰਜੇ ਸਿੰਗਲ, ਚੀਫ ਆਪਰੇਟਿੰਗ ਅਫਸਰ, ਡੇਅਰੀ ਐਂਡ ਬੇਵਰੇਜਿਸ, ਫੂਡਸ ਡਿਵੀਜ਼ਨ ਆਈਟੀਸੀ ਲਿਮਿਟਿਡ ਨੇ ਕਿਹਾ ਕਿ ਆਈਪੀਐੱਲ ਦੀ ਪ੍ਰਮੁੱਖ ਟੀਮਾਂ ਵਿੱਚੋਂ ਇੱਕ ਪੰਜਾਬ ਕਿੰਗਸ ਦੇ ਨਾਲ ਜੁੜਣ 'ਤੇ ਅਸੀਂ ਬੇਹੱਦ ਰੋਮਾਂਚਿਤ ਹਨ। ਬੀ ਨੈਚੁਰਲ ਨੇ ਹਮੇਸ਼ਾ ਆਪਣੇ ਉਪਭੋਗਤਾਵਾਂ ਨੂੰ ਫਰੂਟ ਅਤੇ ਫਾਇਬਰ ਉਪਲਬਧ ਕਰਾਉਣ 'ਤੇ ਧਿਆਨ ਦਿੱਤਾ ਹੈ ਅਤੇ ਅਸੀਂ ਉਨ੍ਹਾਂ ਖੂਬੀਆਂ ਨੂੰ ਪੰਜਾਬ ਕਿੰਗਸ ਦੇ ਖਿਡਾਰੀਆਂ ਨੂੰ ਪ੍ਰਦਾਨ ਕਰਦੇ ਹੋਏ, ਉਹਨਾਂ ਨੂੰ ਮੈਚ ਲਈ ਤਿਆਰ ਹੋਣ ਵਿੱਚ ਮਦਦ ਕਰਾਂਗੇ।

# ਪ੍ਰਵਾਸੀ ਸ਼ਾਇਰਾ ਰਮਿੰਦਰ ਕੌਰ ਖਿਆਲਾ ਦੀ ਕਾਵਿ ਪੁਸਤਕ 'ਜਜ਼ਬਾਤ' ਲੋਕ ਅਰਪਣ



**ਬੁਤਾਲਾ (ਨਿਰਮਲ ਸਿੰਘ ਸੰਘਾ)**-ਜਸਪਾਲ ਹੰਜਰਾਅ ਸਾਹਿਤਕ ਮੰਚ ਫਤਿਹਗੜ੍ਹ ਚੂੜੀਆਂ ਵੱਲੋਂ ਜਨਵਾਦੀ ਲੇਖਕ ਸੰਘ ਦੇ ਸਹਿਯੋਗ ਨਾਲ ਪ੍ਰਵਾਸੀ ਸ਼ਾਇਰਾ ਰਮਿੰਦਰ ਕੌਰ ਖਿਆਲਾ ਦੀ ਨਵ-ਪ੍ਰਕਾਸ਼ਿਤ ਕਾਵਿ ਪੁਸਤਕ ਜਜ਼ਬਾਤ ਦਾ ਲੋਕ ਅਰਪਣ ਅਤੇ ਸਨਮਾਨ ਸਮਾਰੋਹ ਕਰਵਾਇਆ ਗਿਆ। ਸਥਾਨਕ ਭਾਈ ਵੀਰ ਸਿੰਘ ਨਿਵਾਸ ਅਸਥਾਨ ਵਿਖੇ ਇਸ ਸਮਾਗਮ ਦਾ ਆਗਾਜ਼ ਹਰਪਾਲ ਸਿੰਘ ਨਾਗਰਾ ਦੇ ਸਵਾਗਤੀ ਸ਼ਬਦਾਂ ਨਾਲ ਹੋਇਆ। ਚਰਚਾ ਅਧੀਨ ਪੁਸਤਕ ਉੱਪਰ ਪਰਚਾ ਪੜ੍ਹਦਿਆਂ ਡਾ: ਹੀਰਾ ਸਿੰਘ, ਦੀਪ ਦੇਵਿੰਦਰ ਸਿੰਘ ਅਤੇ ਮੱਖਣ ਕੁਹਾੜ ਨੇ ਕਿਹਾ ਕਿ ਬੇਸ਼ੱਕ ਲੇਖਕਾ ਚੰਗੇਰੇ ਭਵਿੱਖ ਖਾਤਿਰ ਪਰਵਾਸ ਹੰਢਾਉਂਦੀ ਹੈ ਫਿਰ ਵੀ ਆਪਣੀ ਧਰਤੀ ਤੇ ਆਪਣੇ ਲੋਕਾਂ ਦੇ ਦੁੱਖ-ਸੁੱਖ ਦੀ ਗੱਲ ਆਪਣੀ ਲੇਖਣੀ ਰਾਹੀਂ ਬਾਖੂਬੀ ਕਰਦੀ ਹੈ। ਵਿਚਾਰ ਚਰਚਾ ਵਿੱਚ ਹਿਸਾ ਲੈਂਦਿਆਂ ਸ਼ਾਇਰ ਮਲਵਿੰਦਰ, ਹਰਜੀਤ ਸਿੰਘ ਸੰਧੂ, ਰਾਜਪਾਲ ਬਾਠ, ਡਾ: ਮੋਹਣ ਬੇਗੋਵਾਲ, ਕੁਲਬੀਰ ਕੌਰ ਖਿਆਲਾ, ਸ਼ੈਲਿੰਦਰਜੀਤ ਸਿੰਘ ਰਾਜਨ, ਰੋਜ਼ੀ ਸਿੰਘ, ਸੁੱਚਾ ਸਿੰਘ ਰੰਧਾਵਾ, ਪ੍ਰੀਤਮ ਸਰਪੰਚ ਅਤੇ ਰਾਜਪਾਲ ਸ਼ਰਮਾ ਨੇ ਕਵਿੱਤਰੀ ਰਮਿੰਦਰ ਕੌਰ ਖਿਆਲਾ ਆਸਟ੍ਰੇਲੀਆ ਨੂੰ ਵਧਾਈ ਦਿੰਦਿਆਂ ਪੁਸਤਕ ਜਜ਼ਬਾਤ ਵਿਚ ਦਰਜ ਰਚਨਾਵਾਂ ਦੀ ਸ਼ਲਾਘਾ ਕੀਤੀ । ਫ਼ਨਬਸਪ; ਇਸ ਮੌਕੇ ਮਨਮੋਹਨ ਸਿੰਘ ਢਿੱਲੋਂ, ਮੁਖ਼ਤਾਰ ਗਿੱਲ, ਕਸ਼ਮੀਰ ਸਿੰਘ ਖਿਆਲਾ, ਡਾ. ਸੰਦੀਪ ਭਗਤ ਆਸਟ੍ਰੇਲੀਆ, ਅਮਨਦੀਪ ਸਿੰਘ ਆਸਟ੍ਰੇਲੀਆ, ਮਨਪ੍ਰੀਤ ਸੰਧੂ, ਸਰਬਜੀਤ ਸਿੰਘ ਸੰਧੂ, ਮਨਜੀਤ ਸਿੰਘ ਛੀਨਾ, ਲਵਲੀਨ ਕੌਰ ਅਤੇ ਬੇਅੰਤ ਕੌਰ ਹਾਜ਼ਰ ਸਨ। ਇਸ ਮੌਕੇ ਮੰਚ ਵੱਲੋਂ ਡਾ. ਸੰਦੀਪ ਭਗਤ ਅਤੇ ਰਮਿੰਦਰ ਕੌਰ ਖਿਆਲਾ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਗਾਇਕ ਮਨਪ੍ਰੀਤ ਸੰਧੂ, ਮਨਦੀਪ ਸਿੰਘ ਨਾਗਰਾ ਅਤੇ ਮੱਖਣ ਭੈਣੀਵਾਲਾ ਨੇ ਗੀਤ ਪੇਸ਼ ਕੀਤੇ। ਇਸ ਮੌਕੇ ਜਗਤਾਰ ਗਿੱਲ, ਭੁਪਿੰਦਰ ਪਾਲ ਸਿੰਘ ਨਾਗਰਾ, ਜੋਗਿੰਦਰ ਸਿੰਘ ਸਾਬਰ, ਕੁਲਦੀਪ ਸਿੰਘ ਆਜ਼ਾਦ ਬੁੱਕ ਡਿਪੂ , ਆਰਟਿਸਟ ਹਰਦੀਪ ਸਿੰਘ, ਪ੍ਰਿਤਪਾਲ ਸਿੰਘ, ਸੁਖਵਿੰਦਰ ਸਿੰਘ ਨਰੂਲਾ, ਮਨਦੀਪ ਸਿੰਘ, ਨਰਿੰਜਣ ਸਿੰਘ ਗਿੱਲ, ਰਜਿੰਦਰ ਸਿੰਘ ਬੰਟੂ, ਮਨਦੀਪ ਸਿੰਘ ਖਿਆਲਾ, ਗੋਲਡੀ ਫੁੱਲ,ਅਮਨਪਰੀਤ ਕੌਰ ਹੰਜਰਾਅ, ਗੁਰਜਿੰਦਰ ਸਿੰਘ ਮੱਲੀ, ਧਰਵਿੰਦਰ ਔਲਖ, ਮਨਿੰਦਰ ਸਿੰਘ ਭਿੰਡਰ, ਡਾ ਹਰਚਰਨ ਸਿੰਘ, ਡਾ ਬਲਵਿੰਦਰ ਸਿੰਘ ਬੰਦੇਸ਼ਾ, ਅਜੀਤ ਸਿੰਘ ਚੀਮਾ, ਰਿਪਨਜੀਤ ਸਿੰਘ ਕਾਹਲੋਂ, ਕੁਲਵੰਤ ਕੌਰ ਨਾਗਰਾ, ਰਾਜਵਿੰਦਰ ਕੌਰ ਰਾਜ, ਆਤਮਜੀਤ ਕੌਰ ਹਾਜ਼ਰ ਸਨ। ਮੰਚ ਸੰਚਾਲਨ ਰਾਜਪਾਲ ਸਿੰਘ ਬਾਠ ਨੇ ਬਾਖੂਬੀ ਕੀਤਾ ।

# ਸੜਕ ਹਾਦਸੇ 'ਚ ਅਧਿਆਪਕਾਂ ਦੀ ਮੌਤ 'ਤੇ ਸ਼ੋਕ ਸਭਾ



**ਪੱਟੀ (ਬਲਦੇਵ ਸਿੰਘ ਸੰਧੂ,ਸ਼ਮਸ਼ੇਰ ਸਿੰਘ ਯੋਧਾ)**-ਜਨਤਕ ਜਥੇਬੰਦੀਆਂ ਦੇ ਆਗੂਆਂ ਨੇ ਸਰਹੱਦੀ ਸੈਕਟਰ ਖੇਮਕਰਨ ਦੇ ਸਰਕਾਰੀ ਸਕੂਲਾਂ 'ਚ ਫਿਰੋਜ਼ਪੁਰ ਇਲਾਕੇ ਵੱਲੋਂ ਤਾਇਨਾਤ ਅਧਿਆਪਕਾਂ ਦੀ ਬੀਤੇ ਦਿਨੀਂ ਸੜਕ ਹਾਦਸੇ ਦੌਰਾਨ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂਆਂ ਵੱਲੋਂ ਮ੍ਰਿਤਕ ਅਧਿਆਪਕਾਂ ਦੇ ਸਕੂਲ ਜਾ ਕੇ ਉਨ੍ਹਾਂ ਦੇ ਸਟਾਫ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਗਿਆ। ਗੌਰਮਿੰਟ ਟੀਚਰ ਯੂਨੀਅਨ ਦੇ ਸੂਬਾਈ ਆਗੂ ਮੰਗਲ ਸਿੰਘ ਟਾਂਡਾ ਅਤੇ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਦਿਆਲਪੁਰ (ਸਾਬਕਾ ਅਧਿਆਪਕ ਆਗੂ) ਦੀ ਅਗਵਾਈ ਹੇਠ ਇਕੱਠੇ ਹੋਏ ਸੋਸ਼ਲ ਆਗੂਆਂ ਨੇ ਦੂਰ ਦੁਰਾਡੇ ਤੋਂ ਸਰਹੱਦੀ ਸਕੂਲਾਂ 'ਚ ਡਿਊਟੀ ਲਈ ਆਉਂਦੇ ਸਮੇਂ ਸੜਕ ਹਾਦਸੇ 'ਚ ਸਵਰਗਵਾਸ ਹੋਣ ਨੂੰ ਕੁਦਰਤੀ ਕਰੋਪੀ ਅਤੇ ਮੰਦਭਾਗਾ ਆਖਦਿਆਂ ਗੌਰਮਿੰਟ ਟੀਚਰ ਯੂਨੀਅਨ ਦੇ ਸਾਬਕਾ ਪ੍ਰਧਾਨ ਦਲਜੀਤ ਸਿੰਘ ਦਿਆਲਪੁਰ, ਅਰਸਾਲ ਸਿੰਘ ਆਸਲ ਅਤੇ ਜੋਧਬੀਰ ਸ਼ਰਮਾ ਨੇ ਇਸ ਦੁਰਘਟਨਾ ਨੂੰ ਪਰਵਾਰ, ਸਮਾਜ ਅਤੇ ਅਧਿਆਪਕ ਭਾਈਚਾਰੇ 'ਤੇ ਕਹਿਰ ਢਹਿਣਾ ਦੱਸਦਿਆਂ ਸਵਰਗਵਾਸੀ ਅਧਿਆਪਕਾਂ ਦਾ ਦੁੱਖ ਵੰਡਾਇਆ। ਪ ਸ ਸ ਫ ਦੇ ਜ਼ਿਲ੍ਹਾ ਆਗੂ ਸਰਬਜੀਤ ਸਿੰਘ ਅਤੇ ਬਲਾਕ ਪ੍ਰਧਾਨ ਜੋਗਾ ਸਿੰਘ ਦੇ ਵਿਚਾਰਾਂ ਨਾਲ ਸਹਿਮਤੀ ਪ੍ਰਗਟ ਕਰਦਿਆਂ ਅਧਿਆਪਕ ਆਗੂ ਰੇਸ਼ਮ ਸਿੰਘ ਅਤੇ ਕਿਸਾਨ ਆਗੂ ਹਰਭਜਨ ਸਿੰਘ ਚੂਸਲੇਵਾੜ ਨੇ ਆਖਿਆ ਕਿ ਅਜਿਹੀਆਂ ਦੁਰਘਟਨਾਵਾਂ ਤੋਂ ਬਚਾਅ ਲਈ ਸਰਕਾਰ ਨੂੰ ਨਵੇਂ ਅਧਿਆਪਕਾਂ ਨੂੰ ਉਨ੍ਹਾਂ ਦੇ ਜ਼ਿਲ੍ਹੇ ਵਿੱਚ ਹੀ ਨਿਯੁਕਤ ਕਰਨਾ ਚਾਹੀਦਾ ਹੈ । ਫਿਰੋਜ਼ਪੁਰ ਵੱਲੋਂ ਰੋਜ਼ਾਨਾ ਡਿਊਟੀ ਲਈ ਸਰਕਾਰੀ ਹਾਈ ਸਕੂਲ ਆਸਲ ਉਤਾੜ ਆਉਣ ਵਾਲੇ ਅਧਿਆਪਕ ਕਰਨਜੀਤ ਸਿੰਘ ਅਤੇ ਰੋਹਿਤ ਕੁਮਾਰ , ਮਾਨਸਾ ਤੋਂ ਹੰਸਪਾਲ ਸਿੰਘ ਅਤੇ ਫਾਜ਼ਿਲਕਾ ਤੋਂ ਮੁਨੀਸ਼ ਕੁਮਾਰ ਨੇ ਭਰੇ ਮਨ ਨਾਲ ਦੱਸਿਆ ਕਿ ਬਲਾਕ ਵਲਟੋਹਾ ਦੇ ਤਿੰਨ ਨੌਜਵਾਨ ਅਧਿਆਪਕ ਪ੍ਰਿੰਸ ਕੰਬੋਜ, ਕੰਚਨ ਅਤੇ ਮਨਿੰਦਰ ਕੌਰ ਦੀ ਇਸ ਇਲਾਕੇ ਵੱਲ ਸਕੂਲ ਡਿਊਟੀ ਲਈ ਆਉਂਦੇ ਸਮੇਂ ਸੜਕ ਹਾਦਸੇ ਦੌਰਾਨ ਹੋਈ ਕਹਿਰ ਦੀ ਮੌਤ ਕਾਰਨ ਉਧਰੋਂ ਆਉਣ ਵਾਲੇ ਸਾਰੇ ਅਧਿਆਪਕਾਂ ਦੇ ਮਨਾਂ 'ਚ ਖੌਫ ਛਾਇਆ ਹੋਇਆ ਹੈ । ਉਨ੍ਹਾਂ ਹਮਦਰਦੀ ਜਤਾਉਣ ਆਏ ਸਮਾਜਕ ਆਗੂਆਂ ਪ੍ਰਤੀ ਆਭਾਰ ਪ੍ਰਗਟ ਕੀਤਾ। ਗੌਰਮਿੰਟ ਟੀਚਰ ਯੂਨੀਅਨ ਦੇ ਆਗੂਆਂ ਨਾਲ ਮਿਲ ਕੇ ਸਵਰਗਵਾਸੀ ਅਧਿਆਪਕ ਸਾਥੀਆਂ ਦੀ ਆਤਮਿਕ ਸ਼ਾਂਤੀ ਲਈ ਇੱਕ ਸ਼ੋਕ ਸਭਾ ਕਰਕੇ ਦੋ ਮਿੰਟ ਦਾ ਮੌਨ ਰੱਖ ਕੇ ਸਮੂਹਿਕ ਅਰਦਾਸ ਕੀਤੀ। ਜਨਤਕ ਜਥੇਬੰਦੀਆਂ ਨਾਲ ਮਸ਼ਵਰਾ ਕਰ ਕੇ ਉਨ੍ਹਾਂ ਸਵਰਗਵਾਸੀ ਅਧਿਆਪਕ ਸਾਥੀਆਂ ਲਈ ਅਪ੍ਰੈਲ ਮਹੀਨੇ ਦੇ ਅਖੀਰਲੇ ਹਫਤੇ ਇੱਕ ਸ਼ਰਧਾਂਜਲੀ ਸਮਾਗਮ ਕਰਨ ਦਾ ਦਾ ਫੈਸਲਾ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਜਿੰਦਰ ਸਿੰਘ, ਨਿਰਮਲ ਸਿੰਘ, ਮੁਖਤਾਰ ਸਿੰਘ, ਰੋਹਿਤ ਕੁਮਾਰ, ਗੁਰਨੈਬ ਸਿੰਘ, ਗੁਰਜੀਤ ਸਿੰਘ, ਅਸ਼ਵਨੀ ਕੁਮਾਰ ਆਦਿ ਹਾਜ਼ਰ ਸਨ।

8-April-PAGE-4.qxd 4/7/2023 9:31 PM Page 1

ਨਵਾਂ ਜ਼ਮਾਨਾ

ਸ਼ਨੀਵਾਰ, 8 ਅਪ੍ਰੈਲ 2023

# ਸੁਪਰੀਮ ਕੋਰਟ ਵੱਲੋਂ ਸਰਕਾਰ ਦੀ ਖਿਚਾਈ

*ਸੁਪਰੀਮ ਕੋਰਟ ਨੇ ਕੌਮੀ ਸੁਰੱਖਿਆ ਦੇ ਬਹਾਨੇ ਮਨੁੱਖੀ ਅਧਿਕਾਰਾਂ ਦੇ ਕੀਤੇ ਜਾ ਰਹੇ ਘਾਣ ਲਈ ਸਰਕਾਰ ਦੀ ਤਕੜੀ ਖਿਚਾਈ ਕੀਤੀ ਹੈ।*

*ਇੱਕ ਮਲਿਆਲਮ ਚੈਨਲ ਮੀਡੀਆ ਵਨ ਦਾ ਪ੍ਰਸਾਰਨ ਲਾਇਸੰਸ ਰੀਨਿਊ ਨਾ ਕੀਤੇ ਜਾਣ ਵਿਰੁੱਧ ਕੇਸ ਦੀ ਸੁਣਵਾਈ ਕਰਦਿਆਂ ਅਦਾਲਤ ਨੇ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਵਿਰੁੱਧ ਚੈਨਲ ਦੇ ਅਲੋਚਨਾਤਮਕ ਵਿਚਾਰਾਂ ਨੂੰ ਸੱਤਾ ਵਿਰੋਧੀ ਨਹੀਂ ਕਿਹਾ ਜਾ ਸਕਦਾ ਕਿਉਂਕਿ ਮਜ਼ਬੂਤ ਲੋਕਤੰਤਰ ਲਈ ਇੱਕ ਅਜ਼ਾਦ ਪ੍ਰੈੱਸ ਜ਼ਰੂਰੀ ਹੈ। ਇਸ ਦੇ ਨਾਲ ਹੀ ਅਦਾਲਤ ਨੇ ਮੀਡੀਆ ਵਨ ਦੇ ਪ੍ਰਸਾਰਨ ਉੱਤੇ ਲੱਗੀ ਪਾਬੰਦੀ ਰੱਦ ਕਰ ਦਿੱਤੀ ਹੈ।*

*ਚੀਫ ਜਸਟਿਸ ਡੀ ਵਾਈ ਚੰਦਰਚੂੜ ਤੇ ਜਸਟਿਸ ਹੇਮਾ ਕੋਹਲੀ ਦੀ ਬੈਂਚ ਨੇ ਮੰਤਰਾਲੇ ਨੂੰ ਚੈਨਲ ਦੇ ਪ੍ਰਸਾਰਨ ਨੂੰ ਚਾਰ ਹ.ਫਤਿਆਂ ਵਿੱਚ ਰੀਨਿਊ ਕਰਨ ਦਾ ਆਦੇਸ਼ ਦਿੱਤਾ ਹੈ। ਬੈਂਚ ਨੇ ਗ੍ਰਹਿ ਮੰਤਰਾਲੇ ਵੱਲੋਂ ਪੇਸ਼ ਕੀਤੇ ਬੰਦ ਲਿ.ਫਾ.ਫਾ ਦਸਤਾਵੇਜ਼ਾਂ ਦੇ ਅਧਾਰ 'ਤੇ ਕੇਂਦਰ ਦੇ .ਫੈਸਲੇ ਨੂੰ ਬਰਕਰਾਰ ਰੱਖਣ ਦੇ ਕੇਰਲਾ ਹਾਈਕੋਰਟ ਦੇ .ਫੈਸਲੇ ਦੀ ਵੀ ਤਿੱਖੀ ਅਲੋਚਨਾ ਕੀਤੀ। ਬੈਂਚ ਨੇ ਕਿਹਾ ਕਿ ਹਾਈਕੋਰਟ ਨੇ ਸੁਰੱਖਿਆ ਮਨਜ਼ੂਰੀ ਤੋਂ ਇਨਕਾਰ ਕਰਨ ਦੇ ਕਾਰਨਾਂ ਦਾ ਖੁਲਾਸਾ ਨਹੀਂ ਕੀਤਾ। ਇਸ ਗੱਲ ਦਾ ਕੋਈ ਸਪੱਸ਼ਟੀਕਰਨ ਨਹੀਂ ਕਿ ਹਾਈਕੋਰਟ ਦੇ ਦਿਮਾ.ਗ ਵਿੱਚ ਕੀ ਸੀ, ਜਿਸ ਤੋਂ ਇਹ ਜਾਣਿਆ ਜਾ ਸਕੇ ਕਿ ਮਨਜ਼ੂਰੀ ਤੋਂ ਇਨਕਾਰ ਠੀਕ ਸੀ। ਬੈਂਚ ਨੇ ਕਿਹਾ ਕਿ ਮੰਤਰਾਲੇ ਵੱਲੋਂ ਸੁਰੱਖਿਆ ਮਨਜ਼ੂਰੀ ਤੋਂ ਇਨਕਾਰ ਕਰਨ ਦੇ ਕਾਰਨਾਂ ਦਾ ਖੁਲਾਸਾ ਨਾ ਕਰਨਾ ਤੇ ਸਿਰ.ਫ ਸੀਲਬੰਦ ਲਿ.ਫਾ.ਫੇ ਨੂੰ ਅਦਾਲਤ ਵਿੱਚ ਪੇਸ਼ ਕਰਕੇ ਕੰਪਨੀ ਨੂੰ ਹਨ੍ਹੇਰੇ ਵਿੱਚ ਰੱਖਣਾ ਕੁਦਰਤੀ ਨਿਆਂ ਦੇ ਸਿਧਾਂਤਾਂ ਤੇ ਨਿਰਪੱਖ ਕਾਰਵਾਈ ਦੇ ਅਧਿਕਾਰ ਦੀ ਉਲੰਘਣਾ ਹੈ।*

*ਬੈਂਚ ਨੇ ਕਿਹਾ ਕਿ ਰਾਜ ਨਾਗਰਿਕਾਂ ਦੇ ਅਧਿਕਾਰਾਂ ਨੂੰ ਖੋਹਣ ਲਈ ਕੌਮੀ ਸੁਰੱਖਿਆ ਦੀ ਦਲੀਲ ਦੀ ਵਰਤੋਂ ਕਰ ਰਿਹਾ ਹੈ। ਇਹ ਕਾਨੂੰਨ ਦੇ ਸ਼ਾਸਨ ਨਾਲ ਮੇਲ ਨਹੀਂ ਖਾਂਦਾ। ਕੌਮੀ ਸੁਰੱਖਿਆ ਨਾਲ ਸੰਬੰਧਤ ਮੁੱਦਿਆਂ ਨੂੰ ਹਰ ਮਸਲੇ ਨਾਲ ਰਲਗਡ ਕਰਨਾ ਰਾਜ ਨੂੰ ਨਿਰਪੱਖ ਰੂਪ ਨਾਲ ਕੰਮ ਨਹੀਂ ਕਰਨ ਦੇਵੇਗਾ।*

*ਯਾਦ ਰਹੇ ਕਿ ਗ੍ਰਹਿ ਮੰਤਰਾਲੇ ਨੇ ਨਾਗਰਿਕਤਾ ਸੋਧ ਕਾਨੂੰਨ, ਐਨ ਆਰ ਸੀ, ਨਿਆਂ ਪਾਲਿਕਾ ਤੇ ਕੇਂਦਰ ਸਰਕਾਰ ਦੀ ਅਲੋਚਨਾ ਵਾਲੀਆਂ ਚੈਨਲ ਦੀਆਂ ਰਿਪੋਰਟਾਂ ਦੇ ਅਧਾਰ 'ਤੇ ਕਿਹਾ ਸੀ ਕਿ ਚੈਨਲ ਸੱਤਾ ਵਿਰੋਧੀ ਹੈ। ਅਦਾਲਤ ਨੇ ਕਿਹਾ ਕਿ ਪ੍ਰਸਾਰਨ ਲਾਇਸੰਸ ਦੇ ਨਵੀਨੀਕਰਨ ਤੋਂ ਇਨਕਾਰ ਕਰਨ ਲਈ ਇਹ ਠੀਕ ਅਧਾਰ ਨਹੀਂ ਹੈ।*

*ਬੈਂਚ ਨੇ ਕਿਹਾ ਕਿ ਪ੍ਰੈੱਸ ਦਾ ਕਰਤਵ ਹੈ ਕਿ ਉਹ ਸੱਤਾ ਨਾਲ ਸੱਚ ਬੋਲੇ ਤੇ ਨਾਗਰਿਕਾਂ ਦੇ ਔਖੇ ਸਵਾਲਾਂ ਨੂੰ ਸਾਂਝੇ ਕਰੇ। ਸਰਕਾਰ ਦੀਆਂ ਨੀਤੀਆਂ ਵਿਰੁੱਧ ਚੈਨਲ ਦੇ ਅਲੋਚਨਾਤਮਕ ਵਿਚਾਰਾਂ ਨੂੰ ਸੱਤਾ ਵਿਰੋਧੀ ਨਹੀਂ ਕਿਹਾ ਜਾ ਸਕਦਾ। ਸੁਤੰਤਰ ਪ੍ਰੈੱਸ ਮਜ਼ਬੂਤ ਲੋਕਤੰਤਰ ਲਈ ਜ਼ਰੂਰੀ ਹੈ। ਕਿਸੇ ਚੈਨਲ ਦੇ ਲਾਇਸੰਸ ਦਾ ਨਵੀਨੀਕਰਨ ਨਾ ਕਰਨਾ ਪ੍ਰਗਟਾਵੇ ਦੀ ਅਜ਼ਾਦੀ ਦੇ ਅਧਿਕਾਰ 'ਤੇ ਪਾਬੰਦੀ ਹੈ।*

# ਹਾਕਮਾਂ ਦੇ ਜਾਬਰ ਕਾਲੇ ਕਾਨੂੰਨਾਂ ਦੇ ਨਕਸ਼ ਪਛਾਣੋ


ਡਾ. ਬਲਜਿੰਦਰ ਸਿੰਘ

ਕੌਮੀ ਤੇ ਕੌਮਾਂਤਰੀ ਪੱਧਰ 'ਤੇ ਜਮਹੂਰੀ ਹੱਕਾਂ ਲਈ ਸਰਗਰਮ ਕਾਰਕੁਨਾਂ, ਖੋਜੀ ਨਾਮਾਨਿਗਾਰਾਂ, ਲੋਕ ਸਰੋਕਾਰਾਂ ਦੇ ਮੁੱਦਿਆਂ 'ਤੇ ਗੱਲ ਕਰਨ ਵਾਲੇ ਪਰਚਿਆਂ ਅਤੇ ਤਕਨੀਕੀ ਕੰਪਨੀਆਂ ਵੱਲੋਂ ਸਰਕਾਰ ਜ਼ਰੀਏ ਸਮਾਜਕ ਕਾਰਕੁਨਾਂ, ਸਿਆਸੀ ਵਿਰੋਧੀਆਂ, ਪੱਤਰਕਾਰਾਂ, ਜਮਹੂਰੀ ਹੱਕਾਂ ਦੇ ਕਾਰਕੁਨਾਂ ਦੀ ਕੀਤੀ ਜਾ ਰਹੀ ਜਾਸੂਸੀ ਦੀਆਂ ਕੀਤੀਆਂ ਗਈਆਂ ਪਾਜ-ਉਘੜਾਈਆਂ ਕਾਰਨ ਸਰਕਾਰੀ ਤੰਤਰ ਚਿੰਤਾਤੁਰ ਹੈ। ਉਹ ਇਸ ਗੱਲ 'ਤੇ ਆਮਦਾ ਹੈ ਕਿ ਕੋਈ ਨਾ ਕੋਈ ਹੋਰ ਬੰਨ੍ਹ-ਸੁੱਬ ਬਣਾਇਆ ਜਾਵੇ, ਤਾਂ ਕਿ ਜਾਸੂਸੀ ਦੀ ਇਹ ਪ੍ਰਕਿਰਿਆ ਨਿਰਵਿਘਨ ਜਾਰੀ ਰਹੇ, ਕਿਉਂਕਿ ਜਿਵੇਂ ਕਿ ਇਤਿਹਾਸ ਹੀ ਸਾਨੂੰ ਇਹ ਦੱਸਦਾ ਹੈ ਕਿ ਸਰਕਾਰਾਂ ਚਲਾਉਣ ਭਾਵ ਹਕੂਮਤ ਕਰਨ ਲਈ ਵਿਸ਼ੇਸ਼ ਢੰਗ-ਤਰੀਕਿਆਂ 'ਚੋਂ ਜਾਸੂਸੀ ਇੱਕ ਕਾਰਗਰ ਹਥਿਆਰ ਹੈ। ਜਿਵੇਂ ਕਿ ਸਰਕਾਰ ਚਲਾਉਣ ਦੇ ਵਿਸ਼ੇਸ਼ ਢੰਗ-ਤਰੀਕਿਆਂ ਨੂੰ ਬਿਆਨਦਿਆਂ ਚਾਣਕਿਆ ਵੱਲੋਂ ਸੁਝਾਏ ਅਜਿਹੇ ਕਥਨਾਂ ਨੂੰ ਮਸ਼ਹੂਰ ਟਿੱਪਣੀਕਾਰ ਆਰ ਐੱਸ ਸ਼ਰਮਾ ਨੇ ਇਸ ਢੰਗ ਨਾਲ ਲਿਖਿਆ ਹੈ-'ਨਾਸਤਕਾਂ (ਅਸਲ 'ਚ ਵਿਵਸਥਾ ਵਿਰੋਧੀ ਜਾਂ ਦਲੀਲ ਨਾਲ ਗੱਲ ਕਰਨ ਵਾਲੇ) ਨੂੰ ਜ਼ਹਿਰੀਲੀ ਚੀਜ਼ ਪਿਆਈ ਜਾ ਸਕਦੀ ਹੈ ਜਾਂ ਫਿਰ ਉਹਨਾਂ ਉੱਪਰ ਜ਼ਹਿਰੀਲਾ ਪਾਣੀ ਛਿੜਕ ਕੇ ਬੇਹੋਸ਼ ਕੀਤਾ ਜਾ ਸਕਦਾ ਹੈ ਅਤੇ ਫਿਰ ਸਰਕਾਰੀ ਸੂਹੀਏ ਉਹਨਾਂ ਦੀ ਇਸ ਬੇਹੋਸ਼ੀ ਨੂੰ ਦੇਵਤਿਆਂ ਦੇ ਸਰਾਪ ਵਜੋਂ ਪ੍ਰਚਾਰ ਸਕਦੇ ਹਨ। ਇਸੇ ਤਰ੍ਹਾਂ ਸਰਕਾਰੀ ਜਾਸੂਸ ਪ੍ਰਮਾਤਮਾ ਦੀ ਨਿੰਦਾ ਕਰਨ ਵਾਲੇ ਨੂੰ ਜ਼ਹਿਰੀਲੇ ਕੋਬਰਾ ਸੱਪਾਂ ਤੋਂ ਡੰਗ ਮਰਵਾ ਸਕਦੇ ਹਨ ਅਤੇ ਇਸ ਨੂੰ ਰੱਬ ਦੇ ਸਰਾਪ ਦਾ ਨਾਂਅ ਦੇ ਸਕਦੇ ਹਨ।'

ਇੱਕੀਵੀਂ ਸਦੀ ਦੇ ਤੀਜੇ ਦਹਾਕੇ 'ਚ ਅੱਜ ਭਾਵੇਂ ਚਾਣਕਿਆ ਦੇ ਵੇਲੇ ਵਾਲਾ ਮੌਰੀਆ ਵੰਸ਼ ਦਾ ਕੋਈ ਰਾਜਾ ਨਹੀਂ ਹੈ, ਨਾ ਹੀ ਉਹ ਰਾਜ ਹੈ, ਪਰ ਅੱਜ ਦੀ ਹਕੂਮਤ ਦੇ ਚਲਣ ਨੂੰ ਦੇਖਦਿਆਂ ਉਹੀ ਪ੍ਰਾਚੀਨ ਰਾਜਾਂ ਦਾ ਸੰਕਲਪ ਅਤੇ ਹਕੂਮਤ ਕਰਨ ਦੇ ਉਹੀ ਤੌਰ-ਤਰੀਕੇ ਮੁੜ ਚੇਤੇ ਆ ਜਾਂਦੇ ਹਨ, ਜਦੋਂ ਭਾਰਤ ਦੀ ਮੋਦੀ ਸਰਕਾਰ ਇਜ਼ਰਾਈਲੀ ਕੰਪਨੀ ਪੈਗਾਸਸ ਵਰਗੇ ਜਾਸੂਸੀ ਸਾਫਟਵੇਅਰਾਂ ਨੂੰ ਵਰਤਦਿਆਂ ਆਪਣੇ ਸਿਆਸੀ ਵਿਰੋਧੀਆਂ, ਪੱਤਰਕਾਰਾਂ ਅਤੇ ਲੋਕ-ਪੱਖੀ ਤਾਕਤਾਂ ਦੇ ਚੋਣਵੇਂ ਮੋਹਰੀ ਵਿਅਕਤੀਆਂ ਨੂੰ ਆਪਣੇ ਸ਼ਿਕੰਜੇ 'ਚ ਕਰਨ ਦੀ ਕੋਸ਼ਿਸ਼ ਕਰਦੀ ਹੈ 'ਫਾਈਨੈਂਸ਼ੀਅਲ ਟਾਈਮਜ਼' ਦੀ ਇੱਕ ਤਾਜ਼ਾ ਖਬਰ ਅਨੁਸਾਰ ਪੈਗਾਸਸ ਦੇ ਵੱਡੀ ਪੱਧਰ 'ਤੇ ਬਦਨਾਮ ਹੋ ਜਾਣ ਕਰਕੇ ਸਰਕਾਰ ਕੋਈ ਘੱਟ ਪ੍ਰਸਿੱਧੀ ਵਾਲੀ ਕੰਪਨੀ ਦੀ ਭਾਲ 'ਚ ਹੈ, ਜਿਹੜੀ ਮੋਦੀ ਸਰਕਾਰ ਦੇ ਇਹਨਾਂ ਚੰਦਰੇ ਮਨਸੂਬਿਆਂ ਨੂੰ ਸਿਰੇ ਚਾੜ੍ਹਨ 'ਚ ਮਦਦ ਕਰ ਸਕੇ, ਕਿਉਂਕਿ ਜਸੂਸੀ ਦੀਆਂ ਇਹਨਾਂ ਕਾਰਵਾਈਆਂ ਨੂੰ ਸਰ-ਅੰਜਾਮ ਦੇਣ ਲਈ ਸਰਕਾਰ ਨੇ ਇੱਕ ਹਜ਼ਾਰ ਕਰੋੜ ਰੁਪਏ ਦੀ ਵੱਡੀ ਰਾਸ਼ੀ ਅਜਿਹੀਆਂ ਤਕਨੀਕਾਂ ਦੀ ਖਰੀਦ ਲਈ ਰਾਖਵੀਂ ਰੱਖੀ ਹੋਈ ਹੈ। ਕੁਆਡਰੀਮ, ਇੰਟਲੈਕਸਾ ਅਤੇ ਕੋਗਨਾਈਟ ਵਰਗੀਆਂ ਕੰਪਨੀਆਂ ਟੈਂਡਰ ਪਾਉਣ 'ਚ ਮੋਹਰੀ ਹਨ। ਸਮਝਿਆ ਜਾਂਦਾ ਹੈ ਕਿ ਇਹਨਾਂ ਸਾਰੀਆਂ 'ਚੋਂ ਕੋਗਨਾਈਟ ਦਾ ਹੱਥ ਉੱਤੋਂ ਦੀ ਹੈ।

ਪਰ ਦੇਖਣ ਵਾਲੀ ਗੱਲ ਇਹ ਹੈ ਕਿ ਸਰਕਾਰ ਨੇ ਇਸ ਸਬੰਧੀ ਟੈਂਡਰ ਲੈਣ ਦੀ ਪ੍ਰਕਿਰਿਆ 'ਚ ਇਸ ਗੱਲ ਦਾ ਕੋਈ ਵੀ ਖਿਆਲ ਨਹੀਂ ਰੱਖਿਆ ਗਿਆ ਕਿ ਠੇਕਾ ਹਾਸਲ ਕਰਨ ਦੀ ਦੌੜ 'ਚ ਸਾਮਲ ਕੰਪਨੀਆਂ ਦਾ ਪਿਛਲਾ ਕਿਰਦਾਰ ਕੀ ਰਿਹਾ ਹੈ। ਕੋਗਨਾਈਟ ਦੇ ਮਾਮਲੇ 'ਚ ਕਿ ਇਹ ਕੰਪਨੀ ਮਨੁੱਖੀ ਅਧਿਕਾਰਾਂ ਦੇ ਮਾਮਲੇ 'ਚ ਬਹੁਤ ਹੀ ਮਾੜੇ ਰਿਕਾਰਡ ਵਾਲੀ ਹੈ। ਫੇਸਬੁਕ ਦੀ ਮਾਲਕ ਕੰਪਨੀ ਮੈਟਾ ਵੱਲੋਂ ਜਾਰੀ 'ਸਰਵੇਲੈਂਸ ਫਾਰ ਹਾਯਰ ਇੰਡਸਟਰੀ' ਨਾਮੀ ਰਿਪੋਰਟ 'ਚ ਦੱਸਿਆ ਹੈ ਕਿ ਇਸ ਨੇ ਇਸ ਕੰਪਨੀ ਦੇ ਫੇਸਬੁਕ ਤੇ ਇੰਸਟਾਗਰਾਮ 'ਤੇ ਚਲਦੇ 100 ਖਾਤਿਆਂ ਨੂੰ ਬਰਖਾਸਤ ਕੀਤਾ ਹੈ। ਕਾਰਨ ਇਹ ਕਿ ਇਹਨਾਂ ਖਾਤਿਆਂ ਜ਼ਰੀਏ ਇਹ ਬਾਹਰਲੇ ਮੁਲਕਾਂ ਦੇ ਪੱਤਰਕਾਰਾਂ ਤੇ ਸਿਆਸੀ ਵਿਰੋਧੀਆਂ ਦੀ ਜਸੂਸੀ ਕਰਦਿਆਂ ਪਾਈ ਗਈ। ਸਰਕਾਰ ਨੇ ਪਹਿਲਾਂ ਪੈਗਾਸਸ ਸਾਫਟਵੇਅਰ ਦੇ ਜ਼ਰੀਏ ਵਿਰੋਧੀ ਪਾਰਟੀਆਂ ਦੇ ਆਗੂਆਂ, ਨਾਮੀਂ ਪੱਤਰਕਾਰਾਂ, ਨਾਮਵਰ ਸ਼ਖਸੀਅਤਾਂ, ਜਮਹੂਰੀ ਹੱਕਾਂ ਲਈ ਲੜਣ ਵਾਲੇ ਕਾਰਕੁਨਾਂ ਆਦਿ ਬਾਰੇ ਜਸੂਸੀ ਕੀਤੀ ਅਤੇ ਜਮਹੂਰੀ ਹੱਕਾਂ ਦੇ ਕਾਰਕੁਨਾਂ ਦੇ ਤਾਂ ਲੈਪਟਾਪਾਂ ਤੱਕ ਨੂੰ ਵੀ ਹੈਕ ਕਰਕੇ ਆਪਣੀ ਮਰਜ਼ੀ ਦੇ ਕੰਟੈਂਟ (ਲੇਖਣੀ) ਨੂੰ ਉਹਨਾਂ ਦੇ ਲੈਪਟਾਪਾਂ 'ਚ ਘੁਸੇੜ ਕੇ ਉਹਨਾਂ ਨੂੰ ਝੂਠੇ ਕੇਸਾਂ 'ਚ ਫਸਾਇਆ ਅਤੇ ਯੂ ਏ ਪੀ ਏ ਵਰਗੇ ਜਾਬਰ ਕਾਨੂੰਨਾਂ ਦੀਆਂ ਧਾਰਾਵਾਂ ਲਾ ਕੇ ਉਹਨਾਂ ਨੂੰ ਜੇਲ੍ਹਾਂ ਦੇ ਅੰਦਰ ਡੱਕਿਆ ਹੋਇਆ ਹੈ। ਐਲਗਾਰ ਪ੍ਰੀਸ਼ਦ ਦਾ ਮਾਮਲਾ ਕਿਸੇ ਵੀ ਹੋਰ ਵਿਸਥਾਰ ਦੀ ਗੁੰਜਾਇਸ਼ ਨਹੀਂ ਰਹਿਣ ਦਿੰਦਾ ਜੀਹਦੇ 'ਚ ਦੇਸ਼ ਦੇ ਨਾਮਵਰ ਬੁੱਧੀਜੀਵੀਆਂ ਅਤੇ ਹੋਰ ਕਾਰਕੁਨਾਂ ਨੂੰ ਬਿਨਾਂ ਕਿਸੇ ਜ਼ਮਾਨਤ ਦੇ ਪਿਛਲੇ ਪੰਜ ਸਾਲਾਂ ਤੋਂ ਜੇਲ੍ਹ ਦੀਆਂ ਸਲਾਖਾਂ ਪਿੱਛੇ ਬੰਦ ਕੀਤਾ ਹੋਇਆ ਹੈ।

ਗੱਲ ਸਿਰਫ ਜਾਸੂਸੀ ਤੱਕ ਹੀ ਸੀਮਤ ਨਹੀਂ ਹੈ, ਬਲਕਿ ਸਰਕਾਰ ਦੇ ਕਿਸੇ ਵੀ ਫੈਸਲੇ-ਨੀਤੀ ਆਦਿ ਦੇ ਕਿਸੇ ਵੀ ਕਿਸਮ ਦੇ ਵਿਰੋਧ ਨੂੰ ਬਰਦਾਸਤ ਕਰਨ ਦਾ ਮਾਦਾ ਸਰਕਾਰ ਪਾਸ ਨਹੀਂ ਹੈ। ਹਰ ਪੱਧਰ 'ਤੇ ਅਤੇ ਹਰ ਪਲੇਟਫਾਰਮ ਤੋਂ ਹੀ ਇਹ ਧੁਮਾਇਆ ਜਾ ਰਿਹਾ ਹੈ ਕਿ ਸਰਕਾਰ ਦਾ ਵਿਰੋਧ ਅਸਲ 'ਚ ਮੁਲਕ ਦਾ ਹੀ ਵਿਰੋਧ ਹੈ, ਚਾਹੇ ਉਹ ਸੀ ਏ ਏ ਦੇ ਖਿਲਾਫ ਵਿਰੋਧ ਕਰ ਰਹੇ ਧਰਨਾਕਾਰੀ ਹੋਣ, ਜਿਹਨਾਂ ਬਾਰੇ ਇਹ ਕਿਹ ਗਿਆ 'ਦੇਸ਼ ਕੇ ਗੱਦਾਰਾਂ ਕੋ' ਗੋਲੀ ਮਾਰੋ ਸਾਲੋਂ ਕੋ।" ਕਿਉਂਕਿ ਸਰਕਾਰ ਤਾਂ ਦੇਸ ਦੀ ਭਲਾਈ ਲਈ ਹੀ ਸਰਗਰਮੀ ਲੰਘੀ ਨਾਲ ਦਿਨ-ਰਾਤ ਇੱਕ ਕਰ ਰਹੀ ਹੈ। ਅਜੇ ਪਿੱਛੇ ਜਿਹੇ ਹੀ 18 ਮਾਰਚ ਨੂੰ ਇੰਡੀਆ ਟੂਡੇ ਵੱਲੋਂ 'ਜੱਜਾਂ ਦੀ ਜਵਾਬਦੇਹੀ' ਵਿਸ਼ੇ 'ਤੇ ਕਰਵਾਏ ਗਏ ਜੱਜਾਂ ਤੇ ਸੀਨੀਅਰ ਐਡਵੋਕੇਟਾਂ ਦੀ ਸਮੂਲੀਅਤ ਵਾਲੇ ਇੱਕ ਸੈਮੀਨਾਰ 'ਚ ਬੋਲਦਿਆਂ ਕਾਨੂੰਨ ਮੰਤਰੀ ਕਿਰਨ ਰਿਜਿਜੂ ਨੇ ਕਿਹਾ ਕਿ ਤਿੰਨ ਜਾਂ ਚਾਰ ਸਾਬਕਾ ਜੱਜ ਭਾਰਤ ਵਿਰੋਧੀ ਗੈਂਗ ਦਾ ਹਿੱਸਾ ਹਨ ਅਤੇ ਧਮਕੀ ਦਿੰਦਿਆਂ ਕਿਹਾ ਕਿ ਜੋ ਕੋਈ ਵੀ ਦੇਸ਼ ਵਿਰੁੱਧ ਕੰਮ ਕਰੇਗਾ, ਉਹਨੂੰ ਇਹਦੀ ਕੀਮਤ ਅਦਾ ਕਰਨੀ ਪਵੇਗੀ। ਨਾਲ ਹੀ ਉਹਨੇ ਕਿਹਾ ਕਿ ਇਹ ਸਾਰੇ ਵਿਰੋਧੀ ਧਿਰ ਵਾਂਗ ਕੰਮ ਕਰ ਰਹੇ ਹਨ। ਇਹਦੇ ਵਿਰੋਧ 'ਚ 300 ਵਕੀਲਾਂ ਵੱਲੋਂ ਇੱਕ ਮੰਗ ਪੱਤਰ ਭੇਜਿਆ ਗਿਆ ਕਿ ਕਾਨੂੰਨ ਮੰਤਰੀ ਦੇ ਇਸ ਢੰਗ ਨਾਲ ਕਹਿਣ ਦਾ ਅਰਥ ਇਹ ਬਣਦਾ ਹੈ ਕਿ ਕੋਈ ਵੀ ਸ਼ਹਿਰੀ ਸਰਕਾਰ ਦੀ ਨੁਕਤਾਚੀਨੀ ਨਾ ਕਰੇ। ਧਮਕੀ ਭਰੇ ਅੰਦਾਜ਼ 'ਚ ਮੰਤਰੀ ਵੱਲੋਂ ਉਚਾਰੇ ਲਫਜ਼ ਇਹ ਸੰਦੇਸ਼ ਦਿੰਦੇ ਹਨ ਕਿ ਭਾਰਤ ਦੇ ਕਿਸੇ ਵੀ ਨਾਗਰਿਕ ਨੂੰ ਸਰਕਾਰ ਦਾ ਵਿਰੋਧ ਕਰਨ ਦਾ ਕੋਈ ਹੱਕ ਨਹੀਂ ਹੈ। ਕਿਉਂਕਿ ਅਗਰ ਕੋਈ ਸਰਕਾਰ ਦੇ ਕਿਸੇ ਨੀਤੀ/ਫੈਸਲੇ 'ਤੇ ਨੁਕਤਾਚੀਨੀ ਕਰਦਾ ਹੈ ਤਾਂ ਉਹ ਦੇਸ ਵਿਰੋਧੀ ਗੱਲ ਕਰਦਾ ਹੈ ਅਤੇ ਉਹ ਦੇਸ ਵਿਰੋਧੀ ਹੈ। ਇਓਂ ਜਮਹੂਰੀਅਤ ਲਈ ਕੋਈ ਵੀ ਜਗ੍ਹਾ ਬਾਕੀ ਨਹੀਂ ਰਹਿ ਜਾਂਦੀ।

ਅੱਜ ਦੇ ਅਜਿਹੇ ਸਿਆਸੀ ਹਾਲਾਤ, ਜਿਹਨਾਂ 'ਚ ਆਦਿ-ਵਾਸੀਆਂ ਤੇ ਆਮ ਵਿਸ਼ਾਲ ਲੋਕਾਈ ਨੂੰ ਜਲ-ਜੰਗਲ-ਜ਼ਮੀਨ ਦੇ ਹੱਕ ਤੋਂ ਵਾਂਝਿਆਂ ਕਰਕੇ ਕਾਰਪੋਰੇਟਾਂ ਮੂਹਰੇ ਪਰੋਸਿਆ ਜਾ ਰਿਹਾ ਹੈ, ਆਦਿ-ਵਾਸੀਆਂ ਨੂੰ ਖੌਫਜ਼ਦਾ ਕਰਨ ਲਈ ਉਹਨਾਂ 'ਤੇ ਵਿਦੇਸ਼ੀ ਧਾੜਵੀਆਂ ਮਾਫਕ ਡਰੋਨ ਹਮਲੇ ਕੀਤੇ ਜਾ ਰਹੇ ਹਨ, ਸਰਕਾਰੀ ਜ਼ਮੀਨਾਂ-ਜਾਇਦਾਦਾਂ, ਰੇਲਵੇ, ਹਵਾਈ ਅੱਡੇ, ਬੰਦਰਗਾਹਾਂ, ਪਬਲਿਕ ਸੈਕਟਰ ਦੇ ਮੁਨਾਫਾ ਕਮਾਉਣ ਵਾਲੇ ਅਦਾਰਿਆਂ ਆਦਿ ਨੂੰ ਕੌਡੀਆਂ ਦੇ ਭਾਅ ਕਾਰਪੋਰੇਟਾਂ ਨੂੰ ਵੇਚਿਆ ਜਾ ਰਿਹਾ ਹੈ, ਲੰਮੇ ਸੰਘਰਸ਼ਾਂ ਰਾਹੀਂ ਅੱਠ ਘੰਟੇ ਦਿਹਾੜੀ ਵਰਗੇ ਜਿੱਤੇ ਕਿਰਤੀਆਂ ਦੇ ਜਮਹੂਰੀ ਅਤੇ ਹੋਰ ਕਿਰਤੀ ਹੱਕਾਂ ਨੂੰ ਕਿਰਤ ਕੋਡਾਂ ਦੇ ਨਾਂਅ ਹੇਠ ਖੋਹਿਆ ਜਾ ਰਿਹਾ ਹੈ, ਲੋਕਾਂ ਦੇ ਸੰਘਰਸ਼ਾਂ ਨੂੰ ਲੀਹੋਂ ਲਾਹੁਣ ਲਈ ਉਹਨਾਂ ਦੀ ਫਿਰਕੂ ਆਧਾਰ 'ਤੇ ਪਾਲਾਬੰਦੀ ਕੀਤੀ ਜਾ ਰਹੀ ਹੈ, ਖਾਣ-ਪਹਿਣਨ-ਪਚਰਣ ਆਦਿ ਵਰਗੀਆਂ ਹਰ ਕਿਸਮ ਦੀਆਂ ਪਾਬੰਦੀਆਂ ਲਾ ਕੇ ਅਤੇ ਬੁਲਡੋਜ਼ਰ ਚਲਾ ਕੇ ਧਾਰਮਕ ਘੱਟ ਗਿਣਤੀਆਂ ਦੇ ਘਰਾਂ ਨੂੰ ਢਾਹ ਕੇ ਉਹਨਾਂ ਨੂੰ ਡਰਾਇਆ-ਧਮਕਾਇਆ ਜਾ ਰਿਹਾ ਹੈ, ਸਰਕਾਰ ਦੇ ਕਿਸੇ ਵੀ ਫੈਸਲੇ ਦੇ ਮਾੜੇ-ਮੋਟੇ ਵਿਰੋਧ ਨੂੰ ਵੀ ਇਉਂ ਕਿਹਾ ਜਾਂਦਾ ਹੈ ਕਿ ਉਹਨਾਂ ਨੂੰ ਪਾਕਿਸਤਾਨ ਚਲੇ ਜਾਣਾ ਚਾਹੀਦਾ ਹੈ, ਇਹ ਸਾਰਾ ਘਟਨਾਕਰਮ ਉਹਨਾਂ ਹੀ ਸਮਿਆਂ ਦੀ ਯਾਦ ਦੁਆਉਂਦਾ ਹੈ।

ਜਦੋਂ ਗਦਰ ਲਹਿਰ ਦੇ ਅਸੂਲ 'ਤੇ ਟੇਕ ਰੱਖਦਿਆਂ ਰੋਲਟ ਐਕਟ ਦੇ ਵਿਰੋਧ 'ਚ ਵਿਸ਼ਾਲ ਭਾਈਚਾਰਕ ਏਕਤਾ ਉੱਸਰੀ ਸੀ ਅਤੇ ਇਸੇ ਏਕਤਾ ਦੇ ਬਲਬੂਤੇ ਬਰਤਾਨਵੀ ਸਾਮਰਾਜੀ ਹਾਕਮਾਂ ਖਿਲਾਫ ਸੰਘਰਸ਼ ਤੇਜ਼ ਹੋ ਰਿਹਾ ਸੀ ਅਤੇ ਹਕੂਮਤ ਨੇ ਜਲ੍ਹਿਆਂ ਵਾਲਾ ਬਾਗ ਦੇ ਸਾਕੇ ਮੌਕੇ ਬਣੀ ਇਸ ਵਿਸ਼ਾਲ ਭਾਈਚਾਰਕ ਸਾਂਝ ਨੂੰ ਤੋੜਨ ਲਈ ਲੋਕ ਰਾਇ ਦੀ ਸੰਘੀ ਘੁੱਟਣ ਲਈ 8 ਅਪ੍ਰੈਲ 1929 ਨੂੰ ਦਿੱਲੀ ਦੇ ਅਸੰਬਲੀ ਹਾਲ ਅੰਦਰ ਪਬਲਿਕ ਸੇਫਟੀ ਐਕਟ ਅਤੇ ਪ੍ਰੈੱਸ ਸਡੀਸਨ ਐਕਟ ਨਾਂਅ ਦੇ ਦੋ ਬਿੱਲ ਲਿਆਂਦੇ ਸਨ। ਭਾਵੇਂ ਕਿ ਅਦਿਹੇ ਕਾਨੂੰਨਾਂ ਨੂੰ ਘੜਣ ਦਾ ਕੰਮ 1857 ਦੀ ਭਾਰਤ ਦੀ ਪਹਿਲੀ ਜੰਗੇ-ਆਜ਼ਾਦੀ ਤੋਂ ਤ੍ਰਭਕੇ ਬਰਤਾਨਵੀ ਹਾਕਮਾਂ ਨੇ ਆਪਣੇ ਰਾਜ ਦੀ ਉਮਰ ਲਮੇਰੀ ਕਰਨ ਲਈ ਪਿੱਛੇ ਤੋਂ ਹੀ ਸ਼ੁਰੂ ਕੀਤਾ ਹੋਇਆ ਸੀ। ਜਲ੍ਹਿਆਂ ਵਾਲਾ ਬਾਗ ਦੇ ਸਾਕੇ ਤੋਂ ਪਹਿਲਾਂ ਲੋਕ ਰੋਹ 'ਤੇ ਹਵਾਈ ਹਮਲੇ ਵੀ ਕੀਤੇ ਗਏ ਸਨ। ਰੋਲਟ ਐਕਟ ਵਰਗੇ ਕਾਨੂੰਨ ਵਿਸ਼ਾਲ ਲੋਕ ਵਿਰੋਧ ਦੇ ਬਾਵਜੂਦ ਲੋਕਾਂ 'ਤੇ ਮੜ੍ਹੇ ਗਏ ਅਤੇ ਜਿਹਨਾਂ ਨੂੰ ਲਗਾਤਾਰਤਾ 'ਚ 1947 ਤੋਂ ਬਾਅਦ ਦੇ ਅਰਸੇ ਦੌਰਾਨ ਬਦਲ-ਬਦਲ ਕੇ ਆਏ ਹਾਕਮਾਂ ਵੱਲੋਂ ਉਸੇ ਰੂਪ 'ਚ ਨਾ ਸਿਰਫ ਜਾਰੀ ਹੀ ਰੱਖਿਆ ਜਾ ਰਿਹਾ ਹੈ, ਬਲਕਿ ਬਹੁਤ ਸਾਰੀਆਂ ਹਾਲਤਾਂ 'ਚ ਇਹਨਾਂ ਕਾਲੇ ਕਾਨੂੰਨਾਂ ਨੂੰ ਹੋਰ ਵੀ ਵਧੇਰੇ ਜਾਬਰ ਬਣਾਇਆ ਗਿਆ ਹੈ।

ਇਹਨਾਂ ਕਾਲੇ ਕਾਨੂੰਨਾਂ ਨੂੰ ਪਾਸ ਕਰਨ ਦੇ ਅਮਲ ਦੌਰਾਨ 'ਹਾਕਮਾਂ ਦੇ ਬੋਲੇ ਕੰਨਾਂ ਨੂੰ ਸੁਣਾਉਣ' ਲਈ ਸ਼ਹੀਦ ਭਗਤ ਸਿੰਘ ਤੇ ਬੀ ਕੇ ਦੱਤ ਨੇ ਅਸੰਬਲੀ ਹਾਲ ਅੰਦਰ ਬੰਬ ਧਮਾਕੇ ਕਰਕੇ ਇਨਕਲਾਬ ਜ਼ਿੰਦਾਬਾਦ ਅਤੇ ਸਾਮਰਾਜਵਾਦ ਮੁਰਦਾਬਾਦ ਦਾ ਨਾਅਰਾ ਗੁੰਜਾ ਕੇ ਵਿਸ਼ਾਲ ਲੋਕਾਈ ਸੰਗ ਖੜ੍ਹਨ ਦਾ ਆਪਣਾ ਅਹਿਦ ਦੁਹਰਾਇਆ ਸੀ। ਸੋ ਸਾਨੂੰ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਵੱਲੋਂ 'ਬੋਲੇ ਕੰਨਾਂ ਨੂੰ ਕੀਤੀ ਸੁਣਵਾਈ' ਦੇ 8 ਅਪ੍ਰੈਲ ਦੇ ਇਸ ਦਿਨ ਨੂੰ ਅੱਜ ਦੀ ਮੋਦੀ ਹਕੂਮਤ ਵੱਲੋਂ ਲੋਕਾਂ ਦੀ ਰਾਇ ਦੀ ਸੰਘੀ ਘੁੱਟਣ ਵਾਲੇ ਸਾਰੇ ਕਦਮਾਂ ਸਮੇਤ ਸਾਰੇ ਜਾਬਰ ਕਾਲੇ ਕਾਨੂੰਨਾਂ ਦਾ ਲੋਕ ਏਕੇ ਨਾਲ ਡਟਵੇਂ ਵਿਰੋਧ ਦਿਵਸ ਦੇ ਰੂਪ 'ਚ ਸਮਝਦਿਆਂ ਮੋਦੀ ਸਰਕਾਰ ਦੇ ਜਾਬਰ, ਫਾਸ਼ੀ ਤੇ ਫਿਰਕਾਪ੍ਰਸਤ ਹੱਲੇ ਦਾ ਡਟਵਾਂ ਵਿਰੋਧ ਕਰਨਾ ਚਾਹੀਦਾ ਹੈ। ਸਰਕਾਰ ਦੇ ਜਾਬਰ ਕਦਮਾਂ ਤੇ ਜਾਬਰ ਕਾਨੂੰਨਾਂ ਦੇ ਲੋਕ ਵਿਰੋਧ ਦੀ ਇੱਕ ਹਾਂ-ਪੱਖੀ ਸੁਰ ਹਾਲੀਆ ਕਿਸਾਨ ਘੋਲ 'ਚੋਂ ਮਿਲੀ ਹੈ ਅਤੇ ਸਾਰੀਆਂ ਹੀ ਜਮਹੂਰੀ ਤੇ ਲੋਕਪੱਖੀ ਤਾਕਤਾਂ ਨੂੰ ਸਿਰ ਜੋੜ ਕੇ ਬੈਠਣ ਤੇ ਕਿਸਾਨ ਘੋਲ ਦੇ ਉਸ ਸ਼ਾਨਦਾਰ ਹੌਸਲਾਵਧਾਊ ਤਜਰਬੇ ਤੋਂ ਸਬਕ ਲੈਂਦਿਆਂ ਉਸ ਨੂੰ ਹੀ ਹੋਰ ਅੱਗੇ ਵਧਾਉਣ ਦੀ ਅੱਜ ਜ਼ਰੂਰਤ ਹੈ।

**# ਸੰਪਰਕ : 94170-79720**

# ਔਰਤਾਂ ਹਰ ਥਾਂ ਅਸੁਰੱਖਿਅਤ

**ਰਾਜਿੰਦਰ ਰਾਣੀ**



ਹਰ ਖੇਤਰ ਵਿੱਚ ਔਰਤ ਨੇ ਵਡਮੁੱਲਾ ਯੋਗਦਾਨ ਪਾਇਆ। ਉਸ ਨੇ ਖੰਡਰਾਂ ਨੂੰ ਘਰ ਬਣਾਇਆ। ਆਪਣੀ ਹਿੰਮਤ ਤੇ ਦਲੇਰੀ ਨਾਲ ਉਹ ਮਰਦ ਦੇ ਮੋਢੇ ਨਾਲ ਮੋਢਾ ਜੋੜ ਕੇ ਚੱਲੀ ਹੀ ਨਹੀਂ ਬਲਕਿ ਉਸ ਤੋਂ ਵੀ ਅੱਗੇ ਨਿਕਲ ਗਈ। ਇੱਕ ਪੜ੍ਹੀ-ਲਿਖੀ ਅਤੇ ਅੱਗੇ ਨਿਕਲ ਚੁੱਕੀ ਔਰਤ ਵੀ ਜ਼ੁਲਮ ਦਾ ਸ਼ਿਕਾਰ ਹੁੰਦੀ ਹੈ, ਫਿਰ ਅਨਪੜ੍ਹ ਪੇਂਡੂ ਤੇ ਗਰੀਬ ਔਰਤਾਂ ਦੀ ਦੁਰਦਸ਼ਾ ਦਾ ਅੰਦਾਜ਼ਾ ਲਗਾਉਣਾ ਕੋਈ ਮੁਸ਼ਕਲ ਨਹੀਂ ਹੈ। ਅੱਜ ਸਭ ਤੋਂ ਵੱਡੀ ਲੋੜ ਔਰਤ ਵਰਗ ਨੂੰ ਇਕਮੁੱਠ ਹੋਣ ਤੇ ਆਪਣੀ ਸ਼ਕਤੀ ਪਹਿਚਾਨਣ ਦੀ ਹੈ। ਕੀ ਔਰਤ ਇੰਨੀ ਬੇਸਹਾਰਾ ਤੇ ਕਮਜ਼ੋਰ ਹੈ ਕਿ ਜਿਸ ਦਾ ਦਿਲ ਕਰੇ, ਉਸ ਨੂੰ ਘਰੋਂ ਚੁੱਕ ਕੇ ਲੈ ਜਾਵੇ। ਜਿਸ ਦਾ ਦਿਲ ਕਰੇ, ਇਸ ਨਾਲ ਵਿਆਹ ਕਰਵਾਉਣ ਨੂੰ ਉਹ ਵਿਆਹ ਕਰਵਾ ਲਵੇ, ਜੇ ਕੋਈ ਨਾ ਮੰਨੇ ਤਾਂ ਉਸ ਨੂੰ ਤੇਜ਼ਾਬ ਨਾਲ ਜਲਾ ਦਿੱਤਾ ਜਾਵੇ। ਜਿੱਥੇ ਦਿਲ ਕਰੇ, ਇਸ ਨਾਲ ਬਲਾਤਕਾਰ ਕੀਤਾ ਜਾਵੇ, ਉਹ ਥਾਂ ਭਾਵੇਂ ਬੱਸ ਹੋਵੇ, ਟ੍ਰੇਨ ਹੋਵੇ, ਖੇਤ ਜਾਂ ਕੁਝ ਹੋਰ । ਆਖਿਰ ਕਿਉਂ ? ਮਾਂ ਦੀ ਗੋਦੀ ਵਿੱਚ ਖੇਡਣ ਵਾਲੀਆਂ ਮਾਸੂਮ ਬੱਚੀਆਂ ਦੇ ਵੀ ਬਲਾਤਕਾਰ ਕੀਤੇ ਜਾਂਦੇ ਹਨ। ਕੀ ਕਦੀ ਸੋਚਿਆ ਕਿਸੇ ਨੇ ਕਿ ਜਿਨ੍ਹਾਂ ਬੱਚੀਆਂ ਨਾਲ ਅਜਿਹੇ ਹਾਦਸੇ ਹੋਏ ਹੋਣਗੇ, ਉਹ ਕਿਵੇਂ ਰੋਜ਼ ਤਿਲ-ਤਿਲ ਮਰਦੀਆਂ ਹੋਣਗੀਆਂ ?

ਜ਼ੁਰਮ ਦੀ ਹੱਦ ਦੇਖੋ ਕਿ ਔਰਤਾਂ ਦਾ ਬਲਾਤਕਾਰ ਆਂਢ-ਗੁਆਂਢ ਜਾਂ ਰਿਸ਼ਤੇਦਾਰਾਂ ਵਿੱਚ ਹੀ ਚਾਚੇ, ਮਾਮੇ ਜਾਂ ਭਰਾ ਲੱਗਦੇ ਦਰਿੰਦੇ ਹੀ ਔਰਤਾਂ ਨੂੰ ਨੋਚ-ਨੋਚ ਖਾ ਗਏ। ਰੋਜ਼ ਅਖਬਾਰਾਂ ਦੀਆਂ ਖਬਰਾਂ ਦਿਲ ਕੰਬਾਊ ਹਨ। ਕੀ ਇਸੇ ਭਾਰਤ ਨੂੰ ਲੋਕ ਮਹਾਨ ਕਹਿੰਦੇ ਹਨ ? ਇੱਕ ਮਰਦ ਨੂੰ ਦੁਨੀਆ 'ਤੇ ਆਉਣ ਲਈ ਔਰਤ ਦੀ ਕੁੱਖ ਦੀ ਲੋੜ ਪੈਂਦੀ ਹੈ ਤੇ ਵੱਡੇ ਹੋਣ ਲਈ ਔਰਤ ਦੇ ਦੁੱਧ ਦੀ ਲੋੜ ਪੈਂਦੀ ਹੈ। ਇਹ ਔਰਤ ਹੀ ਹੈ, ਸੋ ਜਣੇਪੇ ਦੀਆਂ ਪੀੜਾਂ ਸਹਿ ਕੇ ਬੱਚੇ ਨੂੰ ਜਨਮ ਦਿੰਦੀ ਹੈ ਤੇ ਗਿੱਲੀ ਥਾਂ 'ਤੇ ਆਪ ਸੌਂ ਕੇ ਬੱਚੇ ਨੂੰ ਸੁੱਕੀ ਥਾਂ 'ਤੇ ਪਾਉਂਦੀ ਹੈ। ਉਸ ਦੀਆਂ ਕੁਰਬਾਨੀਆਂ ਦਾ ਮੁੱਲ ਨਸ਼ੇੜੀ ਪੁੱਤ ਉਸ ਨੂੰ ਘਰੋਂ ਕੱਢ ਕੇ ਪਾਉਂਦੇ ਹਨ। ਨਸ਼ਿਆਂ ਦੇ ਹੜ੍ਹ ਵਗ ਰਹੇ ਤੇ ਪੈਰ-ਪੈਰ 'ਤੇ ਠੇਕੇ ਖੁੱਲ੍ਹ ਗਏ। ਮੇਰੇ ਦੇਸ਼ ਦੀਏ ਧੀਓ, ਭੈਣੋਂ। ਸਮੁੱਚੀ ਔਰਤ ਵਰਗ ਨੂੰ ਹੁਣ ਅੱਗੇ ਆਉਣ ਦੀ ਲੋੜ ਹੈ। ਪਾਊਡਰ, ਕਰੀਮਾਂ, ਸੈਂਡਲਾਂ, ਸਾੜ੍ਹੀਆਂ ਤੇ ਨਕਲੀ ਗਹਿਣਿਆਂ ਤੋਂ ਉੱਚਾ ਉੱਠੋ। ਟੀ ਵੀ ਸੀਰੀਅਲ ਦੇਖ ਕੇ ਜ਼ਿੰਦਗੀ ਬਦਲਣ ਵਾਲੀ ਨਹੀਂ ਹੈ। ਕੁਝ ਰੱਜੇ-ਪੁੱਜੇ ਘਰਾਂ ਦੀਆਂ ਔਰਤਾਂ ਨੂੰ ਛੱਡ ਕੇ ਆਮ ਔਰਤ ਦੀ ਸਥਿਤੀ ਤਾਂ ਦੇਖੋ। ਕਿਵੇਂ ਔਰਤਾਂ ਸ਼ਰਾਬੀ ਪਤੀਆਂ ਤੇ ਪੁੱਤਾਂ ਹੱਥੋਂ ਹਰ ਰੋਜ਼ ਤਾਰ-ਤਾਰ ਹੁੰਦੀਆਂ ਹਨ। ਦਹੇਜ ਦੀ ਲਾਹਨਤ ਕਰਕੇ ਕਈ ਲੋਕਾਂ ਦੀਆਂ ਧੀਆਂ ਮਾਪਿਆਂ ਦੇ ਘਰ ਬੈਠੀਆਂ ਹਨ। ਰੋਜ਼ ਦੀ ਵਧਦੀ ਮਹਿੰਗਾਈ ਨੇ ਔਰਤਾਂ ਦੇ ਵਾਲ ਚਿੱਟੇ ਕਰ ਦਿੱਤੇ ਹਨ। ਮਾਨਸਿਕ ਪ੍ਰੇਸ਼ਾਨੀ 'ਚ ਫਸੀਆਂ ਔਰਤਾਂ ਬਾਬਿਆਂ ਦੇ ਚੱਕਰਾਂ ਵਿਚ ਫਸਦੀਆਂ ਹਨ।

ਇਕ ਆਮ ਘਰੇਲੂ ਔਰਤ ਇਕ ਦਿਨ ਕੰਮ ਕਰਨਾ ਛੱਡ ਦੇਵੇ ਤਾਂ ਸੋਚੋ ਕੀ ਹਾਲਤ ਹੋਵੇਗੀ। ਇਕ ਦਿਨ ਵਿਚ ਇਕ ਘਰ ਵਿਚ ਤਿੰਨ ਵਾਰ ਖਾਣਾ ਬਣਦਾ ਹੈ। ਔਰਤ ਤੋਂ ਬਿਨਾਂ ਕਲਪਨਾ ਕਰੋ ਕਿ ਦੁਨੀਆ ਕਿਹੋ ਜਿਹੀ ਹੋਵੇਗੀ।

ਸੋ ਅਜੇ ਵੀ ਵੇਲਾ ਹੈ ਸੰਭਲ ਜਾਓ, ਔਰਤ ਦੇ ਹੱਕ ਵਿੱਚ ਆਵਾਜ਼ ਉਠਾਓ। ਔਰਤ ਨੂੰ ਮਾਂ, ਭੈਣ, ਪਤਨੀ ਤੇ ਧੀ ਦੇ ਰੂਪ ਵਿੱਚ ਇੱਜ਼ਤ ਦਿਵਾਓ। ਉਸ ਲਈ ਸੁਰੱਖਿਆ ਪ੍ਰਦਾਨ ਕਰੋ। ਸੁਰੱਖਿਆ ਔਰਤ ਦਾ ਹੱਕ ਹੈ, ਭੀਖ ਨਹੀਂ। ਇੱਕ ਔਰਤ ਹੀ ਬਚਪਨ ਤੋਂ ਬੁਢਾਪੇ ਤੱਕ ਹਰ ਮਨੁੱਖ ਨੂੰ ਸੰਭਾਲਦੀ ਹੈ। ਉਹ ਔਰਤ ਚਾਹੇ ਮਾਂ ਹੋਵੇ, ਪਤਨੀ ਹੋਵੇ,ਭੈਣ ਹੋਵੇ, ਧੀ ਹੋਵੇ। ਜੇ ਔਰਤ ਵੱਡੇ-ਵੱਡੇ ਟੱਬਰ ਇਕੱਲਿਆਂ ਸੰਭਾਲਦੀ ਹੈ ਤੇ ਆਖਿਰ ਵੱਡਾ ਟੱਬਰ ਇਕ ਇਕੱਲੀ ਸਿਆਣੀ ਔਰਤ ਨੂੰ ਨਹੀਂ ਸੰਭਾਲ ਸਕਦਾ। ਔਰਤਾਂ ਪਰਵਾਰ ਲਈ ਸਾਰਾ ਦਿਨ ਕੰਮ ਕਰਦੀਆਂ ਹਨ, ਫਿਰ ਵੀ ਉਨ੍ਹਾਂ ਨੂੰ ਵਿਹਲੀਆਂ ਸਮਝਿਆ ਜਾਂਦਾ ਹੈ। ਮਜ਼ਦੂਰ ਔਰਤਾਂ ਨੂੰ ਬੰਦਿਆਂ ਦੇ ਬਰਾਬਰ ਦਿਹਾੜੀ ਤੱਕ ਨਹੀਂ ਦਿੱਤੀ ਜਾਂਦੀ। ਇੱਥੋਂ ਤੱਕ ਕਿ ਕਈ ਔਰਤਾਂ ਦੀ ਮਜ਼ਦੂਰੀ ਵੀ ਨਸ਼ੇੜੀ ਪੁੱਤ ਜਾਂ ਨਸ਼ੜੀ ਪਤੀ ਖੋਹ ਲੈਂਦੇ ਹਨ। ਇੰਨੀ ਬੇਇਨਸਾਫੀ ਔਰਤਾਂ ਨਾਲ ਕਿਉਂ ? ਕਿਉਂ ਨੇ ਬੇਵੱਸ ਤੇ ਮਜਬੂਰ ਔਰਤਾਂ ? ਕਿਉਂ ਹਰ ਗਲੀ ਤੇ ਸ਼ਹਿਰ ਵਿਚ ਔਰਤ ਦੀ ਇੱਜ਼ਤ ਨੂੰ ਖਤਰਾ ਹੈ ? ਆਖਿਰ ਕਿਉਂ ਔਰਤ ਨੂੰ ਜਨਮ ਲੈ ਕੇ ਲੱਗਦੈ ਕਿ ਉਹ ਔਰਤ ਨਾ ਹੁੰਦੀ ! ਕੀ ਸੱਚੀਉਂ ਔਰਤਾਂ ਸੁਰੱਖਿਅਤ ਹਨ ?

***# ਸੰਪਰਕ : 81468-59585***

# ਦੇਸ਼ ਨੂੰ ਤੋੜਨ ਨਹੀਂ, ਜੋੜਨ ਵਾਲੇ ਵਿਗਿਆਨ ਦੀ ਲੋੜ


ਗੁਰਚਰਨ ਸਿੰਘ ਨੂਰਪੁਰ

ਬੁੱਧ ਇੱਕ ਬੀਆਬਾਨ ਰਸਤੇ ਤੋਂ ਲੰਘ ਰਹੇ ਸਨ। ਉਨ੍ਹਾ ਨੂੰ ਕੁਝ ਲੋਕ ਮਿਲੇ, ਉਹਨਾਂ ਨੇ ਬੁੱਧ ਨੂੰ ਰੋਕਿਆ ਤੇ ਕਿਹਾ, 'ਕਿੱਧਰ ਜਾ ਰਹੇ ਹੋ, ਇਹ ਰਸਤਾ ਲੰਮੇ ਸਮੇਂ ਤੋਂ ਬੰਦ ਹੈ। ਇਸ ਪਾਸੇ ਕੋਈ ਨਹੀਂ ਜਾਂਦਾ। ਇਸ ਪਾਸੇ ਤਾਂ ਕੁਝ ਦੂਰ ਅਗਾਂਹ ਉਂਗਲੀ ਮਾਲ ਨਾਂਅ ਦਾ ਡਾਕੂ ਰਹਿੰਦਾ ਹੈ, ਜੋ ਬੰਦੇ ਦਾ ਨਾਂਅ ਬਾਅਦ ਵਿੱਚ ਪੁੱਛਦਾ ਹੈ, ਪਹਿਲਾਂ ਉਸ ਨੂੰ ਕਤਲ ਕਰ ਦਿੰਦਾ ਹੈ। ਇਹ ਰਸਤਾ ਤਾਂ ਬੰਦ ਹੈ, ਇਸ ਪਾਸੇ ਕੋਈ ਨਹੀਂ ਜਾਂਦਾ। ਉਹ ਡਾਕੂ ਏਨਾ ਖੂਨਖਾਰ ਹੈ, ਉਸ ਨੇ ਸੈਂਕੜੇ ਲੋਕਾਂ ਦਾ ਖੂਨ ਕੀਤਾ, ਹਰ ਬੰਦੇ ਦੀ ਇੱਕ ਉਂਗਲੀ ਵੱਢ ਕੇ ਉਹ ਆਪਣੇ ਗਲ ਵਿੱਚ ਪਾਈ ਮਾਲਾ ਵਿੱਚ ਪਰੋ ਲੈਂਦਾ ਹੈ। ਇਸ ਪਾਸੇ ਨਾ ਜਾਓ, ਮਾਰੇ ਜਾਓਗੇ।'

ਬੁੱਧ ਨੇ ਸੁਣਿਆ ਤੇ ਕਿਹਾ, 'ਜੇਕਰ ਇਹ ਗੱਲ ਹੈ, ਤਾਂ ਫਿਰ ਮੈਂ ਜ਼ਰੂਰ ਜਾਵਾਂਗਾ।'

ਉਂਗਲੀ ਮਾਲ ਨੇ ਦੂਰੋਂ ਦੇਖਿਆ ਕੋਈ ਸਿੱਧਾ ਉਸ ਵੱਲ ਆ ਰਿਹਾ ਸੀ। ਉਸ ਨੇ ਹੁਣ ਤੱਕ ਦੋ ਹੀ ਤਰ੍ਹਾਂ ਦੇ ਲੋਕ ਵੇਖੇ ਸਨ, ਇੱਕ ਉਹ ਜੋ ਉਸ ਦੀ ਦਹਿਸ਼ਤੀ ਦਿੱਖ ਨੂੰ ਵੇਖ ਕੇ ਭੱਜ ਜਾਂਦੇ ਸਨ, ਦੂਜੇ ਉਹ ਜੋ ਉਸ ਦੇ ਕਾਬੂ ਆ ਜਾਂਦੇ ਸਨ ਅਤੇ ਮਿੰਨਤਾਂ-ਤਰਲੇ ਕਰਨ ਲੱਗ ਪੈਂਦੇ ਸਨ, ਪਰ ਇਹ ਤੀਸਰੀ ਕਿਸਮ ਦਾ ਇਨਸਾਨ ਸੀ, ਜਿਸ ਨੂੰ ਵੇਖ ਕੇ ਉਂਗਲੀ ਮਾਲ ਵੀ ਹੈਰਾਨ ਸੀ। ਹੈਰਾਨੀ ਨੂੰ ਦੂਰ ਕਰਨ ਲਈ ਉਸ ਪੁੱਛਿਆ, 'ਕੀ ਤੈਨੂੰ ਕਿਸੇ ਨੇ ਮੇਰੇ ਬਾਰੇ ਦੱਸਿਆ ਨਹੀਂ ਕਿ ਮੈਂ ਬੰਦੇ ਨਾਲ ਗੱਲ ਮਗਰੋਂ ਕਰਦਾ ਹਾਂ ਪਹਿਲਾਂ ਉਸ ਦਾ ਕਤਲ ਕਰਦਾ ਹਾਂ ?'

ਬੁੱਧ ਨੇ ਕਿਹਾ, 'ਦੱਸਿਆ ਹੈ ਤਾਂ ਹੀ ਆਇਆ ਹਾਂ।'

ਉਂਗਲੀ ਮਾਲ ਨੂੰ ਕੁਝ ਹੈਰਾਨੀ ਹੋਈ, ਉਸ ਕਿਹਾ, 'ਫਿਰ ਮਰਨ ਲਈ ਤਿਆਰ ਹੋ ਜਾਓ।'

ਬੁੱਧ ਨੇ ਕਿਹਾ, 'ਤਿਆਰ ਹਾਂ, ਪਰ ਇਸ ਤੋਂ ਪਹਿਲਾਂ ਇੱਕ ਛੋਟਾ ਜਿਹਾ ਕੰਮ ਕਰ ਦੇਹ, ਜਿਸ ਰੁੱਖ ਹੇਠ ਤੂੰ ਖੜ੍ਹਾ ਏਂ, ਇਸ ਦੇ ਕੁਝ ਪੱਤੇ ਤੋੜ ਕੇ ਵਿਖਾ।' ਉਂਗਲੀ ਮਾਲ ਨੇ ਫਰਸਾ ਹਵਾ ਵਿੱਚ ਲਹਿਰਾਇਆ ਅਤੇ ਪੱਤਿਆਂ ਦੀ ਬਜਾਏ ਇੱਕ ਟਾਹਣੀ ਵੱਢ ਕੇ ਬੁੱਧ ਦੇ ਪੈਰਾਂ ਵਿੱਚ ਸੁੱਟ ਦਿੱਤੀ। ਬੁੱਧ ਨੇ ਕਿਹਾ, 'ਇਸ ਨੂੰ ਹੁਣ ਦੁਬਾਰਾ ਉਸ ਰੁੱਖ ਨਾਲ ਜੋੜ ਦੇਹ।' ਉਂਗਲੀ ਮਾਲ ਨੇ ਪੁੱਛਿਆ ਇਹ ਕਿਵੇਂ ਹੋ ਸਕਦਾ ਹੈ। ਤਾਂ ਬੁੱਧ ਨੇ ਕਿਹਾ ਤੋੜ ਤਾਂ ਕੋਈ ਵੀ ਸਕਦਾ ਹੈ, ਬੱਚੇ ਵੀ ਤੋੜ ਸਕਦੇ ਹਨ, ਮਜ਼ਾ ਇਸ ਵਿੱਚ ਹੈ ਕਿ ਤੁਸੀਂ ਜੋੜ ਕਿੰਨਾ ਸਕਦੇ ਹੋ। ਯਾਦ ਰੱਖੀਂ ਕੋਈ ਜਿੰਨਾ ਤੋੜਦਾ ਹੈ, ਓਨਾ ਹੀ ਵੱਧ ਪ੍ਰੇਸ਼ਾਨ ਹੁੰਦਾ ਹੈ ਅਤੇ ਜਿੰਨਾ ਪ੍ਰੇਸ਼ਾਨ ਹੁੰਦਾ ਹੈ ਓਨਾ ਹੀ ਵੱਧ ਤੋੜਦਾ ਹੈ। ਉਂਗਲੀ ਮਾਲ ਦੇ ਹੱਥ ਢਿੱਲੇ ਹੋ ਗਏ, ਉਸ ਕਿਹਾ 'ਹਾਂ ਮੈਂ ਤਾਂ ਆਪ ਬਹੁਤ ਪ੍ਰੇਸ਼ਾਨ ਹਾਂ। ਇਸ ਦਾ ਹੱਲ ਕੀ ਹੈ ?'

ਬੁੱਧ ਨੇ ਜਵਾਬ ਦਿੱਤਾ, 'ਜੋੜਨ ਦਾ ਵਿਗਿਆਨ ਸਿੱਖ।'

ਹੱਥ 'ਚ ਫੜਿਆ ਫਰਸਾ ਥਾਏਂ ਸੁੱਟ ਕੇ ਉਂਗਲੀ ਮਾਲ ਝੱਲਿਆਂ ਵਾਂਗ ਬੁੱਧ ਦੇ ਮਗਰ ਹੋ ਤੁਰਿਆ। ਬੁੱਧ ਉਸ ਨੂੰ ਇੱਕ ਨੇੜਲੇ ਨਗਰ ਵਿੱਚ ਲੈ ਆਏ, ਲੋਕ ਹੈਰਾਨ ਸਨ। ਇਹ ਸਭ ਕੁਝ ਕਿਵੇਂ ਸੰਭਵ ਹੋ ਗਿਆ।

ਇਹ ਇੱਕ ਨਿੱਕੀ ਜਿਹੀ ਕਥਾ ਸਾਨੂੰ ਦੱਸਦੀ ਹੈ ਕਿ ਜਿਸ ਦੌਰ ਵਿੱਚੋਂ ਗੁਜ਼ਰ ਰਹੇ ਹਾਂ, ਉੱਥੇ ਜੋੜਿਆ ਘੱਟ ਅਤੇ ਤੋੜਿਆ ਵੱਧ ਜਾ ਰਿਹਾ ਹੈ। ਸਾਡੇ ਆਲੇ-ਦੁਆਲੇ ਵਿਵਸਥਾ ਨੇ ਅਜਿਹੀਆਂ ਵਲਗਣਾਂ ਹੋਰ ਉੱਚੀਆਂ ਕਰ ਦਿੱਤੀਆਂ ਹਨ, ਜਿਹਨਾਂ ਤੋਂ ਸਾਨੂੰ ਇਹ ਦੱਸਿਆ ਜਾ ਰਿਹਾ ਹੈ, ਤੁਸੀਂ ਇਸ ਧਰਮ ਵਾਲੇ ਹੋ, ਤੁਹਾਡੀ ਜਾਤ ਇਹ ਹੈ। ਸਮੇਂ ਦੇ ਬੀਤਣ ਨਾਲ ਸੰਚਾਰ ਸਾਧਨਾਂ ਵਿੱਚ ਆਈ ਕ੍ਰਾਂਤੀ ਅਤੇ ਵਿਦਿਆ ਦੇ ਪਸਾਰ ਨਾਲ ਇਹ ਵਲਗਣਾ ਢਹਿ-ਢੇਰੀ ਹੋ ਜਾਣੀਆਂ ਚਾਹੀਦੀਆਂ ਸਨ, ਪਰ ਨਹੀਂ ਹੋਈਆਂ। ਸਿਆਸਤ ਧਰਮ ਦੀ ਸੋਟੀ ਲੈ ਕੇ ਸਾਡੇ ਦੁਆਲੇ ਦਾਇਰੇ ਖਿੱਚਦੀ ਹੈ ਅਤੇ ਫਿਰ ਲੋਕ ਇਹਨਾਂ ਦਾਇਰਿਆਂ ਲਈ ਲੜਨ-ਮਰਨ ਲੱਗ ਪੈਂਦੇ ਹਨ।

ਗੁਰੂ ਗੋਬਿੰਦ ਸਿੰਘ ਜੀ ਨੇ ਇੱਕੋ ਬਾਟੇ 'ਚੋਂ ਅੰਮ੍ਰਿਤ ਛਕਾ ਕੇ ਇੱਕ ਨਵੀਂ ਕੌਮ ਦੀ ਸਿਰਜਣਾ ਕੀਤੀ। ਇੱਕ ਅਜਿਹਾ ਨਿਰਾਲਾ ਪੰਥ ਜਿਸ ਦਾ ਮਨੋਰਥ ਜਾਤਾਂ-ਪਾਤਾਂ ਦੇ ਸਦੀਆਂ ਤੋਂ ਪਏ ਸੰਗਲਾਂ ਨੂੰ ਇੱਕੋ ਝਟਕੇ ਨਾਲ ਤੋੜ ਅਜਿਹੇ ਮਨੁੱਖ ਦੀ ਸਿਰਜਣਾ ਕਰਨਾ ਸੀ, ਜੋ ਜ਼ੁਲਮ-ਜਬਰ ਖਿਲਾਫ ਜੂਝਣ ਲਈ ਤਿਆਰ ਬਰ ਤਿਆਰ ਹੋਵੇ। ਇਹ ਜ਼ੁਲਮ ਭਾਵੇਂ ਕਿਸੇ 'ਤੇ ਵੀ ਹੋ ਰਿਹਾ ਹੋਵੇ ਅਤੇ ਜਾਬਰ ਭਾਵੇਂ ਕਿਸੇ ਵੀ ਜਾਤ, ਧਰਮ ਦਾ ਹੋਵੇ। ਗੁਰੂ ਜੀ ਨੇ ਬੁਲੰਦ ਆਵਾਜ਼ ਵਿੱਚ ਕਿਹਾ-ਜ਼ੁਲਮ ਸਹਿਣਾ ਵੀ ਪਾਪ ਹੈ ਅਤੇ ਜ਼ੁਲਮ ਕਰਨਾ ਵੀ ਪਾਪ ਹੈ। ਗੁਰੂ ਨਾਨਕ ਦੇਵ ਜੀ ਦੀ ਬਾਬਰ ਨੂੰ ਜਾਬਰ ਕਹਿਣ ਵਾਲੀ ਰਵਾਇਤ ਨੂੰ ਅੱਗੇ ਤੋਰਦਿਆਂ ਗੁਰੂ ਤੇਗ ਬਹਾਦਰ ਜੀ ਨੇ ਔਰੰਗਜ਼ੇਬ ਵੱਲੋਂ ਹਿੰਦੂਆਂ ਨਾਲ ਹੋ ਰਹੀ ਧੱਕੇਸ਼ਾਹੀ ਅਤੇ ਜਬਰ ਦਾ ਸ਼ਾਂਤਮਈ ਵਿਰੋਧ ਕੀਤਾ ਅਤੇ ਇਸ ਲਈ ਕੁਰਬਾਨੀ ਦਿੱਤੀ। ਆਪਣੇ ਲਈ ਕੋਈ ਵੀ ਲੜ ਸਕਦਾ ਹੈ ਪਰ ਮਹਾਨ ਉਹ ਹੁੰਦੇ ਹਨ ਜੋ ਦੂਜਿਆਂ 'ਤੇ ਹੋ ਰਹੇ ਜਬਰ ਖਿਲਾਫ ਆਵਾਜ ਬੁਲੰਦ ਕਰਦੇ ਹਨ।

ਭਾਰਤ ਵਿੱਚ ਸੰਨ 1947 ਤੋਂ ਪਹਿਲਾਂ ਅੰਗਰੇਜ਼ ਹਕੂਮਤ ਦੀ ਨੀਤੀ 'ਪਾੜੋ ਤੇ ਰਾਜ ਕਰੋ' ਦੀ ਨੀਤੀ ਸੀ। ਉਹ ਲੋਕ ਜਾਣਦੇ ਸਨ ਕਿ ਭਾਰਤੀ ਲੋਕ ਧਰਮਾਂ-ਜਾਤਾਂ ਦੇ ਨਾਂਅ 'ਤੇ ਵੰਡੇ ਹੋਏ ਹਨ। ਲੋਕ ਉਸ ਸਮੇਂ ਵੀ ਧਰਮਾਂ-ਜਾਤਾਂ ਦੇ ਨਾਂਅ 'ਤੇ ਲੜਦੇ ਰਹੇ ਅਤੇ ਬ੍ਰਿਟਿਸ਼ ਰਾਜ ਦੀ ਲੁੱਟ ਆਸਾਨ ਬਣੀ ਰਹੀ। ਹੁਣ ਵੀ ਦੇਸ਼ ਦੀਆਂ ਸੱਤਾਧਾਰੀ ਜਮਾਤਾਂ ਲੋਕਾਂ ਨੂੰ ਆਪਸ ਵਿੱਚ ਲੜਾ ਰਹੀਆਂ ਹਨ, ਉਹਨਾਂ ਨੂੰ ਕਿਸੇ ਧਾਰਮਕ ਜਮਾਤ ਦਾ ਹੇਜ ਨਹੀਂ, ਬਲਕਿ ਆਪਣੇ ਸਵਾਰਥਾਂ ਦੀ ਪੂਰਤੀ ਲਈ ਜਾਣ-ਬੁੱਝ ਕੇ ਅਜਿਹਾ ਹੋ ਰਿਹਾ ਹੈ। ਇਹੋ ਰਾਜਸੀ ਜਮਾਤਾਂ ਦੇ ਨੁਮਾਇਦੇ ਪਿੰਡ, ਗਲੀ, ਮਹੱਲਿਆਂ ਤੱਕ ਵੀ ਲੋਕਾਂ ਨੂੰ ਆਪਸ ਵਿੱਚ ਪਾੜੀ ਰੱਖਦੇ ਹਨ। ਲੋਕ ਚੰਗੀ ਵਿਵਸਥਾ ਲਈ ਇੱਕ ਹੋ ਕੇ ਲੜਨ ਦੀ ਬਜਾਏ ਗਲੀਆਂ-ਨਾਲੀਆਂ, ਬਿਜਲੀ ਦੇ ਖੰਭਿਆਂ ਅਤੇ ਦਫਤਰਾਂ ਦੇ ਨਿੱਕੇ-ਮੋਟੇ ਕੰਮਾਂ ਲਈ ਰਾਜਸੀ ਨੇਤਾਵਾਂ ਦੇ ਗੋਡੇ ਫੜਨ ਲਈ ਮਜਬੂਰ ਹੋਏ ਰਹਿੰਦੇ ਹਨ। ਨਿੱਕੀਆਂ-ਨਿੱਕੀਆਂ ਲੜਾਈਆਂ ਵਿੱਚ ਉਲਝੇ ਲੋਕ ਸਾਲਾਂਬੱਧੀ ਥਾਣਿਆਂ, ਅਦਾਲਤਾਂ ਵਿੱਚ ਖੱਜਲ-ਖੁਆਰ ਹੁੰਦੇ ਰਹਿੰਦੇ ਹਨ ਅਤੇ ਰਾਜਸੀ ਵਿਵਸਥਾ ਦਿਨ-ਬ-ਦਿਨ ਹੋਰ ਨਿਘਰਦੀ ਰਹਿੰਦੀ ਹੈ। ਧਨਾਢ ਹੋਰ ਧਨਾਢ ਅਤੇ ਕਰਜਾਈ ਅਗਾਂਹ ਹੋਰ ਕਰਜਾਈ ਬਣਦਾ ਹੈ ਗਰੀਬ ਹੋਰ ਗਰੀਬ ਹੁੰਦਾ ਹੈ।

ਇਸ ਧਰਤੀ 'ਤੇ ਰਹਿਣ ਦਾ ਸਭ ਨੂੰ ਬਰਾਬਰ ਦਾ ਹੱਕ ਹੈ, ਸਗੋਂ ਇਸ ਤੋਂ ਅਗਾਂਹ ਅਸੀਂ ਜਾਈਏ ਤਾਂ ਕਹਿ ਸਕਦੇ ਹਾਂ ਕਿ ਧਰਤੀ 'ਤੇ ਵਿਚਰਦੇ ਪਸ਼ੂ, ਪਰਿੰਦਿਆਂ ਨੂੰ ਵੀ ਮਨੁੱਖ ਜਿੰਨਾ ਹੀ ਇਸ ਧਰਤੀ 'ਤੇ ਰਹਿਣ ਦਾ ਅਧਿਕਾਰ ਹੈ। ਜੇਕਰ ਬਿਨਾਂ ਕਿਸੇ ਧਰਮ-ਜਾਤ ਦੇ ਦੁਨੀਆ ਵਿੱਚ ਨਿਆਂ, ਇਨਸਾਫ ਹੋਵੇ, ਕਿਸੇ ਦਾ ਹੱਕ ਦੂਜਾ ਨਾ ਮਾਰੇ ਤਾਂ ਇਸ ਧਰਤੀ 'ਤੇ ਇੰਨੇ ਖਣਿਜ ਪਦਾਰਥ ਹਨ, ਮਨੁੱਖ ਹੀ ਨਹੀਂ, ਸਗੋਂ ਸਭ ਜੀਵਾਂ-ਜੰਤੂਆਂ ਦੀਆਂ ਲੋੜਾਂ ਦੀ ਪੂਰਤੀ ਬੜੀ ਅਸਾਨੀ ਨਾਲ ਹੋ ਸਕਦੀ ਹੈ। ਇਹ ਧਰਤੀ ਏਨਾ ਅਨਾਜ ਪੈਦਾ ਕਰਨ ਵਿੱਚ ਸਮਰੱਥ ਹੈ ਕਿ ਸਭ ਨੂੰ ਪੇਟ ਭਰ ਦੋ ਡੰਗ ਦਾ ਵਧੀਆ ਖਾਣਾ ਮਿਲ ਸਕਦਾ ਹੈ, ਪਰ ਸਿਆਸਤ ਇਸ ਦੁਨੀਆਂ ਨੂੰ ਭ੍ਰਿਸ਼ਟ ਇਨਸਾਨਾਂ ਦੀ ਦੁਨੀਆਂ ਬਣਾਉਣ ਵਿੱਚ ਬੜੀ ਵੱਡੀ ਰੁਕਾਵਟ ਹੈ। ਧਰਤੀ ਦੇ ਕਿਸੇ ਵੀ ਖਿੱਤੇ ਕਿਸੇ ਵੀ ਮੰਚ 'ਤੇ ਜਦੋਂ ਹਥਿਆਰਾਂ ਦੀ ਨੁਮਾਇਸ਼ ਲੱਗਦੀ ਹੈ ਤਾਂ ਇਹ ਮਾਣ ਵਾਲੀ ਗੱਲ ਨਹੀਂ ਹੋਣੀ ਚਾਹੀਦੀ, ਸਗੋਂ ਸ਼ਰਮਨਾਕ ਗੱਲ ਹੋਣੀ ਚਾਹੀਦੀ ਹੈ। ਡੂੰਘਾਈ ਵਿੱਚ ਇਹਦਾ ਅਰਥ ਇਹ ਹੈ ਕਿ ਅਸੀਂ ਆਪਣੇ ਆਲੇ-ਦੁਆਲੇ ਅਜਿਹੀ ਵਿਵਸਥਾ ਪੈਦਾ ਕੀਤੀ ਹੈ, ਜਿੱਥੇ ਹਥਿਆਰਾਂ ਦੀ ਲੋੜ ਆਣ ਬਣੀ ਹੈ। ਅੱਜ ਦੁਨੀਆ ਦੀ ਵੱਡੀ ਆਬਾਦੀ ਇਸ ਲਈ ਵੀ ਭੁੱਖ ਨਾਲ ਮਰਨ ਲਈ ਮਜਬੂਰ ਹੈ ਕਿ ਬੰਦਿਆਂ ਨੂੰ ਮਾਰਨ ਵਾਲੇ ਹਥਿਆਰਾਂ 'ਤੇ ਬਹੁਤ ਜ਼ਿਆਦਾ ਪੈਸਾ ਖਰਚ ਹੋ ਰਿਹਾ ਹੈ। ਇਹ ਸਭ ਕੁਝ ਕੀ ਹੈ ? ਇਸ ਪਿੱਛੇ ਅਮਾਨਵੀ ਸੋਚਾਂ ਅਤੇ ਮੁਨਾਫੇ ਦੀ ਹਵਸ ਹੈ, ਜੋ ਮਨੁੱਖ ਨੂੰ ਸਹੀ ਅਰਥਾਂ ਵਿੱਚ ਮਨੁੱਖ ਹੋਣ ਵਿੱਚ ਵੱਡਾ ਅੜਿੱਕਾ ਬਣ ਰਹੀ ਹੈ।

ਸਾਡਾ ਦੇਸ਼, ਜੋ ਬਹੁ ਸਾਰੇ ਵੱਖ-ਵੱਖ ਰੰਗਾਂ, ਜਾਤਾਂ, ਮਜ਼੍ਹਬਾਂ, ਭਾਸ਼ਾਵਾਂ ਅਤੇ ਸੱਭਿਆਚਾਰਾਂ ਦਾ ਦੇਸ਼ ਹੈ। ਦੇਸ਼ ਵਿੱਚ ਅੱਜ ਫਿਰ ਫਿਰਕਾਪ੍ਰਸਤੀ ਦੀ ਅੱਗ ਨੂੰ ਹਵਾ ਦਿੱਤੀ ਜਾ ਰਹੀ ਹੈ, ਤਾਂ ਕਿ ਇਸ ਦੇ ਸੇਕ 'ਤੇ ਰਾਜਸੀ ਰੋਟੀਆਂ ਸੇਕੀਆਂ ਜਾ ਸਕਣ। ਸੱਤਾ ਕੋਲ ਜਦੋਂ ਲੋਕ ਹਿੱਤਾਂ ਲਈ ਕੋਈ ਪ੍ਰੋਗਰਾਮ ਨਹੀਂ ਹੁੰਦਾ ਤਾਂ ਉਹ ਆਪਣੀ ਸੱਤਾ ਦੀ ਸਲਾਮਤੀ ਲਈ ਲੋਕਾਂ ਵਿੱਚ ਵੰਡੀਆਂ ਪਾ ਕੇ ਅਜਿਹੇ ਉਲਝਾਅ ਪੈਦਾ ਕਰਦੀ ਹੈ, ਜਿਸ ਨਾਲ ਲੋਕ ਆਪਸ ਵਿੱਚ ਲੜਨ-ਮਰਨ ਲਈ ਤਿਆਰ ਹੋ ਜਾਂਦੇ ਹਨ। ਅਸੀਂ ਭਾਰਤ ਦੇਸ਼ ਦੇ ਵਾਸੀ ਅੱਜ ਇਸੇ ਦੌਰ 'ਚੋਂ ਗੁਜ਼ਰ ਰਹੇ ਹਾਂ। ਅੱਜ ਸਾਡੇ ਦੇਸ਼ ਵਿੱਚ ਬੇਰੁਜ਼ਗਾਰੀ ਦੀ ਦਰ ਸਿਖਰ 'ਤੇ ਹੈ। ਦੇਸ਼ ਵਿੱਚ ਕਿਸਾਨ ਖੁਦਕੁਸ਼ੀਆਂ ਕਰ ਰਹੇ ਸਨ, ਹੁਣ ਬੇਰੁਜ਼ਗਾਰ ਵੀ ਖੁਦਕੁਸ਼ੀਆਂ ਕਰਨ ਲੱਗੇ ਹਨ ਅਤੇ ਇਹ ਅੰਕੜਾ ਕਿਸਾਨਾਂ ਦੀਆਂ ਖੁਦਕੁਸ਼ੀਆਂ ਤੋਂ ਵੱਧ ਹੈ। ਪਰ ਦੇਸ਼ ਦੇ ਹਾਕਮ ਲੋਕਾਂ ਨੂੰ ਜਾਤਾਂ ਮਜ਼੍ਹਬਾਂ ਦੇ ਨਾਮ ਤੇ ਵੰਡ ਕੇ ਸੱਤਾ ਦੀ ਸਲਾਮਤੀ ਲਈ ਯਤਨਸ਼ੀਲ ਹਨ। ਤਾਕਤ ਅਤੇ ਸੱਤਾ ਦੀ ਦੌੜ ਵਿੱਚ ਸੋਚਾਂ ਭ੍ਰਿਸ਼ਟ ਹੋ ਗਈਆਂ ਹਨ ਅਤੇ ਜ਼ਿਹਨ ਚੋਂ ਮਾਨਵਤਾ ਦਾ ਪੈਗਾਮ ਮਨਫੀ ਹੋ ਗਿਆ ਹੈ। ਪਰ ਦੇਸ਼ ਦੇ ਹਾਕਮ ਲੋਕਾਂ ਨੂੰ ਜਾਤਾਂ ਮਜ਼੍ਹਬਾਂ ਦੇ ਨਾਮ ਤੇ ਵੰਡ ਕੇ ਸੱਤਾ ਦੀ ਸਲਾਮਤੀ ਲਈ ਯਤਨਸ਼ੀਲ ਹਨ। ਤਾਕਤ ਅਤੇ ਸੱਤਾ ਦੀ ਦੌੜ ਵਿੱਚ ਸੋਚਾਂ ਭ੍ਰਿਸ਼ਟ ਹੋ ਗਈਆਂ ਹਨ ਅਤੇ ਜ਼ਿਹਨ 'ਚੋਂ ਮਾਨਵਤਾ ਦਾ ਪੈਗਾਮ ਮਨ.ਫੀ ਹੋ ਗਿਆ ਹੈ।

ਪਿਛਲੇ ਕੁਝ ਅਰਸੇ ਤੋਂ ਇਹ ਵੇਖਿਆ ਗਿਆ ਹੈ ਕਿ ਦੇਸ਼ ਦੀ ਬਹੁਗਿਣਤੀ ਹਵਾ ਦੇ ਰੁਖ ਅਨੁਸਾਰ ਵਹਿ ਜਾਂਦੀ ਹੈ। ਬਹੁਗਿਣਤੀ ਆਪਣੇ ਭਵਿੱਖ ਪ੍ਰਤੀ ਬਹੁਤ ਘੱਟ ਚਿੰਤਤ ਹੈ। ਵਕਤੀ ਵਹਾ ਨੂੰ ਰਾਜਸੀ ਜਮਾਤਾਂ ਨੇ ਸਮਝ ਲਿਆ ਹੈ, ਉਹ ਵਕਤੀ ਏਜੰਡੇ ਅਤੇ ਵਕਤੀ ਰਾਹਤਾਂ ਦੇ ਕੇ ਸਿੰਘਾਸਣਾਂ ਦੀ ਸਲਾਮਤੀ ਬਰਕਰਾਰ ਰੱਖਦੇ ਹਨ। ਜਿੱਥੇ ਇਸ ਸਮੇਂ ਰਾਜਸੀ ਗਲਿਆਰਿਆ ਵਿੱਚ ਭਵਿੱਖ ਦਾ ਕੋਈ ਪ੍ਰੋਗਾਮ ਨਹੀਂ, ਉੱਥੇ ਲੋਕਾਂ ਕੋਲ ਰੋਲ ਮਾਡਲਾਂ ਦਾ ਬੜਾ ਵੱਡਾ ਸੰਕਟ ਹੈ। ਇਸ ਸਮੇਂ ਦੇਸ਼ ਨੂੰ ਧਰਮਾਂ, ਜਾਤਾਂ, ਮਜ਼ਹਬਾਂ ਵਾਲੀ ਰਾਜਨੀਤੀ ਦੀ ਨਹੀਂ, ਬਲਕਿ ਸਹੀ ਅਰਥਾਂ ਵਿੱਚ ਵਿਕਾਸਮੁੱਖੀ ਯੋਜਨਾਵਾਂ ਦੀ ਲੋੜ ਹੈ। ਦੇਸ਼ ਨੂੰ ਤੋੜਨ ਨਹੀਂ ਬਲਕਿ ਜੋੜਨ ਦੇ ਵਿਗਿਆਨ ਦੀ ਲੋੜ ਹੈ।

***# ਸੰਪਰਕ : 98550-51099***

# ਪੰਜਾਬੀ ਯੂਨੀਵਰਸਿਟੀ ਬਚਾਓ ਮੋਰਚੇ ਦੇ ਸੱਦੇ ’ਤੇ ਗੁਰੂ ਕਾਸ਼ੀ ਕੈਂਪਸ ’ਚ ਹੜਤਾਲ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਪੰਜਾਬੀ ਯੂਨੀਵਰਸਿਟੀ ਬਚਾਓ ਮੋਰਚੇ ਦੇ ਸੱਦੇ ਤਹਿਤ ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਅਤੇ ਪੰਜਾਬ ਸਟੂਡੈਂਟਸ ਯੂਨੀਅਨ ਲਲਕਾਰ ਵੱਲੋਂ ਕਾਲਜ ਪੱਧਰੀ ਰੈਲੀ ਕਰਕੇ ਹੜਤਾਲ ਕਰਵਾਈ ਗਈ। ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਦੇ ਆਗੂ ਅਮਿਤੋਜ ਮੌੜ, ਖੁਸ਼ਦੀਪ ਸਿੰਘ ਅਤੇ ਪੀ ਐਸ ਯੂ ਲਲਕਾਰ ਦੇ ਆਗੂ ਗੁਰਵਿੰਦਰ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਹੁਣ ਸਿੱਖਿਆ ਨੂੰ ਉਚ ਘਰਾਣਿਆਂ ਤੱਕ ਹੀ ਸੀਮਤ ਰੱਖਣੀ ਚਾਹੁੰਦੀ ਹੈ। ਗਰੀਬਾਂ ਨੂੰ ਇਹ ਸਿੱਖਿਆ ਦੇਣ ਦੇ ਹੱਕ ਵਿੱਚ ਨਹੀਂ। ਇਹ ਨਹੀਂ ਚਾਹੁੰਦੇ ਕਿ ਗਰੀਬ ਪਰਵਾਰਾਂ ਦੇ ਬੱਚੇ ਪੜ੍ਹ ਲਿਖ ਜਾਣ, ਇਸੇ ਲਈ ਇਹ ਸਸਤੀ ਸਿੱਖਿਆ ਦਾ ਬਾਈਕਾਟ ਕਰਨਾ ਚਾਹੁੰਦੇ ਹਨ। 1991-92 ’ਚ ਸਰਕਾਰ 80 ਪ੍ਰਸੈਂਟ ਯੂਨੀਵਰਸਿਟੀ ਦਾ ਖਰਚਾ ਆਪ ਚੁੱਕਦੀ ਸੀ ਅਤੇ 20 ਪ੍ਰਸੈਂਟ ਯੂਨੀਵਰਸਿਟੀ ਵਿਦਿਆਰਥੀਆਂ ਤੋਂ ਇਕੱਠਾ ਕਰਦੀ ਸੀ। ਪਰ ਨਿੱਜੀਕਰਨ ਦੀਆਂ ਨੀਤੀਆਂ ਤਹਿਤ ਸਰਕਾਰਾਂ ਯੂਨੀਵਰਸਿਟੀ ਦੀ ਗ੍ਰਾਂਟ ਘਟਾਉਂਦੇ ਹੋਏ ਇਸ ਨੂੰ ਖਾਤਮੇ ਵੱਲ ਧੱਕਿਆ ਹੈ। 2022-23 ’ਚ ਯੂਨੀਵਰਸਿਟੀ ਦਾ ਘਾਟਾ 207 ਕਰੋੜ ਸੀ ਤੇ ਇਸੇ 29 ਮਾਰਚ ਨੂੰ ਯੂਨੀਵਰਸਿਟੀ ਵੱਲੋਂ 2023-24 ਦੇ ਪੇਸ਼ ਬਜਟ ’ਚ ਇਹ ਘਾਟਾ 285 ਕਰੋੜ ਤੱਕ ਪਹੁੰਚ ਗਿਆ ਹੈ। ਇਸ ਤੋਂ ਬਿਨਾਂ ਯੂਨੀਵਰਸਿਟੀ ਉਪਰ 150 ਕਰੋੜ ਦਾ ਕਰਜ਼ਾ ਹੈ। ਇਸ ਸੰਕਟ ਦਾ ਸ਼ਿਕਾਰ ਵਿਦਿਆਰਥੀ , ਕੱਚੇ ਮੁਲਾਜ਼ਮ ਸਭ ਤੋਂ ਵੱਧ ਹਨ। ਬੀਤੀ 10 ਮਾਰਚ ਨੂੰ ਪੰਜਾਬ ਸਰਕਾਰ ਵੱਲੋਂ 2023-24 ਦੇ ਬਜਟ ’ਚ ਉਚੇਰੀ ਸਿੱਖਿਆ ਨੂੰ ਨਿਗੂਣੀ ਗ੍ਰਾਂਟ ਜਾਰੀ ਕੀਤੀ ਗਈ ਹੈ। ਇਸ ਵਿੱਚ ਪੰਜਾਬੀ ਯੂਨੀਵਰਸਿਟੀ ਦੀ ਗ੍ਰਾਂਟ ਵਧਾਉਣ ਦੀ ਥਾਂ ਇਸ ਵਿਚ 36 ਕਰੋੜ ਦੀ ਕਟੌਤੀ ਕਰ ਦਿੱਤੀ ਗਈ ਹੈ। 29 ਮਾਰਚ 2022 ਨੂੰ ਮੁੱਖ ਮੰਤਰੀ ਮਾਨ ਨੇ ਯੂਨੀਵਰਸਿਟੀ ਆ ਕੇ ਸੈਂਕੜੇ ਦੀ ਹਾਜ਼ਰੀ ਸਾਹਮਣੇ ਯੂਨੀਵਰਸਿਟੀ ਦਾ ਕਰਜ਼ਾ ਮਾਫ ਕਰਨ ਦਾ ਵਾਅਦਾ ਕੀਤਾ ਸੀ ਜਿਸ ਬਾਰੇ ਸਰਕਾਰ ਹੁਣ ਮੂੰਹੋਂ ਇੱਕ ਸ਼ਬਦ ਨਹੀਂ ਕੱਢ ਰਹੀ। ਇਸ ਕਰਕੇ ਯੂਨੀਵਰਸਿਟੀ ਦਾ ਵਿੱਤੀ ਸੰਕਟ ਗੰਭੀਰ ਬਣ ਚੁੱਕਿਆ ਹੈ। ਜੇ ਇਹ ਹਾਲਤ ਬਰਕਰਾਰ ਰਹੀਂ ਰਹੀ ਤਾਂ ਯੂਨੀਵਰਸਿਟੀ ਦਾ ਹੋਰ ਕਰਜ਼ਈ ਹੋਕੇ ਡੁੱਬਣਾ ਜਾਂ ਵਿਦਿਆਰਥੀਆਂ ਦੀਆਂ ਫੀਸਾਂ ਵਿੱਚ ਕਈ ਗੁਣਾ ਵਾਧਾ ਹੋਣਾ ਤੈਅ ਹੈ। ਫੀਸਾਂ ਵਿੱਚ ਵਾਧੇ ਨਾਲ ਆਮ ਕਿਰਤੀ ਪਰਵਾਰਾਂ ਦੇ ਬੱਚਿਆਂ ਤੋਂ ਸਿੱਖਿਆ ਦੂਰ ਹੋ ਜਾਵੇਗੀ। ਇਸ ਮੌਕੇ ਕੈਂਪਸ ਇੰਚਾਰਜ ਅਮਨਦੀਪ ਸੇਖੋਂ, ਆਇਸਾ ਤੋਂ ਸੁਖਜੀਤ ਰਾਮਾਨੰਦੀ ਨੇ ਵੀ ਸੰਬੋਧਨ ਕੀਤਾ ਅਤੇ ਕਈ ਵਿਦਿਆਰਥੀਆਂ ਨੇ ਇਨਕਲਾਬੀ ਗੀਤ ਪੇਸ਼ ਕੀਤੇ। ਸਟੇਜੀ ਕਾਰਵਾਈ ਗੈਸਟ ਫੈਕਲਟੀ ਅਧਿਆਪਕ ਆਗੂ ਨਿਰਭੈ ਸਿੰਘ ਨੇ ਨਿਭਾਈ।

# ਵਿਆਹ ਦੌਰਾਨ ਘੜੋਲੀ ਭਰਦੇ ਸਮੇਂ ਹੋਏ ਝਗੜੇ ’ਚ 4 ਜ਼ਖ਼ਮੀ



**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**

ਪਿੰਡ ਧਰਮੂ ਵਾਲਾ ’ਚ ਵਿਆਹ ਦੌਰਾਨ ਘੜੋਲੀ ਭਰਦੇ ਸਮੇਂ ਹੋਏ ਝਗੜੇ ’ਚ 4 ਜ਼ਖ਼ਮੀ ਹੋ ਗਏ। ਲੇਖ ਸਿੰਘ, ਉਸ ਦੇ ਲੜਕੇ ਅਕਸ਼ੈ ਸਿੰਘ ਵਾਸੀ ਪਿੰਡ ਮਹਾਤਮ ਨਗਰ ਨੇ ਦੱਸਿਆ ਕਿ ਉਹ ਬੀਤੇ ਦਿਨ ਪਿੰਡ ਧਰਮੂਵਾਲਾ ’ਚ ਆਪਣੇ ਕਿਸੇ ਰਿਸ਼ਤੇਦਾਰ ਦੇ ਵਿਆਹ ’ਤੇ ਗਏ ਸਨ, ਉੱਥੇ ਉਨ੍ਹਾਂ ਦੇ ਕਿਸੇ ਰਿਸ਼ਤੇਦਾਰ ਨਾਲ ਕਿਸੇ ਗੱਲ ਨੂੰ ਲੈ ਕੇ ਬਹਿਸਬਾਜ਼ੀ ਹੋ ਗਈ। ਜਿਸ ਤੋਂ ਬਾਅਦ ਉਨ੍ਹਾਂ ਦੇ ਰਿਸ਼ਤੇਦਾਰ ਸੰਦੀਪ ਸਿੰਘ ਅਤੇ ਉਸ ਦੇ 40-50 ਸਾਥੀ ਤੇਜ਼ਧਾਰ ਹਥਿਆਰਾਂ ਸਮੇਤ ਆਏ ਤੇ ਉਨ੍ਹਾਂ ਦੇ ਲੜਕਿਆਂ ਨੂੰ ਪਿੰਡ ਫੱਤੂਵਾਲਾ ਦੇ ਨਜ਼ਦੀਕ ਘੇਰਾ ਪਾ ਲਿਆ।

ਉਨ੍ਹਾਂ ’ਤੇ ਅਚਾਨਕ ਹਮਲਾ ਕਰਕੇ ਉਨ੍ਹਾਂ ਦੇ ਲੜਕੇ ਅਕਸ਼ੈ ਸਿੰਘ, ਮਨਕੇਸ ਸਿੰਘ ਤੇ ਸੁਬੇਗ ਸਿੰਘ ਦੇ ਸਿਰ ’ਚ ਸੱਟਾਂ ਮਾਰ ਕੇ ਗੰਭੀਰ ਜ਼ਖ਼ਮੀ ਕਰ ਦਿੱਤਾ। ਮੌਕੇ ’ਤੇ ਮੌਜੂਦ ਰਿਸ਼ਤੇਦਾਰਾਂ ਅਤੇ ਕੁਝ ਪਿੰਡ ਵਾਸੀਆਂ ਨੇ ਉਨ੍ਹਾਂ ਨੂੰ ਛੁਡਵਾਇਆ। ਪੁਲਸ ਨੂੰ ਸੂਚਨਾ ਦੇਣ ਤੋਂ ਬਾਅਦ ਮੌਕੇ ’ਤੇ ਪਹੁੰਚੇ ਪੁਲਸ ਮੁਲਾਜ਼ਮ ਉਨ੍ਹਾਂ ਨੂੰ ਆਪਣੀ ਗੱਡੀ ’ਚ ਬਿਠਾ ਕੇ ਥਾਣੇ ਲੈ ਕੇ ਗਏ। ਇਸ ਮੌਕੇ ਉਨ੍ਹਾਂ ਪੁਲਸ ’ਤੇ ਵੀ ਥਾਣੇ ਲਿਜਾ ਕੇ ਉਨ੍ਹਾਂ ਦੇ ਲੜਕਿਆਂ ਨਾਲ ਕਥਿਤ ਮਾਰਕੁੱਟ ਦੇ ਦੋਸ਼ ਲਾਏ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਨਾਲ ਸ਼ਰੇਆਮ ਗੁੰਡਾਗਰਦੀ ਕੀਤੀ ਗਈ ਹੈ। ਉਨ੍ਹਾਂ ਨੇ ਗੁੰਡਾਗਰਦੀ ਕਰਨ ਵਾਲੇ ਦੋਸ਼ੀਆਂ ’ਤੇ ਸਖਤ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਨੂੰ ਇਨਸਾਫ਼ ਦੇਣ ਦੀ ਮੰਗ ਕੀਤੀ ਹੈ। ਜਦੋਂ ਇਸ ਬਾਰੇ ਥਾਣਾ ਸਦਰ ਜਲਾਲਾਬਾਦ ਦੇ ਐਸ ਐਚ ਓ ਹਰਬੰਸ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਵਿਆਹ ਦੌਰਾਨ ਘੜੋਲੀ ਭਰਦੇ ਸਮੇਂ ਦੋ ਧਿਰਾਂ ਦਰਮਿਆਨ ਝਗੜਾ ਹੋਇਆ ਸੀ। ਇਸ ਵਿੱਚ 4 ਤੋਂ 5 ਵਿਅਕਤੀਆਂ ਨੂੰ ਸੱਟਾਂ ਵੱਜੀਆਂ ਸਨ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਇਸ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ ਤੇ ਉਸ ਤੋਂ ਬਾਅਦ ਹੀ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਨੇ ਪੁਲਸ ਮੁਲਾਜ਼ਮਾਂ ਤੇ ਲੱਗੇ ਮਾਰਕੁੱਟ ਦੇ ਦੋਸ਼ਾਂ ਨੂੰ ਨਕਾਰ ਦਿੱਤਾ।

# 16ਵੀਂ ਕਿਸਾਨ ਕਾਨਫਰੰਸ ਦੌਰਾਨ ਉਠੇ ਕਿਸਾਨਾਂ ਦੀ ਆਰਥਿਕ ਮੰਦਹਾਲੀ ਦੇ ਮੁੱਦੇ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਦੇਸ਼ ਦੀ ਪਹਿਲੀ ਕਿਸਾਨ ਜਥੇਬੰਦੀ ਕੁਲ ਹਿੰਦ ਕਿਸਾਨ ਸਭਾ (1936) ਦੀ ਜ਼ਿਲ੍ਹਾ ਕਾਨਫਰੰਸ ਰਾਣੀਆਂ ਦੇ ਬਾਬਾ ਬੂਟਾ ਸਿੰਘ ਭਵਨ ਵਿਖੇ ਹੋਈ। ਕਾਨਫਰੰਸ ਦੀ ਪ੍ਰਧਾਨਗੀ ਕਿਸਾਨ ਆਗੂ ਬਲਰਾਜ ਸਿੰਘ, ਪ੍ਰਿਤਪਾਲ ਸਿੱਧੂ ਅਤੇ ਭਜਨ ਬਾਜੇਕਾਂ ਨੇ ਕੀਤ,।ਜਿਸ ਵਿਚ ਸੁਖਦੇਵ ਸਿੰਘ ਜੰਮੂ ਨੇ ਪਿਛਲੇ ਕੰਮਾਂ ਦੀ ਰਿਪੋਰਟ ਪੇਸ਼ ਕਰਦਿਆਂ ਕਿਹਾ ਕਿ ਤਿੰਨ ਖੇਤੀ ਕਾਨੂੰਨਾਂ ਵਿਰੁੱਧ ਯੂਨਾਈਟਿਡ ਕਿਸਾਨ ਮੋਰਚੇ ਦੀ ਅਗਵਾਈ ਹੇਠ ਲੜੇ ਗਏ ਕਿਸਾਨ ਅੰਦੋਲਨ ਵਿੱਚ ਕਿਸਾਨ ਸਭਾ ਦਾ ਵਿਸੇਸ਼ ਯੋਗਦਾਨ ਰਿਹਾ। ਇਨ੍ਹਾਂ ਕਿਸਾਨ ਨੇਤਾਵਾਂ ਨੇ ਕਿਹਾ ਕਿ ਕਿਸਾਨ ਸੰਘਰਸ਼ ਦੌਰਾਨ ਕਿਸਾਨ ਆਗੂ ਬਲਰਾਜ ਬਣੀ, ਸੁਖਦੇਵ ਜੰਮੂ, ਵਿਕਰਮ ਝੋਰੜ ਹਰਦੇਵ ਜੋਸ਼ ਅਤੇ ਅਰਮਾਨ ਨੇ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ ਨਾਲ ਰੇਲ ਰੋਕੋ ਸਮੇਤ ਮੁਕੱਦਮੇ ਦਰਜ ਹੋਏ।

ਉਨ੍ਹਾਂ ਕਿਸਾਨ ਆਗੂ ਰੋਸ਼ਨ ਸੁਚਾਨ, ਭਜਨ ਬਾਜੇਕਾਂ, ਇਕਬਾਲ ਸਿੰਘ ਨੇਜਾਡੇਲਾ, ਗੁਰੇਜ਼ ਬਰਾੜ ਤੇ ਹਰਜਿੰਦਰ ਭੰਗੂ ਦੇ ਕਿਸਾਨਾ ਲਈ ਕੀਤੇ ਅਣਥੱਕ ਕਾਰਜ ਦੀ ਸ਼ਲਾਘਾ ਕੀਤੀ। ਇਸ 16ਵੀਂ ਕਿਸਾਨ ਕਾਨਫਰੰਸ ਦੀ ਸ਼ੁਰੂਆਤ ਕਰਦਿਆਂ ਸੀਨੀਅਰ ਕਿਸਾਨ ਆਗੂ ਕਾਮਰੇਡ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਅੰਬਾਨੀ ਅਤੇ ਅਡਾਨੀ ਵਰਗੇ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਨੀਤੀਆਂ ਬਣਾ ਰਹੀਆਂ ਹਨ ਤੇ ਦੂਜੇ ਪਾਸੇ ਕਿਸਾਨ ਆਰਥਿਕ ਮੰਦਹਾਲੀ ਦੀ ਮਾਰ ਝੱਲ ਰਹੇ ਹਨ।

ਵਿਰਕ ਨੇ ਕਿਹਾ ਕਿ ਸਰਕਾਰ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਕਿਸਾਨਾਂ ਨੂੰ ਫ਼ਸਲਾਂ ਦਾ ਭਾਅ ਦੇ ਕੇ ਐਮਐਸਪੀ ਲਾਗੂ ਕਰੇ ਤੇ ਸਾਰੇ ਕਰਜ਼ੇ ਮਾਫ਼ ਕੀਤੇ ਜਾਣ।ਕਾਨਫ਼ਰੰਸ ਵੱਲੋਂ ਪਾਸ ਕੀਤੇ ਮਤੇ ਵਿੱਚ ਗੜੇਮਾਰੀ ਕਾਰਨ ਤਬਾਹ ਹੋਈਆਂ ਫ਼ਸਲਾਂ ਦਾ 50 ਹਜ਼ਾਰ ਪ੍ਰਤੀ ਏਕੜ ਮੁਆਵਜ਼ਾ ਦੇਣ ਤੋਂ ਇਲਾਵਾ ਸਬਜ਼ੀਆਂ ਤੇ ਫਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਐਲਾਨਣ, ਸਰਪੰਚਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੰਗਾਂ ਮੰਨਣ ਦੀ ਮੰਗ ਕੀਤੀ ਗਈ।

ਕਿਸਾਨ ਸਭਾ ਵੱਲੋਂ ਹਰਦੇਵ ਸਿੰਘ ਜੋਸ਼ ਨੂੰ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਤੇ ਪ੍ਰਿਤਪਾਲ ਸਿੱਧੂ ਨੂੰ ਜ਼ਿਲ੍ਹਾ ਸਕੱਤਰ, ਭਜਨ ਬਾਜੇਕਾਂ ਨੂੰ ਉਪ ਪ੍ਰਧਾਨ, ਬਲਰਾਜ ਬਣੀ ਤੇ ਇਕਵਾਲ ਨੇਜਾਡੇਲਾ ਨੂੰ ਸੰਯੁਕਤ ਸਕੱਤਰ ਗੁਰਤੇਜ ਬਰਾੜ ਨੂੰ ਕਾਨੂੰਨੀ ਸਲਾਹਕਾਰ, ਰੇਸ਼ਮ ਸਿੰਘ ਕਰੀਵਾਲਾ ਨੂੰ ਖਜ਼ਾਨਚੀ ਅਤੇ ਕਿਸਾਨ ਆਗੂ ਰੌਸ਼ਨ ਸੁਚਾਨ ਨੂੰ ਪ੍ਰੈਸ ਬੁਲਾਰਾ ਨਿਯੁਕਤ ਕੀਤਾ ਗਿਆ।ਇਸ ਕਾਨਫਰੰਸ ਵਿੱਚ ਜਗਦੀਸ਼ ਡੱਬਵਾਲੀ, ਰਾਜਕੁਮਾਰ, ਰਾਕੇਸ਼ ਸੁਚਨ, ਕਿਰਪਾਲ ਸਿੰਘ ਚੀਮਾ, ਸਤਨਾਮ ਚੰਦ ਸੁਲਤਾਨਪੁਰੀਆ, ਮਿਲਖ ਰਾਜ ਕੰਬੋਜ਼, ਛਿੰਦਰਪਾਲ ਚੌਰਬੁਜਾ, ਗੁਰਭੇਜ ਸਿੱਧੂ, ਬਲਜੀਤ ਸਿੰਘ, ਹਰਜਿੰਦਰ ਭਾਗੂ, ਗੁਰਦੇਵ ਝੋਰੰਗਲੀ ਤੇ ਦਰਸ਼ਨ ਸਿੰਘ ਕਰੀਵਾਲਾ ਸਮੇਤ ਬਹੁਤ ਸਾਰੇ ਹੋਰ ਕਿਸਾਨ ਆਗੂ ਹਾਜ਼ਰ ਸਨ।

## ਕਾਤਰਾਂ

### ਅੱਜ ਬਿਜਲੀ ਸਪਲਾਈ ਬੰਦ ਰਹੇਗੀ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪਾਵਰਕਾਮ ਲੌਂਗੋਵਾਲ ਦੇ ਇੰਜ: ਸੁਭਾਸ ਚੰਦਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ 66 ਕੇ ਵੀ ਗਰਿੱਡ ਲੌਂਗੋਵਾਲ ਤੋਂ ਚਲਦੀ ਸਪਲਾਈ ਜ਼ਰੂਰੀ ਮੇਨਟੀਨੈਂਸ ਕਾਰਨ ਮਿਤੀ 8.04.2023 ਦਿਨ ਸ਼ਨੀਵਾਰ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਤੱਕ 66 ਕੇ ਵੀ ਗਰਿੱਡ ਲੌਂਗੋਵਾਲ ਤੋਂ ਚਲਦੇ ਸਾਰੇ ਸ਼ਹਿਰੀ, ਪਿੰਡਾਂ ਅਤੇ ਖੇਤੀਬਾੜੀ ਫੀਡਰਾਂ ਦੀ ਸਪਲਾਈ ਬੰਦ ਰਹੇਗੀ।

### 300 ਪਾਬੰਦੀਸ਼ੁਦਾ ਗੋਲੀਆਂ ਸਮੇਤ ਇੱਕ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੂਲੇਪੁਰ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਨਸ਼ੇ ਲਈ ਵਰਤੀਆਂ ਜਾਣ ਵਾਲੀਆਂ ਪਾਬੰਦੀਸ਼ੁਦਾ 300 ਐਲਪ੍ਰਾਜ਼ੋਲਮ ਗੋਲੀਆਂ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ। ਪੁਲਸ ਵੱਲੋਂ ਕੀਤੇ ਗਏ ਦਾਅਵੇ ਮੁਤਾਬਕ ਪਿੰਡ ਪੰਜੋਲਾ ਦੇ ਚੋਆ ਸੂਆ ਪੁਲ ਨਜ਼ਦੀਕ ਮੌਜੂਦ ਥਾਣਾ ਮੂਲੇਪੁਰ ਦੀ ਪੁਲਸ ਪਾਰਟੀ ਨੇ ਸਰਾਏ ਵੰਜਾਰਾ ਸਾਈਡ ਤੋਂ ਸਪਲੈਂਡਰ ਮੋਟਰਸਾਈਕਲ ਨੰਬਰ ਪੀ.ਬੀ.39.ਡੀ-6841 ’ਤੇ ਸਵਾਰ ਹੋ ਕੇ ਆ ਰਹੇ ਗੁਰਪਿੰਦਰ ਸਿੰਘ ਵਾਸੀ ਨਿਆਮਤਪੁਰ ਥਾਣਾ ਸ਼ੰਭੂ (ਪਟਿਆਲਾ) ਨੂੰ ਸ਼ੱਕ ਦੇ ਅਧਾਰ ’ਤੇ ਰੋਕਿਆ, ਜਿਸ ਉਪਰੰਤ ਸਹਾਇਕ ਥਾਣੇਦਾਰ ਬਲਕਾਰ ਸਿੰਘ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਗੁਰਪਿੰਦਰ ਸਿੰਘ ਦੇ ਕਬਜ਼ੇ ’ਚੋਂ 300 ਗੋਲੀਆਂ ਐਲਪ੍ਰਾਜ਼ੋਲਮ ਬਰਾਮਦ ਹੋਣ ’ਤੇ ਉਸ ਨੂੰ ਐਨ ਡੀ ਪੀ ਐਸ ਐਕਟ ਤਹਿਤ ਗ੍ਰਿਫਤਾਰ ਕਰ ਲਿਆ ਗਿਆ।

### 21 ਨੂੰ ਲਾਇਆ ਜਾਵੇਗਾ ਨਕਲੀ ਅੰਗ ਪ੍ਰਦਾਨ ਕੈਂਪ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਡਿਪਟੀ ਕਮਿਸ਼ਨਰ ਸ੍ਰੀਮਤੀ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਇੰਜਨੀਰਿੰਗ ਕਾਲਜ ਵਿਖੇ 21 ਅਪ੍ਰੈਲ ਨੂੰ ਨਕਲੀ ਅੰਗ ਪ੍ਰਦਾਨ ਕਰਨ ਸਬੰਧੀ ਜ਼ਿਲ੍ਹਾ ਪੱਧਰੀ ਕੈਂਪ ਲਾਇਆ ਜਾ ਰਿਹਾ ਹੈ। ਕੈਂਪ ਵਿੱਚ ਪਹਿਲਾਂ ਤੋਂ ਮਾਪੇ ਗਏ ਰਜਿਸਟਰ 294 ਦਿਵਿਆਂਗਜਨਾਂ ਨੂੰ ਨਕਲੀ ਅੰਗਾਂ ਜਿਵੇਂ ਕੰਨਾਂ ਤੋਂ ਉੱਚਾ ਸੁਣਨ ਵਾਲਿਆ ਨੂੰ ਕੰਨਾਂ ਦੀ ਮਸ਼ੀਨ, ਵੀਲ੍ਹ ਚੇਅਰਾਂ, ਸਟਿਕ ਆਦਿ ਪ੍ਰਦਾਨ ਕੀਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਦਿਵਿਆਂਜਨਾਂ ਨੂੰ ਅਪੀਲ ਕੀਤੀ ਕਿ ਉਹ 21 ਅਪ੍ਰੈਲ ਨੂੰ ਸਵੇਰੇ 09 ਵਜੇ ਬਾਬਾ ਬੰਦਾ ਸਿੰਘ ਬਹਾਦਰ ਇੰਜਨੀਅਰਿੰਗ ਕਾਲਜ ਫ਼ਤਿਹਗੜ੍ਹ ਸਾਹਿਬ ਕਾਲਜ ਕੈਂਪ ਵਿੱਚ ਪਹੁੰਚਣਾ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਆਪਣੇ ਨੇੜਲੇ ਬਲਾਕਾਂ ਦੇ ਸਬੰਧਿਤ ਬਾਲ ਵਿਕਾਸ ਪ੍ਰੋਜੈਕਟ ਅਫ਼ਸਰਾਂ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਇਸ ਤੋਂ ਪਹਿਲਾਂ ਵੀ 13 ਮਾਰਚ ਤੋਂ 18 ਮਾਰਚ ਤੱਕ ਜ਼ਿਲ੍ਹੇ ਅੰਦਰ ਵੱਖ-ਵੱਖ ਥਾਂਵਾਂ ’ਤੇ ਅਸੈਸਮੈਂਟ ਕੈਂਪ ਲਾਏ ਗਏ ਸਨ। ਇਨ੍ਹਾਂ ਕੈਂਪਾਂ ਦੌਰਾਨ ਬਲਾਕ ਅਮਲੋਹ ਦੇ 30, ਬੱਸੀ ਪਠਾਨਾ ਦੇ 65, ਖਮਾਣੋਂ ਦੇ 58 ਸਰਹਿੰਦ ਦੇ 77 ਤੇ ਬਲਾਕ ਖੇੜਾ ਦੇ 64 ਤੇ ਜ਼ਿਲ੍ਹੇ ਵਿੱਚ ਕੁੱਲ 294 ਦਿਵਿਆਂਗਜਨਾਂ ਨੇ ਨਕਲੀ ਅੰਗ ਲੈਣ ਲਈ ਆਪਣੀ ਰਜਿਸਟ੍ਰੇਸ਼ਨ ਅਤੇ ਅਸੈਸਮੈਂਟ ਕਰਾਈ ਸੀ।

# ਕੁਦਰਤੀ ਆਫ਼ਤ ਨਾਲ ਨੁਕਸਾਨੀਆਂ ਫ਼ਸਲਾਂ ਦਾ ਪੂਰਾ ਮੁਆਵਜ਼ਾ ਦੇਵੇ ਸਰਕਾਰ : ਬੀ ਕੇ ਯੂ (ਸਿੱਧੂਪੁਰ)



**ਸਮਰਾਲਾ (ਸੁਰਜੀਤ ਸਿੰਘ)**

ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਲੁਧਿਆਣਾ ਸੁਪਿੰਦਰ ਸਿੰਘ ਦੀ ਅਗਵਾਈ ਵਿੱਚ ਜਥੇਬੰਦੀ ਦੇ ਵਫਦ ਵੱਲੋਂ 17 ਮਾਰਚ ਤੋਂ ਹੋ ਰਹੀ ਲਗਾਤਾਰ ਬਰਸਾਤ ਤੇ ਗੜੇਮਾਰੀ ਨਾਲ ਤਬਾਹ ਹੋਈ ਕਣਕ ਦੇ ਵੱਖ-ਵੱਖ ਪਿੰਡਾਂ ਵਿੱਚ ਕਣਕ ਦੇ ਖੇਤਾਂ ਦਾ ਦੌਰਾ ਕੀਤਾ ਗਿਆ।

ਸੁਪਿੰਦਰ ਸਿੰਘ ਬੱਗਾ ਨੇ ਕਿਹਾ ਕਿ ਕਣਕ, ਜੌਂ ਤੇ ਸਬਜ਼ੀਆਂ ਦੀ ਫ਼ਸਲ ਦਾ ਇਸ ਮੀਂਹ, ਹਨੇਰੀ, ਝੱਖੜ ਕਾਰਨ ਵੱਡੇ ਪੱਧਰ ’ਤੇ ਨੁਕਸਾਨ ਹੋਇਆ ਹੈ ਤੇ ਉਨ੍ਹਾਂ ਕੋਲ ਸ਼ਿਕਾਇਤਾਂ ਆ ਰਹੀਆਂ ਹਨ ਕਿ ਪਿੰਡਾਂ ਵਿੱਚ ਜਾ ਕੇ ਪਟਵਾਰੀ ਅਤੇ ਸਰਕਾਰੀ ਅਧਿਕਾਰੀਆਂ ਵੱਲੋਂ 33% ਤੋਂ ਥੱਲੇ ਦੀਆਂ ਰਿਪੋਰਟਾਂ ਤਿਆਰ ਕਰਕੇ ਭੇਜੀਆਂ ਜਾ ਰਹੀਆਂ ਹਨ ਤੇ ਇਹ ਸਭ ਸਰਕਾਰ ਵੱਲੋਂ ਸਾਜ਼ਿਸ਼ਾਂ ਅਧੀਨ ਕੀਤਾ ਜਾ ਰਿਹਾ ਕਿਉਂਕ ਸਰਕਾਰ 33% ਤੋਂ ਘੱਟ ਹੋਏ ਨੁਕਸਾਨ ਲਈ ਮੁਆਵਜ਼ਾ ਨਹੀਂ ਦਿੰਦੀ ਹੈ ਅਤੇ ਇਹ ਸਭ ਕੁੱਝ ਇਸ ਲਈ ਹੀ ਕੀਤਾ ਜਾ ਰਿਹਾ ਤਾਂ ਜੁ ਕਿਸੇ ਕਿਸਾਨ ਨੂੰ ਮੁਆਵਜ਼ਾ ਨਾ ਦਿੱਤਾ ਜਾਵੇ। ਉਨ੍ਹਾਂ ਕਿਹਾ ਸਰਕਾਰ ਵੱਲੋਂ ਸਿਰਫ਼ ਅਖ਼ਬਾਰਾਂ ਤੇ ਟੀਵੀ ਚੈਨਲਾਂ ਉੱਪਰ ਵਿਸਾਖੀ ਤੱਕ ਕਿਸਾਨਾਂ ਨੂੰ ਮੁਆਵਜ਼ਾ ਦੇਣ ਦਾ ਐਲਾਨ ਸਿਰਫ ਖਾਨਾਪੂਰਤੀ ਹੈ ਕਿਉਂਕਿ ਗਰਾਊਂਡ ਪੱਧਰ ’ਤੇ ਸਰਕਾਰ ਵੱਲੋਂ ਕਿਸਾਨਾਂ ਨੂੰ ਮੁਆਵਜ਼ਾ ਨਾ ਦੇਣ ਲਈ ਕੰਮ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਬੇਮੌਸਮੀ ਬਰਸਾਤ ਤੇ ਗੜੇਮਾਰ ਨੇ ਕਣਕ ਅਤੇ ਹੋਰ ਫਸਲਾਂ ਖਤਮ ਕਰ ਕੇ ਰੱਖ ਦਿੱਤੀਆਂ ਹਨ ਅਤੇ ਕਿਸਾਨੀ ਦੀ ਬਰਬਾਦੀ ਦੇ ਮੰਜਰ ਦੀਆਂ ਵੀਡੀਓ ਹਰ ਇੱਕ ਚੈਨਲ ’ਤੇ ਦੇਖੀਆਂ ਜਾ ਸਕਦੀਆਂ ਹਨ, ਪਰ ਉਹਨਾਂ ਖੇਤਾਂ ਵਿੱਚ ਹੀ ਸਰਕਾਰੀ ਮੁਲਜ਼ਮਾਂ ਵੱਲੋਂ ਜਾ ਕੇ 33% ਤੋਂ ਘੱਟ ਨੁਕਸਾਨ ਹੋਣ ਦੇ ਅੰਕੜੇ ਪੇਸ਼ ਕੀਤੇ ਜਾ ਹਨ ਅਤੇ ਕਣਕ ਦੀ ਫਸਲ ਦੀ ਕਟਾਈ ਹੋਣ ਦੀ ਉਡੀਕ ਵਿੱਚ ਸਾਜ਼ਿਸ਼ਾਂ ਅਧੀਨ ਹੀ ਗਿਰਦਾਵਰੀਆਂ ਵਿੱਚ ਦੇਰੀ ਕੀਤੀ ਜਾ ਰਹੀ ਹੈ, ਕਿਉਂਕਿ ਕਣਕ ਦੀ ਕਟਾਈ ਤੋਂ ਬਾਅਦ ਗਿਰਦਾਵਰੀਆਂ ਨਹੀ ਹੋਣੀਆਂ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਸਰਕਾਰ ਆਪਣੀਆਂ ਇਨ੍ਹਾਂ ਗੁੱਝੀਆਂ ਸਾਜ਼ਿਸ਼ਾਂ ਤੋਂ ਬਾਜ਼ ਆਏ ਅਤੇ ਹਰ ਇੱਕ ਉਸ ਕਿਸਾਨ ਨੂੰ ਮੁਆਵਜ਼ਾ ਦੇਵੇ ਜਿਸ ਦਾ ਵੀ ਨੁਕਸਾਨ ਹੋਇਆ ਹੈ, ਕਿਉਂਕਿ ਇਸ ਸਮੇਂ ਪੱਕਣ ਦੇ ਕੰਢੇ ਖੜੀ ਫਸਲ ਉੱਪਰ ਹੋਈ ਇਸ ਬੇਮੌਸਮੀ ਬਰਸਾਤ ਤੇ ਗੜੇਮਾਰ ਨੇ ਪਹਿਲਾਂ ਹੀ ਆਰਥਿਕ ਪੱਖੋਂ ਟੁੱਟ ਚੁੱਕੀ ਕਿਸਾਨੀਂ ਨੂੰ ਆਰਥਿਕ ਪੱਖੋਂ ਬਿਲਕੁਲ ਹੀ ਤੋੜਨ ਦਾ ਕੰਮ ਕੀਤਾ ਹੈ।

ਇਸ ਮੌਕੇ ਉਨ੍ਹਾਂ ਨਾਲ ਮਲਕੀਤ ਸਿੰਘ ਘੁਲਾਲ, ਸੁਖਪਾਲ ਸਿੰਘ ਨੀਲੋਂ, ਇਕਬਾਲ ਸਿੰਘ ਟੋਨੀ ਲੱਲ ਕਲਾਂ ਤੇ ਪਵਿੱਤਰ ਸਿੰਘ ਨਾਲ ਹਾਜ਼ਰ ਸਨ।

# ਧਾਰਮਕ ਕੰਮਾਂ ਤੋਂ ਪਹਿਲਾਂ ਗੁਆਂਢੀਆਂ ਤੇ ਰਿਸ਼ਤੇਦਾਰਾਂ ਦੀ ਮਦਦ ਕਰੋ : ਸ਼ਾਹੀ ਇਮਾਮ

**ਲੁਧਿਆਣਾ (ਐਮ.ਐਸ.ਭਾਟੀਆ, ਰੈਕਟਰ ਕਥੂਰੀਆ, ਪ੍ਰਦੀਪ ਸ਼ਰਮਾ)**-ਪਵਿੱਤਰ ਰਮਜ਼ਾਨ ਸ਼ਰੀਫ਼ ਦੇ ਤੀਜੇ ਜੁੰਮੇ ਦੀ ਨਮਾਜ਼ ਅਦਾ ਕਰਨ ਤੋਂ ਪਹਿਲਾਂ ਮੁਸਲਮਾਨਾਂ ਨੂੰ ਸੰਬੋਧਤ ਕਰਦੇ ਹੋਏ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਰਮਜਾਨ ਸ਼ਰੀਫ਼ ਬੰਦੇ ਦਾ ਆਪਣੇ ਰੱਬ ਨਾਲ ਇਜ਼ਹਾਰ-ਏ-ਇਸ਼ਕ ਦਾ ਮਹੀਨਾ ਹੈ। ਬੰਦਾ ਆਪਣੇ ਰੱਬ ਨੂੰ ਰਾਜ਼ੀ ਕਰਨ ਲਈ ਉਸਦੇ ਹੁਕਮ ਦੇ ਮੁਤਾਬਕ ਆਪਣਾ ਵਕਤ ਗੁਜ਼ਾਰਦਾ ਹੈ।

ਸ਼ਾਹੀ ਇਮਾਮ ਨੇ ਕਿਹਾ ਕਿ ਅੱਲਾਹ ਤਾਅਲਾ ਸਾਡੀ ਨੀਅਤ ਨੂੰ ਜਾਣਦਾ ਹੈ, ਉਸ ਨੂੰ ਪਤਾ ਹੈ ਕਿ ਕੌਣ ਦਿਖਾਵੇ ਦਾ ਭੁੱਖਾ ਪਿਆਸਾ ਹੈ ਤੇ ਕੌਣ ਸੱਚਾ ਰੋਜ਼ੇਦਾਰ ਹੈ। ਮੌਲਾਨਾ ਨੇ ਕਿਹਾ ਕਿ ਅੱਲਾਹ ਦੇ ਪਿਆਰੇ ਨਬੀ ਹਜਰਤ ਮੁਹੰਮਦ ਸਲੱਲਲਾਹੂ ਅਲੈਹੀਵਸੱਲਮ ਰਮਜਾਨ ਸ਼ਰੀਫ਼ ਦੇ ਪਵਿੱਤਰ ਮਹੀਨੇ ਵਿੱਚ ਤੇਜ਼ ਚੱਲਣ ਵਾਲੀ ਹਵਾ ਨਾਲੋਂ ਵੀ ਜ਼ਿਆਦਾ ਦਾਨੀ ਸਨ।

ਸ਼ਾਹੀ ਇਮਾਮ ਨੇ ਕਿਹਾ ਕਿ ਰਮਜਾਨ ਸ਼ਰੀਫ਼ ਵਿੱਚ ਸਾਨੂੰ ਚਾਹੀਦਾ ਹੈ ਕਿ ਧਾਰਮਿਕ ਕੰਮਾਂ ਤੋਂ ਵੀ ਪਹਿਲਾਂ ਮਾਲੀ ਰੂਪ ਵਿੱਚ ਕਮਜ਼ੋਰ ਆਪਣੇ ਗੁਆਢੀਆਂ ਤੇ ਰਿਸ਼ਤੇਦਾਰਾਂ ਦੀ ਮਦਦ ਕਰੀਏ। ਉਨ੍ਹਾਂ ਕਿਹਾ ਕਿ ਗੁਆਂਢੀ ਚਾਹੇ ਕਿਸੇ ਵੀ ਧਰਮ ਨਾਲ ਸਬੰਧ ਰੱਖਦਾ ਹੋਵੇ, ਜੇਕਰ ਉਹ ਭੁੱਖਾ ਹੈ ਤਾਂ ਮੁਸਲਮਾਨ ਉੱਤੇ ਉਸਦੀ ਮਦਦ ਕਰਨਾ ਫ਼ਰਜ਼ ਹੈ। ਸ਼ਾਹੀ ਇਮਾਮ ਮੌਲਾਨਾ ਹਬੀਬ ਉਰ ਰਹਿਮਾਨ ਨੇ ਕਿਹਾ ਕਿ ਰਮਜ਼ਾਨ ਦਾ ਇਹ ਪਵਿੱਤਰ ਮਹੀਨਾ ਸਾਨੂੰ ਇਸੇ ਤਰਾਂ ਪਿਆਰ, ਮੁਹੱਬਤ ਤੇ ਆਪਸੀ ਭਾਈਚਾਰੇ ਨੂੰ ਵਧਾਉਣ ਦੀ ਪ੍ਰੇਰਨਾ ਦਿੰਦਾ ਹੈ।

# ਫਾਟਕ ਦੀ ਸਮੱਸਿਆ ਦੇ ਹੱਲ ਦੇ ਮਿਲੇ ਭਰੋਸੇ ਤੋਂ ਬਾਅਦ ਚੱਕਾ ਜਾਮ ਪ੍ਰੋਗਰਾਮ ਮੁਲਤਵੀ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਰੇਲਵੇ ਫਾਟਕ ਨੰ: 123-ਸੀ ਦੇ ਅਕਸਰ ਬੰਦ ਰਹਿਣ ਸਮੇਤ ਹੋਰ ਮੁਸ਼ਕਲਾਂ ਦੇ ਹੱਲ ਨੂੰ ਲੈ ਕੇ ਰੇਲਵੇ ਫਾਟਕ ਸੰਘਰਸ਼ ਕਮੇਟੀ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਉਲੀਕੇ ਸੰਘਰਸ਼ ਪ੍ਰੋਗਰਾਮ ਤਹਿਤ 8 ਅਪ੍ਰੈਲ ਨੂੰ ਤਿੰਨ ਘੰਟੇ ਲਈ ਕੀਤਾ ਜਾਣ ਵਾਲਾ ਰੇਲ ਚੱਕਾ ਜਾਮ ਪ੍ਰੋਗਰਾਮ ਜ਼ਿਲ੍ਹਾ ਪ੍ਰਸ਼ਾਸਨ ਤੇ ਰੇਲਵੇ ਅਧਿਕਾਰੀਆਂ ਵੱਲੋਂ ਸਮੱਸਿਆ ਦੇ ਹੱਲ ਦਾ ਭਰੋਸਾ ਦਿਵਾਏ ਜਾਣ ਤੋਂ ਬਾਅਦ ਫ਼ਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ।

ਸੰਘਰਸ਼ ਕਮੇਟੀ ਦੇ ਆਗੂਆਂ ਹਰਮੇਲ ਸਿੰਘ, ਗੁਰਤੇਜ ਸਿੰਘ, ਕੁਲਵੰਤ ਸਿੰਘ ਅਤੇ ਸੈਬਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਲੀਕੇ ਸੰਘਰਸ਼ ਪ੍ਰੋਗਰਾਮ ਬਾਰੇ ਪਤਾ ਲੱਗਦਿਆਂ ਹੀ ਸੰਘਰਸ਼ ਕਮੇਟੀ ਦੇ ਵਫਦ ਨੂੰ ਐਸ. ਡੀ. ਐਮ. ਬਠਿੰਡਾ ਦਫਤਰ ਵਿਖੇ ਗੱਲਬਾਤ ਲਈ ਬੁਲਾਇਆ ਗਿਆ, ਜਿੱਥੇ ਰੇਲਵੇ ਅਧਿਕਾਰੀਆਂ ਨੇ ਵਫਦ ਨੂੰ ਭਰੋਸਾ ਦਿਵਾਇਆ ਕਿ ਰੇਲਵੇ ਫਾਟਕ ਨੰ: 123-ਸੀ ਰੇਲਾਂ ਦੀ ਆਵਾਜਾਈ ਜਾਂ ਕਰਾਸ ਵਗੈਰਾ ਦੌਰਾਨ 15-20 ਮਿੰਟਾਂ ਤੋਂ ਜ਼ਿਆਦਾ ਸਮਾਂ ਬੰਦ ਨਹੀਂ ਰੱਖਿਆ ਜਾਵੇਗਾ। ਅੰਡਰ ਬ੍ਰਿਜ ਬਣਾਏ ਜਾਣ ਬਾਰੇ ਪ੍ਰੋਸੈਸ ਚਲਦਾ ਹੋਣ ਅਤੇ ਕੋਰੋਨਾ ਕਾਲ ਤੋਂ ਪਹਿਲਾਂ ਰੁਕਦੀਆਂ ਰੇਲਾਂ ਦੇ ਸਟਾਪਜ਼ ਬਾਰੇ ਵੀ ਵਿਸ਼ਵਾਸ ਦਿਵਾਇਆ ਕਿ ਦੋ-ਤਿੰਨ ਮਹੀਨਿਆਂ ਤੱਕ ਇਹ ਸਮੱਸਿਆ ਵੀ ਹੱਲ ਕਰ ਦਿੱਤੀ ਜਾਵੇਗੀ। ਭਰੋਸਾ ਮਿਲਣ ਤੋਂ ਬਾਅਦ ਸੰਘਰਸ਼ ਕਮੇਟੀ, ਸਥਾਨਕ ਕਿਸਾਨ ਜਥੇਬੰਦੀਆਂ ਨੇ ਪਿੰਡ ਵਾਸੀਆਂ ਦੀ ਸਹਿਮਤੀ ਨਾਲ ਉਲੀਕੇ ਸੰਘਰਸ਼ ਪ੍ਰੋਗਰਾਮ ਨੂੰ ਇੱਕ ਵਾਰ ਮੁਲਤਵੀ ਕੀਤੇ ਜਾਣ ਦਾ ਐਲਾਨ ਕਰਦਿਆਂ ਚੇਤਾਵਨੀ ਦਿੱਤੀ ਕਿ ਜੇਕਰ ਮਿਲੇ ਭਰੋਸੇ ’ਤੇ ਅਮਲ ਨਾ ਹੋਇਆ ਤਾਂ ਦੁਬਾਰਾ ਤੋਂ ਤਿੱਖਾ ਸੰਘਰਸ਼ ਵਿੱਢ ਦਿੱਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨਿਕ ਤੇ ਰੇਲਵੇ ਅਧਿਕਾਰੀਆਂ ਦੀ ਹੋਵੇਗੀ।

# ਭੱਦਲਵੱਡ ’ਚ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਪਿੰਡ ਭੱਦਲਵਡ ਹਲਕਾ ਧੂਰੀ ਵਿਖੇ ਸੀਵਰੇਜ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਮਾਰਕਿਟ ਕਮੇਟੀ ਦੇ ਚੇਅਰਮੈਨ ਰਾਵਜੰਤ ਸਿੰਘ ਘੁੱਲੀ ਤੇ ਸੀਨੀਅਰ ਆਗੂ ਡਾ. ਅਨਵਰ ਭਸੌੜ ਨੇ ਦੱਸਿਆ ਕਿ ਇਸ ਪ੍ਰੋਜੈਕਟ ’ਤੇ 9 ਲੱਖ 74 ਹਜ਼ਾਰ ਰੁਪਏ ਖਰਚ ਹੋਣਗੇ। ਉਨ੍ਹਾਂ ਕਿਹਾ ਕਿ ਦੂਰਅੰਦੇਸ਼ੀ ਤੇ ਗਤੀਸ਼ੀਲ ਸੋਚ ਦੇ ਮਾਲਕ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਿੱਥੇ ਸਮੁੱਚੇ ਪੰਜਾਬ ਦੇ ਵਿਕਾਸ ਲਈ ਯੋਜਨਾਂ ਘੜੀਆਂ ਗਈਆਂ ਹਨ, ਉਥੇ ਵਿਧਾਨ ਸਭਾ ਹਲਕਾ ਧੂਰੀ ਨੂੰ ਨਮੂਨੇ ਦਾ ਸ਼ਹਿਰ ਬਣਾਇਆ ਜਾਵੇਗਾ। ਇਸ ਮੌਕੇ ਆਪ ਕਮੇਟੀ ਪਿੰਡ ਭੱਦਲਵੱਡ ਦੇ ਆਗੂ ਅਮਨਦੀਪ ਸਿੰਘ, ਜਸਵਿੰਦਰ ਸਿੰਘ, ਕਰਮਜੀਤ ਸਿੰਘ, ਹਰਨੀਤ ਸਿੰਘ, ਸਰਬਜੀਤ ਦਾਸ ਆਦਿ ਵੀ ਹਾਜ਼ਰ ਸਨ।

# ਵਿਕਾਸ ਮਿਸ਼ਨ ਵੱਲੋਂ ਇੰਸਪੈਕਟਰ ਜਗਸੀਰ ਸਿੰਘ ਦਾ ਸਨਮਾਨ ਅੱਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਰਕਾਰੀ ਸੇਵਾ ਦੌਰਾਨ ਮੁਲਾਜ਼ਮ ਵੱਲੋਂ ਨਿਭਾਈ ਵਿਭਾਗੀ ਜ਼ਿੰਮੇਵਾਰੀ ਅਤੇ ਲੋਕ ਪੱਖੀ ਪਹੁੰਚ ਹੀ ਉਸ ਦੀ ਅਸਲ ਪੂੰਜੀ ਹੁੰਦੀ ਹੈ। ਕਰੀਬ ਹਫਤਾ ਕੁ ਪਹਿਲਾਂ ਪੰਜਾਬ ਪੁਲਸ ਵਿੱਚੋਂ ਸੇਵਾ ਮੁਕਤ ਹੋਏ ਇੰਸਪੈਕਟਰ ਜਗਸੀਰ ਸਿੰਘ ਇਸ ਦੀ ਜਿਊਂਦੀ ਜਾਗਦੀ ਉਦਾਹਰਨ ਹਨ। ਸੇਵਾ ਮੁਕਤੀ ਸਮੇਂ ਪੁਲਸ ਸਟੇਸ਼ਨ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਬਤੌਰ ਐਸ.ਐਚ.ਓ. ਤਾਇਨਾਤ ਰਹੇ ਜਗਸੀਰ ਸਿੰਘ ਆਪਣੇ ਮਹਿਕਮੇ ਅਤੇ ਸਮਾਜ ’ਚ ਅਦੁੱਤੀ ਪਛਾਣ ਰੱਖਦੇ ਹਨ। ਉਨ੍ਹਾ ਦੀ ਇਸ ਕਾਬਲੀਅਤ ਲਈ ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਸਮੇਤ ਚੇਅਰਮੈਨ ਇੰਜ. ਅਸ਼ੋਕ ਕੁਮਾਰ ਭਾਰਤੀ, ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੰਘ ਰੱਖਰਾ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਜਗਸੀਰ ਸਿੰਘ ਦੀ ਪੁਰਜ਼ੋਰ ਸ਼ਲਾਘਾ ਕੀਤੀ ਹੈ।



ਮਿਸ਼ਨ ਵੱਲੋਂ ਇੰਸਪੈਕਟਰ ਜਗਸੀਰ ਸਿੰਘ ਨੂੰ 8 ਅਪ੍ਰੈਲ ਸ਼ਨੀਵਾਰ ਨੂੰ ਸਨਮਾਨਤ ਕੀਤਾ ਜਾਵੇਗਾ। ਇਸ ਮੰਤਵ ਲਈ ਮਿਸ਼ਨ ਵੱਲੋਂ ਸਨਮਾਨ ਮੀਟਿੰਗ ਸ਼ਨੀਵਾਰ ਅੱਠ ਅਪ੍ਰੈਲ ਸ਼ਾਮ ਦੇ ਠੀਕ 5:00 ਵਜੇ ਸਥਾਨਕ ਰੇਲਵੇ ਰੋਡ ਸਥਿਤ ਪਵਨ ਹੋਟਲ ਐਂਡ ਸਵੀਟਸ ਸ਼ਾਪ ਵਿਖੇ ਕੀਤੀ ਜਾਵੇਗੀ। ਜਾਣਕਾਰੀ ਦਿੰਦੇ ਹੋਏ ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਮਿਸ਼ਨ ਵੱਲੋਂ ਡਾ. ਅੰਬੇਡਕਰ ਜੈਯੰਤੀ ਮਨਾਉਣ ਸੰਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਪ੍ਰਧਾਨ ਢੋਸੀਵਾਲ ਨੇ ਮਿਸ਼ਨ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਮੀਟਿੰਗ ’ਚ ਸਮੇਂ ਸਿਰ ਪਹੁੰਚਣ ਦਾ ਸੱਦਾ ਦਿੱਤਾ ਹੈ।

# ਇੱਛਾ ਪੂਰਤੀ ਮੰਦਰ ਨੇ ਕਰਾਇਆ ਸ੍ਰੀ ਹਨੂੰਮਾਨ ਜੀ ਦਾ ਵਿਸ਼ਾਲ ਜਾਗਰਣ



**ਸੰਗਰੂਰ (ਪ੍ਰਵੀਨ ਸਿੰਘ)**-ਵਾਰਡ ਨੰਬਰ 22 ਸੁੰਦਰ ਬਸਤੀ ਦੇ ਇੱਛਾ ਪੂਰਤੀ ਸ੍ਰੀ ਹਨੂਮਾਨ ਮੰਦਰ ਵੱਲੋਂ ਸ੍ਰੀ ਹਨੂਮਾਨ ਜਯੰਤੀ ਦੇ ਸ਼ੁਭ ਮੌਕੇ ਸ੍ਰੀ ਹਨੂੰਮਾਨ ਜੀ ਦਾ 6ਵਾ ਵਿਸ਼ਾਲ ਜਾਗਰਣ ਕਰਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਮੈਡਮ ਪੂਨਮ ਕਾਂਗੜਾ ਮੈਂਬਰ ਐਸ ਸੀ ਕਮਿਸ਼ਨ ਪੰਜਾਬ ਵੱਲੋਂ ਜਯੋਤੀ ਪ੍ਰਚੰਡ ਦੀ ਰਸਮ ਅਦਾ ਕੀਤੀ ਗਈ। ਵੱਡੀ ਗਿਣਤੀ ਸ਼ਰਧਾਲੂਆਂ ਨੂੰ ਅੰਮ੍ਰਿਤਪਾਲ ਰਾਮ, ਰਵੀ ਕੁਮਾਰ ਚੌਹਾਨ ਤੇ ਸਾਗਰ ਚੌਹਾਨ ਐਂਡ ਪਾਰਟੀ ਵੱਲੋਂ ਅਪਣੀ ਮਧੁਰ ਆਵਾਜ਼ ਨਾਲ ਗਾਏ ਭਜਨਾਂ ਨੇ ਨਿਹਾਲ ਕੀਤਾ। ਜਾਗਰਣ ਵਿੱਚ ਕੱਢੀਆਂ ਝਾਕੀਆਂ ਨੇ ਭਗਤਾਂ ਦਾ ਮਨ ਮੋਹ ਲਿਆ। ਇਸ ਮੌਕੇ ਸੰਬੋਧਨ ਕਰਦਿਆਂ ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਸ੍ਰੀ ਹਨੂੰਮਾਨ ਜੀ ਸਭ ਦੀਆਂ ਮਨੋਕਾਮਨਾਵਾਂ ਪੂਰੀਆਂ ਕਰਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਵੱਲੋਂ ਐਨੀ ਲਗਨ ਨਾਲ ਕਰਾਏ ਜਾ ਰਹੇ ਇਹ ਧਾਰਮਿਕ ਕਾਰਜ ਸ਼ਲਾਘਾਯੋਗ ਕਦਮ ਹੈ, ਜਿਸ ਨਾਲ ਹੋਰ ਨੌਜਵਾਨਾਂ ਨੂੰ ਵੀ ਇੱਕ ਚੰਗੀ ਸੇਧ ਮਿਲਦੀ ਹੈ। ਇਸ ਮੌਕੇ ਸ੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ ਤੋਂ ਇਲਾਵਾ ਪ੍ਰਬੰਧਕ ਕਮੇਟੀ ਦੇ ਸ੍ਰੀ ਰਾਣਾ ਪ੍ਰਧਾਨ, ਜਗਸੀਰ ਸਿੰਘ ਜੱਗਾ ਵਾਇਸ ਪ੍ਰਧਾਨ, ਸ੍ਰੀ ਰਵੀ ਕੁਮਾਰ ਖ਼ਜ਼ਾਨਚੀ, ਧਰਮਵੀਰ ਸਿੰਘ, ਸ੍ਰੀ ਜੱਸਾ, ਸ੍ਰੀ ਹਵਾ ਸਿੰਘ, ਗੁਰਪ੍ਰੀਤ ਸਿੰਘ ਗੁਰੀ, ਸ੍ਰੀਮਤੀ ਗੁਰਨਾਮ ਕੌਰ, ਮੋਨਿਕਾ ਰਾਣੀ, ਸਰਬਜੀਤ ਕੌਰ, ਸੀਤਾ ਦੇਵੀ, ਸੁਖਬੀਰ ਕੌਰ, ਕਾਲਾ ਮਿਸਤਰੀ, ਜਤਿੰਦਰ ਸਿੰਘ ਕਾਗੋ, ਰਾਹੁਲ, ਮਨਪ੍ਰੀਤ ਕੌਰ, ਬਿੱਦੂ, ਗੀਨਾ ਰਾਣੀ, ਪਦਮਾ ਰਾਣੀ, ਅਰਾਧਨਾ, ਨੇਹਾ ਤੇ ਸੰਨੀ, ਬਿਨੀ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ 50000 ਰੁਪਏ ਪ੍ਰਤੀ ਕਿੱਲਾ ਮੁਆਵਜ਼ਾ ਦੇਵੇ : ਬਿਕਰਮਜੀਤ ਚੀਮਾ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੀ ਕਹਿਣੀ ਤੇ ਕਰਨੀ ਵਿੱਚ ਦਿਨ-ਰਾਤ ਦਾ ਅੰਤਰ ਹੈ। ਇਹ ਸਰਕਾਰ ਹਰ ਫਰੰਟ ’ਤੇ ਫੇਲ੍ਹ ਹੋ ਚੁੱਕੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੰਜਾਬ ਭਾਜਪਾ ਦੇ ਸੂਬਾ ਜਨਰਲ ਸਕੱਤਰ ਬਿਕਰਮਜੀਤ ਸਿੰਘ ਚੀਮਾ ਨੇ ਕੀਤਾ। ਉਨ੍ਹਾਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦੇ ਕਿਹਾ ਕਿ ਸਰਕਾਰ ਕਿਸਾਨਾਂ ਨਾਲ ਕੋਝੇ ਮਜ਼ਾਕ ਕਰਨੇ ਬੰਦ ਕਰੇ ਤੇ ਪੰਜਾਬ ਦੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਖਰਾਬ ਹੋਈਆਂ ਫ਼ਸਲਾਂ, ਸਬਜ਼ੀਆਂ ਤੇ ਹਰੇ ਚਾਰੇ ਲਈ ਤੁਰੰਤ 50000 ਰੁਪਏ ਪ੍ਰਤੀ ਕਿੱਲਾ ਤੇ ਖੇਤ ਮਜ਼ਦੂਰਾਂ ਦੇ ਲਈ 5000 ਰੁਪਏ ਪ੍ਰਤੀ ਕਿੱਲਾ ਮੁਆਵਜ਼ਾ ਤੁਰੰਤ ਉਨ੍ਹਾਂ ਦੇ ਖਾਤਿਆਂ ਵਿੱਚ ਪਾਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਮਾਲ, ਪੁਨਰਵਾਸ ਤੇ ਡਿਜਾਸਟਰ ਮੈਨੇਜਮੈਂਟ ਵਿਭਾਗ ਦੁਆਰਾ ਮੀਮੋ ਨੰ 09/27/23-1 ਡੀ ਐਮ-1/5899 ਰਾਹੀਂ 06 ਅਪ੍ਰੈਲ ਨੂੰ ਬਾਰਿਸ਼, ਗੜ੍ਹੇਮਾਰੀ, ਹਨੇਰੀ ਆਦਿ ਨਾਲ ਫ਼ਸਲਾਂ ਦੇ ਹੋਏ ਨੁਕਸਾਨ ਲਈ ਸਿਰਫ 11 ਕਰੋੜ 50 ਲੱਖ ਰੁਪਏ ਹੀ ਜਾਰੀ ਕੀਤੇ ਹਨ, ਜੋ ਸਾਡੇ ਕਿਸਾਨ ਭਰਾਵਾਂ ਨਾਲ ਇੱਕ ਭੱਦਾ ਮਜ਼ਾਕ ਹੈ, ਕਿਉਂਕਿ ਜੇ ਇਸ ਰਾਸ਼ੀ ਨੂੰ 23 ਜ਼ਿਲ੍ਹਿਆ ਵਿੱਚ ਵੰਡਿਆ ਜਾਵੇ ਤਾਂ ਇੱਕ ਜ਼ਿਲ੍ਹੇ ਦੇ ਹਿੱਸੇ ਸਿਰਫ 50 ਲੱਖ ਰੁਪਏ ਹੀ ਆਉਂਦੇ ਹਨ ਤੇ ਇੱਕ ਪਿੰਡ ਦੇ ਹਿੱਸੇ ਕਰੀਬ ਸਿਰਫ ਨੌਂ ਹਜ਼ਾਰ ਰੁਪਏ ਹੀ ਆਉਂਦੇ ਹਨ। ਚੀਮਾ ਨੇ ਕਿਹਾ ਕਿ ਭਾਜਪਾ ਜੋ ਕਹਿੰਦੀ ਹੈ, ਉਹੀ ਕਰਦੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਨੂੰ ਖੁਸ਼ਹਾਲ ਦੇਖਣਾ ਚਾਹੁੰਦੇ ਹਨ ਤੇ ਉਨ੍ਹਾਂ ਦੀ ਪੰਜਾਬ ਵਿੱਚ ਖਾਸ ਦਿਲਚਸਪੀ ਹੈ। ਉਹ ਪੰਜਾਬੀਆਂ ਦਾ ਬਹੁਤ ਸਤਿਕਾਰ ਕਰਦੇ ਹਨ

# ਬਾਬਾ ਫ਼ਰੀਦ ਸਕੂਲ ਛੱਤਿਆਣਾ ਦੀ ਪੰਜਵੀਂ ਦਾ ਨਤੀਜਾ ਸੌ ਫ਼ੀਸਦੀ ਰਿਹਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪੰਜਵੀਂ ਕਲਾਸ ਦਾ ਨਤੀਜਾ ਐਲਾਨਿਆ ਗਿਆ। ਨਤੀਜੇ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮਾਨਤਾ ਪ੍ਰਾਪਤ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਦਾ ਨਤੀਜਾ ਸਤ ਪ੍ਰਤੀਸ਼ਤ ਰਿਹਾ। ਜਾਣਕਾਰੀ ਦਿੰਦੇ ਹੋਏ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਨੇ ਦੱਸਿਆ ਕਿ ਪੰਜਵੀਂ ਕਲਾਸ ਦਾ ਨਤੀਜਾ 100 ਫ਼ੀਸਦੀ ਰਿਹਾ। ਉਨਾਂ ਦੱਸਿਆ ਕਿ ਪੰਜਵੀਂ ਜਮਾਤ ਦੇ ਵਿੱਚ ਗੁਰਪ੍ਰਤੀਕ ਸਿੰਘ ਪੁੱਤਰ ਹਰਜੀਤ ਸਿੰਘ ਛੱਤਿਆਣਾ ਨੇ 100 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ, ਜਗਮਨਦੀਪ ਸਿੰਘ ਪੁੱਤਰ ਜਸਕਰਨ ਸਿੰਘ ਨੇ 94 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਤੇ ਪ੍ਰਭਨੂਰ ਸਿੰਘ ਪੁੱਤਰ ਬਲਵਿੰਦਰ ਸਿੰਘ, ਇਸ਼ਮੀਤ ਕੌਰ ਪੁੱਤਰੀ ਹਰਦੀਪ ਸਿੰਘ, ਨੋਵਲਦੀਪ ਸਿੰਘ ਪੁੱਤਰ ਜਸਵੰਤ ਸਿੰਘ, ਸ਼ਾਹਬਾਦਪ੍ਰੀਤ ਕੌਰ ਜਗਸੀਰ ਸਿੰਘ ਨੇ 93 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।

ਉਨ੍ਹਾਂ ਕਿਹਾ ਕਿ ਇਹ ਨਤੀਜਾ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਆਇਆ ਹੈ। ਪ੍ਰਿੰਸੀਪਲ ਪਰਮਜੀਤ ਕੌਰ, ਕੋਆਰਡੀਨੇਟਰ ਪ੍ਰੀਤੀ ਬਾਲਾ, ਮਨਦੀਪ ਕੌਰ ਐਚ ਓ, ਬਲਕਰਨ ਸਿੰਘ ਐਚ ਓ, ਸੰਦੀਪ ਕੌਰ ਅਤੇ ਅਮਨਦੀਪ ਕੌਰ ਕਲਾਸ ਇੰਚਾਰਜ ਨੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦਿਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

# ਪਾਵਰਕਾਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੀ ਹੋਈ ਮਹੀਨਾਵਾਰ ਮੀਟਿੰਗ



**ਮੋਗਾ (ਅਮਰਜੀਤ ਬੱਬਰੀ)**

ਪਾਵਰਕੌਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਸਬਰਬਨ ਤੇ ਨਗਰ ਮੰਡਲ ਦੇ ਪੈਨਸ਼ਨਰਜ਼ ਦੀ ਮਹੀਨਾਵਾਰ ਮੀਟਿੰਗ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਵਿਖੇ ਲੂੰਬਾ ਭਵਨ ਵਿਖੇ ਪੈਨਸ਼ਨਰਜ਼ ਯੂਨੀਅਨ ਦੇ ਕਨਵੀਨਰ ਗੁਰਮੇਲ ਸਿੰਘ ਨਾਹਰ ਤੇ ਪ੍ਰਿਆਵਰਤ ਗੁਪਤਾ ਤੇ ਸਵਰਨਜੀਤ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਵਿੱਚ ਪਾਵਰਕੌਮ ਟਰਾਂਸਕੋ ਦੇ ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ ਵਲੋਂ ਉਚੇਚੇ ਤੌਰ ’ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਪੈਨਸ਼ਨਰਜ਼ ਦੀਆਂ ਮੁੱਖ ਮੰਗਾਂ ’ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਤੇ ਅਮਰੀਕ ਸਿੰਘ ਮਸੀਤਾਂ ਸੂਬਾ ਜਨਰਲ ਸਕੱਤਰ ਵਲੋਂ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਅੜੀਅਲ ਵਤੀਰੇ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਤੇ ਕਿਹਾ ਕਿ ਮੈਨੇਜਮੈਂਟ ਤੇ ਸਰਕਾਰ ਵੱਲੋਂ ਪੈਨਸ਼ਨਰਜ਼ ਦੀਆਂ ਹੱਕੀ ਮੰਗਾਂ ਨੂੰ ਪੂਰਾ ਕਰਨ ਲਈ ਵਾਰ-ਵਾਰ ਮੰਗ ਕਰਨ ਦੇ ਬਾਵਜੂਦ ਮੀਟਿੰਗ ਦੇਣ ਵਿੱਚ ਆਨਾਕਾਨੀ ਕੀਤੀ ਜਾ ਰਹੀ ਹੈ। ਪੈਨਸ਼ਨਰਜ਼ ਯੂਨੀਅਨ ਇਸ ਦਾ ਤਿੱਖਾ ਵਿਰੋਧ ਕਰਦੀ ਹੈ। ਪੈਨਸ਼ਨਰਜ਼ ਦੇ ਵਿਰੋਧ ਸਦਕਾ ਹੀ ਮੈਨੇਜਮੈਂਟ ਨੂੰ ਪਰਵਾਰਕ ਪੈਨਸ਼ਨ ਤੇ ਲਿਬਰੇਲਾਇਜਡ ਪੈਨਸ਼ਨਰਾਂ ਦੀ ਡਿਵੈਲਪਮੈਂਟ ਟੈਕਸ ਦੀ ਵਸੂਲੀ ਬੰਦ ਕਰਨ ਲਈ ਆਦੇਸ਼ ਜਾਰੀ ਕਰਨੇ ਪਏ ਤੇ ਮੰਗ ਕੀਤੀ ਕਿ ਡਿਵੈਲਪਮੈਂਟ ਟੈਕਸ ਦੀ ਨਜਾਇਜ਼ ਕੀਤੀ ਕਟੌਤੀ ਸਮੇਤ ਵਿਆਜ ਤੁਰੰਤ ਵਾਪਸ ਕੀਤੀ ਜਾਵੇ।

ਪੈਨਸ਼ਨਰਾਂ ਦੀਆਂ ਮੁੱਖ ਮੰਗਾਂ ਵਿੱਚ ਮੁੱਖ ਤੌਰ ’ਤੇ 2.45 ਦੀ ਬਜਾਏ ਮੌਜੂਦਾ ਕੰਮ ਕਰਦੇ ਮੁਲਾਜ਼ਮਾਂ ਤੇ 01-01-2016 ਤੋਂ ਬਾਅਦ ਰਿਟਾਇਰ ਹੋਏ ਪੈਨਸ਼ਨਰਾਂ ਵਾਂਗ 2.59 ਦੇ ਮਲਟੀ ਪਲਾਇੰਗ ਫੈਕਟਰ ਮੁਤਾਬਕ ਪੈਨਸ਼ਨ ਰਿਵੀਜ਼ਨ, ਕੇਂਦਰ ਸਰਕਾਰ ਦੀ ਤਰਜ਼ ’ਤੇ ਮਹਿੰਗਾਈ ਭੱਤੇ ਦੀ ਰਹਿੰਦੀ ਜੁਲਾਈ 2022 ਤੋਂ 4% ਕਿਸ਼ਤ ਤੇ ਜਨਵਰੀ 2023 ਤੋਂ 4% ਮਹਿੰਗਾਈ ਭੱਤਾ ਤੇ ਪਿਛਲੀਆਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇ ਏਰੀਅਰ ਦੀ ਯਕਮੁਸ਼ਤ ਅਦਾਇਗੀ, ਕੈਸ਼ਲੈੱਸ ਮੈਡੀਕਲ ਸਕੀਮ, ਬੁਢਾਪਾ ਅਲਾਂਊਂਸ ਨੂੰ ਮੁੱਢਲੀ ਪੈਨਸ਼ਨ ਦਾ ਹਿੱਸਾ ਮੰਨਣਾ ਆਦਿ ਮੰਗਾਂ ਸ਼ਾਮਲ ਹਨ। ਯੂਨੀਅਨ ਦੇ ਸਰਕਲ ਕਨਵੀਨਰ ਗੁਰਮੇਲ ਸਿੰਘ ਨਾਹਰ, ਸੂਬਾ ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ, ਪ੍ਰਿਆਵਰਤ ਗੁਪਤਾ, ਦਿਆਲ ਸਿੰਘ ਕੈਲਾ ਤੇ ਹੋਰਨਾਂ ਨੇ ਪੈਨਸ਼ਨਰਜ਼ ਦੀਆਂ ਭਖਦੀਆਂ ਮੰਗਾਂ ’ਤੇ ਵਿਚਾਰ ਚਰਚਾ ਕੀਤੀ ਅਤੇ ਪੰਜਾਬ, ਯੂ ਟੀ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਤੇ ਹੋਰ ਪੰਜਾਬ ਪੱਧਰੀ ਪੈਨਸ਼ਨਰਜ਼ ਤੇ ਮੁਲਾਜ਼ਮ ਜਥੇਬੰਦੀਆਂ ਨੂੰ ਪੰਜਾਬ ਦੇ ਮੁੱਖ ਮੰਤਰੀ ਵੱਲੋਂ 29 ਮਾਰਚ ਦੀ ਮੀਟਿੰਗ ਮੌਕੇ ਸੂਬਾ ਪੱਧਰੀ ਜਥੇਬੰਦੀਆਂ ਨਾਲ ਮੀਟਿੰਗ ਨਾ ਕਰਨ ਸਬੰਧੀ ਪੰਜਾਬ ਸਰਕਾਰ ਦੀ ਨਿਖੇਧੀ ਕੀਤੀ ਗਈ ਤੇ ਅਗਲੇ ਸੰਘਰਸ਼ ਦਾ ਐਲਾਨ ਕਰ ਦਿੱਤਾ। ਮੀਟਿੰਗ ਵਿੱਚ ਜਲੰਧਰ ਲੋਕ ਸਭਾ ਹਲਕਾ ਦੀਆਂ ਉਪ ਚੋਣਾਂ ਵਿੱਚ ਅਸੰਬਲੀ ਹਲਕਿਆਂ ਵਿੱਚ ਝੰਡਾ ਮਾਰਚ ਕਰਨ ਸਬੰਧੀ ਮਤਾ ਪਾਸ ਕੀਤਾ ਗਿਆ ਤੇ ਇਨ੍ਹਾਂ ਚੋਣਾਂ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਮੀਟਿੰਗ ਵਿੱਚ ਪੈਨਸ਼ਨਰਜ਼ ਤੇ ਪਰਵਾਰਕ ਪੈਨਸ਼ਨਰਜ਼ ਦੇ ਲਾਇਵ ਸਰਟੀਫਿਕੇਟ ਭਰਾਏ ਗਏ। ਇਸ ਮੀਟਿੰਗ ਵਿੱਚ ਦਿਆਲ ਸਿੰਘ, ਸਵਰਨਜੀਤ ਸਿੰਘ, ਸੂਰਜ ਪ੍ਰਕਾਸ ਸਰਮਾਂ, ਦਰਬਾਰਾ ਸਿੰਘ, ਜਸਬੀਰ ਸਿੰਘ, ਗੁਰਦੇਵ ਸਿੰਘ, ਰਾਮ ਪ੍ਰਕਾਸ, ਰਘਵੀਰ ਸਿੰਘ, ਮਲਕੀਅਤ ਸਿੰਘ, ਰਘਵੀਰ ਸਿੰਘ, ਅਸ਼ੋਕ ਕੁਮਾਰ, ਹਰਮੇਲ ਸਿੰਘ, ਦਰਬਾਰਾ ਸਿੰਘ, ਗੁਰਨਾਮ ਸਿੰਘ, ਮਹਿੰਦਰ ਸਿੰਘ, ਗੁਰਮੀਤ ਸਿੰਘ ਕਮਾਲ ਕੇ, ਕਰਮ ਸਿੰਘ, ਜੈਲਾ ਸਿੰਘ, ਦਰਬਾਰਾ ਸਿੰਘ,ਬਲਕਾਰ ਸਿੰਘ, ਹਰ ਬਿਲਾਸ ਤੋਂ ਇਲਾਵਾ ਹੋਰ ਵੀ ਪੈਨਸ਼ਨਰਜ਼ ਉਚੇਚੇ ਤੌਰ ’ਤੇ ਹਾਜ਼ਰ ਹੋਏ।

# ਪੰਜਾਬ ਸਰਕਾਰ ਪੰਜਾਬ ਦੇ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਪੂਰੇ ਕਰੇ : ਸਿੱਧੂ

**ਕੋਟ ਈਸੇ ਖਾਂ (ਅਰੋੜਾ)**-ਈ ਟੀ ਟੀ ਅਧਿਆਪਕ ਯੂਨੀਅਨ ਪੰਜਾਬ ਦੇ ਸਾਬਕਾ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਧਰਮਕੋਟ ਤੋਂ ਆਗੂ ਜਸਵਿੰਦਰ ਸਿੰਘ ਸਿੱਧੂ ਜਿਨ੍ਹਾ ਨੂੰ ਆਮ ਆਦਮੀ ਪਰਟੀ ਧਰਮਕੋਟ ਤੋਂ ਸੰਭਾਵੀ ਉਮੀਦਵਾਰ ਬਣਾ ਕੇ ਚੋਣ ਦੰਗਲ ’ਚ ਲੈ ਕੇ ਆਈ ਸੀ, ਪਰ ਫਿਰ ਉਨ੍ਹਾ ਦੀ ਟਿਕਟ ਕੱਟ ਦਿੱਤੀ ਗਈ ਸੀ। ਪਰ ਜਸਵਿੰਦਰ ਸਿੰਘ ਸਿੱਧੂ ਨੇ ਪਾਰਟੀ ਛੱਡੀ ਨਹੀਂ ਸੀ। ਅਰਵਿੰਦ ਕੇਜਰੀਵਾਲ ਦੇ ਹੁਕਮਾਂ ’ਤੇ ਫੁੱਲ ਚੜ੍ਹਾਉਂਦੇ ਪੂਰੇ ਪੰਜਾਬ ’ਚ ਆਮ ਆਦਮੀ ਪਾਰਟੀ ਦਾ ਬੁਲਾਰਾ ਬਣ ਕੇ ਪੰਜਾਬ ਦੇ 60 ਤੋਂ ਵੱਧ ਹਲਕਿਆਂ ’ਚ ਆਮ ਆਦਮੀ ਪਾਰਟੀ ਦੇ ਐਮ ਐਲ ਏ ਲਈ ਚੋਣ ਪ੍ਰਚਾਰ ਕੀਤਾ ਸੀ ਅਤੇ ਪੂਰੇ ਪੰਜਾਬ ’ਚ ਅਧਿਆਪਕਾਂ ਅਤੇ ਮੁਲਾਜ਼ਮਾਂ ਨੂੰ ਆਮ ਆਦਮੀ ਪਾਰਟੀ ਦੇ ਹੱਕ ’ਚ ਵੋਟ ਪਾਉਣ ਲਈ ਪ੍ਰੇਰਿਆ ਸੀ। ਜਸਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਮੁਲਾਜ਼ਮ ਵਰਗ ਦੀ ਮੰਗ ਪੁਰਾਣੀ ਪੈਨਸ਼ਨ ਬਹਾਲ ਕਰਨੀ, ਕੱਚੇ ਅਧਿਆਪਕ ਅਤੇ ਮੁਲਾਜ਼ਮ ਪੱਕੇ ਕਰਨੇ, ਅਧਿਆਪਕਾਂ ਦਾ ਪੇਂਡੂ ਭੱਤਾ ਖਤਮ ਕਰਨਾ, ਅਧਿਆਪਕਾਂ ਦੇ ਅਨਾਮਲੀ ਦੇ ਕੇਸ ਲਟਕਣੇ ਆਦਿ ਪੰਜਾਬ ਦੇ ਮੁਲਾਜ਼ਮਾਂ ਦੇ ਅਨੇਕਾਂ ਮਸਲੇ ਜਿਨ੍ਹਾਂ ’ਤੇ ਮੈਂ ਆਮ ਆਦਮੀ ਪਾਰਟੀ ਦਾ ਚੋਣਾਂ ’ਚ ਬੁਲਾਰਾ ਬਣ ਕੇ ਆਮ ਆਦਮੀ ਪਾਰਟੀ ਦੀ ਮਦਦ ਹੀ ਨਹੀਂ ਕੀਤੀ, ਪੰਜਾਬ ਦੇ ਹਜ਼ਾਰਾਂ ਅਧਿਆਪਕਾਂ ਅਤੇ ਮੁਲਾਜ਼ਮਾਂ ਨੂੰ ਪੰਜਾਬ ’ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਪ੍ਰੇਰਿਤ ਕੀਤਾ ਸੀ। ਦਿਨ ਰਾਤ ਸਖਤ ਮਿਹਨਤ ਕੀਤੀ ਸੀ। ਇੱਕ ਸਾਲ ਸਰਕਾਰ ਦਾ ਬੀਤਣ ’ਤੇ ਵੀ ਸਾਰੇ ਮਸਲੇ ਉਥੇ ਹੀ ਖੜ੍ਹੇ ਹਨ। ਉਨ੍ਹਾ ਕਿਹਾ ਕਿ ਪੰਜਾਬ ਦੇ ਮੁਲਾਜ਼ਮ ਵਰਗ ਦਾ ਬਹੁਤ ਵੱਡਾ ਯੋਗਦਾਨ ਹੈ, ਸਰਕਾਰ ਕੀਤੇ ਵਾਅਦੇ ਪੂਰੇ ਕਰੇ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਬਿਨਾਂ ਦੇਰੀ ਮੁਲਾਜ਼ਮ ਵਰਗ ਦੇ ਮਸਲੇ ਹੱਲ ਕਰੇ।



# ਮਾਤਾ ਸਾਹਿਬ ਕੌਰ ਖਾਲਸਾ ਕਾਲਜ ਤਲਵੰਡੀ ਭਾਈ ’ਚ ਵਿਸ਼ਵ ਸਿਹਤ ਦਿਵਸ ਮਨਾਇਆ




ਮਾਤਾ ਸਾਹਿਬ ਕੌਰ ਖਾਲਸਾ ਕਾਲਜ ਵਿਖੇ ਵਿਸ਼ਵ ਸਿਹਤ ਦਿਵਸ ਮਨਾਉਣ ਦੌਰਾਨ ਸਨਮਾਨਤ ਕਰਦੇ ਹੋਏ ਪ੍ਰਬੰਧਕ।

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਸੁਹਿਰਦ ਪ੍ਰਬੰਧ ਅਗਵਾਈ ਵਾਲੀ ਸੰਸਥਾ ਮਾਤਾ ਸਾਹਿਬ ਕੌਰ ਖਾਲਸਾ ਕਾਲਜ ਤਲਵੰਡੀ ਭਾਈ ਵਿਖੇ ਐਨਐੱਸਐੱਸ ਯੂਨਿਟ ਅਤੇ ਰੈੱਡ ਰੀਬਨ ਕਲੱਬ ਵੱਲੋਂ ਸਾਇੰਸ ਵਿਭਾਗ ਦੇ ਸਹਿਯੋਗ ਨਾਲ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ।

ਇਸ ਮੌਕੇ ਕੁਲਵਿੰਦਰ ਸਿੰਘ ਜਿੰਮ ਟ੍ਰੇਨਰ ਮਸਲ ਹੱਟ ਤਲਵੰਡੀ ਭਾਈ ਨੇ ਮੁੱਖ ਮਹਿਮਾਨ ਦੇ ਤੌਰ ’ਤੇ ਹਾਜ਼ਰੀ ਭਰੀ। ਇਸ ਮੌਕੇ ਕੁਲਵਿੰਦਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਸਿਹਤਮੰਦ ਸਰੀਰ ਦੇ ਜਿੱਥੇ ਫ਼ਾਇਦਿਆਂ ਬਾਰੇ ਜਾਣੂ ਕਰਾਇਆ ਗਿਆ, ਉੱਥੇ ਸਿਹਤਮੰਦ ਰਹਿਣ ਲਈ ਕਈ ਨੁਕਤੇ ਵੀ ਸਾਂਝੇ ਕੀਤੇ ਗਏ।ਇਸ ਮੌਕੇ ਪ੍ਰੋ. ਰਮਨਦੀਪ ਕੌਰ, (ਜੋਆਲਜੀ ਵਿਭਾਗ) ਵੱਲੋਂ ਸਿਹਤਮੰਦ ਰਹਿਣ ਲਈ ਪੌਸ਼ਟਿਕ ਖੁਰਾਕ ਬਾਰੇ ਜਾਣਕਾਰੀ ਦਿੱਤੀ ਗਈ।ਪ੍ਰੋ. ਸਿਮਰਨਜੀਤ ਸਿੰਘ (ਫ਼ਿਜ਼ਿਕਸ ਵਿਭਾਗ) ਤੇ ਪ੍ਰੋ. ਅਰਸ਼ਦੀਪ ਸਿੰਘ (ਫਿਜੀਕਲ ਵਿਭਾਗ) ਵੱਲੋਂ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ ਜੀਉਣ ਲਈ ਸਰੀਰਕ ਕਸਰਤ ਕਰਨ ਲਈ ਪ੍ਰੇਰਿਆ ਗਿਆ।

ਇਸ ਮੌਕੇ ਪ੍ਰੋ. ਰਾਜਵਿੰਦਰ ਕੌਰ, ਪ੍ਰੋ. ਬਿਕਰਮ ਰਾਈ, ਪ੍ਰੋ. ਗੁੰਜਨ, ਪ੍ਰੋ. ਸਤਵੀਰ ਕੌਰ, ਪ੍ਰੋ. ਗੁਰਮਨਬੀਰ ਕੌਰ, ਪ੍ਰੋ. ਦਵਿੰਦਰ ਕੌਰ ਆਦਿ ਹਾਜ਼ਰ ਸਨ।ਸਟੇਜ ਸਕੱਤਰ ਦੀ ਭੂਮਿਕਾ ਪ੍ਰੋ. ਨਵਦੀਪ ਕੌਰ ਵੱਲੋਂ ਨਿਭਾਈ ਗਈ। ਜਥੇਦਾਰ ਸਤਪਾਲ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਅਜਿਹੇ ਸਾਰਥਕ ਕਾਰਜਾਂ ਲਈ ਪ੍ਰਿੰਸੀਪਲ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

8-APRIL-PAGE-7.qxd 4/7/2023 9:27 PM Page 1



# ਜਸਪ੍ਰੀਤ ਕੌਰ ਤੇ ਨਵਦੀਪ ਕੌਰ ਨੇ ਪੰਜਵੀਂ 'ਚੋਂ ਪਹਿਲਾ ਤੇ ਦੂਜਾ ਸਥਾਨ ਪ੍ਰਾਪਤ ਕੀਤਾ



**ਮਾਨਸਾ (ਮੁਨੀਸ਼ ਕੁਮਾਰ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ 5ਵੀਂ ਜਮਾਤ ਦੇ ਨਤੀਜੇ ਦੌਰਾਨ ਇਸ ਵਾਰ ਫੇਰ ਮਾਨਸਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਰੱਲਾ ਕੋਠੇ ਦੀਆਂ ਦੋ ਗ਼ਰੀਬ ਘਰ ਦੀਆਂ ਵਿਦਿਆਰਥਣਾਂ ਜਸਪ੍ਰੀਤ ਕੌਰ ਪੁੱਤਰੀ ਜਰਨੈਲ ਸਿੰਘ ਵਾਸੀ ਰੱਲਾ ਨੇ 500 ਵਿੱਚੋਂ 500 ਅੰਕ ਖਰਾਬ ਕਰ ਕੇ ਪੰਜਾਬ ਭਰ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ ਅਤੇ ਨਵਦੀਪ ਕੌਰ ਪੁੱਤਰੀ ਕਰਮਜੀਤ ਸਿੰਘ ਵਾਸੀ ਰੱਲਾ ਨੇ 500 'ਚੋਂ 500 ਅੰਕ ਪ੍ਰਾਪਤ ਕਰਕੇ ਪੰਜਾਬ ਭਰ ਵਿਚੋਂ ਦੂਜਾ ਸਥਾਨ ਹਾਸਲ ਕੀਤਾ ਹੈ।

ਬੱਚੀ ਜਸਪ੍ਰੀਤ ਕੌਰ ਨੇ ਕਿਹਾ ਕਿ ਉਸ ਦਾ ਸੁਪਨਾ ਹੈ ਕਿ ਉਹ ਚੰਗੀ ਪੜ੍ਹਾਈ ਕਰਕੇ ਭਾਰਤੀ ਫੌਜ ਵਿੱਚ ਭਰਤੀ ਹੋਣਾ ਚਾਹੁੰਦੀ ਹੈ ਅਤੇ ਦੇਸ਼ ਦੀ ਸੇਵਾ ਕਰਨੀ ਚਾਹੀਦੀ ਹੈ ਅਤੇ ਦੂਜੀ ਵਿਦਿਆਰਥਣ ਨਵਦੀਪ ਕੌਰ ਨੇ ਕਿਹਾ ਕਿ ਉਹ ਵੱਡੀ ਹੋ ਕੇ ਅਧਿਆਪਕ ਬਨਣਾ ਚਾਹੁੰਦੀ ਹੈ ਅਤੇ ਆਪਣੀ ਤਰ੍ਹਾਂ ਬੱਚਿਆਂ ਨੂੰ ਪੜ੍ਹਾਉਣ ਦਾ ਸੁਪਨਾ ਹੈ। ਉਥੇ ਹੀ ਪਿੰਡ ਰੱਲਾ ਦੀਆਂ ਦੋਵੇ ਬੱਚੀਆਂ ਦੇ ਘਰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ। ਦੋਵੇਂ ਬੱਚੀਆਂ ਦੇ ਪਰਵਾਰਕ ਮੈਂਬਰਾਂ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੀਆਂ ਧੀਆਂ ਉਪਰ ਮਾਣ ਹੈ, ਜਿਨ੍ਹਾਂ ਨੇ ਪੂਰੇ ਦੁਨੀਆ ਵਿੱਚ ਉਨ੍ਹਾਂ ਦਾ ਨਾਂਅ ਚਮਕਾਇਆ ਹੈ। ਦੋਵੇਂ ਬੱਚੀਆਂ ਦੇ ਪਰਵਾਰ ਮਜ਼ਦੂਰੀ ਕਰਦੇ ਹਨ। ਪਰਵਾਰਕ ਮੈਂਬਰਾਂ ਵੱਲੋਂ ਸਕੂਲ ਸਟਾਫ਼ ਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਖੁਸ਼ੀ ਵਿਚ ਲੱਡੂ ਵੰਡੇ ਗਏ। ਪਿੰਡ ਵਾਸੀਆਂ ਅਤੇ ਅਧਿਆਪਕਾਂ ਵੱਲੋਂ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਗਈ ਹੈ ਕਿ ਇਨ੍ਹਾਂ ਦੋਵੇਂ ਗਰੀਬ ਪਰਵਾਰਕ ਬੱਚੀਆਂ ਦੀ ਆਰਥਿਕ ਸਹਾਇਤਾ ਕੀਤੀ ਜਾਵੇ ਤਾਂ ਜੁ ਇਹ ਭਵਿੱਖ ਵਿਚ ਅੱਗੇ ਵੱਧ ਸਕਣ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਬਲਾਕ ਮਾਨਸਾ ਦੇ ਅਮਨਦੀਪ ਸਿੰਘ, ਅਧਿਆਪਕ ਜਗਤਾਰ ਸਿੰਘ, ਸਕੂਲ ਮੁਖੀ ਗੁਰਪ੍ਰੀਤ ਸਿੰਘ ਤਾਮਕੋਟ, ਅਧਿਆਪਕ ਦਿਨੇਸ਼ ਕੁਮਾਰ, ਵੀਰਪਾਲ ਕੌਰ, ਚਰਨਜੀਤ ਕੌਰ, ਵੀਰਪਾਲ ਕੌਰ ਰੱਲਾ, ਸੰਦੀਪ ਸਿੰਘ ਘੰਡ, ਮੀਡੀਆ ਮੁਖੀ ਹਰਦੀਪ ਸਿੰਘ ਸਿੱਧੂ, ਬਲੌਰ ਸਿੰਘ ਰੱਲਾ, ਬਾਰੂ ਸਿੰਘ ਰੱਲਾ ਆਦਿ ਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।

# ਏਮਜ਼ ਦੀ ਓ ਪੀ ਡੀ ਮੁੜ ਸ਼ੁਰੂ, ਪੁਲਸ ਵੱਲੋਂ ਮਾਮਲਾ ਹੱਲ

**ਬਠਿੰਡਾ (ਪਰਵਿੰਦਰਜੀਤ ਸਿੰਘ)**-ਥਾਣਾ ਕੈਨਾਲ ਕਲੋਨੀ ਦੇ ਸਹਾਇਕ ਥਾਣੇਦਾਰ ਯੂਸਫ਼ ਮੁਹੰਮਦ ਅਨੁਸਾਰ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੀ ਕੰਧ ਦੇ ਨਾਲ ਇੱਕ ਮੋਟਰਸਾਈਕਲ ਲਵਾਰਿਸ ਹਾਲਾਤ ਵਿੱਚ ਖੜਾ ਹੈ, ਜਿਸ ਤੋਂ ਬਾਅਦ ਜਦੋਂ ਚੌਕੀ ਦੇ ਸੇਵਾਦਾਰ ਅਮਨਦੀਪ ਸਿੰਘ ਨੂੰ ਮੋਟਰਸਾਈਕਲ ਲਿਆਉਣ ਲਈ ਕਿਹਾ ਗਿਆ ਤਾਂ ਕਾਰ 'ਚ ਸਵਾਰ ਕੁਝ ਵਿਅਕਤੀ ਆਏ, ਜਿਨ੍ਹਾਂ ਨੇ ਆਉਂਦੇ ਸਾਰ ਹੀ ਅਮਨਦੀਪ ਦੀ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਇਸ ਤੋਂ ਬਾਅਦ ਜਦੋਂ ਪੀਐਚਸੀ ਗੁਰਲਾਭ ਸਿੰਘ ਨੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ਕੀਤੀ ਤਾਂ ਉਸ ਦੀ ਵੀ ਕੁੱਟਮਾਰ ਕੀਤੀ ਗਈ। ਜਦ ਕਾਂਸਟੇਬਲ ਬਿਰਲਦੀਪ ਸਿੰਘ ਉਕਤ ਵਿਅਕਤੀਆਂ ਨੂੰ ਰੋਕਿਆ ਗਿਆ ਤਾਂ ਉਸ ਦੀ ਕੁੱਟਮਾਰ ਕੀਤੀ ਗਈ। ਜਿਸ ਤੋਂ ਬਾਅਦ ਪੁਲਿਸ ਨੇ ਉਕਤ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਮਾਮਲਾ ਦਰਜ ਕਰ ਲਿਆ ਹੈ। ਜਿਨ੍ਹਾਂ ਦੀ ਪਛਾਣ ਡਾਕਟਰ ਪਰਮਜੀਤ ਸਿੰਘ, ਨਿਜੀ ਦਵਾਈ ਕੰਪਨੀ ਦੇ ਐਮ ਆਰ ਵਿਸ਼ਾਲ ਅਤੇ ਬਜਿੰਦਰ ਸਿੰਘ ਵਾਸੀ ਬਠਿੰਡਾ ਵਜੋਂ ਹੋਈ ਹੈ। ਜ਼ਿਕਰਯੋਗ ਹੈ ਕਿ ਪਰਮਜੀਤ ਸਿੰਘ ਏਮਜ ਦਾ ਡਾਕਟਰ ਹੈ, ਜਿਸ ਤੋਂ ਬਾਅਦ ਏਮਜ ਦੇ ਫੈਕਲਟੀ ਮੈਂਬਰਾਂ ਨੇ ਕੁੱਟਮਾਰ ਕਰਨ ਵਾਲੇ ਪੁਲਿਸ ਮੁਲਾਜਮਾਂ ਖ਼ਿਲਾਫ਼ ਕਰਾਸ ਕੇਸ ਦਰਜ ਕਰਨ ਦੀ ਮੰਗ ਕਰਦਿਆਂ ਓਪੀਡੀ ਬੰਦ ਕਰ ਦਿੱਤੀ। ਇਸ ਕਾਰਨ ਏਮਜ 'ਚ ਆਉਣ ਵਾਲੇ ਕਰੀਬ 2 ਹਜ਼ਾਰ ਮਰੀਜ਼ ਹਸਪਤਾਲ ਦੇ ਗੇਟ ਦੇ ਬਾਹਰ ਹੀ ਹਸਪਤਾਲ ਖੁੱਲ੍ਹਣ ਦਾ ਇੰਤਜ਼ਾਰ ਕਰਦੇ ਰਹੇ। ਪਰ ਦੁਪਹਿਰ ਤੱਕ ਏਮਜ ਦੇ ਡਾਇਰੈਕਟਰ ਡਾ: ਡੀ.ਕੇ.ਸਿੰਘ ਤੇ ਪੁਲਿਸ ਅਧਿਕਾਰੀਆਂ ਤੇ ਸਟਾਫ ਮੈਂਬਰਾਂ ਵਿਚਕਾਰ ਹੋਈ ਮੀਟਿੰਗ ਦੌਰਾਨ ਕੋਈ ਹੱਲ ਨਹੀਂ ਨਿਕਲਿਆ, ਹਾਲਾਂਕਿ ਏਮਜ ਦੇ ਡਾਇਰੈਕਟਰ ਡਾਕਟਰ ਡੀਕੇ ਸਿੰਘ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਡਾਕਟਰ ਨੂੰ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਹੈ। ਜਦਕਿ ਉਨ੍ਹਾਂ ਨੇ ਏਮਜ਼ 'ਚ ਹੜਤਾਲ ਖਤਮ ਕਰਨ ਦੀ ਗੱਲ ਕਹੀ ਹੈ, ਜਿਸ ਤੋਂ ਬਾਅਦ ਹਸਪਤਾਲ 'ਚ ਕੰਮ ਸ਼ੁਰੂ ਹੋ ਗਿਆ।

# 'ਹੈਲਥ ਫਾਰ ਆਲ' ਥੀਮ ਤਹਿਤ ਮਨਾਇਆ ਵਿਸ਼ਵ ਸਿਹਤ ਦਿਵਸ

**ਮੋਗਾ (ਅਮਰਜੀਤ ਬੱਬਰੀ)**

ਸਿਵਲ ਸਰਜਨ ਡਾਕਟਰ ਅਸ਼ੋਕ ਸਿੰਗਲਾ (ਕਾਰਜਕਾਰੀ) ਦੇ ਹੁਕਮਾਂ ਤਹਿਤ ਤੇ ਸੀਨੀਅਰ ਮੈਡੀਕਲ ਅਫਸਰ. ਡਾਕਟਰ ਸੁਖਪ੍ਰੀਤ ਬਰਾੜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਰਕੇਐਸ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ ।

ਪ੍ਰਿੰਸੀਪਲ ਰਜਨੀ ਅਰੋੜਾ ਆਰ ਕੇ ਐਸ ਸੀਨੀਅਰ ਸੈਕੰਡਰੀ ਸਕੂਲ ਮੋਗਾ ਅਤੇ ਰਜਿੰਦਰ ਕੁਮਾਰ ਬੀ ਈ ਈ ਤੇ ਅੰਮ੍ਰਿਤ ਸ਼ਰਮਾ ਦੀ ਅਗਵਾਈ ਹੇਠ ਵਿਸ਼ਵ ਸਿਹਤ ਦਿਵਸ ਨੂੰ ਮੁੱਖ ਰੱਖਦੇ ਹੋਏ ਜਾਗਰੂਕਤਾ ਸੈਮੀਨਾਰ ਆਯੋਜਤ ਕੀਤਾ ਗਿਆ। ਬੀ.ਈ.ਈ ਰਜਿੰਦਰ ਕੁਮਾਰ ਤੇ ਅੰਮ੍ਰਿਤ ਸ਼ਰਮਾ ਨੇ ਦੱਸਿਆ ਕਿ ਵਿਸ਼ਵ ਸਿਹਤ ਦਿਵਸ ਦੇ ਮੌਕੇ 'ਤੇ ਲੋਕਾਂ ਨੂੰ ਪੌਸ਼ਟਿਕ ਭੋਜਨ ਅਤੇ ਮੋਟੇ ਅਨਾਜਾਂ ਦੇ ਮਹੱਤਵ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਜਾਗਰੂਕਤਾ ਕੀਤਾ ਗਿਆ। ਸਕੂਲ ਦੇ ਵਿਦਿਆਰਥੀਆਂ ਦੀ ਸਿਹਤ ਦਾ ਜਨਰਲ ਚੈੱਕਅਪ ਕਰਦੇ ਹੋਏ ਡਾਕਟਰ ਅਰਸ਼ਦੀਪ ਸਿੰਘ ਤੇ ਅਨਮੋਲ ਸੰਧੂ ਸਿਵਲ ਹਸਪਤਾਲ ਵੱਲੋਂ ਕੀਤਾ ਗਿਆ। ਇਸ ਸਾਲ ਇਹ ਦਿਨ ਹੈਲਥ ਫਾਰ ਆਲ ਭਾਵ ਸਾਰਿਆਂ ਲਈ ਸਿਹਤ ਦੀ ਥੀਮ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਚੰਗੀ ਸਿਹਤ ਅਤੇ ਕੁਪੋਸ਼ਣ ਦੇ ਖ਼ਾਤਮੇ ਲਈ ਸਾਨੂੰ ਮੋਟੇ ਅਨਾਜਾਂ ਦੀ ਜ਼ਿਆਦਾ ਵਰਤੋਂ ਕਰਨੀ ਚਾਹੀਦੀ ਹੈ, ਕਿਉਂਕਿ ਇਨ੍ਹਾਂ 'ਚ ਪ੍ਰੋਟੀਨ, ਫਾਈਬਰ, ਕੈਲਸੀਅਮ, ਆਇਰਨ ਤੇ ਵਿਟਾਮਿਨ ਬੀ ਕੰਪਲੈਕਸ ਵਰਗੇ ਤੱਤ ਵਧੇਰੇ ਮਾਤਰਾ 'ਚ ਪਾਏ ਜਾਂਦੇ ਹਨ। ਇਸ ਮੌਕੇ ਮੈਡੀਕਲ ਅਫਸਰ ਡਾ. ਡਾਕਟਰ ਅਰਸ਼ਦੀਪ ਸਿੰਘ ਤੇ ਅਨਮੋਲ ਸੰਧੂ ਨੇ ਵਿਦਿਆਰਥੀਆਂ ਦੀ ਸਿਹਤ ਦਾ ਵਿਸ਼ੇਸ਼ ਚੈੱਕਅਪ ਕੀਤਾ ਤੇ ਸੰਬੋਧਨ ਕਰਦੇ ਕਿਹਾ ਕਿ ਸਿਹਤ ਸੰਗਠਨ ਵੱਲੋਂ ਇਸ ਸਾਲ ਦੇ ਥੀਮ ਸਾਰਿਆਂ ਲਈ ਸਿਹਤ ਤੋਂ ਭਾਵ ਹੈ ਕਿ ਸਿਹਤ 'ਤੇ ਕਿਸੇ ਵਿਸ਼ੇਸ਼ ਵਿਅਕਤੀ ਜਾਂ ਵਰਗ ਦਾ ਹੱਕ ਨਹੀਂ ਤੇ ਇਹ ਦਿਨ ਮਨਾਉਣ ਦਾ ਉਦੇਸ਼ ਹੈ ਕਿ ਸਾਰਿਆਂ ਨੂੰ ਇਕ ਸਾਰ ਬਿਨਾਂ ਕਿਸੇ ਭੇਦ ਭਾਵ, ਸਿਹਤ ਸਹੂਲਤਾਂ ਮਿਲ ਸਕਣ। ਉਨ੍ਹਾਂ ਕਿਹਾ ਕਿ ਸਰੀਰਕ ਪੱਖੋਂ ਸਿਹਤਮੰਦ ਹੋਣਾ ਸਿਹਤ ਦੀ ਪਰਿਭਾਸ਼ਾ ਨਹੀਂ ਹੈ, ਸਗੋਂ ਇਸ ਦੇ ਨਾਲ ਨਾਲ ਮਾਨਸਿਕ ਤੇ ਸਮਾਜਿਕ ਤੌਰ 'ਤੇ ਵੀ ਸਿਹਤਮੰਦ ਹੋਣਾ ਜ਼ਰੂਰੀ ਹੈ।

ਉਹਨਾਂ ਨੇ ਕਿਹਾ ਕਿ ਚੰਗੀ ਸਿਹਤ ਹੀ ਸਮਾਜ ਤੇ ਦੇਸ਼ ਦੀ ਤਰੱਕੀ ਤੇ ਖ਼ੁਸ਼ਹਾਲੀ ਦਾ ਅਧਾਰ ਹੈ। ਸਿਹਤਮੰਦ ਖਾਣਾ ਪੀਣਾ, ਸਰੀਰਕ ਗਤੀਵਿਧੀਆਂ, ਨਿੱਜੀ ਤੇ ਆਲੇ-ਦੁਆਲੇ ਦੀ ਸਫਾਈ ਰੱਖ ਕੇ ਅਸੀਂ ਤੰਦਰੁਸਤ ਰਹਿ ਸਕਦੇ ਹਾਂ। ਇਸ ਦੇ ਨਾਲ ਹੀ ਕਿਹਾ ਕਿ ਨੂੰ ਤੰਬਾਕੂ, ਸ਼ਰਾਬ ਅਤੇ ਹੋਰ ਨਸ਼ੀਲੇ ਪਦਾਰਥਾਂ ਦੇ ਸੇਵਨ ਤੋਂ ਪ੍ਰਹੇਜ਼ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸਮੂਹ ਸਟਾਫ਼ ਵਿਦਿਆਰਥੀ ਤੇ ਅਧਿਆਪਕ ਕਵਰ ਵਿਸ਼ਵਜੀਤ ਵੀ ਹਾਜ਼ਰ ਸਨ।



## ਕਾਤਰਾਂ

### ਸਾਬਕਾ ਸਰਪੰਚ ਨੇ ਕੀਤੀ ਸਾਬਕਾ ਮੁੱਖ ਮੰਤਰੀ ਨਾਲ ਮੁਲਾਕਾਤ

**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਪਿੰਡ ਹੋਲ ਦੇ ਸਾਬਕਾ ਸਰਪੰਚ ਜਸਪਾਲ ਸਿੰਘ ਪਾਲੀ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਉਨ੍ਹਾਂ ਦੀ ਖਰੜ ਸਥਿਤ ਰਿਹਾਇਸ਼ 'ਤੇ ਮੁਲਾਕਾਤ ਕਰਕੇ ਪੰਜਾਬ ਦੇ ਵੱਖ-ਵੱਖ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਜਸਪਾਲ ਸਿੰਘ ਪਾਲੀ ਸਰਪੰਚ ਨੇ ਦੱਸਿਆ ਕਿ ਇਸ ਦੌਰਾਨ ਸਾਬਕਾ ਮੁੱਖ ਮੰਤਰੀ ਚੰਨੀ ਨਾਲ ਪੰਜਾਬ ਅੰਦਰ ਦਿਨੋਂ-ਦਿਨ ਵਧ ਰਹੇ ਕ੍ਰਾਈਮ ਤੇ ਦਲਿਤ ਵਰਗ 'ਤੇ ਹੋ ਰਹੇ ਅੱਤਿਆਚਾਰ, ਲੋੜਵੰਦ ਪਰਿਵਾਰਾਂ ਨੂੰ ਆਟਾ-ਦਾਲ ਯੋਜਨਾ ਤਹਿਤ ਮਿਲਦੀ ਕਣਕ ਵਿੱਚ ਸਰਕਾਰ ਵੱਲੋਂ ਕਥਿਤ ਤੌਰ 'ਤੇ ਕਟੌਤੀ ਕੀਤੀ ਗਈ ਹੈ, ਜਿਸ ਬਾਰੇ ਵੀ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਹਾਲ ਹੀ ਸਮੇਂ ਦੌਰਾਨ ਭਾਰੀ ਮੀਂਹ ਤੇ ਗੜੇਮਾਰੀ ਕਾਰਨ ਕਿਸਾਨਾਂ ਦੀਆਂ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ, ਬਾਰੇ ਵੀ ਚਰਚਾ ਕੀਤੀ ਗਈ। ਇਸ ਮੌਕੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਪਾਰਟੀ ਪ੍ਰਧਾਨ ਰਾਜਾ ਵੜਿੰਗ ਰਾਹੀਂ ਪੰਜਾਬ ਸਰਕਾਰ ਤੇ ਰਾਜਪਾਲ ਪੰਜਾਬ ਦੇ ਧਿਆਨ ਵਿੱਚ ਮਸਲੇ ਉਠਾਏ ਜਾਣਗੇ ਤਾਂ ਜੋ ਸੂਬੇ ਦੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਲਈ ਸਰਕਾਰ ਵੱਲੋਂ ਉਚਿਤ ਪ੍ਰਬੰਧ ਕਰਵਾਏ ਜਾ ਸਕਣ। ਇਸ ਮੌਕੇ ਗੁਰਿੰਦਰ ਸਿੰਘ ਫੈਜਗੜ੍ਹ, ਇੰਦਰਜੀਤ ਸਿੰਘ ਆਦਿ ਹਾਜ਼ਰ ਸਨ।

### ਈ-ਪੋਸ ਮਸ਼ੀਨਾਂ ਦੀ ਕਮੀ ਸਬੰਧੀ ਮੁੱਦਾ ਵਿਧਾਨ ਸਭਾ 'ਚ ਉਠਾਇਆ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਵਿਧਾਨ ਸਭਾ ਸ਼ੈਸ਼ਨ ਦੌਰਾਨ ਵਿਧਾਨ ਸਭਾ ਵਿੱਚ ਰਾਸ਼ਨ ਡਿਪੂਆਂ ਦੇ ਈ-ਪੋਸ ਮਸ਼ੀਨਾਂ ਦੀ ਘਾਟ ਕਾਰਨ ਰਾਸ਼ਨ ਮਿਲਣ ਵਿੱਚ ਦੇਰੀ ਹੋਣ ਦਾ ਮਸਲਾ ਉਠਾਇਆ। ਇਸ ਮੌਕੇ ਵਿਧਾਇਕ ਸੇਖੋਂ ਨੇ ਕਿਹਾ ਕਿ ਪੰਜਾਬ ਵਿੱਚ ਰਾਸ਼ਨ ਡਿਪੂਆਂ ਤੋ ਈ-ਪੋਸ ਮਸ਼ੀਨਾਂ ਦੀ ਘਾਟ ਕਾਰਨ ਲੋਕਾਂ ਨੂੰ ਬਹੁਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਗਰੀਬ ਲੋਕਾਂ ਨੂੰ ਕਿੰਨੇ ਕਿੰਨੇ ਦਿਨ ਮਸ਼ੀਨਾਂ ਦੀ ਘਾਟ ਕਾਰਨ ਉਡੀਕ ਕਰਨੀ ਪੈਂਦੀ ਹੈ, ਜਿਸ ਕਾਰਨ ਲੋਕਾਂ ਨੂੰ ਰਾਸ਼ਨ ਮਿਲਣ ਵਿੱਚ ਦੇਰੀ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਇਸ 'ਤੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਨੇ ਦੱਸਿਆ ਕਿ ਪੰਜਾਬ ਰਾਜ ਵਿੱਚ ਮੌਜੂਦਾ ਸਮੇਂ ਵਿੱਚ ਇਨ੍ਹਾਂ ਈ-ਪੋਸ ਮਸ਼ੀਨਾਂ ਦੇ ਰਾਹੀਂ ਕਣਕ ਦੀ ਵੰਡ ਕੀਤੀ ਜਾ ਰਹੀ ਹੈ। ਵੰਡ ਦੀ ਪ੍ਰਕਿਰਿਆ ਤੇਜ਼ ਕਰਨ ਅਤੇ ਲਾਭਪਾਤਰੀਆਂ ਦੀਆਂ ਸਹੂਲਤਾਂ ਨੂੰ ਮੁੱਖ ਰੱਖਦੇ ਹੋਏ ਪੰਜਾਬ ਰਾਜ ਵਿੱਚ ਹਰੇਕ ਸਸਤੇ ਰਾਸ਼ਨ ਡਿਪੂਆਂ ਤੇ ਈ-ਪੋਸ ਮਸ਼ੀਨਾਂ ਲਾਉਣ ਲਈ ਟੈਂਡਰ ਪ੍ਰਕਿਰਿਆ ਆਰੰਭੀ ਹੋਈ ਹੈ। ਜਲਦ ਰਾਸ਼ਨ ਡਿਪੂਆਂ ਦੇ ਇਨ੍ਹਾਂ ਮਸ਼ੀਨਾਂ ਦਾ ਪ੍ਰਬੰਧ ਕਰਨ ਲਈ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

### ਗਰਿੱਡ ਸਬ-ਸਟੇਸ਼ਨ ਇੰਪਲਾਈਜ਼ ਯੂਨੀਅਨ ਆਗੂਆਂ ਨੇ ਕੀਤੀ ਮੀਟਿੰਗ



**ਜਲਾਲਾਬਾਦ (ਜੀਤ ਕੁਮਾਰ)**-ਗਰਿੱਡ ਸਬ ਸਟੇਸ਼ਨ ਐਂਪਲਾਈਜ ਯੂਨੀਅਨ ਪੰਜਾਬ (ਰਜਿ) ਦੇ ਆਗੂਆਂ ਨੇ ਬੋਰਡ ਮੈਨੇਜਮੈਂਟ ਵੱਲੋਂ ਕ੍ਰਮਚਾਰੀਆਂ ਦੇ ਭੱਤਿਆਂ ਵਿੱਚ ਕੀਤੀ ਜਾ ਰਹੀ ਕਟੌਤੀ ਦੇ ਵਿਰੋਧ ਵਜੋਂ ਮੀਟਿੰਗ ਕੀਤੀ, ਜਿਸ ਦੀ ਪ੍ਰਧਾਨਗੀ ਸੰਦੀਪ ਕੁਮਾਰ ਚੌਹਾਨਾ ਨੇ ਕੀਤੀ। ਮੀਟਿੰਗ ਵਿੱਚ ਮੁਲਾਜ਼ਮਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਬੋਰਡ ਵੱਲੋਂ ਕੀਤੇ ਜਾ ਰਹੇ ਮਨਮਾਨੇ ਫੈਸਲਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਵਿੱਚ ਮੁਲਾਜ਼ਮਾਂ ਦੀਆਂ ਤਰੱਕੀਆਂ, ਜਿਹੜਾ ਮੁਲਾਜ਼ਮਾਂ ਦਾ ਕਨੂੰਨੀ ਹੱਕ ਹੈ, ਵਿੱਚ ਆਈ ਖੜੋਤ ਨੂੰ ਦੂਰ ਕਰਨ ਦੀ ਮੰਗ ਕੀਤੀ ਗਈ ਅਤੇ ਮੁਲਾਜ਼ਮਾਂ ਨੂੰ 9 ਸਾਲਾ, 16 ਸਾਲਾਂ, 23 ਸਾਲਾਂ ਸਕੇਲ ਬਿਨਾਂ ਸ਼ਰਤ ਲਾਗੂ ਕਰਨ ਦੀ ਪੁਰਜ਼ੋਰ ਮੰਗ ਕੀਤੀ ਗਈ। ਮੀਟਿੰਗ ਵਿੱਚ ਬਕਾਇਆ ਡੀਏ ਅਤੇ ਬਾਕੀ ਏਰੀਅਰ ਦੀਆਂ ਅਦਾਇਗੀਆਂ ਤੁਰੰਤ ਕੀਤੀ ਜਾਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਭਖਦੀਆਂ ਮੰਗਾਂ 'ਤੇ ਅਮਲ ਨਾ ਕੀਤਾ ਤਾਂ ਜਥੇਬੰਦੀ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ, ਇਸ ਦੀ ਜ਼ਿੰਮੇਵਾਰੀ ਬੋਰਡ ਮੈਨੇਜਮੈਂਟ ਤੇ ਸਰਕਾਰ ਦੀ ਹੋਵੇਗੀ। ਮੀਟਿੰਗ ਵਿੱਚ ਹਰਦੇਵ ਸਿੰਘ ਕਾਠਗੜ੍ਹ ਪ੍ਰਧਾਨ ਮੰਡਲ ਫਾਜ਼ਿਲਕਾ, ਸੁਖਵਿੰਦਰ ਭਗਤ ਜਾਇੰਟ ਸਕੱਤਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

# ਵੱਖ-ਵੱਖ ਮੰਦਰਾਂ 'ਚ ਧੂਮਧਾਮ ਨਾਲ ਮਨਾਇਆ ਸ੍ਰੀ ਹਨੂੰਮਾਨ ਜਨਮ ਉਤਸਵ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਸ਼ਹਿਰ ਦੇ ਵੱਖ-ਵੱਖ ਮੰਦਰਾਂ 'ਚ ਸ੍ਰੀ ਹਨੂੰਮਾਨ ਜਨਮ ਉਤਸਵ ਸ਼ਰਧਾ-ਭਾਵ ਤੇ ਧੂਮਧਾਮ ਨਾਲ ਮਨਾਇਆ ਗਿਆ। ਸ਼ਹਿਰ ਦੇ ਟਿੱਬੀ ਸਾਹਿਬ ਰੋਡ ਸਥਿਤ ਸ੍ਰੀ ਰਾਮ ਭਵਨ, ਸ੍ਰੀ ਸ਼ਿਆਮ ਮੰਦਰ, ਸ੍ਰੀ ਰਘੂਨਾਥ ਮੰਦਰ ਸਮੇਤ ਹੋਰ ਵੱਖ-ਵੱਖ ਮੰਦਰਾਂ 'ਚ ਜਿੱਥੇ ਸ੍ਰੀ ਸੁੰਦਰ ਕਾਂਡ ਪਾਠ ਹੋਏ, ਉੱਥੇ ਹੋਰ ਮੰਦਰਾਂ 'ਚ ਦੇਰ ਰਾਤ ਤੱਕ ਵੀਰ ਬਾਲਾ ਜੀ ਮਹਾਰਾਜ ਦਾ ਗੁਣਗਾਨ ਹੁੰਦਾ ਰਹੇਗਾ।

ਟਿੱਬੀ ਸਾਹਿਬ ਰੋਡ ਸਥਿਤ ਸ੍ਰੀ ਰਾਮ ਭਵਨ ਵਿਖੇ ਰਮਨ ਜੈਨ ਦੀ ਅਗਵਾਈ 'ਚ ਸ੍ਰੀ ਹਨੂੰਮਾਨ ਜਨਮ ਉਤਸਵ ਸ਼ਰਧਾ-ਭਾਵ ਨਾਲ ਮਨਾਇਆ ਗਿਆ। ਇਸ ਮੌਕੇ 108 ਸ੍ਰੀ ਸੁੰਦਰ ਕਾਂਡ ਪਾਠ ਹੋਏ ਤੇ ਵੱਡੀ ਗਿਣਤੀ 'ਚ ਸ਼ਰਧਾਲੂਆਂ ਨੇ ਪਹੁੰਚ ਕੇ ਵੀਰ ਬਜਰੰਗ ਬਲੀ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਰਮਨ ਜੈਨ ਵੱਲੋਂ ਸ੍ਰੀ ਸੁੰਦਰ ਕਾਂਡ ਪਾਠ ਤੇ ਵੀਰ ਬਜਰੰਗੀ ਦੀ ਮਹਿਮਾ ਸੁਣਾਈ ਗਈ। ਬਜਰੰਗ ਬਲੀ ਜੀ ਦੇ ਦਰਬਾਰ ਦਾ ਕੀਤਾ ਗਿਆ ਸ਼ਿੰਗਾਰ ਸ਼ਰਧਾਲੂਆਂ ਦੇ ਖਿੱਚ ਦਾ ਕੇਂਦਰ ਬਣਿਆ ਹੋਇਆ ਸੀ। ਉਧਰ ਸ੍ਰੀ ਸ਼ਿਆਮ ਮੰਦਰ ਵਿਖੇ ਵੀ ਸ੍ਰੀ ਹਨੂੰਮਾਨ ਜਨਮ ਉਤਸਵ ਮੌਕੇ 108 ਸ੍ਰੀ ਸੁੰਦਰ ਕਾਂਡ ਪਾਠ ਹੋਏ। ਇਸ ਮੌਕੇ ਬਾਲਾ ਜੀ ਮਹਾਰਾਜ ਦਾ ਦਰਬਾਰ ਸ਼ਰਧਾਲੂਆਂ ਦੇ ਖਿੱਚ ਦਾ ਕੇਂਦਰ ਬਣਿਆ ਰਿਹਾ। ਵੀਰ ਬਜਰੰਗ ਬਲੀ ਦਾ ਸ਼ਿੰਗਾਰ ਸ਼ਰਧਾਲੂਆਂ ਨੂੰ ਮੰਤਰ ਮੁਗਧ ਕਰ ਰਿਹਾ ਸੀ। ਸ਼ਰਧਾਲੂ ਭਜਨਾਂ ਦੌਰਾਨ ਫੁੱਲਾ ਦੀ ਵਰਖਾ ਦੌਰਾਨ ਝੂਮਦੇ ਨਜ਼ਰ ਆਏ। ਇਸ ਮੌਕੇ ਚੇਅਰਮੈਨ ਜੀਵਨ ਸ਼ਰਮਾ, ਸੀਨੀਅਰ ਵਾਈਸ ਪ੍ਰਧਾਨ ਰਾਜ ਖੁਰਾਣਾ, ਹੈਂਪੀ ਗਰਗ, ਰਾਜੇਸ਼ ਲਾਡਾ, ਸੁਰਿੰਦਰ ਮੋਹਨ, ਬ੍ਰਿਜਲਤਾ ਸ਼ਰਮਾ ਤੇ ਮਮਤਾ ਰਾਣੀ ਆਦਿ ਮੌਜੂਦ ਸਨ। ਸ੍ਰੀ ਰਘੂਨਾਥ ਮੰਦਰ 'ਚ ਵੀ ਸ੍ਰੀ ਸੁੰਦਰ ਕਾਂਡ ਪਾਠ ਹੋਏ। ਇਸ ਮੌਕੇ ਮੰਦਰ ਦਾ ਵਿਹੜਾ ਵੀਰ ਬਜਰੰਗ ਬਲੀ ਜੀ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਸਮਾਗਮ ਮੌਕੇ ਅਸ਼ੋਕ ਤੇਰੀਆ, ਸੁਭਾਸ਼ ਗੁੰਬਰ, ਸੁਭਾਸ਼ ਗ੍ਰੋਵਰ, ਰਾਜ ਖੁਰਾਣਾ, ਪੰ. ਆਦੇਸ਼ ਸ਼ਰਮਾ ਮੰਨੂ, ਕੁਸ਼ਲ ਗਿਰਧਰ, ਵੇਦ ਮਲੂਜਾ, ਸੀਤਾ ਰਾਮ ਸਮੇਤ ਵੱਡੀ ਗਿਣਤੀ 'ਚ ਸ਼ਰਧਾਲੂ ਮੌਜੂਦ ਸਨ।

# ਵਿਸਾਖੀ ਮੇਲੇ ਦੇ ਪ੍ਰਬੰਧਾਂ ਨੂੰ ਦੇਖਦਿਆਂ ਪੁਲਸ ਨੇ ਕੱਢਿਆ ਫਲੈਗ ਮਾਰਚ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪੰਜਾਬ ਪੁਲਿਸ ਦੇ ਸ਼੍ਰੀ ਐੱਸ.ਪੀ.ਐੱਸ ਪਰਮਾਰ ਆਈ.ਪੀ.ਐੱਸ ਏ.ਡੀ.ਜੀ.ਪੀ ਬਠਿੰਡਾ ਰੇਂਜ ਤੇ ਸੀਨੀਅਰ ਪੁਲਿਸ ਅਧਿਕਾਰੀਆਂ ਵੱਲੋਂ ਗੁਰੂ ਰਵਿਦਾਸ ਚੌਕ ਤੋਂ ਲੈ ਕੇ ਖੰਡਾ ਚੌਕ ਤੋਂ ਮੁੱਖ ਬਜ਼ਾਰ ਵਿੱਚੋਂ ਹੁੰਦੀਆਂ ਤਲਵੰਡੀ ਸ਼ਹਿਰ ਵਿੱਚ ਪੈਦਲ ਚੱਲ ਕੇ ਫਲੈਗ ਮਾਰਚ ਕੱਢਿਆ ਗਿਆ। ਆਈ.ਜੀ ਪਰਮਾਰ ਨੇ ਕਿਹਾ ਕਿ ਵਿਸਾਖੀ ਦਿਹਾੜੇ ਨੂੰ ਦੇਖਦਿਆਂ ਲੋੜੀਂਦੇ ਸਾਰੇ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ। ਉਨਾਂ ਕਿਹਾ ਕਿ ਵਿਸਾਖੀ ਮੇਲੇ 'ਤੇ ਲੱਖਾਂ ਦੀ ਗਿਣਤੀ ਵਿੱਚ ਸਰਧਾਲੂਆਂ ਦੀ ਆਮਦ ਨੂੰ ਲੈ ਕੇ ਅਧਿਕਾਰੀਆਂ ਦੀਆਂ ਡਿਊਟੀਆਂ ਲਾ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਧਾਰਮਿਕ ਪ੍ਰੋਗਰਾਮ ਹੈ, ਜਿਸ ਨੂੰ ਲੈ ਕੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੁਲਸ ਪ੍ਰਸ਼ਾਸਨ ਪੂਰੀ ਤਰਾਂ ਚੌਕਸ ਹੈ। ਇਸ ਮੌਕੇ ਜ਼ਿਲ੍ਹਾ ਪੁਲਸ ਮੁਖੀ ਸਮੇਤ ਜ਼ਿਲ੍ਹੇ ਦੇ ਸੀਨੀਅਰ ਪੁਲਿਸ ਅਧਿਕਾਰੀ ਅਤੇ ਤਲਵੰਡੀ ਸਾਬੋ ਦੇ ਡੀ.ਐਸ.ਪੀ ਦੀ ਅਗਵਾਈ ਹੇਠ ਪੁਲਸ ਅਧਿਕਾਰੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਦਬਾਅ ਦੇ ਚੱਲਦਿਆਂ ਯੂਟਿਊਬਰ ਸੁਖਨੈਬ ਸਿੰਘ ਸਿੱਧੂ ਰਿਹਾਅ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਯੂਟਿਊਬਰ ਸੁਖਨੈਬ ਸਿੰਘ ਸਿੱਧੂ 'ਪੂਹਲਾ' ਨੂੰ ਸੀ ਆਈ ਏ ਸਟਾਫ ਬਠਿੰਡਾ ਦੀ ਅਗਵਾਈ ਵਿੱਚ ਨਥਾਣਾ ਪੁਲਸ ਵੱਲੋਂ 5 ਅਪ੍ਰੈਲ ਨੂੰ ਗ੍ਰਿਫਤਾਰ ਕਰਕੇ ਮਾਣਯੋਗ ਅਦਾਲਤ ਵਿੱਚ ਪੇਸ਼ ਕਰਨ 'ਤੇ ਅਦਾਲਤ ਵੱਲੋਂ ਦੋ ਦਿਨ ਦੇ ਰਿਮਾਂਡ ਦੇ ਦਿੱਤਾ ਗਿਆ। ਇਧਰ ਸਿੱਧੂ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਇਲਾਕਾ ਵਾਸੀਆਂ, ਵੱਖ-ਵੱਖ ਜਥੇਬੰਦੀਆਂ, ਰਾਸ਼ਟਰੀ, ਅੰਤਰਰਾਸ਼ਟਰੀ ਅਤੇ ਪੰਜਾਬ ਦੇ ਪੱਤਰਕਾਰਾਂ ਦਾ ਰੋਸ ਦੀ ਲਹਿਰ ਦੌੜ ਗਈ। ਅੰਤਰਰਾਸ਼ਟਰੀ ਪੱਧਰ ਤੱਕ ਫੈਲੇ ਵਿਰੋਧ ਕਾਰਨ ਪੰਜਾਬ ਸਰਕਾਰ ਨੂੰ ਦਬਾਅ ਦੇ ਚੱਲਦਿਆਂ ਸੁਖਨੈਬ ਸਿੰਘ ਸਿੱਧੂ ਨੂੰ ਰਿਹਾਅ ਕਰਨ ਲਈ ਯੂ-ਟਰਨ ਲੈਣਾ ਪਿਆ। ਜ਼ਿਕਰਯੋਗ ਹੈ ਕਿ ਪਿੰਡ ਵਾਸੀਆਂ ਦੀ ਅਗਵਾਈ, ਸਮਾਜਿਕ ਕਾਰਕੁੰਨ ਲੱਖਾ ਸਿਧਾਣਾ ਤੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਸਿੱਧੂ ਦੀ ਰਿਹਾਈ ਲਈ ਜ਼ਬਰਦਸਤ ਵਿਰੋਧ ਹੋਣ ਉਪਰੰਤ ਪ੍ਰਸਾਸ਼ਨ ਵੱਲੋਂ ਸੁਖਨੈਬ ਸਿੱਧੂ ਨੂੰ ਸ਼ਾਮ ਚਾਰ ਵਜੇ ਤੱਕ ਰਿਹਾਅ ਕਰਨ ਦਾ ਵਿਸਵਾਸ਼ ਦਿਵਾਇਆ। ਖੇਤਰੀ ਪ੍ਰੈਸ ਕਲੱਬ ਭੁੱਚੋ ਮੰਡੀ ਦੇ ਪ੍ਰਧਾਨ ਪਰਵਿੰਦਰ ਸਿੰਘ ਜੌੜਾ, ਭੀਮ ਸੈਨ ਹਰਦਵਾਰੀਆ, ਗੁਰਦਰਸ਼ਨ ਲੁੱਧੜ, ਗੁਰਜੀਵਨ ਸਿੱਧੂ, ਹਰਮੇਲ ਸਾਗਰ, ਕੁਲਦੀਪ ਮਤਵਾਲਾ ਤੇ ਰਾਮ ਸਿੰਘ ਕਲਿਆਣ ਅਤੇ ਮਨਿੰਦਰਜੀਤ ਸਿੱਧੂ ਸਮੇਤ ਯੂਟਿਊਬਰ ਨਵਰੀਤ ਸਿਵੀਆ ਵੀ ਹਾਜ਼ਰ ਸਨ। ਸਮੂਹ ਪੱਤਰਕਾਰਾਂ ਨੇ ਇਸ ਮਾਮਲੇ ਸੰਬੰਧੀ ਥਾਣਾ ਨਥਾਣਾ ਵਿਖੇ ਲਗਾਤਾਰ ਨਜ਼ਰ ਬਣਾਈ ਰੱਖੀ।

ਥਾਣਾ ਮੁਖੀ ਨਥਾਣਾ ਬਿਕਰਮਜੀਤ ਸਿੰਘ ਚੌਹਾਨ ਦੀ ਅਗਵਾਈ ਵਿੱਚ ਮੈਡੀਕਲ ਕਰਾ ਕੇ ਸੁਖਨੈਬ ਸਿੰਘ ਸਿੱਧੂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਪਿੰਡ ਵਾਸੀਆਂ ਵੱਲੋਂ ਦਿੱਤੇ ਗਏ ਬਿਆਨਾਂ ਦੇ ਆਧਾਰ 'ਤੇ ਨਿਰਦੋਸ਼ ਕਰਾਰ ਦਿੰਦਿਆਂ ਬੇਗੁਨਾਹ ਦੱਸੇ ਜਾਣ 'ਤੇ ਮਾਣਯੋਗ ਅਦਾਲਤ ਨੇ ਸ਼ਾਮੀਂ ਸੁਖਨੈਬ ਸਿੰਘ ਸਿੱਧੂ ਨੂੰ ਰਿਹਾਅ ਕਰ ਦਿੱਤਾ।

# ਵਿਧਾਇਕ ਰਜਨੀਸ਼ ਦਹੀਆ ਵੱਲੋਂ ਮਹੀਨੇ ਦੀ ਤਨਖਾਹ ਮੁੱਖ ਮੰਤਰੀ ਰਾਹਤ ਫੰਡ 'ਚ ਦੇਣ ਦਾ ਐਲਾਨ

**ਨੁਕਸਾਨੀਆਂ ਫਸਲਾਂ ਦਾ ਲਿਆ ਜਾਇਜ਼ਾ, ਗਿਰਦਾਵਰੀ ਦਾ ਕੰਮ ਸ਼ੁਰੂ**



**ਮਮਦੋਟ (ਜਸਬੀਰ ਸਿੰਘ ਕੰਬੋਜ)**

ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਨੇ ਕਿਸਾਨਾਂ ਪੱਖੀ ਸ਼ਲਾਘਾਯੋਗ ਕਦਮ ਪੁੱਟਦਿਆਂ ਆਪਣੀ ਇੱਕ ਮਹੀਨੇ ਦੀ ਤਨਖਾਹ ਕਿਸਾਨਾਂ ਨੂੰ ਰਾਹਤ ਦੇਣ ਲਈ ਮੁੱਖ ਮੰਤਰੀ ਰਾਹਤ ਫੰਡ 'ਚ ਦੇਣ ਦਾ ਐਲਾਨ ਕੀਤਾ ਹੈ। ਮਮਦੋਟ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਬੇਮੌਸਮੀ ਬਰਸਾਤ ਕਰਕੇ ਕਿਸਾਨਾਂ ਦੀਆਂ ਫਸਲਾਂ ਦਾ ਹੋਏ ਨੁਕਸਾਨ ਦੀ ਭਰਪਾਈ ਕਰਨੀ ਤਾਂ ਮੁਸ਼ਕਲ ਹੈ, ਪਰ ਇਸ ਘੜੀ ਵਿੱਚ ਸਰਕਾਰ ਤੇ ਉਹ ਕਿਸਾਨਾਂ ਦੇ ਨਾਲ ਖੜੇ ਹਨ। ਇਸ ਮੌਕੇ ਸੀਨੀਅਰ ਆਗੂ ਨਿਰਵੈਰ ਸਿੰਘ ਸਿੰਧੀ, ਬੱਕਰਾ ਸਿੰਘ ਸੰਧੂ ਵੀ ਉਨ੍ਹਾ ਨਾਲ ਸਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਪਹਿਲਾਂ ਹੀ ਇਹ ਐਲਾਨ ਕਰ ਚੁੱਕੇ ਹਨ ਕਿ ਕਿਸਾਨਾ ਦੀਆਂ ਫਸਲਾਂ ਦਾ ਜਿੰਨਾ ਨੁਕਸਾਨ ਹੋਇਆ ਹੈ, ਉਸ ਦੀ ਭਰਪਾਈ ਲਈ ਵਿਸੇਸ ਗਿਰਦਾਵਰੀ ਸ਼ੁਰੂ ਕਰ ਦਿੱਤੀ ਗਈ ਹੈ। ਦੂਜੇ ਪਾਸੇ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਦਹੀਆ ਨੇ ਕਿਹਾ ਕਿ ਇਲਾਕੇ ਦੇ ਪ੍ਰਸ਼ਾਸਨਕ ਅਫਸਰਾਂ ਨੂੰ ਕਹਿ ਦਿੱਤਾ ਗਿਆ ਹੈ ਕਿ ਕਿਸਾਨਾਂ ਦੀਆਂ ਫਸਲਾਂ ਦਾ ਜੋ ਵੀ ਨੁਕਸਾਨ ਹੋਇਆ ਹੈ, ਉਹ ਧਿਆਨ ਨਾਲ ਦੇਖਿਆ ਜਾਵੇ। ਉਨ੍ਹਾਂ ਦੱਸਿਆ ਕਿ ਨੁਕਸਾਨ ਜ਼ਿਆਦਾ ਹੈ, ਜਿੰਨੀ ਵੀ ਮਦਦ ਵੱਧ ਤੋਂ ਵੱਧ ਸਰਕਾਰ ਕਰ ਸਕਦੀ ਹੈ ਉਹ ਜ਼ਰੂਰ ਕੀਤੀ ਜਾਵੇਗੀ। ਇਸ ਮੌਕੇ ਹਾਜ਼ਰ ਕਿਸਾਨਾਂ ਨੇ ਵੀ ਦੱਸਿਆ ਕਿ ਨੁਕਸਾਨੀਆਂ ਫਸਲਾਂ ਦੀ ਗਿਰਦਾਵਰੀ ਸਬੰਧੀ ਪਿੰਡਾਂ ਵਿੱਚ ਕੰਮ ਸ਼ੁਰੂ ਹੋ ਗਿਆ ਹੈ।

# ਸਰਕਾਰ ਵੱਲੋਂ ਲੋਕਾਂ ਦੀ ਆਵਾਜ਼ ਦਬਾਉਣ ਲਈ ਪੱਤਰਕਾਰਾਂ ਨੂੰ ਬਣਾਇਆ ਜਾ ਰਿਹਾ ਨਿਸ਼ਾਨਾ : ਬਰਾੜ



**ਬਰਨਾਲਾ, (ਰਜਿੰਦਰ ਬਰਾੜ, ਰਾਕੇਸ਼ ਨੀਟਾ)**-ਪੰਜਾਬ ਸਰਕਾਰ ਵੱਲੋਂ ਦਿਨੋ ਦਿਨ ਵਧ ਰਹੇ ਮੀਡੀਆ ਦੀ ਆਜ਼ਾਦੀ ਉਪਰ ਹਮਲਿਆਂ ਤੇ ਮੀਡੀਆ ਕਰਮੀਆਂ ਨਾਲ ਅਣਐਲਾਨੀ ਐਮਰਜੈਂਸੀ ਵਰਗੇ ਕੀਤੇ ਜਾ ਰਹੇ ਵਰਤਾਉ ਖਿਲਾਫ਼ ਪੱਤਰਕਾਰ ਭਾਈਚਾਰੇ ਵਲੋਂ ਪੰਜਾਬ ਦੇ ਰਾਜਪਾਲ ਦੇ ਨਾਂਅ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਮੰਗ-ਪੱਤਰ ਦਿੱਤਾ ਗਿਆ।

ਜਰਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਰਾਜਿੰਦਰ ਸਿੰਘ ਬਰਾੜ, ਬਰਨਾਲਾ ਪ੍ਰੈਸ ਕਲੱਬ ਦੇ ਪ੍ਰਧਾਨ ਬਘੇਲ ਸਿੰਘ ਧਾਲੀਵਾਲ ਅਤੇ ਏਕਤਾ ਪ੍ਰੈਸ ਕਲੱਬ ਦੇ ਪ੍ਰਧਾਨ ਜਗਸੀਰ ਸਿੰਘ ਸੰਧੂ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਆਵਾਜ਼ ਨੂੰ ਦਬਾਉਣ ਲਈ ਪੱਤਰਕਾਰਾਂ ਅਤੇ ਸੋਸ਼ਲ ਮੀਡੀਆ ਕਾਰਕੁੰਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜਿਸ ਦੇ ਬੀਤੇ ਦਿਨਾਂ ਦੌਰਾਨ ਕਈ ਮਾਮਲੇ ਸਾਹਮਣੇ ਆਏ ਹਨ ਅਤੇ ਇੱਕ ਤਾਜ਼ਾ ਮਾਮਲੇ ਤਹਿਤ ਸ਼ੋਸ਼ਲ ਮੀਡੀਆ ਦੇ ਪੱਤਰਕਾਰ ਸੁਖਨੈਬ ਸਿੰਘ ਸੰਧੂ ਉਪਰ ਪੁਲਸ ਵਲੋਂ ਸੰਗੀਨ ਧਾਰਾਵਾਂ ਲਾ ਕੇ ਗ੍ਰਿਫ਼ਤਾਰ ਕੀਤਾ ਗਿਆ, ਜਿਸ ਦਾ ਬਰਨਾਲਾ ਦਾ ਪੱਤਰਕਾਰ ਭਾਈਚਾਰਾ ਸਖ਼ਤ ਸ਼ਬਦਾਂ ਵਿਚ ਵਿਰੋਧ ਕਰਦਾ ਹੈ।

ਇਸ ਮੌਕੇ ਹਰਿੰਦਰਪਾਲ ਨਿੱਕਾ, ਮਨੋਜ ਸ਼ਰਮਾ, ਰਾਜਿੰਦਰ ਸ਼ਰਮਾ ਵਿਜੈ ਭੰਡਾਰੀ, ਅਮਿਤ ਮਿੱਤਰ, ਰਾਜ ਪਨੇਸਰ ਅਸ਼ੀਸ਼ ਪਾਲਕੋ, ਬੇਅੰਤ ਸਿੰਘ ਬਾਜਵਾ, ਯੋਗਰਾਜ ਯੋਗੀ, ਪਰਮਜੀਤ ਸਿੰਘ ਕੈਰੇ, ਕਰਨਪ੍ਰੀਤ ਧੰਦਰਾਲ, ਲਖਵਿੰਦਰ ਸ਼ਰਮਾ, ਸੋਨੂੰ ਉਪਲ, ਕ੍ਰਿਸ਼ਨ ਸਿੰਘ ਸੰਘੇੜਾ, ਰਣਜੀਤ ਸਿੰਘ ਸੰਧੂ, ਅਮਨਦੀਪ ਸਿੰਘ ਭੋਤਨਾ, ਗੁਰਪ੍ਰੀਤ ਸਿੰਘ ਸੋਨੀ, ਰਾਜਿੰਦਰ ਬਾਂਸਲ ਰਿੰਪੀ, ਮੰਗਤ ਬਾਂਸਲ, ਰਘੁਵੀਰ ਹੈਪੀ, ਅਦੀਸ਼ ਗੋਇਲ ਸਮੇਤ ਵੱਡੀ ਗਿਣਤੀ ਵਿੱਚ ਪੱਤਰਕਾਰ ਹਾਜ਼ਰ ਸਨ।

# ਸਿੱਖਿਆ ਦਾ ਤੁਗਲਵਾਲਾ ਮਾਡਲ ਕਿਰਤ ਤੇ ਸੰਗਤ ਰਾਹੀਂ ਸਰਬਪੱਖੀ ਵਿਕਾਸ ਨਾਲ ਜੋੜਦਾ : ਡਾ. ਸ ਪ ਸਿੰਘ



**ਲੁਧਿਆਣਾ (ਐਮ ਐਸ ਭਾਟੀਆ/ਰੈਕਟਰ ਕਥੂਰੀਆ/ਪ੍ਰਦੀਪ ਸ਼ਰਮਾ)**

ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਜ ਦੇ ਸੈੱਲ ਵੱਲੋਂ ਕੁਆਲਟੀ ਆਫ਼ ਰੂਰਲ ਐਜੂਕੇਸ਼ਨ : ਤੁਗਲਵਾਲਾ ਮਾਡਲ ਵਿਸ਼ੇ 'ਤੇ ਇਕਰੋਜ਼ਾ ਸੈਮੀਨਾਰ ਕਰਾਇਆ ਗਿਆ, ਜਿਸ ਵਿਚ ਬਾਬਾ ਆਇਆ ਸਿੰਘ, ਰਿਆੜਕੀ, ਕਾਲਜ ਤੁਗਲਵਾਲਾ (ਗੁਰਦਾਸਪੁਰ) ਦੇ ਬਾਨੀ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਗਗਨਦੀਪ ਸਿੰਘ ਵਿਰਕ ਪ੍ਰਿੰਸੀਪਲ ਰਿਆੜਕੀ ਪਬਲਿਕ ਸਕੂਲ, ਤੁਗਲਵਾਲਾ ਪੁੱਜੇ। ਇਸ ਹੀ ਸੰਸਥਾ ਦੀ ਪੁਰਾਣੀ ਵਿਦਿਆਰਥਣ ਪਰਮਜੀਤ ਕੌਰ, ਪ੍ਰਿੰਸੀਪਲ ਗੁਰੂ ਨਾਨਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਫਗਵਾੜਾ ਵੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਸਨ।

ਡਾ. ਸ. ਪ. ਸਿੰਘ, ਸਾਬਕਾ ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਤੇ ਪ੍ਰਧਾਨ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ ਨੇ ਰਸਮੀ ਤੌਰ 'ਤੇ ਸਭ ਨੂੰ ਜੀ ਆਇਆਂ ਕਿਹਾ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਦੇ ਪਿੰਡ ਤੁਗਲਵਾਲਾ ਵਿੱਚ ਇਹ ਕਾਲਜ ਵਿੱਦਿਆ ਦੇ ਖੇਤਰ ਵਿਚ ਚਾਨਣ ਮੁਨਾਰਾ ਹੈ।

ਇਸੇ ਸੰਸਥਾ ਦੀ ਪੁਰਾਣੀ ਵਿਦਿਆਰਥੀ ਡਾ. ਤੇਜਿੰਦਰ ਕੌਰ, ਸਹਾਇਕ ਪ੍ਰੋਫੈਸਰ, ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਜ ਨੇ ਇਸ ਸੰਸਥਾ ਦੀਆਂ ਹੁਣ ਤਕ ਦੀਆ ਮਾਣਮੱਤੀਆਂ ਪ੍ਰਾਪਤੀ ਤੇ ਇਸ ਕਾਲਜ ਨਾਲ ਜੁੜੀਆਂ ਆਪਣੀਆਂ ਕੁਝ ਯਾਦਾਂ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ। ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਇਸ ਸੰਸਥਾ ਦੀ ਸਥਾਪਤੀ ਤੋਂ ਲੈ ਕੇ ਹੁਣ ਤੱਕ ਦੇ ਆਪਣੇ ਅਨੁਭਵ ਸਾਂਝੇ ਕੀਤੇ। ਪ੍ਰਿੰਸੀਪਲ ਗਗਨਦੀਪ ਸਿੰਘ ਨੇ ਕਿਹਾ ਕਿ ਅੱਜ ਜਦੋਂ ਵਿੱਦਿਆ ਮਹਿੰਗੀ ਤੇ ਵਪਾਰ ਬਣਦੀ ਜਾ ਰਹੀ ਹੈ ਤੇ ਗ਼ਰੀਬ ਆਦਮੀ ਦੀ ਪਹੁੰਚ ਤੋਂ ਬਾਹਰ ਹੈ ਤਾਂ ਉਥੇ ਹੀ ਇਸ ਸੰਸਥਾ ਵਿੱਚ ਗਰੀਬ, ਬੇਸਹਾਰਾ, ਅਨਾਥ ਬੱਚਿਆਂ ਨੂੰ ਮੁਫਤ ਵਿੱਦਿਆ ਦਿੱਤੀ ਜਾਂਦੀ ਹੈ। ਪ੍ਰਿੰਸੀਪਲ ਪਰਮਜੀਤ ਕੌਰ ਨੇ ਕਾਲਜ ਵਿਚਲੇ ਕਿਰਤ ਸੱਭਿਆਚਾਰ 'ਤੇ ਚਾਨਣਾ ਪਾਇਆ ਤੇ ਦੱਸਿਆ ਕਿ ਕਾਲਜ ਤੇ ਹੋਸਟਲ ਦੇ ਸਾਰੇ ਕੰਮ ਵਿਦਿਆਰਥਣਾਂ ਵੱਲੋਂ ਆਪ ਕੀਤੇ ਜਾਂਦੇ ਹਨ।

ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਪੰਜਾਬੀ ਲੋਕ ਤੇ ਸਰਕਾਰ ਬੰਗਾਲ ਵਾਲੇ ਸਾਂਤੀ ਨਿਕੇਤਨ ਦੇ ਤਾਂ ਸੋਹਿਲੇ ਗਾਉਂਦੇ ਹਨ, ਪਰ ਆਪਣੇ ਗੁਰਦਾਸਪੁਰ ਦੇ ਰਿਆੜਕੀ ਖੇਤਰ ਵਿੱਚ ਵਿੱਦਿਆ ਦੇ ਚਾਨਣ ਮੁਨਾਰੇ ਤੁਗਲਵਾਲਾ ਸਿੱਖਿਆ ਮਾਡਲ ਨੂੰ ਕਿਉਂ ਨਹੀਂ ਅਪਨਾਉਂਦੇ।

ਪ੍ਰੋਗਰਾਮ ਦੇ ਅਖੀਰ 'ਤੇ ਕਾਲਜ ਦੇ ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਭੱਲਾ ਨੇ ਸਭ ਦਾ ਰਸਮੀ ਤੌਰ 'ਤੇ ਧੰਨਵਾਦ ਕੀਤਾ ਤੇ ਇਸ ਮਾਡਲ ਨੂੰ ਹਰ ਸੰਸਥਾ ਨੂੰ ਅਪਨਾਉਣ ਦੀ ਅਪੀਲ ਕੀਤੀ। ਇਸ ਪ੍ਰੋਗਰਾਮ ਦਾ ਸੰਚਾਲਨ ਇੰਚਾਰਜ ਡਾ. ਹਰਿਗੁਣਜੋਤ ਕੌਰ ਤੇ ਡਾ ਮਨਦੀਪ ਕੌਰ ਰੰਧਾਵਾ ਵੱਲੋਂ ਕੀਤਾ ਗਿਆ।

# ਵਿਸ਼ਵ ਸਿਹਤ ਦਿਵਸ ਸੰਬੰਧੀ ਜਾਗਰੂਕਤਾ ਕੈਂਪ




**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਸਿਵਲ ਸਰਜਨ ਲੁਧਿਆਣਾ ਤੇ ਡਾ. ਰਵੀ ਦੱਤ ਐੱਸ.ਐੱਮ.ਓ. ਦੇ ਦਿਸ਼-ਨਿਰਦੇਸ਼ਾਂ ਅਨੁਸਾਰ ਸੀ.ਐੱਚ.ਸੀ. ਮਾਨੂੰਪੁਰ ਵਿਖੇ ਵਿਸ਼ਵ ਸਿਹਤ ਦਿਵਸ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਗੁਰਦੀਪ ਸਿੰਘ ਬੀ. ਈ. ਈ. ਨੇ ਕਿਹਾ ਕੇ ਤਲੇ ਹੋਏ ਪਦਾਰਥ, ਨਮਕ, ਮਿੱਠਾ ਤੇ ਡੱਬਾਬੰਦ ਵਸਤੂਆਂ ਦੀ ਜ਼ਿਆਦਾ ਵਰਤੋਂ ਕਾਰਨ ਗੈਰ-ਸੰਚਾਰੀ ਬਿਮਾਰੀਆਂ ਜਿਵੇਂ ਕਿ ਉੱਚ ਬੀ ਪੀ, ਸੂਗਰ ਦੇ ਮਰੀਜ਼ਾਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਹੋ ਗਿਆ ਹੈ। ਇਸ ਲਈ ਅਜਿਹੇ ਭੋਜਨ ਦੀ ਵਰਤੋਂ ਘੱਟ ਤੋਂ ਘੱਟ ਕੀਤੀ ਜਾਵੇ ਤੇ ਪੌਸ਼ਟਿਕ ਭਰਪੂਰ ਭੋਜਨ ਜਿਵੇਂ ਕਿ ਹਰੀਆਂ ਪੱਤੇਦਾਰ ਸਬਜ਼ੀਆਂ, ਫਲਾਂ ਆਦਿ ਦੀ ਵਰਤੋਂ ਵੱਧ ਤੋਂ ਵੱਧ ਕੀਤੀ ਜਾਵੇ। ਹਰ ਇਨਸਾਨ ਨੂੰ ਹਰ ਰੋਜ਼ ਘੱਟੋ-ਘੱਟ ਅੱਧਾ ਘੰਟਾ ਸੈਰ ਜਾਂ ਕਸਰਤ ਜ਼ਰੂਰ ਕਰਨੀ ਚਾਹੀਦੀ ਹੈ, ਜਿਸ ਨਾਲ ਉਹ ਆਪਣੇ ਸਰੀਰ ਨੂੰ ਫਿੱਟ ਰੱਖ ਸਕਦੇ ਹਨ। ਇਸ ਤੋਂ ਇਲਾਵਾ ਤਣਾਅ ਤੋਂ ਦੂਰ ਰਹਿ ਕੇ ਆਪਣੀ ਸਿਹਤ ਨੂੰ ਚੰਗਾ ਰੱਖ ਕੇ ਇੱਕ ਤੰਦਰੁਸਤ ਜੀਵਨ ਬਤੀਤ ਕੀਤਾ ਜਾ ਸਕਦਾ ਹੈ। ਹਰ ਇਨਸਾਨ ਸਮੇਂ ਸਮੇਂ ਆਪਣਾ ਸਿਹਤ ਚੈੱਕਅਪ ਕਰਵਾਉਂਦੇ ਰਹਿਣਾ ਚਾਹੀਦਾ ਹੈ। ਇਸ ਸਮੇਂ ਡਾ. ਸਿਵਰਾਜ ਸਿੰਘ, ਜਸਵੀਰ ਸਿੰਘ, ਜਗਦੀਪ ਸਿੰਘ ਆਦਿ ਹਾਜ਼ਰ ਸਨ।

# ਚੰਦਬਾਜ਼ਾ 'ਚ 31 ਲੱਖ ਨਾਲ ਅਨਾਜ ਮੰਡੀ ਦਾ ਸ਼ੈੱਡ ਉਸਾਰਿਆ ਜਾਵੇਗਾ : ਸੰਧਵਾਂ

**ਚੰਦਬਾਜਾ 'ਚ ਸਰਕਾਰੀ ਪ੍ਰਾਇਮਰੀ ਸਕੂਲ ਨੂੰ 2 ਲੱਖ ਰੁਪਏ ਤੇ ਸੋਲਰ ਲਾਈਟਾਂ ਲਗਾਉਣ ਲਈ 5 ਲੱਖ ਦਾ ਦਿੱਤਾ ਚੈੱਕ**



**ਫਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ/ ਸ਼ਾਮ ਲਾਲ ਚਾਵਲਾ)**

ਅਨਾਜ ਮੰਡੀ ਚੰਦਬਾਜਾ ਵਿਖੇ 31 ਲੱਖ ਰੁਪਏ ਦੀ ਰਾਸ਼ੀ ਨਾਲ ਨਵੇਂ ਸ਼ੈਡ ਦਾ ਨਿਰਮਾਣ ਕੀਤਾ ਜਾਵੇਗਾ, ਤਾਂ ਜੋ ਕਿਸਾਨਾਂ ਨੂੰ ਮੰਡੀ ਵਿੱਚ ਕਿਸੇ ਪ੍ਰਕਾਰ ਦੀ ਦਿੱਕਤ ਨਾ ਆਵੇ। ਇਸ ਕੰਮ ਲਈ ਟੈਂਡਰ ਲੱਗ ਚੁੱਕੇ ਹਨ ਅਤੇ ਜਲਦ ਹੀ ਕੰਮ ਸ਼ੁਰੂ ਹੋ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਚੰਦਬਾਜਾ ਵਿਖੇ ਲੋਕਾਂ ਦੇ ਰੂਬਰੂ ਹੋਣ ਮੌਕੇ ਕੀਤਾ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਸ. ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਉਨ੍ਹਾਂ ਵੱਲੋਂ ਲਗਾਤਾਰ ਪਿੰਡਾਂ ਵਿੱਚ ਜਾ ਕੇ ਪਿੰਡ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜਿੱਥੇ ਪਿੰਡਾਂ ਤੇ ਸਕੂਲਾਂ ਦੇ ਵਿਕਾਸ ਲਈ ਚੈੱਕ ਦਿੱਤੇ ਜਾ ਰਹੇ ਹਨ, ਉੱਥੇ ਕਿਸਾਨਾਂ ਨੂੰ ਵੀ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਪਿੰਡ ਚੰਦਬਾਜ਼ਾ ਵਿਖੇ ਕਿਸਾਨਾਂ ਵੱਲੋਂ ਮੰਗ ਸੀ ਕਿ ਮੰਡੀ ਵਿੱਚ ਨਵਾਂ ਸ਼ੈੱਡ ਬਣਾਇਆ ਜਾਵੇ। ਇਸ ਦੇ ਮੱਦੇਨਜ਼ਰ ਟੈਂਡਰ ਲੱਗ ਚੁੱਕੇ ਹਨ ਤੇ ਜਲਦ ਹੀ ਕੰਮ ਸ਼ੁਰੂ ਹੋ ਜਾਵੇਗਾ। ਇਸ ਮੌਕੇ ਉਨ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਚੰਦਬਾਜਾ ਨੂੰ ਸਕੂਲ ਦੇ ਵਿਕਾਸ ਲਈ 03 ਲੱਖ ਰੁਪਏ ਤੇ ਪਿੰਡ ਦੀ ਗੁਰੂ ਰਾਮਦਾਸ ਵੈੱਲਫੇਅਰ ਸੁਸਾਇਟੀ ਨੂੰ ਪਿੰਡ ਵਿੱਚ ਸੋਲਰ ਲਾਈਟਾਂ ਲਗਾਉਣ ਲਈ 05 ਲੱਖ ਰੁਪਏ ਦੇ ਚੈੱਕ ਵੀ ਦਿੱਤੇ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਫੰਡਾਂ ਵਿੱਚ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਐਕਸੀਅਨ ਪੰਜਾਬ ਮੰਡੀ ਬੋਰਡ ਸ. ਸੁਦਾਗਰ ਸਿੰਘ, ਐੱਸ.ਡੀ.ਓ. ਸ੍ਰੀ ਗੁਰਦਾਸ ਸਿੰਘ, ਪੀ.ਆਰ.ਓ. ਟੂ ਸਪੀਕਰ ਸ. ਮਨਪ੍ਰੀਤ ਸਿੰਘ ਧਾਲੀਵਾਲ, ਸ੍ਰੀ ਗੁਰਪ੍ਰੀਤ ਸਿੰਘ ਚੰਦਬਾਜਾ, ਰਾਜਾ ਸਿੰਘ ਗਿੱਲ ਪ੍ਰਧਾਨ ਗੁਰੂ ਰਾਮਦਾਸ ਵੈੱਲਫੇਅਰ ਸੁਸਾਇਟੀ, ਸ੍ਰੀ ਦਵਿੰਦਰਪਾਲ ਸਿੰਘ ਗਰੇਵਾਲ ਪ੍ਰਧਾਨ ਸ਼ਹੀਦ ਭਗਤ ਸਿੰਘ ਕਲੱਬ ਚੰਦਬਾਜਾ, ਅਭੇ ਸਿੰਘ ਢਿੱਲੋਂ, ਸੁਖਚੈਨ ਸਿੰਘ ਗਿੱਲ, ਪਰਮਜੀਤ ਸਿੰਘ ਗਾਲਾ, ਅਮਰਜੀਤ ਸਿੰਘ ਬਰਾੜ, ਸੂਬੇਦਾਰ ਦਿਲਬਾਗ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

# ਗੁਰੂ ਨਾਨਕ ਨੈਸ਼ਨਲ ਕਾਲਜ 'ਚ ਡਿਗਰੀ ਤੇ ਇਨਾਮ ਵੰਡ ਸਮਾਰੋਹ ਦੀ ਤਿਆਰੀ

**ਦੋਰਾਹਾ (ਹਰਮਿੰਦਰ ਸਿੰਘ ਸੇਠ)** ਗੁਰੂ ਨਾਨਕ ਨੈਸ਼ਨਲ ਕਾਲਜ ਵੱਲੋਂ ਡਿਗਰੀਆਂ ਵੰਡਣ ਲਈ ਕਾਨਵੋਕੇਸ਼ਨ ਤੇ ਸਾਲਾਨਾ ਇਨਾਮ ਵੰਡ ਸਮਾਗਮ ਦਾ ਆਯੋਜਨ ਕਰਾਇਆ ਜਾ ਰਿਹਾ ਹੈ। ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਦੱਸਿਆ ਕਿ ਕੋਵਿਡ ਕਾਰਨ ਪਿਛਲੇ ਕੁਝ ਸੈਸ਼ਨਾਂ ਦੌਰਾਨ ਪਰੀਖਿਆਵਾਂ ਪਾਸ ਕਰ ਚੁੱਕੇ ਵਿਦਿਆਰਥੀ ਆਪਣੀਆਂ ਡਿਗਰੀ ਪ੍ਰਾਪਤ ਕਰਨ ਲਈ ਕਨਵੋਕੇਸ਼ਨ ਦੀ ਉਡੀਕ ਕਰ ਰਹੇ ਸਨ। ਇਸ ਲਈ ਕਾਲਜ ਵੱਲੋਂ ਵਿੱਦਿਅਕ ਸੈਸ਼ਨਾਂ 2019-2020, 2020-2021 ਤੇ 2021-2022 ਦੌਰਾਨ ਪ੍ਰੀਖਿਆਵਾਂ ਪਾਸ ਕਰਨ ਵਾਲੇ ਵਿਭਿੰਨ ਫ਼ੈਕਲਟੀਆਂ ਦੇ ਗ੍ਰੈਜੂਏਟ ਤੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕਰਨ ਲਈ 8 ਅਪ੍ਰੈਲ ਨੂੰ ਸਵੇਰੇ 7:30 ਵਜੇ ਤੋਂ ਡਿਗਰੀ ਵੰਡ ਸਮਾਗਮ ਉਲੀਕਿਆ ਗਿਆ ਹੈ, ਜਿਸ ਦੀ ਰਿਹਰਸਲ 07 ਅਪ੍ਰੈਲ ਨੂੰ ਸਵੇਰੇ 8:30 ਵਜੇ ਕਾਲਜ ਦੇ ਡਾ. ਈਸ਼ਵਰ ਸਿੰਘ ਯਾਦਗਾਰੀ ਹਾਲ ਵਿੱਚ ਕੀਤੀ ਜਾਵੇਗੀ। ਯੋਗ ਵਿਦਿਆਰਥੀ ਇਸ ਸਮਾਰੋਹ ਦੌਰਾਨ ਆਪਣੀ ਡਿਗਰੀ ਪ੍ਰਾਪਤ ਕਰ ਸਕਣਗੇ ਤੇ ਵਧੇਰੇ ਜਾਣਕਾਰੀ ਲਈ ਵਿਦਿਆਰਥੀ ਕਾਲਜ ਨਾਲ ਰਾਬਤਾ ਕਾਇਮ ਕਰ ਸਕਦੇ ਹਨ।

# ਵਿਸ਼ਵ ਸਿਹਤ ਦਿਵਸ ਮੌਕੇ ਨਰਸਿੰਗ ਇੰਸਟੀਟਿਊਟ 'ਚ ਜ਼ਿਲ੍ਹਾ ਪੱਧਰੀ ਸਮਾਗਮ

**ਸਹੀ ਜੀਵਨਸ਼ੈਲੀ ਅਪਨਾ ਕੇ ਹੀ ਤੰਦਰੁਸਤ ਰਿਹਾ ਜਾ ਸਕਦਾ : ਡਾ. ਸਿੰਗਲਾ**




**ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਿਹਤ ਵਿਭਾਗ ਵੱਲੋਂ ਡਾ. ਰੰਜੂ ਸਿੰਗਲਾ ਸਿਵਲ ਸਰਜਨ ਦੀ ਪ੍ਰਧਾਨਗੀ ਵਿੱਚ ਵਿਸ਼ਵ ਸਿਹਤ ਦਿਵਸ ਸਬੰਧੀ ਜ਼ਿਲ੍ਹਾ ਪੱਧਰੀ ਸਮਾਗਮ ਆਦੇਸ਼ ਨਰਸਿੰਗ ਇੰਸਟੀਟਿਊਟ ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤਾ ਗਿਆ। ਇਸ ਸਮੇਂ ਡਾ. ਰੰਜੂ ਸਿੰਗਲਾ ਸਿਵਲ ਸਰਜਨ ਨੇ ਦੱਸਿਆ ਕਿ ਅੱਜ ਦੇ ਦਿਨ 7 ਅਪ੍ਰੈਲ 1948 ਨੂੰ ਵਿਸ਼ਵ ਸਿਹਤ ਸੰਸਥਾ ਹੋਂਦ ਵਿੱਚ ਆਈ ਸੀ ਤੇ ਇਸ ਸਾਲ ਅਸੀਂ 75ਵਾਂ ਵਿਸ਼ਵ ਸਿਹਤ ਦਿਵਸ ਮਨਾ ਰਹੇ ਹਾਂ। ਉਨ੍ਹਾ ਕਿਹਾ ਕਿ ਹਰ ਸਾਲ 7 ਅਪ੍ਰੈਲ ਨੂੰ ਵਿਸ਼ਵ ਸਿਹਤ ਦਿਵਸ ਵਜੋਂ ਮਨਾਇਆ ਜਾਂਦਾ ਹੈ ਅਤੇ ਵੱਖ ਵੱਖ ਥੀਮ ਵਿਸ਼ਵ ਸਿਹਤ ਸੰਸਥਾ ਵੱਲੋਂ ਜਾਰੀ ਕੀਤੇ ਜਾਂਦੇ ਹਨ। ਇਸ ਸਾਲ ਦਾ ਥੀਮ "ਹੈਲਥ ਫਾਰ ਆਲ" ਹੈ। ਉਨ੍ਹਾਂ ਕਿਹਾ ਕਿ ਸਾਡੇ ਖਾਣ ਪੀਣ ਦੀਆਂ ਆਦਤਾਂ ਤੇ ਸਰੀਰਕ ਗਤੀਵਿਧੀਆਂ ਦੀ ਘਾਟ ਕਾਰਨ ਅਸੀਂ ਆਪ ਹੀ ਬੀਮਾਰੀਆਂ ਨੂੰ ਸੱਦਾ ਦੇ ਰਹੇ ਹਾਂ। ਉਨ੍ਹਾ ਕਿਹਾ ਕਿ ਹੁਣ ਸਾਡੇ ਸਮਾਜ ਵਿੱਚ ਜ਼ਿਆਦਾ ਮੌਤਾਂ ਦਾ ਕਾਰਨ ਗੈਰ-ਸੰਚਾਰੀ ਰੋਗ ਬਣ ਰਹੇ ਹਨ, ਜੋ ਕਿ ਸਾਡੀ ਸਰੀਰਕ ਗਤੀਵਿਧੀਆਂ ਦੀ ਘਾਟ ਤੇ ਸਹੀ ਖਾਣ ਪੀਣ ਨਾ ਹੋਣ ਕਾਰਨ ਹੋ ਰਹੇ ਹਨ। ਇਸ ਮੌਕੇ ਡਾ. ਪ੍ਰਭਜੀਤ ਸਿੰਘ ਸਹਾਇਕ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਸਾਨੂੰ ਤੰਦਰੁਸਤ ਰਹਿਣ ਲਈ ਆਪਣੇ ਸਰੀਰ ਦੀ ਨਿਯਮਤ ਜਾਂਚ ਕਰਵਾਉਂਦੇ ਰਹਿਣਾ ਚਾਹੀਦਾ ਹੈ ਤੇ ਕੋਈ ਵੀ ਬੀਮਾਰੀ ਹੋਣ ਤੇ ਮਾਹਰ ਡਾਕਟਰ ਤੋਂ ਇਲਾਜ ਕਰਵਾਉਣ ਚਾਹੀਦਾ ਹੈ ਤੇ ਇਲਾਜ ਵਿਚ ਅਣਗਹਿਲੀ ਨਹੀਂ ਕਰਨੀ ਚਾਹੀਦੀ। ਇਸ ਮੌਕੇ ਡਾ. ਸਤੀਸ਼ ਜਿੰਦਲ ਐੱਮ.ਡੀ. ਮੈਡੀਸਨ ਵੀ ਆਈ.ਐੱਮ.ਏ. ਵੱਲੋਂ ਸ਼ਾਮਲ ਹੋਏ ਤੇ ਗੈਰ-ਸੰਚਾਰੀ ਰੋਗਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਡਾ. ਅਮਿਤਾ ਗੁਪਤਾ ਆਯੂਰਵੈਦਿਕ ਮੈਡੀਕਲ ਅਫਸਰ ਨੇ ਯੋਗਾ ਦੀ ਮਹੱਤਤਾ ਤੇ ਇਸ ਦੇ ਤੰਦਰੁਸਤ ਰਹਿਣ ਬਾਰੇ ਜਾਣਕਾਰੀ ਦਿੱਤੀ। ਇਸ ਸਮਾਗਮ ਵਿਚ ਅਮਨਦੀਪ ਸਿੰਘ ਡਾਇਟੀਸ਼ੀਅਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਤੇ ਤੰਦਰੁਸਤ ਰਹਿਣ ਲਈ ਸਹੀ ਮਾਤਰਾ ਵਿੱਚ ਸਹੀ ਖਾਣ ਪੀਣ ਬਾਰੇ ਜਾਣਕਾਰੀ ਦਿੱਤੀ। ਇਸ ਸਮਾਗਮ ਦੌਰਾਨ ਮਿਸ. ਜਸਵੀਰ ਕੌਰ ਡਾਇਰੈਕਟਰ ਆਦੇਸ਼ ਨਰਸਿੰਗ ਇੰਸਟੀਟਿਊਟ ਨੇ ਵਿਦਿਆਰਥੀਆਂ ਨੂੰ ਅੱਜ ਦੀ ਇਹ ਜਾਣਕਾਰੀ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਲਈ ਕਿਹਾ ਤੇ ਸਿਹਤ ਵਿਭਾਗ ਦਾ ਜ਼ਿਲ੍ਹਾ ਪੱਧਰੀ ਸਮਾਗਮ ਆਦੇਸ਼ ਨਰਸਿੰਗ ਇੰਸਟੀਟਿਊਟ ਵਿਖੇ ਕਰਨ ਲਈ ਧੰਨਵਾਦ ਕੀਤਾ। ਇਸ ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਮਾਸ ਮੀਡੀਆ ਅਫਸਰ ਸੁਖਮੰਦਰ ਸਿੰਘ, ਸ਼੍ਰੀਮਤੀ ਸ਼ਰਨਜੀਤ ਕੌਰ ਤੇ ਲਾਲ ਚੰਦ ਨੇ ਵੀ ਸੰਬੋਧਨ ਕੀਤਾ। ਇਸ ਸਮਾਗਮ ਵਿੱਚ ਸਿਹਤ ਵਿਭਾਗ ਦੇ ਸਟਾਫ ਤੋਂ ਇਲਾਵਾ ਆਦੇਸ਼ ਨਰਸਿੰਗ ਇੰਸਟੀਟਿਊਟ ਦਾ ਸਟਾਫ ਤੇ ਵਿਦਿਆਰਥੀ ਸ਼ਾਮਲ ਹੋਏ।

# ਸਰਕਾਰੀ ਸਕੂਲ ਸਿੱਖਿਆ ਨਵੇਂ ਦੌਰ 'ਚ ਦਾਖਲ : ਹਰਜੋਤ ਬੈਂਸ



**ਐਸ.ਏ.ਐਸ. ਨਗਰ, (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਮਿਆਰੀ ਸਕੂਲੀ ਸਿੱਖਿਆ ਦੇਣ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੂਬੇ ਦੀ ਸਰਕਾਰੀ ਸਕੂਲ ਸਿੱਖਿਆ ਨਵੇਂ ਦੌਰ 'ਚ ਦਾਖਲ ਹੋ ਗਈ ਹੈ ਜਿੱਥੇ ਸਕੂਲਾਂ 'ਚ ਉੱਚ ਦਰਜੇ ਦਾ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਦੇ ਨਾਲ-ਨਾਲ ਬੱਚਿਆਂ ਨੂੰ ਸਿੱਖਿਆ ਮੁਹੱਈਆ ਕਰਵਾਉਣ ਲਈ ਸ਼ਾਨਦਾਰ ਮਹੌਲ ਸਿਰਜਣ ਦੀ ਪ੍ਰਕਿਰਿਆ ਆਰੰਭੀ ਗਈ ਹੈ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਸੋਹਾਣਾ ਦੇ ਦੌਰੇ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਉਹ ਮੁੱਖ ਮੰਤਰੀ ਦੇ ਆਦੇਸ਼ਾਂ ਦੇ ਅਨੁਸਾਰ ਵੱਖ ਵੱਖ ਜ਼ਿਲ੍ਹਿਆਂ ਦੇ ਸਰਕਾਰੀ ਸਕੂਲਾਂ ਦਾ ਦੌਰਾ ਕਰ ਰਹੇ ਹਨ ਤਾਂ ਜੋ ਉਹ ਖੁਦ ਸਕੂਲਾਂ ਬਾਰੇ ਜਾਣਕਾਰੀ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੀ ਕਾਇਆ-ਕਲਪ ਦੇ ਨਤੀਜੇ ਵਜੋਂ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਵਿਚ ਵੀ ਵਾਧਾ ਹੋਇਆ ਹੈ। ਇਸ ਸਾਲ ਦਾਖ਼ਲਾ ਮੁਹਿੰਮ ਦੌਰਾਨ ਕਈ ਸਰਕਾਰੀ ਅਧਿਕਾਰੀਆਂ/ਅਧਿਆਪਕਾਂ ਨੇ ਆਪਣੇ ਬੱਚਿਆਂ ਨੂੰ ਵੀ ਸਰਕਾਰੀ ਸਕੂਲਾਂ ਵਿਚ ਦਾਖਲਾ ਕਰਵਾਇਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਨਵੇਂ ਵਿਦਿਅਕ ਸੈਸ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਹੀ ਸੂਬੇ ਦੇ 80 ਫ਼ੀਸਦੀ ਸਰਕਾਰੀ ਸਕੂਲਾਂ ਵਿਚ ਕਿਤਾਬਾਂ ਪੁੱਜਦੀਆਂ ਕਰ ਦਿੱਤੀਆਂ ਹਨ ਅਤੇ ਬਾਕੀ ਸਕੂਲਾਂ ਵਿੱਚ 10 ਅਪ੍ਰੈਲ ਤੱਕ ਪਹੁੰਚ ਜਾਣਗੀਆਂ। ਸ. ਹਰਜੋਤ ਸਿੰਘ ਬੈਂਸ ਕਿਹਾ ਕਿ ਪੜ੍ਹਾਈ ਦੇ ਮਿਆਰ ਵਿੱਚ ਵਾਧਾ ਕਰਨ ਲਈ ਸੂਬੇ ਵਿੱਚ 117 ਸਕੂਲ ਆਫ ਐਮੀਨੈਂਸ ਸਕੂਲ ਖੋਲ੍ਹੇ ਗਏ ਹਨ। ਇਨ੍ਹਾਂ ਸਕੂਲਾਂ ਵਿਚ ਸਰਕਾਰੀ ਸਕੂਲਾਂ ਦੇ 75 ਫ਼ੀਸਦੀ ਵਿਦਿਆਰਥੀ ਨੂੰ ਦਾਖਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਸਰਕਾਰੀ ਸਕੂਲ ਵਿੱਚ ਪੂਰਾ ਸਟਾਫ਼ ਮੁਹੱਈਆ ਕਰਵਾਉਣ ਦੇ ਨਾਲ ਨਾਲ ਵੱਖ ਵੱਖ ਗਤੀਵਿਧੀਆਂ/ਖੇਡਾਂ ਲਈ ਕੋਚ ਦਿੱਤੇ ਜਾਣਗੇ। ਪ੍ਰਿੰਸੀਪਲਾਂ ਨੂੰ ਵਿਦੇਸ਼ਾਂ ਤੋਂ ਟਰੇਨਿੰਗ ਦਿਵਾਉਣ ਦੀ ਗਤੀ ਵਿੱਚ ਵਾਧਾ ਕੀਤਾ ਜਾਵੇਗਾ। ਇਸ ਦੌਰਾਨ ਉਨ੍ਹਾਂ ਸਕੂਲ ਦੇ ਵਿਦਿਆਰਥੀਆਂ ਅਤੇ ਸਕੂਲ ਦੇ ਸਟਾਫ ਨਾਲ ਗੱਲਬਾਤ ਕਰ ਕਰਕੇ ਫੀਡਬੈਕ ਹਾਸਲ ਕੀਤੀ। ਉਨ੍ਹਾਂ ਨੇ ਮਿਡ ਡੇਅ ਮੀਲ ਨੂੰ ਚੈਕ ਕੀਤਾ ਅਤੇ ਬੱਚਿਆਂ ਨਾਲ ਬੈਠ ਕੇ ਖਾਣਾ ਵੀ ਖਾਧਾ। ਇਸ ਮੌਕੇ ਸਕੂਲ ਦੇ ਅਧਿਆਪਕ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਸਰਕਾਰ ਪੰਜਾਬੀ 'ਵਰਸਿਟੀ ਪਟਿਆਲਾ ਨਾਲ ਸੌਤੇਲਾ ਵਿਹਾਰ ਕਰਨਾ ਬੰਦ ਕਰੇ : ਐੱਸ ਐੱਫ ਆਈ




**ਨੰਗਲ (ਸੁਰਜੀਤ ਢੇਰ)** ਸਾਂਝੇ ਵਿਦਿਆਰਥੀ ਮੋਰਚੇ ਦੇ ਸੱਦੇ 'ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਹੱਕ 'ਚ ਸਰਕਾਰੀ ਸ਼ਿਵਾਲਿਕ ਕਾਲਜ ਨਿਆ ਨੰਗਲ ਵਿਖੇ ਹੜਤਾਲ ਕਰਕੇ ਸਰਕਾਰ ਦਾ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਇਸ ਸਮੇਂ ਵਿਦਿਆਰਥੀ ਆਗੂ ਜਸਵਿੰਦਰ ਸਿੰਘ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਵਿੱਤੀ ਸੰਕਟ ਦਾ ਸਾਹਮਣਾ ਕਰ ਰਹੀ ਹੈ। ਪਰ ਜ਼ਿਕਰਯੋਗ ਹੈ ਕਿ ਮੌਜੂਦਾ ਸਰਕਾਰ ਨੇ ਪੇਸ਼ ਕੀਤਾ ਹੈ। ਉਸ ਵਿੱਚ ਸਿੱਖਿਆ ਤੰਤਰ ਨੂੰ ਗਹਿਰੀ ਸੱਟ ਮਾਰੀ ਹੈ। ਸਿੱਧੇ ਤੌਰ ਤੇ ਯੂਨੀਵਰਸਿਟੀ ਦੀ ਗਰਾਂਟ 36 ਕਰੋੜ ਰੁਪਏ ਘੱਟ ਕੀਤੀ ਗਈ ਹੈ ਆਗੂ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਕਰਮਚਾਰੀਆਂ ਦੀਆਂ ਤਨਖਾਹਾਂ ਪੈਂਡਿੰਗ ਹਨ ਅਤੇ ਵਿਦਿਆਰਥੀਆਂ ਦੇ ਡੀ ਐਮ ਸੀ ਰੁਕੇ ਹੋਏ ਹਨ। ਵਿਦਿਆਰਥੀਆਂ ਨੇ ਆਪਣੀ ਅਵਾਜ ਬੁਲੰਦ ਕਰਕੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਹੋਂਦ ਨੂੰ ਬਚਾਉਂਦੇ ਹੋਏ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਦੀ ਰਾਖੀ ਕਰਨ ਦਾ ਯਤਨ ਕਰਨਾ ਚਾਹੀਦਾ ਹੈ। ਇਸ ਸਮੇਂ ਇਕੱਤਰ ਵਿਦਿਆਰਥੀਆਂ ਨੇ ਭਵਿੱਖ ਵਿਚ ਯੂਨੀਵਰਸਿਟੀ ਦੇ ਹੱਕ ਲਈ ਹਰ ਵੱਡੇ ਤੋਂ ਵੱਡਾ ਸੰਘਰਸ਼ ਕਰਨ ਅਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਸਮੇਂ ਮਨਪ੍ਰੀਤ ਸਿੰਘ,ਫ਼ਤਹਿ ਸਿੰਘ, ਜਸਨਪ੍ਰੀਤ ਸਿੰਘ ਬੈਂਸ, ਰਾਜਨ, ਅਮਰੀਕ ਸਿੰਘ, ਹਰਮਨਜੀਤ ਸਿੰਘ, ਹਰਨੇਕ ਸਿੰਘ, ਰਾਹੁਲ ਚੰਦਨ,ਹਰਜਿੰਦਰ ਸਿੰਘ, ਵਿਸ਼ਾਲ ਆਦਿ ਸਾਥੀ ਸ਼ਾਮਲ ਸਨ।

## ਮਾਨ ਨੇ ਰਾਮਪੁਰ ਸੁੰਨੜਾ ਤੇ ਭਬਿਆਣਾ 'ਚ ਨੁਕਸਾਨੀਆਂ ਫਸਲਾਂ ਦਾ ਲਿਆ ਜਾਇਜ਼ਾ



**ਫਗਵਾੜਾ (ਡਾ. ਰਮਨ)** ਆਮ ਆਦਮੀ ਪਾਰਟੀ ਹਲਕਾ ਵਿਧਾਨਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਪਿੰਡ ਭਬਿਆਣਾ ਅਤੇ ਰਾਮਪੁਰ ਸੁੰਨੜਾ ਵਿਖੇ ਬੇਮੌਸਮੀ ਬਰਸਾਤ ਕਾਰਨ ਫਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਕਿਹਾ ਕਿ ਕਿਸਾਨਾਂ ਦੇ ਹੋਏ ਨੁਕਸਾਨ ਦੀ ਭਰਪਾਈ ਲਈ ਭਗਵੰਤ ਮਾਨ ਸਰਕਾਰ ਵਚਨਬੱਧ ਹੈ। ਵਿਸਾਖੀ ਤੱਕ ਕਿਸਾਨਾਂ ਨੂੰ ਮੁਆਵਜ਼ਾ ਦੇਣ ਲਈ ਮੁੱਖ ਮੰਤਰੀ ਵੱਲੋਂ ਕੀਤੇ ਐਲਾਨ ਨੂੰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਪਾਰਟੀ ਹਾਈਕਮਾਂਡ ਦੀਆਂ ਹਦਾਇਤਾਂ ਅਨੁਸਾਰ ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਸਨ ਅਤੇ ਗਿਰਦਾਵਰੀ ਦਾ ਕੰਮ ਬਿਨਾਂ ਕਿਸੇ ਭੇਦਭਾਵ ਦੇ ਆਪਣੀ ਨਿਗਰਾਨੀ ਹੇਠ ਪੂਰੀ ਪਾਰਦਰਸ਼ਤਾ ਨਾਲ ਕਰਵਾ ਰਹੇ ਹਨ। ਉਨ੍ਹਾਂ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਚਿੰਤਾ ਨਾ ਕਰਨ ਅਤੇ ਨੁਕਸਾਨ ਦੀ ਭਰਪਾਈ ਦਾ ਭਰੋਸਾ ਵੀ ਦਿੱਤਾ। ਇਸ ਦੌਰਾਨ ਉਨ੍ਹਾਂ ਨੇ ਪ੍ਰਮਾਤਮਾ ਅੱਗੇ ਮੌਸਮ ਖੁਸ਼ਗਵਾਰ ਰੱਖਣ ਦੀ ਅਰਦਾਸ ਵੀ ਕੀਤੀ ਤਾਂ ਜੋ ਕਿਸਾਨ ਆਪਣੇ ਖ਼ੂਨ ਪਸੀਨੇ ਨਾਲ ਸਿੰਜਾਈ ਕਣਕ ਸਮੇਤ ਸਾਰੀਆਂ ਮੌਸਮੀ ਫਸਲਾਂ ਦੀ ਵਾਢੀ ਦਾ ਕੰਮ ਸਹੀ ਢੰਗ ਨਾਲ ਨੇਪਰੇ ਚਾੜ੍ਹ ਸਕਣ। ਇਸ ਮੌਕੇ ਹਲਕਾ ਕਾਨੂੰਗੋ, ਹਲਕਾ ਪਟਵਾਰੀ ਤੋਂ ਇਲਾਵਾ ਸੁਰਜੀਤ ਸਿੰਘ ਸਰਪੰਚ ਰਾਮਪੁਰ ਸੁੰਨੜਾ, ਤਲਵਿੰਦਰ ਸਿੰਘ ਕਾਰਜਕਾਰੀ ਸਰਪੰਚ, ਹੁਸਨ ਲਾਲ ਸਰਪੰਚ ਭਬਿਆਣਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਕਾਨੂੰਗੋ ਰਾਜਨ ਮੜੀਆ ਦੀ ਸੇਵਾ ਮੁਕਤੀ 'ਤੇ ਦਿੱਤੀ ਨਿੱਘੀ ਵਿਦਾਇਗੀ



**ਕਾਲਾ ਸੰਘਿਆਂ (ਮਨਜੀਤ ਮਾਨ)** ਕਾਨੂੰਗੋ ਰਾਜਨ ਮੜੀਆ ਆਪਣੀ ਬੇਦਾਗ 34 ਸਾਲ ਦੀ ਸਰਵਿਸ ਕਰਦੇ ਹੋਏ 31 ਮਾਰਚ ਨੂੰ ਰਿਟਾਇਰ ਹੋ ਗਏ ਜਿਨ੍ਹਾਂ ਨੂੰ ਨਿੱਘੀ ਵਿਦਾਇਗੀ ਦੇਣ ਲਈ ਕਾਨੂੰਗੋ ਜੂਨੀਅਨ ਵੱਲੋਂ ਵਿਦਾਇਗੀ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਕਰਯੋਗ ਹੈ ਕਿ ਰਾਜਨ ਮੜੀਆ 34 ਸਾਲ ਪਹਿਲਾਂ ਬਤੌਰ ਪਟਵਾਰੀ ਉੱਗੀ ਵਿਖੇ ਨਿਯੁਕਤ ਕੀਤੇ ਗਏ ਸਨ ਅਤੇ 2019 ਵਿੱਚ ਪਦ-ਉਨਤ ਹੋ ਕੇ ਕਾਨੂੰਗੋ ਬਣੇ ਅਤੇ ਉੱਗੀ ਵਿਖੇ ਹੀ ਆਪਣੀਆਂ ਸੇਵਾਵਾਂ ਜਾਰੀ ਰੱਖੀਆ। ਇਹ ਵੀ ਸੰਜੋਗ ਹੈ ਕਿ ਉਨ੍ਹਾਂ ਨੇ ਆਪਣੀਆਂ ਸਾਰੀਆਂ ਸੇਵਾਵਾਂ ਪਟਵਾਰੀ ਤੋਂ ਲੈ ਕੇ ਕਾਨੂੰਗੋ ਤੱਕ ਉੱਗੀ ਵਿਖੇ ਹੀ ਨਿਭਾਈਆਂ ਅਤੇ ਉੱਗੀ ਵਿਖੇ ਹੀ ਕਾਨੂੰਗੋ ਦੀ ਪੋਸਟ ਤੋਂ ਰਿਟਾਇਰ ਹੋਏ। ਇਸ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਰਾਜਨ ਮੜੀਆ ਨੇ ਕਾਨੂੰਗੋ ਹਲਕਾ ਉੱਗੀ ਦੇ ਪਟਵਾਰਖਾਨੇ 'ਚ ਆਪਣੀਆਂ ਬੇਦਾਗ ਸੇਵਾਵਾਂ ਦਿੱਤੀਆਂ ਹਨ ਜੋ ਵਿਭਾਗ ਅਤੇ ਆਮ ਲੋਕਾਂ ਦੇ ਹਰਮਨ ਪਿਆਰੇ ਸਨ। ਕਾਨੂੰਗੋ ਜੂਨੀਅਨ ਅਤੇ ਵਿਭਾਗ ਦੇ ਅਧਿਕਾਰੀਆਂ ਵੱਲੋਂ ਰਾਜਨ ਮੜ੍ਹੀਆਂ ਨੂੰ ਉਨ੍ਹਾਂ ਦੀ ਸੇਵਾ ਮੁਕਤੀ ਤੇ ਵਧਾਈ ਦਿੰਦਿਆਂ ਫੁੱਲਾਂ ਦੇ ਹਾਰ ਪਾਉਣ ਉਪਰੰਤ ਮੋਮੈਂਟੋ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਮੰਚ ਦਾ ਸੰਚਾਲਨ ਜਤਿੰਦਰ ਭੱਲਾ ਵੱਲੋਂ ਬਾਖੂਬੀ ਨਿਭਾਇਆ ਗਿਆ।

ਇਸ ਮੌਕੇ ਐਸ ਡੀ ਐਮ ਕਮਲਜੀਤ ਸਿੰਘ, ਤਹਿਸੀਲਦਾਰ ਹਰਮਿੰਦਰ ਸਿੰਘ ਹੁੰਦਲ, ਨਾਇਬ ਤਹਿਸੀਲਦਾਰ ਭੀਸਮ ਪਾਂਡੇ, ਕਾਨੂੰਗੋ ਜੂਨੀਅਨ ਦੇ ਪ੍ਰਧਾਨ ਇਕਬਾਲ ਸਿੰਘ, ਜਨਰਲ ਸਕੱਤਰ ਕਾਨੂੰਗੋ ਜਤਿੰਦਰ ਭੱਲਾ, ਕਾਨੂੰਗੋ ਗੁਰਮੇਜ ਸਿੰਘ, ਰੀਡਰ ਨਰਿੰਦਰ ਢੱਡਾ, ਅਮਰਜੀਤ ਸਿੰਘ, ਇਕਬਾਲ ਮਸੀਹ, ਜਸਪਾਲ ਸਿੰਘ ਤੋਂ ਇਲਾਵਾ ਵਿਭਾਗ ਦਾ ਸਟਾਫ ਸ਼ਾਮਲ ਸੀ।

## ਸਰਕਾਰ ਨੰਬਰਦਾਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਤੁਰੰਤ ਮੰਨੇ : ਹਰਕੰਵਲ ਸਿੰਘ




**ਕਾਲਾ ਸੰਘਿਆਂ (ਮਨਜੀਤ ਮਾਨ)** ਸਰਕਾਰ ਨੰਬਰਦਾਰਾਂ ਦੀਆਂ ਹੱਕੀ ਤੇ ਜਾਇਜ ਮੰਗਾਂ ਨੂੰ ਤੁਰੰਤ ਮੰਨੇ ਨਹੀਂ ਤਾਂ ਆਪ ਸਰਕਾਰ ਜਲੰਧਰ ਦੀ ਜ਼ਿਮਨੀ ਚੋਣ 'ਚ ਇਸ ਦਾ ਖਮਿਆਜਾ ਭੁਗਤਣ ਲਈ ਤਿਆਰ ਰਹੇ। ਨੰਬਰਦਾਰਾਂ ਦੀਆਂ ਮੰਗਾਂ ਨਾ ਮੰਨੇ ਜਾਣ 'ਤੇ ਜ਼ਿਮਨੀ ਚੋਣ 'ਚ ਸਰਕਾਰ ਦਾ ਪੂਰਾ ਵਿਰੋਧ ਕੀਤਾ ਜਾਵੇਗਾ। ਇਥੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨੰਬਰਦਾਰ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਹਰਕੰਵਲ ਸਿੰਘ ਸੰਧੂ ਨੇ ਪ੍ਰੈੱਸ ਨਾਲ ਸਾਂਝੇ ਤੌਰ 'ਤੇ ਕਰਦਿਆਂ ਕਿਹਾ ਕਿ ਸਰਕਾਰ ਹਰ ਵਾਰ ਨੰਬਰਦਾਰਾਂ ਨਾਲ ਵਾਅਦੇ ਕਰਕੇ ਮੁਕਰ ਜਾਂਦੀ ਹੈ ਪਰ ਅਜੇ ਤੱਕ ਨੰਬਰਦਾਰਾਂ ਦੀਆਂ ਹੱਕੀ ਤੇ ਜਾਇਜ ਮੰਗਾਂ ਨੂੰ ਮੰਨਿਆ ਨਹੀਂ ਗਿਆ ਸੋ ਸਰਾਸਰ ਗਲਤ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ ਦੀ ਅਗਲੀ ਰਣਨੀਤੀ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਦਿਹਾਤੀ ਤੇ ਸ਼ਹਿਰੀ ਦੀ ਵਿਸ਼ੇਸ਼ ਮੀਟਿੰਗ ਕੀਤੀ ਜਾ ਰਹੀ ਹੈ ਇਸ ਵਿੱਚ ਅਗਲਾ ਪ੍ਰੋਗਰਾਮ ਉਲੀਕਿਆ ਜਾਵੇਗਾ। ਇਸ ਦੌਰਾਨ ਤਹਿਸੀਲ ਪ੍ਰਧਾਨ ਸੁਰਜੀਤ ਸਿੰਘ ਹੇਅਰ ਨੇ ਵਿੱਛੜੇ ਸਾਥੀ ਨੰਬਰਦਾਰਾਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦੇ ਵਿੱਛੜ ਜਾਣ ਉਪਰ ਦੁੱਖ ਪ੍ਰਗਟ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਜਿਲ੍ਹਾ ਜਰਨਲ ਸਕੱਤਰ ਰਾਜ ਕੁਮਾਰ ਮਹਿੰਮੀ, ਸਰਪ੍ਰਸਤ ਲਾਭ ਸਿੰਘ, ਗੁਰਦੇਵ ਮਾਲੜੀ, ਬਲਜੀਤ ਸਿੰਘ ਲਿੱਤਰਾਂ, ਕੁਲਰਾਜ ਸਿੰਘ, ਗੁਰਮਿੰਦਰ ਸਿੰਘ, ਰਤਨ ਰਾਏ, ਸੰਤੋਖ ਸਿੰਘ, ਮਲਕੀਤ ਲਾਲ, ਹਰਮੇਸ਼ ਸਿੰਘ, ਮੱਖਣ ਸਿੰਘ ਸੰਧੂ, ਜਤਿੰਦਰ ਸਿੰਘ ਮਾਲੜੀ, ਜਗਜੀਤ ਸਿੰਘ, ਤਰਸੇਮ ਸਿੰਘ, ਜਸਵਿੰਦਰ ਸਿੰਘ, ਗੁਰਵਿੰਦਰ ਸਿੰਘ ਵੀ ਹਾਜ਼ਰ ਸਨ।

## ਕੋਰੋਨਾ ਵੈਕਸੀਨ ਦਾ ਪ੍ਰਬੰਧ ਨਾ ਕਰਕੇ ਸਰਕਾਰ ਲੋਕਾਂ ਦੀਆਂ ਜਾਨਾਂ ਨਾਲ ਖੇਡ ਰਹੀ :ਬਲਬੀਰ ਸਿੱਧੂ

**ਐਸ.ਏ.ਐਸ. ਨਗਰ, (ਗੁਰਜੀਤ ਬਿੱਲਾ)** ਪੰਜਾਬ ਭਾਜਪਾ ਦੇ ਮੀਤ ਪ੍ਰਧਾਨ ਅਤੇ ਸੂਬੇ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਪੰਜਾਬ ਵਿੱਚ ਕੋਰੋਨਾ ਰੋਕੂ ਵੈਕਸੀਨ ਦੀ ਘਾਟ ਦੀਆਂ ਖ਼ਬਰਾਂ ਦਾ ਗੰਭੀਰ ਨੋਟਿਸ ਲੈਂਦਿਆਂ ਕਿਹਾ ਹੈ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਜਾਨਾਂ ਨਾਲ ਖੇਡ ਰਹੀ ਹੈ। ਉਹਨਾਂ ਕਿਹਾ ਕਿ ਸਰਕਾਰ ਨੂੰ ਤੁਰੰਤ ਲੋੜੀਂਦੀ ਵੈਕਸੀਨ ਦੇ ਨਾਲ ਨਾਲ ਆਕਸੀਜਨ ਸਿਲੰਡਰ, ਕਿੱਟਾਂ, ਆਈ ਸੀ ਯੂ ਬੈਡ ਅਤੇ ਦਵਾਈਆਂ ਦਾ ਢੁਕਵਾਂ ਪ੍ਰਬੰਧ ਵੀ ਕਰਨਾ ਚਾਹੀਦਾ ਹੈ ਤਾਂ ਕਿ ਸੰਭਾਵਤ ਸੰਕਟ ਦਾ ਅਸਰਦਾਰ ਢੰਗ ਨਾਲ ਟਾਕਰਾ ਕੀਤਾ ਜਾ ਸਕੇ। ਸ਼੍ਰੀ ਸਿੱਧੂ ਨੇ ਇਥੇ ਜਾਰੀ ਇਕ ਪ੍ਰੈਸ ਬਿਆਨ ਵਿਚ ਕਿਹਾ ਕਿ ਸੂਬੇ ਦੇ ਕਿਸੇ ਵੀ ਜ਼ਿਲ੍ਹੇ ਵਿੱਚ ਕਰੋਨਾ ਵੈਕਸੀਨ ਨਹੀਂ ਮਿਲ ਰਹੀ ਜਿਸ ਕਾਰਨ ਲੋਕਾਂ ਵਿਚ ਸਹਿਮ ਤੇ ਡਰ ਫੈਲ੍ਹ ਗਿਆ ਹੈ ਕਿਉਂਕਿ ਦਿੱਲੀ ਅਤੇ ਹਰਿਆਣਾ ਵਿਚ ਕਰੋਨਾ ਦੇ ਫੈਲਾਓ ਦੀ ਦਰ ਤੇਜ਼ੀ ਨਾਲ ਵੱਧ ਰਹੀ ਹੈ। ਉਹਨਾਂ ਕਿਹਾ ਕਿ ਪੰਜਾਬ ਤੇ ਚੰਡੀਗੜ੍ਹ ਵਿਚ ਰੋਜ਼ਾਨਾ ਨਵੇਂ ਆਉਣ ਵਾਲੇ ਕੇਸਾਂ ਦੀ ਗਿਣਤੀ ਵਧੀ ਹੈ। ਇਸ ਲਈ ਸੂਬੇ ਵਿਚ ਵੱਡੇ ਪੱਧਰ ਉਤੇ ਕਰੋਨਾ ਵੈਕਸੀਨ ਦੀ ਬੂਸਟਰ ਡੋਜ਼ ਲਾਉਣ ਦੀ ਮੁਹਿੰਮ ਵਿੱਢਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਵੈਕਸੀਨ ਦੀ ਘਾਟ ਕਾਰਨ ਵਿਦੇਸ਼ਾਂ ਵਿਚ ਜਾਣ ਵਾਲੇ ਵਿਦਿਆਰਥੀਆਂ ਅਤੇ ਯਾਤਰੀਆਂ ਨੂੰ ਵੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਕਿਹਾ ਕਿ ਹਰਿਆਣਾ ਸਰਕਾਰ ਨੇ 100 ਤੋਂ ਵੱਧ ਵਿਅਕਤੀਆਂ ਦੇ ਇਕੱਠ ਵਾਲੀਆਂ ਥਾਵਾਂ ਉਤੇ ਮਾਸਕ ਪਾਉਣਾ ਜ਼ਰੂਰੀ ਕਰ ਦਿੱਤਾ ਹੈ।

## ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੀ ਵਿੱਤ ਮੰਤਰੀ ਨਾਲ ਹੋਈ ਮੀਟਿੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਲੰਮੀ ਉਡੀਕ ਅਤੇ ਜਦੋ ਜਹਿਦ ਬਾਅਦ ਆਖ਼ਰ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੀ ਚੰਡੀਗੜ੍ਹ ਭਵਨ ਪੰਜਾਬ ਵਿਖੇ ਸੂਬੇ ਦੇ ਵਿੱਤ ਮੰਤਰੀ ਨਾਲ ਮੀਟਿੰਗ ਹੋਈ। ਸੰਘਰਸ਼ ਕਮੇਟੀ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਪੁਰਾਣੀ ਪੈਨਸ਼ਨ ਬਹਾਲ ਕਰਨ ਲਈ ਜਥੇਬੰਦੀ ਤੋਂ ਦੋ ਮਹੀਨੇ ਦਾ ਸਮਾਂ ਮੰਗਿਆ ਹੈ। ਇਸ ਤੋਂ ਪਹਿਲਾਂ ਸੰਘਰਸ਼ ਕਮੇਟੀ ਦੇ ਵਫ਼ਦ ਨੇ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਨੋਟੀਫਿਕੇਸ਼ਨ ਜ਼ਲਦ ਜ਼ਾਰੀ ਅਤੇ ਸੀ ਪੀ ਐਫ਼ ਕਟੌਤੀ ਤੁਰੰਤ ਬੰਦ ਕਰਕੇ ਜੀ ਪੀ ਐਫ਼ ਕਟੌਤੀ ਸ਼ੁਰੂ ਕਰਨ ਦੀ ਮੰਗ ਵਿੱਤ ਮੰਤਰੀ ਪੰਜਾਬ ਮੂਹਰੇ ਜ਼ੋਰਦਾਰ ਢੰਗ ਨਾਲ ਰੱਖੀ ਗਈ। ਵਿੱਤ ਮੰਤਰੀ ਚੀਮਾ ਨੇ ਵਫ਼ਦ ਨੂੰ ਕੈਬਨਿਟ ਸਬ ਕਮੇਟੀ ਦੀ ਅਗਲੀ ਮੀਟਿੰਗ 'ਚ ਸੀ ਪੀ ਐਫ ਕਟੌਤੀ ਬੰਦ ਕਰਨ ਦਾ ਫੈਸਲਾ ਲੈਣ ਦਾ ਭਰੋਸਾ ਦਿੱਤਾ। ਸੂਬਾ ਕਨਵੀਨਰ ਤਲਵਾੜਾ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਲੰਘੇ ਸਾਲ ਹਿਮਾਚਲ ਪ੍ਰਦੇਸ਼ ਦੀ ਚੋਣਾਂ ਤੋਂ ਐਨ ਪਹਿਲਾਂ ਸੂਬੇ 'ਚ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਐਲਾਨ ਕਰਦਿਆਂ ਅਧੂਰਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਪਰ ਪੰਜ ਮਹੀਨੇ ਬਾਅਦ ਵੀ ਸਰਕਾਰ ਆਪਣੇ ਕੀਤੇ ਐਲਾਨ ਨੂੰ ਅਮਲੀ ਰੂਪ 'ਚ ਲਾਗੂ ਨਹੀਂ ਕਰ ਸਕੀ।

ਸੂਬਾ ਜਨਰਲ ਸਕੱਤਰ ਜਰਨੈਲ ਪੱਟੀ ਨੇ ਦੱਸਿਆ ਕਿ ਅਪ੍ਰੈਲ ਮਹੀਨੇ ਵਿਚ ਸੰਘਰਸ਼ ਕਮੇਟੀ ਵੱਲੋਂ ਵੱਡੇ ਡੈਪੂਟੇਸ਼ਨ ਲੈ ਕੇ ਕੈਬਨਿਟ ਸਬ ਕਮੇਟੀ ਦੇ ਮੰਤਰੀਆਂ ਅਤੇ ਜ਼ਿਲ੍ਹਾ ਜਲੰਧਰ ਦੇ ਸਮੂਹ ਵਿਧਾਇਕਾਂ ਤੇ ਹਲਕਾ ਇੰਚਾਰਜਾਂ ਨੂੰ ਮਿਲਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। 23 ਤਾਰੀਕ ਦੇ ਸਾਂਝੇ ਫਰੰਟ ਦੇ ਜਲੰਧਰ ਐਕਸ਼ਨ ਦੇ ਮੱਦੇਨਜ਼ਰ ਸੰਘਰਸ਼ ਕਮੇਟੀ ਨੇ 22 ਤਾਰੀਕ ਦਾ ਐਕਸ਼ਨ ਹਾਲ ਦੀ ਘੜੀ ਮੁਲਤਵੀ ਕਰ ਦਿੱਤਾ ਹੈ।

ਵਿੱਤ ਮੰਤਰੀ ਚੀਮਾ ਨਾਲ ਹੋਈ ਮੀਟਿੰਗ ਅਤੇ ਅਗਲੇਰੇ ਸੰਘਰਸ਼ ਦੀ ਵਿਉਂਤਬੰਦੀ ਲਈ 30 ਤਾਰੀਕ ਨੂੰ ਸੂਬਾ ਕਮੇਟੀ ਦੀ ਮੀਟਿੰਗ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਬੁਲਾਈ ਗਈ ਹੈ। ਵਫ਼ਦ 'ਚ ਇਸ ਮੌਕੇ ਵਰਿੰਦਰ ਵਿੱਕੀ, ਨਿਰਮਲ ਸਿੰਘ ਮੋਗਾ, ਅਜੀਤਪਾਲ ਸਿੰਘ ਜੱਸੋਵਾਲ, ਜਸਵਿੰਦਰ ਜੱਸਾ, ਕਰਮਜੀਤ ਤਾਮਕੋਟ, ਨਰਿੰਦਰ ਧੂਲਕੋਟ, ਸਤਨਾਮ ਸਿੰਘ, ਰਵਿੰਦਰ ਸਿੰਘ, ਨਵਜੋਸ਼ ਸਪੋਲੀਆ ਆਦਿ ਹਾਜ਼ਰ ਸਨ।

## ਫਸਲ ਦੀ ਗਿਰਦਾਵਰੀ ਦਾ ਕੰਮ ਮੌਕਾ ਦੇਖ ਕੇ ਕਰਨ ਪਟਵਾਰੀ : ਧਾਲੀਵਾਲ



**ਫਗਵਾੜਾ (ਡਾ. ਰਮਨ)** ਵਿਧਾਨ ਸਭਾ ਹਲਕਾ ਫਗਵਾੜਾ 'ਚ ਬੇਮੌਸਮੀ ਬਰਸਾਤ ਕਾਰਨ ਕਣਕ ਸਮੇਤ ਸੀਜਨ ਦੀਆਂ ਹੋਰ ਫਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਪਿੰਡ ਦੁੱਗਾਂ, ਬਬੇਲੀ, ਜਗਪਾਲਪੁਰ, ਹਰਬੰਸਪੁਰ, ਮਾਨਾਂਵਾਲੀ, ਅਠੋਲੀ, ਸੁੰਨੜਾ ਰਾਜਪੂਤਾਂ ਅਤੇ ਨਾਰੰਗਸ਼ਾਹਪੁਰ ਦਾ ਦੌਰਾ ਕੀਤਾ। ਇਸ ਦੌਰਾਨ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਕਿਸਾਨਾਂ ਨੂੰ ਸ਼ਿਕਾਇਤ ਹੈ ਕਿ ਪਟਵਾਰੀ ਉਹਨਾਂ ਦੇ ਨੁਕਸਾਨੇ ਗਏ ਖੇਤਾਂ 'ਚ ਜਾ ਕੇ ਮੌਕਾ ਦੇਖਣ ਦੀ ਬਜਾਏ ਅੰਦਾਜੇ ਨਾਲ ਹੀ ਗਿਰਦਾਵਰੀ ਦਾ ਕੰਮ ਨਿਪਟਾ ਰਹੇ ਹਨ, ਜਿਸ ਨਾਲ ਉਹਨਾਂ ਨੂੰ ਅਸਲ ਨੁਕਸਾਨ ਦਾ ਪੂਰਾ ਮੁਆਵਜਾ ਨਹੀਂ ਮਿਲੇਗਾ। ਧਾਲੀਵਾਲ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਗੱਲ ਨੂੰ ਯਕੀਨੀ ਬਣਾਏ ਜਾਵੇ ਕਿ ਪਟਵਾਰੀ ਗਿਰਦਾਵਰੀ ਤੋਂ ਪਹਿਲਾਂ ਪਿੰਡਾਂ ਦੇ ਮੋਹਤਬਰ ਵਿਅਕਤੀਆਂ ਦੀ ਹਾਜ਼ਰੀ ਵਿਚ ਨੁਕਸਾਨ ਦਾ ਜਾਇਜਾ ਲੈਣ ਅਤੇ ਸਬੰਧਤ ਕਿਸਾਨ ਨੂੰ ਭਰੋਸੇ 'ਚ ਲੈ ਕੇ ਹੀ ਗਿਰਦਾਵਰੀ ਹੋਵੇ।

ਇਸ ਮੌਕੇ ਬਲਾਕ ਫਗਵਾੜਾ ਦਿਹਾਤੀ ਕਾਂਗਰਸ ਦੇ ਪ੍ਰਧਾਨ ਜਸਵੰਤ ਸਿੰਘ ਨੀਟਾ ਜਗਪਾਲਪੁਰ, ਬਲਾਕ ਸਮਿਤੀ ਚੇਅਰਮੈਨ ਗੁਰਦਿਆਲ ਸਿੰਘ ਭੁੱਲਾਰਾਈ, ਮਾਰਕੀਟ ਕਮੇਟੀ ਫਗਵਾੜਾ ਦੇ ਸਾਬਕਾ ਉਪ ਚੇਅਰਮੈਨ ਜਗਜੀਵਨ ਲਾਲ ਖਲਵਾੜਾ, ਕਾਲਾ ਸਰਪੰਚ ਅਠੋਲੀ, ਸਤਨਾਮ ਸਿੰਘ ਸਿੱਧੂ, ਸਾਬਕਾ ਸਰਪੰਚ ਕੁਲਦੀਪ ਸਿੰਘ, ਬਲਜਿੰਦਰ ਸਿੰਘ, ਜਸਵਿੰਦਰ ਸਿੰਘ ਸਰਪੰਚ, ਸੁਰਿੰਦਰ ਸਿੰਘ ਸਾਂਈ ਮਾਨਾਵਾਲੀ, ਤਰਸੇਮ ਸਿੰਘ ਨੰਬਰਦਾਰ, ਰਜਿੰਦਰ ਸਿੰਘ ਸਰਪੰਚ ਬਬੇਲੀ, ਕੁਲਦੀਪ ਸਿੰਘ ਹਰਬੰਸਪੁਰ, ਮੁਲਖਰਾਜ ਸੋਨੀ ਜਨਰਲ ਸਕੱਤਰ ਬਲਾਕ ਕਾਂਗਰਸ ਫਗਵਾੜਾ ਦਿਹਾਤੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਸਿਹਤ ਕੇਂਦਰਾਂ 'ਚ ਵਿਸ਼ਵ ਸਿਹਤ ਦਿਵਸ ਮਨਾਇਆ



**ਸ੍ਰੀ ਚਮਕੌਰ ਸਾਹਿਬ ( ਕੁਲਵਿੰਦਰ ਕਾਲਾ)** ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਚਮਕੌਰ ਸਾਹਿਬ ਦੀ ਅਗਵਾਈ ਹੇਠ ਬਲਾਕ ਚਮਕੌਰ ਸਾਹਿਬ ਅਧੀਨ ਵੱਖ-ਵੱਖ ਸਿਹਤ ਕੇਂਦਰਾ ਵਿੱਚ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਮੌਕੇ ਹਰਵਿੰਦਰ ਸਿੰਘ ਸੈਣੀ ਬਲਾਕ ਐਕਸਟੈਨਸ਼ਨ ਐਜੂਕੇਟਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਸ਼ਵ ਸਿਹਤ ਦਿਵਸ 1948 ਵਿੱਚ ਵਿਸ਼ਵ ਸਿਹਤ ਸੰਗਠਨ ਦੀ ਸਥਾਂਪਨਾ ਨੂੰ ਦਰਸਾਉਂਦਾ ਹੈ। ਵਿਸ਼ਵ ਸਿਹਤ ਦਿਵਸ ਦਾ ਉਦੇਸ਼ ਸਿਹਤਮੰਦ ਜੀਵਨ ਨੂੰ ਉਤਸ਼ਾਹਿਤ ਕਰਨਾ ਹੈ। ਸਿਹਤਮੰਦ ਰਹਿਣ ਲਈ ਸਾਨੂੰ ਸਾਰਿਆਂ ਨੂੰ ਹਵਾ, ਪਾਣੀ ਅਤੇ ਮਿੱਟੀ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਰੋਜਾਨਾ ਜੀਵਨ ਵਿੱਚ ਸਮੇਂ ਸਿਰ ਭੋਜਨ ਨਾ ਲੈਣਾ, ਜਿਆਦਾ ਕੰਮ ਦਾ ਹੋਣਾ, ਰੋਜਗਾਰ ਨਾ ਮਿਲਣਾ, ਬਿਮਾਰੀ ਕਾਰਨ ਪ੍ਰੇਸ਼ਾਨੀ ਦਾ ਹੋਣਾ, ਸੰਤੁਲਤ ਭੋਜਨ ਨਾ ਲੈਣਾ, ਅਤੇ ਸਰੀਰਕ ਕਸਰਤ ਦੀ ਘਾਟ ਆਦਿ ਕਾਰਨ ਸਿਹਤ ਤੇ ਮਾੜਾ ਅਸਰ ਪੈਂਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਬਿਮਾਰੀਆਂ ਜਿਵੇਂ ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਚਮੜੀ ਰੋਗ, ਦਿਲ ਦੀਆਂ ਬਿਮਾਰੀਆਂ, ਅਨੀਮੀਆ, ਕੈਂਸਰ, ਆਦਿ ਵੱਧ ਰਹੀਆਂ ਹਨ। ਇਸ ਮੌਕੇ ਏ.ਐਨ.ਐਮ ਸਤਨਾਮ ਕੌਰ, ਨਵਜੋਤ ਕੌਰ, ਮਨਦੀਪ ਕੌਰ, ਮਲਕੀਤ ਕੌਰ, ਕਿਰਨਦੀਪ ਕੌਰ, ਹੈਲਥ ਵਰਕਰ ਅਮਰੀਕ ਸਿੰਘ, ਲਖਵੀਰ ਸਿੰਘ, ਨਰਿੰਦਰ ਸਿੰਘ, ਪਰਮਜੀਤ ਸਿੰਘ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

## ਲੋਕ ਸਭਾ ਜ਼ਿਮਨੀ ਚੋਣ ਲਈ ਅਧਿਕਾਰੀਆਂ ਦੀ ਦੋ ਦਿਨਾ ਟ੍ਰੇਨਿੰਗ ਸ਼ੁਰੂ

**ਜਲੰਧਰ (ਸ਼ੈਲੀ ਐਲਬਰਟ)**-ਲੋਕ ਸਭਾ ਹਲਕਾ ਜਲੰਧਰ ਦੀ ਜਿਮਨੀ ਚੋਣ ਦੇ ਮੱਦੇਨਜ਼ਰ ਮੁੱਖ ਚੋਣ ਅਧਿਕਾਰੀ, ਪੰਜਾਬ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਹਾਇਕ ਰਿਟਰਨਿੰਗ ਅਫ਼ਸਰਾਂ, ਜ਼ਿਲ੍ਹਾ ਪੱਧਰੀ ਮਾਸਟਰ ਟ੍ਰੇਨਰਾਂ ਤੇ ਜ਼ਿਲ੍ਹਾ ਨੋਡਲ ਅਫ਼ਸਰਾਂ ਲਈ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਦੋ ਦਿਨਾ ਟ੍ਰੇਨਿੰਗ ਦੀ ਸ਼ੁਰੂਆਤ ਕੀਤੀ ਗਈ, ਤਾਂ ਜੋ ਚੋਣ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ । ਟ੍ਰੇਨਿੰਗ ਦੇ ਪਹਿਲੇ ਦਿਨ ਹੋਏ ਦੋ ਸੈਸ਼ਨਾਂ ਵਿੱਚ ਸੂਬਾ ਪੱਧਰੀ ਮਾਸਟਰ ਟ੍ਰੇਨਰਾਂ ਵੱਲੋਂ ਨਾਮਜ਼ਦਗੀ ਪ੍ਰਕਿਰਿਆ, ਜ਼ਿਲ੍ਹਾ ਚੋਣ ਮੈਨੇਜਮੈਂਟ ਪਲਾਨ, ਵਲਨਰਬਿਲਟੀ ਮੈਪਿੰਗ, ਪੋਲਿੰਗ ਪਾਰਟੀ ਤੇ ਪੋਲ ਡੇ ਪ੍ਰਬੰਧਾਂ ਬਾਰੇ ਸਿਖਲਾਈ ਦਿੱਤੀ ਗਈ । ਸਵੇਰ ਦੇ ਸੈਸ਼ਨ ਦੌਰਾਨ ਸੂਬਾ ਪੱਧਰੀ ਮਾਸਟਰ ਟ੍ਰੇਨਰਾਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਮਾਨਸਾ ਟੀ.ਬੇਨਿਥ ਅਤੇ ਐਸ.ਡੀ.ਐਮ. ਧਰਮਕੋਟ ਡਾ. ਚਾਰੂਮਿਤਾ ਨੇ ਸਹਾਇਕ ਰਿਟਰਨਿੰਗ ਅਫ਼ਸਰਾਂ, ਜ਼ਿਲ੍ਹਾ ਪੱਧਰੀ ਮਾਸਟਰ ਟ੍ਰੇਨਰਾਂ ਅਤੇ ਜ਼ਿਲ੍ਹਾ ਨੋਡਲ ਅਫ਼ਸਰਾਂ ਨੂੰ ਨਾਮਜ਼ਦਗੀ ਪ੍ਰਕਿਰਿਆ ਸਬੰਧੀ ਚੋਣ ਕਮਿਸ਼ਨ ਵੱਲੋਂ ਸਮੇਂ-ਸਮੇਂ 'ਤੇ ਜਾਰੀ ਹਦਾਇਤਾਂ ਤੋਂ ਵਿਸਥਾਰ ਨਾਲ ਜਾਣੂ ਕਰਵਾਇਆ । ਇਸੇ ਤਰ੍ਹਾਂ ਸ਼ਾਮ ਦੇ ਸੈਸ਼ਨ ਦੌਰਾਨ ਸੂਬਾ ਪੱਧਰੀ ਮਾਸਟਰ ਟ੍ਰੇਨਰਾਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਫਾਜ਼ਿਲਕਾ ਸੰਦੀਪ ਕੁਮਾਰ ਅਤੇ ਕਮਿਸ਼ਨਰ ਨਗਰ ਨਿਗਮ ਅੰਮ੍ਰਿਤਸਰ ਸੰਦੀਪ ਰਿਸ਼ੀ ਨੇ ਜ਼ਿਲ੍ਹਾ ਚੋਣ ਮੈਨੇਜਮੈਂਟ ਯੋਜਨਾ, ਵਲਨਰਬਿਲਟੀ ਮੈਪਿੰਗ ਅਤੇ ਪੋਲਿੰਗ ਪਾਰਟੀ ਤੇ ਪੋਲ ਡੇ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ । ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਅਮਿਤ ਮਹਾਜਨ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ 10 ਮਈ 2023 ਨੂੰ ਲੋਕ ਸਭਾ ਹਲਕੇ ਦੀ ਜਿਮਨੀ ਚੋਣ ਲਈ ਜ਼ਿਲ੍ਹੇ ਦੇ 1972 ਪੋਲਿੰਗ ਬੂਥਾਂ 'ਤੇ ਵੋਟਾਂ ਪੈਣਗੀਆਂ, ਜਿਸ ਦੇ ਲਈ 13 ਅਪ੍ਰੈਲ ਤੋਂ 20 ਅਪ੍ਰੈਲ ਤੱਕ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਪ੍ਰਾਪਤ ਕੀਤੇ ਜਾਣਗੇ।

ਜਦਕਿ 21 ਅਪ੍ਰੈਲ ਨੂੰ ਨਾਮਜ਼ਦਗੀ ਕਾਗਜ਼ਾਂ ਦੀ ਪੜਤਾਲ ਹੋਵੇਗੀ ਅਤੇ 24 ਅਪ੍ਰੈਲ ਨੂੰ ਨਾਮਜ਼ਦਗੀਆਂ ਵਾਪਸ ਲਈਆਂ ਜਾ ਸਕਣਗੀਆਂ।ਇਸ ਮੌਕੇ ਸਮੂਹ ਸਹਾਇਕ ਰਿਟਰਨਿੰਗ ਅਫ਼ਸਰ, ਜ਼ਿਲ੍ਹਾ ਪੱਧਰੀ ਮਾਸਟਰ ਟ੍ਰੇਨਰ, ਵਿਧਾਨ ਸਭਾ ਪੱਧਰੀ ਮਾਸਟਰ ਟ੍ਰੇਨਰ ਅਤੇ ਜ਼ਿਲ੍ਹਾ ਨੋਡਲ ਅਫ਼ਸਰ ਵੀ ਮੌਜੂਦ ਸਨ ।

## ਅਵਾਰਾ ਕੁੱਤਿਆਂ ਤੋਂ ਲੋਕ ਪ੍ਰੇਸ਼ਾਨ



**ਨਵਾਂ ਸ਼ਹਿਰ (ਕੁਲਵਿੰਦਰ ਸਿੰਘ ਦੁਰਗਾ ਪੁਰੀਆ)** ਨਵਾਂਸ਼ਹਿਰ ਆਵਾਰਾ ਕੁੱਤਿਆਂ ਦੀ ਦਹਿਸ਼ਤ ਤੋਂ ਲੋਕ ਪ੍ਰੇਸ਼ਾਨ ਹਨ। ਮੁੱਖ ਬਾਜਾਰ ਹੋਵੇ ਜਾਂ ਚੌਕ-ਚੌਰਾਹਾ, ਪਿੰਡ, ਮੁਹੱਲਾ ਜਾਂ ਢਾਬਾ ਅਹਾਤਾ, ਹਰ ਪਾਸੇ ਆਵਾਰਾ ਕੁੱਤਿਆਂ ਨੇ ਆਪਣਾ ਘਰ ਬਣਾ ਲਿਆ ਹੈ। ਇਨ੍ਹਾਂ ਕੁੱਤਿਆਂ ਕੋਲ ਬਾਈਕ ਚਾਲਕ 'ਤੇ ਭੌਂਕਣ ਤੇ ਮਗਰ ਦੌੜਨ ਲੱਗ ਪੈਂਦੇ ਹਨ ਬੱਚੇ ਅਕਸਰ ਇਨ੍ਹਾਂ ਆਵਾਰਾ ਕੁੱਤਿਆਂ ਦਾ ਸ਼ਿਕਾਰ ਹੋ ਜਾਂਦੇ ਹਨ। ਇਸ ਦੇ ਬਾਵਜੂਦ ਨਗਰ ਕੌਂਸਲ ਵੱਲੋਂ ਆਵਾਰਾ ਕੁੱਤਿਆਂ ਤੋਂ ਛੁਟਕਾਰਾ ਦਿਵਾਉਣ ਲਈ ਕੋਈ ਠੋਸ ਕਦਮ ਨਹੀਂ ਚੁੱਕੇ ਜਾ ਰਹੇ। ਪਿੰਡ ਦੁਰਗਾਪੁਰ, ਕੁਲਾਮ ਰੋਡ, ਸਬਜੀ ਮੰਡੀ ਰਵਿਦਾਸ ਨਗਰ, ਬਾਕਰਖਾਨਾ ਰੋਡ, ਟਾਹਲੀ ਸਾਹਿਬ ਵਾਲੀ ਗਲੀ ਸਬਜੀ ਮੰਡੀ ਵਿੱਚ ਆਵਾਰਾ ਕੁੱਤਿਆਂ ਦੇ ਝੁੰਡ ਘੁੰਮ ਰਹੇ ਹਨ। ਇਸ ਕਾਰਨ ਪੈਦਲ ਚੱਲਣ ਵਾਲਿਆਂ ਵਿੱਚ ਡਰ ਦਾ ਮਾਹੌਲ ਹੈ। ਸਵੇਰ ਦੀ ਸੈਰ ਕਰਨ ਵਾਲਿਆਂ ਦੇ ਨਾਲ-ਨਾਲ ਦੇਰ ਰਾਤ ਘਰ ਪਰਤਣ ਵਾਲੇ ਲੋਕ ਵੀ ਇਨ੍ਹਾਂ ਦੀ ਦਹਿਸਤ ਤੋਂ ਪ੍ਰੇਸ਼ਾਨ ਹਨ।

ਕਾਮਰੇਡ ਸੁਤੰਤਰ ਕੁਮਾਰ ਦਾ ਕਹਿਣਾ ਹੈ ਕਿ ਹੁਣ ਆਵਾਰਾ ਕੁੱਤਿਆਂ ਨੇ ਆਸ-ਪਾਸ ਦੇ ਇਲਾਕਿਆਂ 'ਚ ਦਹਿਸ਼ਤ ਪੈਦਾ ਕਰਨੀ ਸ਼ੁਰੂ ਕਰ ਦਿੱਤੀ ਹੈ। ਸੜਕ ਦੇ ਵਿਚਕਾਰ ਘੁੰਮਦੇ ਆਵਾਰਾ ਕੁੱਤਿਆਂ ਦੀ ਦਹਿਸਤ ਤੋਂ ਨਿਜਾਤ ਦਿਵਾਉਣ ਲਈ ਨਗਰ ਕੌਂਸਲ ਵੱਲੋਂ ਕੋਈ ਉਪਰਾਲਾ ਨਹੀਂ ਕੀਤਾ ਜਾ ਰਿਹਾ।

ਕਾਮਰੇਡ ਮੁਕੰਦ ਲਾਲ ਨੇ ਦੱਸਿਆ ਕਿ ਨਗਰ ਕੌਂਸਲ ਇਨ੍ਹਾਂ ਕੁੱਤਿਆਂ ਦੀ ਸਮੱਸਿਆ ਤੋਂ ਨਿਜਾਤ ਦਿਵਾਉਣ ਲਈ ਕੋਈ ਵਿਸ਼ੇਸ਼ ਕਦਮ ਨਹੀਂ ਚੁੱਕ ਰਹੀ। ਇਸ ਕਾਰਨ ਰੋਜਾਨਾ ਜਿਲ੍ਹੇ ਭਰ ਦੇ ਲੋਕਾਂ ਨੂੰ ਕੁੱਤੇ ਦੇ ਕੱਟਣ ਨਾਲ ਰੇਬੀਜ ਦੇ ਟੀਕੇ ਲਗਵਾਉਣੇ ਪੈਂਦੇ ਹਨ।

ਕਾਮਰੇਡ ਜਸਵੀਰ ਸਿੰਘ ਦੀਪ ਦੁਰਗਾਪੁਰ ਨੇ ਦੱਸਿਆ ਕਿ ਇਨ੍ਹਾਂ ਆਵਾਰਾ ਕੁੱਤਿਆਂ ਕਾਰਨ ਰਾਤ ਸਮੇਂ ਘੁੰਮਣਾ ਕਿਸੇ ਖਤਰੇ ਤੋਂ ਘੱਟ ਨਹੀਂ ਹੈ। ਸਚਿਨ ਦੀਵਾਨ ਪ੍ਰਧਾਨ ਨਗਰ ਪ੍ਰੀਸ਼ਦ ਨੇ ਕਿਹਾ ਕਿ ਕੁੱਤਿਆਂ ਦੀ ਨਸਬੰਦੀ ਜਲਦੀ ਹੀ ਹੋਵੇ। ਸਿਵਲ ਹਸਪਤਾਲ ਨਵਾਂਸ਼ਹਿਰ ਦੇ ਡਾਕਟਰ ਨਿਰਮਲ ਕੁਮਾਰ ਨੇ ਦੱਸਿਆ ਕਿ ਜਿਲ੍ਹੇ 'ਚ ਮਾਰਚ ਮਹੀਨੇ 'ਚ ਕੁੱਤਿਆਂ ਦੇ ਕੱਟਣ ਦੇ ਮਾਮਲੇ ਸਾਹਮਣੇ ਆ ਰਹੇ ਹਨ, ਆਵਾਰਾ ਕੁੱਤਿਆਂ ਨੇ 16 ਦੇ ਕਰੀਬ ਵਿਅਕਤੀਆਂ ਨੂੰ ਜਖਮੀ ਕੀਤਾ ਹੈ।

ਉਨ੍ਹਾਂ ਅਪੀਲ ਕੀਤੀ ਹੈ- ਕੱਟੇ ਹੋਏ ਜਖ਼ਮ 'ਤੇ ਮਿਰਚ ਨਾ ਲਗਾਓ, ਕੁੱਤੇ ਤੋਂ ਦੂਰ ਰਹੋ, ਡੰਗ ਮਾਰਨ 'ਤੇ ਸਿਵਲ ਹਸਪਤਾਲ 'ਚ ਰੈਬੀਜ ਦਾ ਟੀਕਾ ਲਗਵਾਓ।

ਸਿਵਲ ਹਸਪਤਾਲ ਨਵਾਂਸਹਿਰ ਐਕਟਿਵ ਐਸ.ਐਮ.ਓ ਡਾ. ਸਤਵਿੰਦਰ ਪਾਲ ਰੈਬੀਜ ਨਾਲ ਸੰਕਰਮਿਤ ਕੁੱਤੇ ਦੇ ਕੱਟਣ ਦੇ ਇਲਾਜ 'ਚ ਲਾਪਰਵਾਹੀ ਨਾ ਕਰੋ। ਜੇਕਰ ਕਿਸੇ ਵਿਅਕਤੀ ਨੂੰ ਰੇਬੀਜ ਨਾਲ ਸੰਕਰਮਿਤ ਕੁੱਤੇ ਨੇ ਕੱਟ ਲਿਆ ਹੋਵੇ ਅਤੇ 72 ਘੰਟੇ ਤੱਕ ਇਲਾਜ ਨਾ ਕੀਤਾ ਹੋਵੇ ਤਾਂ ਵੈਕਸੀਨ ਟੀਕਾ ਲਗਾਉਣ ਦਾ ਕੋਈ ਫਾਇਦਾ ਨਹੀਂ ਹੈ।

## ਜੀ ਡੀ ਆਰ ਡੇ-ਬੋਰਡਿੰਗ ਪਬਲਿਕ ਸਕੂਲ ਵਿਖੇ ਮਨਾਇਆ ਵਿਸ਼ਵ ਸਿਹਤ ਦਿਵਸ

**ਫਗਵਾੜਾ (ਡਾ. ਰਮਨ)** ਜੀ ਡੀ ਆਰ ਡੇ ਬੋਰਡਿੰਗ ਪਬਲਿਕ ਸਕੂਲ, ਆਦਰਸ਼ ਨਗਰ, ਫਗਵਾੜਾ ਵਿਖੇ ਮੈਰੀਗੋਲਡ ਹਾਊਸ ਦੇ ਇੰਚਾਰਜ ਮੈਡਮ ਹਰਪ੍ਰੀਤ ਕਲਸੀ ਦੇ ਸਹਿਯੋਗ ਨਾਲ ਵਿਸ਼ਵ ਸਿਹਤ ਦਿਵਸ ਤੇ ਪ੍ਰੋਗਰਾਮ ਕਰਵਾਇਆ ਗਿਆ। ਵਿਦਿਆਰਥਣ ਸੁਮੇਧਾ ਨੇ ਹਾਜ਼ਰੀਨ ਨੂੰ ਇਸ ਦਿਨ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਵਿਸ਼ਵ ਸਿਹਤ ਦਿਵਸ ਹਰ ਸਾਲ 7 ਅਪ੍ਰੈਲ ਨੂੰ ਮਨਾਇਆ ਜਾਂਦਾ ਹੈ, ਜਦੋਂ 7 ਅਪ੍ਰੈਲ, 1978 ਨੂੰ ਵਿਸ਼ਵ ਸਿਹਤ ਸੰਗਠਨ ਦੀ ਸਥਾਪਨਾ ਕੀਤੀ ਗਈ ਸੀ। ਪ੍ਰੀ-ਨਰਸਰੀ ਤੋਂ ਲੈ ਕੇ ਜਮਾਤ ਯੂਕੇਜੀ ਤੱਕ ਦੇ ਬੱਚਿਆਂ ਨੇ ਸ਼ੋਅ ਅਤੇ ਟੇਲ ਗਤੀਵਿਧੀ ਰਾਹੀਂ ਫਲਾਂ ਅਤੇ ਸਬਜ਼ੀਆਂ ਨੂੰ ਦਿਖਾਇਆ ਅਤੇ ਉਹਨਾਂ ਦੇ ਲਾਭਾਂ ਬਾਰੇ ਦੱਸਿਆ। ਪਹਿਲੀ ਤੋਂ ਪੰਜਵੀਂ ਜਮਾਤ ਦੇ ਬੱਚਿਆਂ ਨੇ ਉਨ੍ਹਾਂ ਨੂੰ ਰੋਲ ਪਲੇਅ ਰਾਹੀਂ ਪੌਸ਼ਟਿਕ ਭੋਜਨ ਖਾਣ ਲਈ ਪ੍ਰੇਰਿਤ ਕੀਤਾ। ਛੇਵੀਂ ਤੋਂ ਅੱਠਵੀਂ ਜਮਾਤ ਦੇ ਬੱਚਿਆਂ ਦਾ ਸਲਾਦ ਕੱਟਣ ਦਾ ਮੁਕਾਬਲਾ ਕਰਵਾਇਆ ਗਿਆ।

ਮੰਚ ਸੰਚਾਲਨ ਮੈਡਮ ਬਬੀਤਾ ਗੁਲੇਰੀਆ ਨੇ ਕੀਤਾ। ਸਕੂਲ ਚੇਅਰਮੈਨ ਐਡਵੋਕੇਟ ਅਮਿਤ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੰਦਰੁਸਤ ਸਰੀਰ ਵਿਚ ਤੰਦਰੁਸਤ ਮਨ ਦਾ ਵਾਸ ਹੁੰਦਾ ਹੈ . ਮਨੁੱਖ ਦੀ ਸਭ ਤੋਂ ਵੱਡੀ ਦੌਲਤ ਉਸ ਦਾ ਸਰੀਰ ਅਤੇ ਉਸ ਦੀ ਸਿਹਤ ਹੈ। ਉਨ੍ਹਾਂ ਕਿਹਾ ਕਿ ਅਸੀਂ ਸੱਚਮੁੱਚ ਉਦੋਂ ਹੀ ਸਿਹਤਮੰਦ ਹੁੰਦੇ ਹਾਂ ਜਦੋਂ ਅਸੀਂ ਮਾਨਸਿਕ, ਸਰੀਰਕ, ਭਾਵਨਾਤਮਕ, ਅਧਿਆਤਮਕ ਅਤੇ ਸਮਾਜਿਕ ਪੱਧਰ 'ਤੇ ਤੰਦਰੁਸਤ ਮਹਿਸੂਸ ਕਰਦੇ ਹਾਂ।

## ਗੱਤਕੇ ਦੇ ਪ੍ਰਚਾਰ ਤੇ ਪ੍ਰਸਾਰ ਵਾਸਤੇ ਵਿਸ਼ੇਸ਼ ਮੀਟਿੰਗ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ )**- ਰਾਸ਼ਟਰੀ ਪੱਧਰ 'ਤੇ ਗੱਤਕੇ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਯਤਨਸ਼ੀਲ ਸੰਸਥਾ ਰਾਜ ਕਰੇਗਾ ਖਾਲਸਾ ਗਤਕਾ ਅਖਾੜਾ (ਰਜਿ.) ਟਾਂਡਾ ਦੀ ਇੱਕ ਵਿਸ਼ੇਸ਼ ਮੀਟਿੰਗ ਅਖਾੜਾ ਦੇ ਸਰਗਰਮ ਮੈਂਬਰ ਪਰਮਜੀਤ ਸਿੰਘ ਅਤੇ ਸੀਨੀਅਰ ਮੀਤ ਪ੍ਰਧਾਨ ਰਮਨਪ੍ਰੀਤ ਸਿੰਘ ਦੀ ਅਗਵਾਈ ਵਿਚ ਗਤਕਾ ਅਖਾੜਾ ਟਾਂਡਾ ਵਿਖੇ ਹੋਈ। ਮੀਟਿੰਗ ਦੌਰਾਨ ਨੈਸ਼ਨਲ ਗਤਕਾ ਐਸੋਸੀਏਸ਼ਨ ਭਾਰਤ ਵੱਲੋਂ ਕਰਵਾਏ ਜਾ ਰਹੇ ਗਤਕਾ ਫੈਡਰੇਸ਼ਨ ਕੱਪ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਅਤੇ ਉੱਤਰੀ ਭਾਰਤ ਦੇ ਕੁਆਰਡੀਨੇਟਰ ਰਮਨਪ੍ਰੀਤ ਸਿੰਘ ਸੰਟੀ ਨੇ ਦੱਸਿਆ ਕਿ ਗਤਕਾ ਫੈਡਰੇਸ਼ਨ ਦੇ 2 ਅਪ੍ਰੈਲ ਨੂੰ ਜਲੰਧਰ ਵਿਖੇ ਕੀਤੇ ਗਏ ਟਰਾਇਲ ਦੌਰਾਨ ਪੰਜਾਬ ਦੀ ਟੀਮ ਲਈ ਅਡਰ 22 ਲੜਕੀਆਂ ਤੇ ਲੜਕਿਆਂ ਦੇ ਵਰਗ ਵਿਚ 20 ਖਿਡਾਰੀਆਂ ਦੀ ਚੋਣ ਕੀਤੀ ਗਈ ਹੈ ਅਤੇ ਇਸ ਦੌਰਾਨ ਰਾਜ ਕਰੇਗਾ ਖਾਲਸਾ ਗੱਤਕਾ ਅਖਾੜਾ ਦਾ ਇਕ ਖਿਡਾਰੀ ਕਾਕਾ ਅੰਮ੍ਰਿਤਪਾਲ ਸਿੰਘ ਵੀ ਇਸ ਵਿੱਚ ਚੁਣਿਆ ਗਿਆ ਹੈ। ਮੀਟਿੰਗ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਕਿਸਾਨ ਆਗੂ ਅਮਰਜੀਤ ਸਿੰਘ ਰੜਾ, ਸਿਹਤ ਵਿਭਾਗ ਦੇ ਸੇਵਾਮੁਕਤ ਡਿਪਟੀ ਡਰੈਕਟਰ ਡਾ. ਕੇਵਲ ਸਿੰਘ, ਕੌਂਸਲਰ ਲਖਵਿੰਦਰ ਸਿੰਘ ਮੁਲਤਾਨੀ, ਤਜਿੰਦਰ ਸਿੰਘ ਢਿੱਲੋਂ ਫਤਿਹ ਅਕੈਡਮੀ ਟਾਂਡਾ, ਸੁਖਨਿਦਰ ਸਿਘ ਕਲੋਟੀ, ਪਿਆਰਾ ਸਿੰਘ ,ਮਾਸਟਰ ਜਸਵੀਰ ਸਿੰਘ ਨੇ ਜਿੱਥੇ ਪੰਜਾਬ ਦੀ ਟੀਮ ਲਈ ਚੁਣੇ ਗਏ ਖਿਡਾਰੀ ਕਾਕਾ ਅੰਮ੍ਰਿਤਪਾਲ ਸਿੰਘ ਨੂੰ ਸਨਮਾਨਤ ਕਰਦੇ ਹੋਏ ਮੁਬਾਰਕਵਾਦ ਦਿੱਤੀ ਉਥੇ ਹੀ ਦੀ ਟੀਮ ਵੱਲੋਂ ਇਸ ਗਤਕਾ ਫੈਡਰੇਸਨ ਕੱਪ ਵਿੱਚ ਸਾਨਦਾਰ ਪ੍ਰਦਰਸਨ ਕਰਨ ਵਾਸਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਇਸ ਮੌਕੇ ਰਾਜ ਕਰੇਗਾ ਖਾਲਸਾ ਗਤਕਾ ਅਖਾੜਾ ਟਾਂਡਾ ਦੇ ਜਰਨਲ ਸਕੱਤਰ ਤੇ ਨੈਸਨਲ ਗਤਕਾ ਐਸੋਸੀਏਸਨ ਸਪੋਰਟਸ ਕਲੱਬ ਦੇ ਡਾਇਰੈਕਟਰ ਰਵਿੰਦਰ ਸਿੰਘ ਰਵੀ ਨੇ ਪਹੁੰਚੀਆਂ ਸਖਸੀਅਤਾਂ ਇਸ ਮੌਕੇ ਵੱਖ-ਵੱਖ ਪ੍ਰਬੰਧਕ ਕਮੇਟੀਆਂ ਜਿਵੇਂ ਗੁਰਦਵਾਰਾ ਸੰਤ ਬਾਬਾ ਪ੍ਰੇਮ ਸਿੰਘ ਨਗਰ ਟਾਂਡਾ, ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਟਾਂਡਾ, ਬਾਬਾ ਜੋਰਾਵਰ ਸਿੰਘ ਸਿੰਘ ਸਭਾ ਦਸਮੇਸ ਨਗਰ ਟਾਂਡਾ, ਬਾਬਾ ਰੂੜ ਸਿੰਘ ਯਾਦਗਾਰੀ ਕਲੱਬ ਬੁੱਢੀ ਪਿੰਡ, ਬਾਬਾ ਫਤਹਿ ਸਿੰਘ ਵੈਲਫੇਅਰ ਕਲੱਬ ਟਾਂਡਾ ਤੇ ਸੰਸਥਾਵਾਂ ਦਾ ਧੰਨਵਾਦ ਕੀਤਾ।

## ਵਿਸ਼ਵ ਸਿਹਤ ਦਿਵਸ ਮਨਾਇਆ




**ਕਪੂਰਥਲਾ, (ਪ੍ਰੀਤ ਸੰਗੋਜਲਾ)** ਸਿਹਤ ਮਨੁੱਖ ਦਾ ਬੁਨਿਆਦੀ ਅਧਿਕਾਰ ਹੈ ਅਤੇ ਚੰਗੀ ਸਿਹਤ ਬਾਰੇ ਲੋਕਾਂ ਵਿਚ ਜਾਗਰੂਕਤਾ ਵੀ ਬਹੁਤ ਜਰੂਰੀ ਹੈ। ਇਹ ਸ਼ਬਦ ਸਿਵਲ ਸਰਜਨ ਕਪੂਰਥਲਾ ਡਾ. ਕੁਲਜੀਤ ਸਿੰਘ ਨੇ 7 ਅਪ੍ਰੈਲ ਨੂੰ ਮਨਾਏ ਜਾਂਦੇ ਵਿਸ਼ਵ ਸਿਹਤ ਦਿਵਸ ਦੇ ਸੰਬੰਧ ਵਿਚ ਪ੍ਰਗਟ ਕੀਤੇ। ਉਨ੍ਹਾਂ ਦੱਸਿਆ ਕਿ ਇਸ ਵਾਰ ਵਿਸ਼ਵ ਸਿਹਤ ਦਿਵਸ ਹੈਲਥ ਫਾਰ ਆਲ ਥੀਮ ਤਹਿਤ ਮਨਾਇਆ ਜਾ ਰਿਹਾ ਹੈ। ਡਾ. ਕੁਲਜੀਤ ਸਿੰਘ ਨੇ ਇਹ ਵੀ ਦੱਸਿਆ ਕਿ ਚੰਗੀ ਸਿਹਤ ਦਾ ਰਾਜ ਸਿਰਫ ਪੌਸ਼ਟਿਕ ਖਾਣ ਪੀਣ ਤੱਕ ਹੀ ਸੀਮਿਤ ਨਹੀਂ ਹੈ ਬਲਕਿ ਮਾਨਸਿਕ, ਸਾਮਾਜਿਕ ਤੌਰ 'ਤੇ ਸਿਹਤਮੰਦ ਹੋਣਾ ਵੀ ਬਹੁਤ ਜਰੂਰੀ ਹੈ। ਡਾ. ਕੁਲਜੀਤ ਸਿੰਘ ਨੇ ਜਾਣਕਾਰੀ ਦਿੱਤੀ ਕਿ ਇੱਕ ਸਰਵੇ ਮੁਤਾਬਕ ਦੁਨੀਆ ਦੇ 930 ਮਿਲੀਅਨ ਲੋਕਾਂ ਨੂੰ ਆਪਣੇ ਘਰੇਲੂ ਬਜਟ ਦਾ 10 ਫੀਸਦੀ ਜਾਂ ਉਸ ਤੋਂ ਜਿਆਦਾ ਸਿਹਤ ਸਹੂਲਤਾਂ 'ਤੇ ਖਰਚ ਕਰਨਾ ਪੈ ਰਿਹਾ ਹੈ ਜਿਸ ਨਾਲ ਉਨ੍ਹਾਂ ਦੀ ਵਿੱਤੀ ਹਾਲਤ 'ਤੇ ਵੀ ਬੋਝ ਪੈਂਦਾ ਹੈ। ਸਿਵਲ ਸਰਜਨ ਡਾ. ਕੁਲਜੀਤ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਸਰਕਾਰ ਵੱਲੋਂ ਦਿੱਤੀਆਂ ਗਈਆਂ ਮੁਫਤ ਸਿਹਤ ਸਹੂਲਤਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਇਸ ਮੌਕੇ ਜਿਲ੍ਹਾ ਪਰਵਾਰ ਭਲਾਈ ਅਫਸਰ ਡਾ. ਅਸ਼ੋਕ ਕੁਮਾਰ, ਜਿਲ੍ਹਾ ਟੀਕਾਕਰਨ ਅਫਸਰ ਡਾ.ਰਣਦੀਪ ਸਿੰਘ, ਡਿਪਟੀ ਮਾਸ ਮੀਡੀਆ ਅਫਸਰ ਸੁਖਦਿਆਲ ਸਿੰਘ, ਬੀ.ਈ.ਈ.ਰਵਿੰਦਰ ਜੱਸਲ, ਜਿਲਾ ਬੀ.ਸੀ.ਸੀ ਜੋਤੀ ਆਨੰਦ ਤੇ ਹੋਰ ਹਾਜ਼ਰ ਸਨ।

## ਅਮਨ ਅਰੋੜਾ ਵੱਲੋਂ ਡੱਚ ਫਰਮ ਦੇ ਐਮ ਡੀ ਨਾਲ ਮੁਲਾਕਾਤ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਨੀਦਰਲੈਂਡ ਆਧਾਰਤ ਫਰਮ ਨੇਕਸਸਨੋਵਸ ਦੇ ਮੈਨੇਜਿੰਗ ਡਾਇਰੈਕਟਰ ਰੁਟਜਰ ਡੀ ਬਰੂਜਿਨ ਨੇ ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨਾਲ ਮੁਲਾਕਾਤ ਕਰਕੇ ਸੂਬੇ 'ਚ ਰਹਿੰਦ-ਖੂੰਹਦ, ਪਾਣੀ ਅਤੇ ਨਵਿਆਉਣਯੋਗ ਊਰਜਾ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਦੀਆਂ ਲੋੜਾਂ ਲਈ ਢੁੱਕਵੇਂ ਅਤੇ ਸਥਾਈ ਹੱਲ ਬਾਰੇ ਚਰਚਾ ਕੀਤੀ।

ਇੱਥੇ ਪੇਡਾ ਕੰਪਲੈਕਸ ਵਿਖੇ ਡੱਚ ਫਰਮ ਦੇ ਐਮ.ਡੀ. ਦਾ ਸਵਾਗਤ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੀਆਂ ਅਗਲੀਆਂ ਪੀੜ੍ਹੀਆਂ ਲਈ ਉੱਜਵਲ ਭਵਿੱਖ ਸਿਰਜਣ ਲਈ ਵਚਨਬੱਧ ਹੈ ਅਤੇ ਸੂਬਾ ਸਰਕਾਰ ਪੰਜਾਬ ਨੂੰ ਨਵਿਆਉਣਯੋਗ ਊਰਜਾ ਦੇ ਉਤਪਾਦਨ ਅਤੇ ਵਰਤੋਂ ਵਿੱਚ ਮੋਹਰੀ ਸੂਬਾ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ।

ਨੇਕਸਸਨੋਵਸ ਨੂੰ ਪੰਜਾਬ ਵਿੱਚ ਨਿਵੇਸ ਦਾ ਸੱਦਾ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਮੁੱਖ ਤੌਰ 'ਤੇ ਖੇਤੀ ਪ੍ਰਧਾਨ ਸੂਬਾ ਹੈ ਅਤੇ ਹਰ ਸਾਲ 20 ਮਿਲੀਅਨ ਟਨ ਤੋਂ ਵੱਧ ਝੋਨੇ ਦੀ ਪਰਾਲੀ ਦਾ ਉਤਪਾਦਨ ਹੁੰਦਾ ਹੈ। ਸੂਬੇ ਵਿੱਚ ਖੇਤੀ ਰਹਿੰਦ-ਖੂੰਹਦ ਆਧਾਰਤ ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ) ਪ੍ਰਾਜੈਕਟਾਂ ਦੀਆਂ ਵੱਡੀ ਸੰਭਾਵਨਾਵਾਂ ਹਨ। ਉਨ੍ਹਾਂ ਦੱਸਿਆ ਕਿ ਝੋਨੇ ਦੀ ਪਰਾਲੀ ਤੇ ਹੋਰ ਖੇਤੀ ਰਹਿੰਦ-ਖੂੰਹਦ ਆਧਾਰਤ ਕੁੱਲ 33.23 ਟਨ ਸੀ.ਬੀ.ਜੀ. ਪ੍ਰਤੀ ਦਿਨ ਸਮਰੱਥਾ ਵਾਲਾ ਏਸੀਆ ਦਾ ਸਭ ਤੋਂ ਵੱਡਾ ਸੀ.ਬੀ.ਜੀ. ਪ੍ਰਾਜੈਕਟ ਜਿਲ੍ਹਾ ਸੰਗਰੂਰ ਵਿਖੇ ਚੱਲ ਰਿਹਾ ਹੈ ਅਤੇ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵੱਲੋਂ 42 ਹੋਰ ਸੀ.ਬੀ.ਜੀ. ਪਲਾਂਟ ਅਲਾਟ ਕੀਤੇ ਗਏ ਹਨ।

ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਐਨ.ਆਰ.ਐਸ.ਈ. ਨੀਤੀ-2012 ਤਹਿਤ ਕਈ ਤਰ੍ਹਾਂ ਦੀਆਂ ਰਿਆਇਤਾਂ ਵੀ ਦਿੱਤੀਆਂ ਜਾ ਰਹੀਆਂ ਹਨ। ਲੈਂਡ ਸਟੈਂਪ ਡਿਊਟੀ ਅਤੇ ਰਜਿਸਟ੍ਰੇਸ਼ਨ ਚਾਰਜਿਜ, ਬਿਜਲੀ ਡਿਊਟੀ, ਸੀ.ਐਲ.ਯੂ. ਅਤੇ ਈ.ਡੀ.ਸੀ. ਚਾਰਜਿਜ ਤੋਂ ਛੋਟ ਦੇਣ ਸਣੇ ਇਨਵੈਸਟ ਪੰਜਾਬ ਜ਼ਰੀਏ ਸਿੰਗਲ ਸਟਾਪ ਪ੍ਰਵਾਨਗੀਆਂ ਦੇਣ ਦੀ ਸਹੂਲਤ ਪ੍ਰਦਾਨ ਕਰਕੇ ਸਰਕਾਰ ਵੱਲੋਂ ਹਰ ਸੰਭਵ ਸਹਾਇਤਾ ਦੇਣੀ ਯਕੀਨੀ ਬਣਾਈ ਜਾ ਰਹੀ ਹੈ।

# ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਨੇ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪਿਆ



ਮੰਗ ਪੱਤਰ ਦਿੰਦੇ ਹੋਏ ਕਿਸਾਨ ਆਗੂਰਰਕ

**ਸ਼ਾਹਕੋਟ (ਗਿਆਨ ਸੈਦਪੁਰੀ)** ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਨੇ ਮੁੱਖ ਮੰਤਰੀ ਪੰਜਾਬ ਦੇ ਨਾਂ ਡਿਪਟੀ ਕਮਿਸ਼ਨਰ ਜਲੰਧਰ ਨੂੰ ਐ.ਡੀ.ਐਮ ਸ਼ਾਹਕੋਟ ਰਾਹੀ ਮੰਗ ਪੱਤਰ ਸੌਂਪਿਆ। ਐਸ.ਡੀ.ਐਮ ਦੀ ਗੈਰ ਮੌਜੂਦਗੀ ਵਿੱਚ ਮੰਗ ਪੱਤਰ ਦਫਤਰ ਦੇ ਸੁਪਰਡੈਂਟ ਨੇ ਪ੍ਰਾਪਤ ਕੀਤਾ। ਇਸ ਤੋਂ ਪਹਿਲਾ ਯੂਨੀਅਨ ਆਗੂ ਗੁਰਚਰਨ ਸਿੰਘ ਚਾਹਲ ਅਤੇ ਹੋਰ ਕਿਸਾਨ ਆਗੂਆਂ ਨੇ ਦੱਸਿਆ ਕਿ ਪਿਛਲੀ ਦਿਨੀਂ ਭਾਰੀ ਬਾਰਿਸ਼, ਝੱਖੜ ਅਤੇ ਗੜੇਮਾਰੀ ਨਾਲ ਕਣਕ, ਸਬਜ਼ੀਆਂ, ਬਾਗਾਂ, ਘਰਾਂ ਅਤੇ ਹੋਰ ਜਾਇਦਾਦ ਦਾ ਕਾਫੀ ਨੁਕਸਾਨ ਹੋਇਆ ਹੈ। ਨੀਵੇਂ ਖੇਤਾਂ ਵਿੱਚ ਪਾਣੀ ਭਰ ਗਿਆ ਹੈ। ਡਿੱਗੀ ਹੋਈ ਕਣਕ ਦੀ ਫਸਲ ਗਲਣੀ ਸ਼ੁਰੂ ਹੋ ਗਈ ਹੈ ਅਤੇ ਸਿੱਟਿਆ ਵਿੱਚ ਦਾਣੇ ਹਰੇ ਹੋਣ ਲੱਗ ਪਾਏ ਹਨ। ਜ਼ਮੀਨ ਠੇਕੇ ਤੇ ਲੈ ਕੇ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਹੋਰ ਵੀ ਭਾਰੀ ਆਰਥਿਕ ਨੁਕਸਾਨ ਝੱਲਣਾ ਪੈਣਾ ਹੈ।ਕਿਸਾਨੀ ਖੇਤੀ ਲਾਗਤ ਵਸਤਾਂ ਦੇ ਮਹਿੰਗੇ ਭਾਅ ਕਰਕੇ ਕੇ ਪਹਿਲਾ ਹੀ ਕਰਜ਼ਾਈ ਹੋ ਚੁੱਕੀ ਹੈ। ਆਗੂਆਂ ਨੇ ਕਿਹਾ ਕਿ ਮੰਗ ਪੱਤਰ ਵਿੱਚ ਮੰਗ ਕੀਤੀ ਗਈ ਹੈ ਕਿ ਨੁਕਸਾਨੀਆਂ ਫਸਲਾਂ ਦੀ ਗਿਰਦਾਵਰੀ ਜਲਦੀ ਮੁਕੰਮਲ ਕੀਤੀ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਮਨਜੀਤ ਸਿੰਘ ਮਲਸੀਆ, ਬਲਕਾਰ ਸਿੰਘ ਫਾਜਲਵਾਲ, ਅਮਰੀਕ ਸਿੰਘ ਜੰਮੂ, ਨਿਰਮਲ ਸਿੰਘ ਸਲੈਚਾ, ਅਵਤਾਰ ਸਿੰਘ, ਬਲਦੇਵ ਸਿੰਘ, ਕੁਲਦੀਪ ਸਿੰਘ, ਮੰਗਤ ਰਾਮ, ਕਰਨੈਲ ਸਿੰਘ, ਮਨਜੀਤ ਸਿੰਘ, ਤੀਰਕ ਸਿੰਘ, ਗੁਰਵਿੰਦਰ ਸਿੰਘ, ਹਰਜਿੰਦਰ ਸਿੰਘ, ਗੁਰਸ਼ਰਨ ਸਿੰਘ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

# ਰਿਆਤ ਬਾਹਰਾ ਵਿਖੇ ਨਸ਼ਾਖੋਰੀ ਤੇ ਇਸ ਦੇ ਇਲਾਜ ਬਾਰੇ ਜਾਗਰੂਕਤਾ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਸ਼੍ਰੀਮਤੀ ਕੋਮਲ ਮਿੱਤਲ ਆਈ ਏ ਐਸ ਮਾਨਯੋਗ ਡਿਪਟੀ ਕਮਿਸ਼ਨਰ ਕਮ ਚੇਅਰਮੈਨ ਜਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਸੁਸਾਇਟੀ ਹੁਸ਼ਿਆਰਪੁਰ ਦੇ ਹੁਕਮਾਂ ਅਨੁਸਾਰ ਡਾ. ਹਰਬੰਸ ਕੌਰ ਡਿਪਟੀ ਮੈਡੀਕਲ ਕਮਿਸ਼ਨਰ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਰਿਆਤ ਬਾਹਰਾ ਇਸਟੀਚਿਊਟਸ ਆਫ ਮੈਨੇਜਮੈਂਟ ਹੁਸ਼ਿਆਰਪੁਰ ਵਿਖੇ ਡਾ. ਹਰਿੰਦਰ ਸਿੰਘ ਗਿੱਲ ਪ੍ਰਿੰਸੀਪਲ-ਡਾਇਰੈਕਟਰ, ਡਾ. ਪਾਰੁਲ ਖੰਨਾ ਵਿਭਾਗ ਮੁਖੀ ਅਤੇ ਪ੍ਰੋ.ਕਰਨਦੀਪ ਬਿਰਦੀ ਸਹਾਇਕ ਪ੍ਰੋਫੈਸਰ ਦੇ ਸਹਿਯੋਗ ਨਾਲ ਨਸ਼ਾਖੋਰੀ ਬਾਰੇ ਜਾਣਕਾਰੀ ਸੰਬੰਧੀ ਜਾਗਰੂਕਤਾ ਸੈਮੀਨਾਰ ਆਯੋਜਿਤ ਕੀਤਾ ਗਿਆ ਜਿਸ ਵਿੱਚ ਮਨੋਵਿਗਿਆਨੀ ਕਾਊਂਸਲਰ ਓਟ ਕਲੀਨਿਕ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਸੰਦੀਪ ਕੁਮਾਰੀ ਨੇ ਕਿਹਾ ਕਿ ਨਸ਼ਾ ਇੱਕ ਮਾਨਸਿਕ ਬਿਮਾਰੀ ਹੈ ਜਿਸਦਾ ਇਲਾਜ ਪੰਜਾਬ ਸਰਕਾਰ ਦੇ ਸਿਹਤ ਸੰਸਥਾਵਾਂ ਵਿੱਚ ਮੁਫਤ ਕੀਤਾ ਜਾਂਦਾ ਹੈ, ਵਿਸ਼ਵ ਸਿਹਤ ਸੰਗਠਨ ਵਲੋਂ ਨਸ਼ੇ ਦੀ ਬਿਮਾਰੀ ਨੂੰ ਕਰੋਨਿਕ ਡਿਸਆਡਰ ਹੈ, ਬਾਰ ਬਾਰ ਹੋਣ ਵਾਲੀ ਲੰਬਾ ਸਮਾਂ ਚਲਣ ਵਾਲੀ ਬਿਮਾਰੀ ਹੈ। ਇਸ ਮੌਕੇ ਕਾਂਊਸਲਰ ਓਟ ਕਲੀਨਿਕ ਕੇਂਦਰੀ ਜੇਲ੍ਹ ਹੁਸ਼ਿਆਰਪੁਰ ਪ੍ਰਸ਼ਾਂਤ ਆਦਿਆ ਨੇ ਕਿਹਾ ਕਿ ਸਿਹਤ ਤੇ ਪਰਵਾਰ ਭਲਾਈ ਵਿਭਾਗ ਪੰਜਾਬ ਸਰਕਾਰ ਵਲੋਂ ਇਸ ਦਾ ਇਲਾਜ਼ ਸੰਭਵ ਹੈ ਉਹਨਾਂ ਕਿਹਾ ਕਿ ਨਸ਼ਾ ਮੁਕਤੀ ਕੇਂਦਰ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਮਨੋਰੋਗ ਮਾਹਿਰ ਡਾ. ਰਾਜ ਕੁਮਾਰ, ਉਪ ਮੰਡਲ ਸਿਵਲ ਹਸਪਤਾਲ ਦਸੂਹਾ ਅਤੇ ਮੁਕੇਰੀਆਂ ਵਿਖੇ ਮਨੋਰੋਗ ਮਾਹਿਰ ਸਿੱਧੀ ਦੇਖਰੇਖ ਵਿੱਚ ਨਸ਼ਾਖੋਰੀ ਦੇ ਮਰੀਜ਼ਾਂ ਦਾ ਇਲਾਜ ਕੀਤਾ ਜਾਂਦਾ ਹੈ, ਉਨ੍ਹਾਂ ਨੇ ਕਿਹਾ ਕਿ ਨਸ਼ਾਖੋਰੀ ਵਾਰ ਵਾਰ ਹੋਣ ਵਾਲੀ ਲੰਮਾ ਸਮਾਂ ਚੱਲਣ ਵਾਲੀ ਬਿਮਾਰੀ ਹੈ ਉਨ੍ਹਾ ਕਿਹਾ ਕਿ ਨਸ਼ਾਖੋਰੀ ਦਾ ਇਲਾਜ ਨਸ਼ਾ ਮੁਕਤੀ ਕੇਂਦਰ ਸਿਵਲ ਹਸਪਤਾਲ ਦਸੂਹਾ ਅਤੇ ਹੁਸ਼ਿਆਰਪੁਰ ਜਿਥੇ ਮਰੀਜ ਨੂੰ 15-21 ਦਿਨ ਡਿਟਾਕੀਫਿਕੇਸ਼ਨ ਕੀਤਾ ਜਾਂਦਾ ਹੈ। ਇਸ ਮੌਕੇ ਡਾ. ਪਾਰੁਲ ਖੰਨਾ ਵਿਭਾਗ ਮੁਖੀ ਵਲੋਂ ਰਿਸੋਰਸ ਪਰਸਨਸ ਨੂੰ ਗੈਸਟ ਆਫ ਦੇਕੇ ਸਨਮਾਨਿਤ ਕੀਤ ਤੇ ਧੰਨਵਾਦ ਕੀਤਾ। ਇਸ ਮੌਕੇ ਡਾ. ਪ੍ਰੋ. ਦਮਨਦੀਪ ਕੌਰ ਸਹਾਇਕ ਪ੍ਰੋਫੈਸਰ ਆਦਿ ਹਾਜ਼ਰ ਸਨ।

# ਪੰਜਾਬ ਵੱਲੋਂ ਲਾਗੂ ਕੀਤਾ ਜਾਣ ਵਾਲਾ ਪੈਨਸ਼ਨ ਮਾਡਲ ਹੋਰਨਾਂ ਸੂਬਿਆਂ ਲਈ ਮਿਸਾਲ ਕਾਇਮ ਕਰੇਗਾ : ਚੀਮਾ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਥੇ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਨ ਲਈ ਸਟੈਂਡਰਡ ਆਪਰੇਟਿੰਗ ਸਿਸਟਮ ਤਿਆਰ ਕਰਨ ਵਾਸਤੇ ਗਠਿਤ ਕੀਤੀ ਕੈਬਨਿਟ ਸਬ-ਕਮੇਟੀ ਅਤੇ ਅਧਿਕਾਰੀਆਂ ਦੀ ਸਬ-ਕਮੇਟੀ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਲਈ ਅਜਿਹਾ ਸਾਨਦਾਰ ਪੈਨਸ਼ਨ ਮਾਡਲ ਪੇਸ਼ ਕਰੇਗੀ ਜਿਸ ਨੂੰ ਦੂਜੇ ਸੂਬਿਆਂ ਦੀਆਂ ਸਰਕਾਰਾਂ ਵੀ ਲਾਗੂ ਕਰਨਗੀਆਂ। ਇੱਥੇ ਪੰਜਾਬ ਭਵਨ ਵਿਖੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਨਾਲ ਮੀਟਿੰਗ ਦੌਰਾਨ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਕੈਬਨਿਟ ਸਬ-ਕਮੇਟੀ ਅਤੇ ਮੁੱਖ ਸਕੱਤਰ ਦੀ ਅਗਵਾਈ ਵਾਲੀ ਸਬ-ਕਮੇਟੀ ਵੱਲੋਂ ਅਜਿਹਾ ਪੈਨਸ਼ਨ ਮਾਡਲ ਤਿਆਰ ਕਰਨ ਲਈ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਜਿਹੜਾ ਤਰਕਸੰਗਤ ਹੋਣ ਦੇ ਨਾਲ-ਨਾਲ ਪੰਜਾਬ ਸਰਕਾਰ ਦੇ ਕਰਮਚਾਰੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰੇਗਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੀਟਿੰਗਾਂ ਦੌਰਾਨ ਹੋਰਨਾਂ ਸੂਬਿਆਂ ਵੱਲੋਂ ਪੁਰਾਣੀ ਪੈਨਸ਼ਨ ਬਹਾਲ ਕਰਨ ਲਈ ਅਪਣਾਈਆਂ ਗਈਆਂ ਪ੍ਰਕਿਰਿਆਵਾਂ ਦਾ ਅਧਿਐਨ ਵੀ ਕੀਤਾ ਜਾ ਰਿਹਾ ਹੈ।

ਮੀਟਿੰਗ ਦੌਰਾਨ ਸੰਘਰਸ ਕਮੇਟੀ ਵੱਲੋਂ ਦਿੱਤੇ ਗਏ ਸੁਝਾਵਾਂ ਦਾ ਸੁਆਗਤ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਉਹ ਇਨ੍ਹਾਂ ਸੁਝਾਵਾਂ ਨੂੰ ਕੈਬਨਿਟ ਸਬ-ਕਮੇਟੀ ਦੀ ਅਗਲੀ ਮੀਟਿੰਗ ਦੌਰਾਨ ਰੱਖਣਗੇ ਤਾਂ ਜੋ ਇਸ ਸਬੰਧੀ ਲੋੜੀਂਦਾ ਫੈਸਲਾ ਜਲਦੀ ਤੋਂ ਜਲਦੀ ਲਿਆ ਜਾ ਸਕੇ।

ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਦਾ ਵਿਚਾਰ ਹੈ ਕਿ ਇਸ ਦੇ ਮੁਲਾਜਮਾਂ ਦਾ ਸੇਵਾਮੁਕਤੀ ਤੋਂ ਬਾਅਦ ਦਾ ਜੀਵਨ ਸੁਰੱਖਿਅਤ ਅਤੇ ਖੁਸ਼ਹਾਲ ਹੋਵੇ।

# ਆੜ੍ਹਤੀਆ ਐਸੋਸੀਏਸ਼ਨ ਨੇ ਫਿਲੌਰ 'ਚ ਟ੍ਰੇਨਿੰਗ ਦਾ ਕੀਤਾ ਬਾਈਕਾਟ



**ਫਿਲੌਰ (ਨਿਰਮਲ)** ਆੜਤੀਆਂ ਐਸੋਸੀਏਸ਼ਨ ਫਿਲੌਰ ਨੂਰਮਹਿਲ ਅੱਪਰਾ, ਲਸਾੜਾ ਬਿਲਗਾ ਮੰਡੀਆਂ ਦੁਬਾਰਾ ਆਨਲਾਈਨ ਗੇਟ ਪਾਸ ਦਾ ਵਿਰੋਧ ਕੀਤਾ ਗਿਆ। ਖਰੀਦ ਏਜੰਸੀਆਂ ਨੂੰ ਕਿਹਾ ਗਿਆ ਆਨਲਾਈਨ ਗੇਟ ਪਾਸ ਲਈ ਉਹ ਆਪਣਾ ਸਟਾਫ ਰੱਖਣ ਆੜਤੀਆ ਦੇ ਉੱਪਰ ਇਸ ਦੀ ਕੋਈ ਜਿੰਮੇਵਾਰੀ ਨਾ ਪਾਉਣ ਮਹਿਕਮੇ ਦੁਬਾਰਾ ਟ੍ਰੇਨਿੰਗ ਦਾ ਬਾਈਕਾਟ ਕੀਤਾ ਗਿਆ ਸਰਕਾਰ ਦੁਬਾਰਾ ਸਮੇਂ ਸਮੇਂ ਤੇ ਆੜਤੀਆ ਵਰਗ ਨੂੰ ਹਰ ਸਮੇਂ ਪ੍ਰੇਸ਼ਾਨ ਕਰਨਾ ਬੜੀ ਮੰਦਭਾਗੀ ਗੱਲ ਹੈ ਤੇ ਸਰਕਾਰ ਨੂੰ ਅਪੀਲ ਕੀਤੀ ਕਿ ਆਨਲਾਈਨ ਗੇਟ ਪਾਸ ਬੰਦ ਕੀਤੇ ਜਾਣ ਤੇ ਮਾਰਕੀਟ ਕਮੇਟੀ ਦਫਤਰ ਫਿਲੌਰ ਵਿਖੇ ਪੰਜਾਬ ਸਰਕਾਰ ਤੇ ਪਨਗਰੇਨ ਖਰੀਦ ਏਜੰਸੀ ਖਿਲਾਫ ਜੰਮਕੇ ਨਾਅਰੇਬਾਜੀ ਕੀਤੀ। ਇਸ ਮੌਕੇ ਆੜਤੀਆਂ ਐਸੋਸੀਏਸ਼ਨ ਫਿਲੌਰ ਦੇ ਪ੍ਰਧਾਨ ਗੁਲਸ਼ਨ ਕੁਮਾਰ ਅਹੂਜਾ, ਦੀਪਾ ਲਸਾੜਾ, ਬਾਰੂ ਆੜਤੀਆਂ ਅੱਪਰਾ, ਰਾਜੂ ਨੂਰਮਹਿਲ, ਰੋਹਿਤ ਗੁਪਤਾ, ਪ੍ਰਦੀਪ ਬੰਸਦਰਾਏ, ਤਰੁਣ ਅਗਰਵਾਲ, ਸਾਚਿਨ ਅਗਰਵਾਲ ਤੇ ਅਕਾਊਂਟੈਂਟ ਤੇ ਆੜਤੀਆਂ ਹਾਜ਼ਰ ਸਨ।

# ਸਰ ਮਾਰਸ਼ਲ ਸਕੂਲ ਬੈਂਸ ਅਵਾਨ ਵਿਖੇ ਪਹਾੜੇ ਪ੍ਰਤੀਯੋਗਤਾ ਦਾ ਆਯੋਜਨ




**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਸਰ ਮਾਰਸਲ ਸਕੂਲ ਬੈਂਸ ਅਵਾਨ ਵਿਖੇ ਸਰ ਮਾਰਸਲ ਐਜੂਕੇਸ਼ਨਲ ਸੁਸਾਇਟੀ ਦੇ ਚੇਅਰਮੈਨ ਰਾਜਿੰਦਰ ਸਿੰਘ ਮਾਰਸਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪ੍ਰਿੰਸੀਪਲ ਕਮਲਪ੍ਰੀਤ ਸਿੰਘ ਦੀ ਅਗਵਾਈ ਹੇਠ ਪਹਾੜੇ ਪ੍ਰਤੀਯੋਗਿਤਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਚੌਥੀ ਕਲਾਸ ਤੋਂ ਦਸਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਭਾਗ ਲਿਆ।

ਵਿਦਿਆਰਥੀਆਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਕਮਲਪ੍ਰੀਤ ਸਿੰਘ ਨੇ ਕਿਹਾ ਕਿ ਸਿੱਖਿਆ ਦਾ ਮਿਆਰ ਸਕੂਲ ਪੱਧਰ ਤੋਂ ਹੀ ਸ਼ੁਰੂ ਹੁੰਦਾ ਹੈ ਜਿਸਨੂੰ ਪੜ੍ਹਾਈ ਦੀ ਨੀਂਹ ਕਿਹਾ ਜਾਂਦਾ ਹੈ ਅਤੇ ਜੇਕਰ ਇਹ ਨੀਂਹ ਹੀ ਕਮਜ਼ੋਰ ਰਹਿ ਜਾਵੇ ਤਾਂ ਵਿਦਿਆਰਥੀਆਂ ਦਾ ਭਵਿੱਖ ਡਾਵਾਂਡੋਲ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਜਿੱਥੇ ਅਧਿਆਪਕਾਂ ਨੂੰ ਪੂਰੀ ਲਗਨ ਤੇ ਮਿਹਨਤ ਨਾਲ ਪੜ੍ਹਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦਾ ਭਵਿੱਖ ਉਜਵਲ ਬਣਾਉਣ ਲਈ ਸਕੂਲ ਵਿੱਚ ਆਏ ਦਿਨ ਅਜਿਹੇ ਮੁਕਾਬਲੇ ਕਰਵਾਏ ਜਾਂਦੇ ਹਨ ਤਾਂ ਜੋ ਬੱਚਿਆਂ ਦਾ ਹਰ ਖੇਤਰ ਦੇ ਗਿਆਨ ਵਿੱਚ ਵਾਧਾ ਹੋ ਸਕੇ ਅਤੇ ਉੱਚ ਸਿੱਖਿਆ ਵਿੱਚ ਚੰਗੀਆਂ ਪੁਜੀਸ਼ਨਾ ਹਾਸਲ ਕਰਨ ਸਮੇਂ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਪ੍ਰਿੰ: ਕਮਲਪ੍ਰੀਤ ਸਿੰਘ ਨੇ ਮੁਕਾਬਲੇ ਵਿਚ ਵਧੀਆ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਸਨਮਾਨਿਤ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਤੇ ਮੈਡਮ ਪ੍ਰਿਯੰਕਾ, ਬਲਦੇਵ, ਅਮਨ, ਜਸਵਿੰਦਰ, ਸੁਖਵਿੰਦਰ ਪਾਲ ਮੈਡਮ ਕੁਨਿਕਾ, ਗਗਨ ਪ੍ਰੀਤ, ਸੰਦੀਪ, ਹਰਪ੍ਰੀਤ, ਅਤੇ ਹੋਰ ਹਾਜ਼ਰ ਸਨ।

# ਭਾਰਤੀ ਜਨਤਾ ਪਾਰਟੀ ਦਾ 44ਵਾਂ ਸਥਾਪਨਾ ਦਿਵਸ ਮਨਾਇਆ



**ਮੁਹਾਲੀ (ਗੁਰਜੀਤ ਬਿੱਲਾ)** ਭਾਰਤੀ ਜਨਤਾ ਪਾਰਟੀ ਦਾ 44ਵੇਂ ਸਥਾਪਨਾ ਦਿਵਸ ਇਥੇ ਸੂਬਾ ਮੀਤ ਪ੍ਰਧਾਨ ਡਾ. ਸੁਭਾਸ ਸਰਮਾ ਦੀ ਪ੍ਰਧਾਨਗੀ ਅਤੇ ਭਾਜਪਾ ਪੰਜਾਬ ਦੇ ਸਹਿ ਖਜਾਨਚੀ ਸੁਖਵਿੰਦਰ ਸਿੰਘ ਗੋਲਡੀ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਆਪਣੇ ਸੰਬੋਧਨ ਵਿਚ ਸੂਬਾ ਮੀਤ ਪ੍ਰਧਾਨ ਡਾ. ਸੁਭਾਸ ਸ਼ਰਮਾ ਨੇ ਕਿਹਾ ਕਿ ਭਾਜਪਾ ਪਾਰਟੀ ਨੂੰ ਜੋ ਮੁਕਾਮ ਅੱਜ ਦੇਸ਼ ਭਰ 'ਚ ਹਾਸਲ ਹੋਇਆ ਹੈ ਉਸ ਲਈ ਪਾਰਟੀ ਦੇ ਵਰਕਰਾਂ ਨੇ ਦਿਨ ਰਾਤ ਮਿਹਨਤ ਕੀਤੀ ਹੈ, ਜਿਸ ਦੇ ਸਦਕਾ ਇਹ ਸੰਭਵ ਹੋ ਸਕਿਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਾਰੇ ਵਰਕਰ ਅਤੇ ਅਹੁਦੇਦਾਰ ਮਿਲ ਕੇ ਕੰਮ ਕਰ ਰਹੇ ਹਨ ਅਤੇ ਇਸ ਅੰਮ੍ਰਿਤ ਕਾਲ ਨੂੰ ਸਫਲ ਬਣਾਉਣ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਭਾਰਤ ਨੂੰ 2046 ਤੱਕ ਵਿਕਸਿਤ ਦੇਸ਼ ਬਣਾਉਣ ਦੇ ਸਪਨੇ ਨੂੰ ਸਾਕਾਰ ਕਰਨ ਵਿਚ ਆਪਣਾ ਯੋਗਦਾਨ ਪਾਉਣਗੇ। ਇਸ ਮੌਕੇ ਆਪਣੇ ਸੰਬੋਧਨ ਵਿਚ ਭਾਜਪਾ ਪੰਜਾਬ ਦੇ ਸਹਿ ਖਜ਼ਾਨਚੀ ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਸਾਰੀਆਂ ਲੋਕ ਭਲਾਈ ਸਕੀਮਾਂ ਬਿਨ੍ਹਾਂ ਕਿਸੇ ਭੇਦ-ਭਾਵ ਦੇ ਸਫਲਤਾ ਪੂਰਵਕ ਲਾਗੂ ਕੀਤੀਆਂ ਹਨ ਅਤੇ ਦੇਸ਼ ਦੇ ਦੱਬੇ ਕੁਚਲੇ ਲੋੜਵੰਦਾ ਅਤੇ ਗਰੀਬਾਂ ਲਈ ਦੇਸ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਰਤੀ ਜਨਤਾ ਪਾਰਟੀ ਹੀ ਆਸ ਦੀ ਕਿਰਨ ਵਜੋਂ ਉਭਰੀ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਜਪਾ ਦੇ ਜਿਲ੍ਹਾਂ ਪ੍ਰਧਾਨ ਸੰਜੀਵ ਵਸਿਸ਼ਟ, ਪ੍ਰੋਟੋਕਾਲ ਸੈਕਟਰੀ ਖੁਸ਼ਵੰਤ ਰਾਏ ਗੀਗਾ, ਜਿਲ੍ਹਾ ਜਨਰਲ ਸੈਕਟਰੀ ਜਗਦੀਪ ਸਿੰਘ ਔਜਲਾ, ਸੂਬਾ ਕਾਰਜਕਾਰਨੀ ਮੈਂਬਰ ਨਰਿੰਦਰ ਰਾਣਾ, ਸੂਬਾ ਕਨਵੀਨਰ ਕਲਚਰਲ ਸੈਲ ਮਦਨ ਸੋਕੀ ਪਵਨ ਮਨੋਚਾ, ਪ੍ਰਵੇਸ਼ ਭਾਰਤੀ ਮੰਡਲ ਪ੍ਰਧਾਨ ਸੁਭਾਸ਼ ਅਗਰਵਾਲ, ਸੁਖਬੀਰ ਰਾਣਾ, ਅਭਿਸ਼ੇਕ ਗੁਪਤਾ, ਜੋਗਿੰਦਰ ਗੁੱਜਰ, ਅਨਿਲ ਗੁਡੂ, ਜਿਲ੍ਹਾ ਪ੍ਰਧਾਨ ਯੂਵਾ ਮੋਰਚਾ ਹਰਸ਼ ਸਰਵਾਰਾ, ਜਿਲ੍ਹਾ ਪ੍ਰਧਾਨ ਐਸ ਸੀ ਮੋਰਚਾ ਪ੍ਰਮੋਦ ਕੁਮਾਰ, ਸੋਹਣ ਸਿੰਘ, ਸੁਰਿੰਦਰ ਬੱਬਲ, ਜਰਨੈਲ ਸਿੰਘ ਜਿਲ੍ਹਾ ਪ੍ਰਧਾਨ ਓਬੀਸੀ ਮੋਰਚਾ, ਜਿਲ੍ਹੇ ਅਤੇ ਮੰਡਲਾਂ ਦੇ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

# ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਕੇਂਦਰੀ ਕਮੇਟੀ ਦੀ ਮੀਟਿੰਗ 'ਚ ਮੈਂਬਰਸ਼ਿਪ ਇੱਕ ਕਰੋੜ ਤੱਕ ਵਧਾਉਣ ਦਾ ਲਿਆ ਫੈਸਲਾ



**ਨਵਾਂ ਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਕੇਂਦਰੀ ਕਮੇਟੀ ਦੀ ਦੋ ਦਿਨਾ ਮੀਟਿੰਗ ਆਂਧਰਾ ਭਵਨ ਦਿੱਲੀ ਵਿਖੇ ਸਾਥੀ ਵਿਜੇ ਰਾਘਵਨ ਦੀ ਪ੍ਰਧਾਨਗੀ ਹੇਠ ਹੋਈ। ਪਹਿਲੇ ਦਿਨ ਮੀਟਿੰਗ ਦੀ ਸ਼ੁਰੂਆਤ ਸਮੇਂ ਵਿੱਛੜੇ ਸਾਥੀ ਸੁਨੀਤ ਚੋਪੜਾ ਨੂੰ ਸਰਧਾਂਜਲੀ ਭੇਟ ਕੀਤੀ ਗਈ। ਉਸ ਤੋਂ ਬਾਅਦ ਮੀਟਿੰਗ 'ਚ ਹਾਵੜਾ (ਪੱਛਮੀ ਬੰਗਾਲ) ਵਿਖੇ ਹੋਈ ਕੌਮੀਂ ਕਾਨਫਰੰਸ ਤੋਂ ਲੈਕੇ ਹੁਣ ਤੱਕ ਦੀ ਰਿਪੋਰਟ ਕੌਮੀ ਜਨਰਲ ਸਕੱਤਰ ਬੀ ਵੈਂਕਟ ਨੇ ਪੇਸ਼ ਕੀਤੀ। ਪੰਜਾਬ ਵਲੋਂ ਸਾਥੀ ਗੁਰਮੇਸ਼ ਸਿੰਘ ਨੇ ਆਪਣੇ ਵਿਚਾਰ ਪੇਸ਼ ਕੀਤੇ। ਮੀਟਿੰਗ 'ਚ ਵੱਖ-ਵੱਖ ਆਗੂਆਂ ਦੀ ਕੰਮ ਵੰਡ ਕਰਕੇ ਡਿਊਟੀਆਂ ਲਗਾਈਆਂ ਗਈਆਂ ਅਤੇ ਪੂਰੇ ਦੇਸ਼ 'ਚ 500 ਜਿਲਿਆਂ ਅੰਦਰ ਇੱਕ ਕਰੋੜ ਮੈਂਬਰਸ਼ਿਪ ਕਰਨ ਦਾ ਫੈਸਲਾ ਲਾਗੂ ਕਰਨ ਦਾ ਟੀਚਾ ਮਿੱਥਿਆ ਗਿਆ। ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਅਤੇ ਕੁਲ ਹਿੰਦ ਕਿਸਾਨ ਸਭਾ ਦਾ ਕੇਂਦਰੀ ਦਫਤਰ ਦਿੱਲੀ ਵਿਖੇ ਬਣਾਉਣ ਦਾ ਫੈਸਲਾ ਹੈ ਇਸ ਲਈ 20 ਕਰੋੜ ਰੁਪਏ ਇਕੱਠੇ ਕਰਨ ਦਾ ਫੈਸਲਾ ਲਿਆ ਗਿਆ। ਇਸਦੀ ਸ਼ੁਰੂਆਤ ਅਗਸਤ ਮਹੀਨੇ ਵਿੱਚ ਕੀਤੀ ਜਾਵੇਗੀ। ਹਰ ਇੱਕ ਸੂਬੇ ਦੀ ਸਮੱਸਿਆਂ ਨੂੰ ਦੇਖਦੇ ਹੋਏ ਕਈ ਤਰ੍ਹਾਂ ਦੇ ਠੋਸ ਫੈਸਲੇ ਲਏ ਗਏ। ਇਸ ਮੌਕੇ ਵੱਖ-ਵੱਖ ਸੂਬਿਆਂ ਤੋਂ 40 ਸਾਥੀ ਹਾਜ਼ਰ ਹੋਏ। ਪੰਜਾਬ ਤੋਂ ਤਿੰਨ ਸਾਥੀ ਭੂਪ ਚੰਦ ਚੰਨੋਂ, ਰਾਮ ਸਿੰਘ ਨੂਰਪੁਰੀ ਅਤੇ ਸਾਥੀ ਗੁਰਮੇਸ ਸਿੰਘ ਹਾਜ਼ਰ ਹੋਏ।

# ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਥਾਣਾ ਮੁਖੀ ਕਰਤਾਰਪੁਰ ਦਾ ਚਾਰਜ ਸੰਭਾਲਿਆ



**ਕਰਤਾਰਪੁਰ (ਹਰਮੇਸ਼ ਦੱਤ )** ਇੰਸਪੈਕਟਰ ਰਮਨਦੀਪ ਤਬਾਦਲਾ ਹੋਣ ਤੋਂ ਬਾਅਦ ਕਪੂਰਥਲਾ ਤੋਂ ਆਏ ਨਵੇਂ ਨਿਯੁਕਤ ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਥਾਣਾ ਕਰਤਾਰਪੁਰ ਦਾ ਚਾਰਜ ਸੰਭਾਲ ਲਿਆ ਹੈ ਚਾਰਜ ਸੰਭਾਲਣ ਤੋਂ ਬਾਅਦ ਨਵੇਂ ਆਏ ਇਸਪੈਕਟਰ ਗੁਰਪ੍ਰੀਤ ਸਿੰਘ ਨੇ ਆਪਣੇ ਥਾਣੇ ਦੇ ਮੁਲਾਜਮਾਂ ਨਾਲ ਮੁਲਾਕਾਤ ਕੀਤੀ ਅਤੇ ਥਾਣੇ ਦੇ ਮੁਲਾਜ਼ਮਾਂ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ ਥਾਣਾ ਮੁਖੀ ਗੁਰਪ੍ਰੀਤ ਸਿੰਘ ਨੇ ਸਰਾਰਤੀ ਅਨਸਰਾਂ ਨਸਾ ਤਸਕਰਾਂ ਅਤੇ ਚੋਰਾਂ ਨੂੰ ਸਖਤ ਹਦਾਇਤ ਦਿੰਦੇ ਹੋਏ ਕਿਹਾ ਜੇ ਕਿਸੇ ਨੇ ਵੀ ਹਲਕੇ ਦਾ ਮਾਹੌਲ ਖਰਾਬ ਕੀਤਾ ਜਾਂ ਲੋਕਾਂ ਨੂੰ ਪਰੇਸਾਨ ਕੀਤਾ ਉਸ ਉਪਰ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਅਤੇ ਨਸ਼ਾ ਤਸਕਰਾਂ ਦੇ ਖਿਲਾਫ ਨਕੇਲ ਕੱਸੀ ਜਾਵੇਗੀ ਅਤੇ ਉਨ੍ਹਾਂ ਨੇ ਕਿਹਾ ਕਿ ਥਾਣੇ ਅੰਦਰ ਹਰੇਕ ਦਾ ਮਾਣ-ਸਤਿਕਾਰ ਕੀਤਾ ਜਾਵੇਗਾ ਅਤੇ ਉਹਨਾਂ ਦੀਆਂ ਮੁਸਕਿਲਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ ਅਤੇ ਬਾਜਾਰ ਤੇ ਟ੍ਰੈਫਿਕ ਨੂੰ ਸੰਚਾਰੂ ਢੰਗ ਨਾਲ ਕੰਟਰੋਲ ਕੀਤਾ ਜਾਵੇਗਾ।

# ਸਵੀਪ ਅਧੀਨ ਹੋਏ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚ ਮੇਹਰਚੰਦ ਪੋਲੀਟੈਕਨਿਕ ਕਾਲਜ ਜੇਤੂ



**ਜਲੰਧਰ (ਸ਼ੈਲੀ ਐਲਬਰਟ)**-: ਮੁੱਖ ਚੋਣ ਅਫ਼ਸਰ ਪੰਜਾਬ, ਚੰਡੀਗੜ੍ਹ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਯੋਗ ਅਗਵਾਈ ਵਿੱਚ ਪ੍ਰਣਾਲੀਗਤ ਵੋਟਰਾਂ ਦੀ ਸਿੱਖਿਆ ਅਤੇ ਚੋਣ ਭਾਗੀਦਾਰੀ (ਸਵੀਪ) ਅਧੀਨ ਐਚ.ਐਮ.ਵੀ ਕਾਲਜ ਵਿੱਖੇ ਜਿਲ੍ਹਾਂ ਪੱਧਰੀ ਮੁੱਕਾਬਲਿਆਂ ਵਿੱਚ ਵਿੱਦਿਆਰਥੀਆਂ ਦੀ ਟੀਮ ਭੇਜੀ ਗਈ । ਇਨ੍ਹਾਂ ਮੁਕਾਬਲਿਆ ਦਾ ਮੁੱਖ ਵਿਸ਼ਾ ਨੋਜਵਾਨ ਵੋਟਰਾ ਦੀ ਵੋਟਾ ਵਿੱਚ ਭਾਗੇਦਾਰੀ ਵਧਾਉਣਾ ਹੈ।। ਇਨ੍ਹਾਂ ਮੁਕਾਬਲਿਆ ਵਿੱਚ ਹਿੱਸਾ ਲੈਣ ਲਈ ਸਵੀਪ ਨੋਡਲ ਅਫ਼ਸਰ ਪ੍ਰੋ. ਕਸ਼ਮੀਰ ਕੁਮਾਰ ਜੀ ਨੇ ਬੱਚਿਆਂ ਦੀ ਤਿਆਰੀ ਕਰਵਾਈ।ਕਾਲਜ ਦੀ ਤਰਫੋਂ ਇਨ੍ਹਾਂ ਮੁਕਾਬਲਿਆਂ ਵਿੱਚ 15 ਵਿੱਦਿਆਰਥੀਆਂ ਨੇ ਸ਼ਿਕਤ ਕੀਤੀ ।

ਜਿੱਥੇ ਕਵਿਤਾ ਮੁਕਾਬਲਿਆਂ ਵਿੱਚ ਪ੍ਰੀਤਮ ਸ਼ੁਕਲਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਉੱਥੇ ਗੀਤ ਮੁਕਾਬਲੇ ਵਿੱਚ ਪ੍ਰਭਨੂਰ ਸਿੰਘ ਦੂਸਰੇ ਸਥਾਨ ਤੇ ਰਿਹਾ।ਰੰਗੋਲੀ ਮੁਕਾਬਲੇ ਵਿੱਚ ਜੋਹਰ ਦਿਖਾਉਂਦਿਆਂ ਰਿਆ ਅਤੇ ਨਵਨੀਤ ਕੌਰ ਦੂਸਰੇ ਸਥਾਨ ਤੇ ਰਹੀਆਂ।ਪ੍ਰਿੰਸੀਪਲ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਭਾਗੀਦਾਰਾਂ ਨੂੰ ਅਸ਼ੀਰਵਾਦ ਦਿੰਦਿਆਂ ਵੱਧ ਤੋਂ ਵੱਧ ਵੋਟਰ ਪ੍ਰਣਾਲੀ ਵਿੱਚ ਯੋਗਦਾਨ ਕਰਨ ਦੀ ਨਸੀਹਤ ਕੀਤੀ।ਮਿਸ ਪ੍ਰੀਤ ਕੰਵਲ ਅਤੇ ਰਾਜੀਵ ਸ਼ਰਮਾ ਦੇ ਪ੍ਰੇਰਨਾ ਸਦਕਾ ਵਿੱਦਿਆਰਥੀਆਂ ਨੇ ਇਹ ਮੁਕਾਮ ਹਾਸਿਲ ਕੀਤਾ।ਯੁਵਰਾਜ ਅਤੇ ਮਿਸ ਇਤਿਸ਼ਾ ਨੇ ਕੈਂਪਸ ਅੰਬੈਸਡਰ ਦੀ ਭੂਮੀਕਾ ਨਿਭਾਈ।ਮੈਡਮ ਨੇਹਾ (ਸੀ. ਡੀ. ਕੰਸਲਟੈਂਟ) ਦੇ ਅਥਾਹ ਯਤਨਾਂ ਸਦਕਾ ਨੋਜਵਾਨ ਵੋਟਰਾ ਵਿੱਚ ਉਤਸ਼ਾਹ ਦੀ ਲਹਿਰ ਹੈ।

# ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ 'ਵਰਲਡ ਹੈਲਥ ਡੇ' 'ਤੇ ਕਰਵਾਈਆਂ ਗਤੀਵਿਧੀਆਂ

**ਜਲੰਧਰ- (ਸ਼ੈਲੀ ਐਲਬਰਟ)**-: ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਏ ਜਾ ਰਹੇ ਦਿਸ਼ਾ-ਏਕ ਪਹਿਲਕਦਮੀ ਤਹਿਤ ਇੰਨੋਸੈਂਟ ਹਾਰਟਸ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ) ਦੇ ਪੰਜ ਸਕੂਲਾਂ ਵਿੱਚ ਵਰਲਡ ਹੈਲਥ ਡੇ ਮੌਕੇ ਹੈਲਥ ਐਂਡ ਵੈਲਨੈੱਸ ਕਲੱਬ ਵੱਲੋਂ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਦਾ ਉਦੇਸ਼ ਬੱਚਿਆਂ ਨੂੰ ਸਿਹਤ, ਸਫਾਈ ਅਤੇ ਖਾਣ-ਪੀਣ ਦੀਆਂ ਆਦਤਾਂ ਬਾਰੇ ਜਾਗਰੂਕ ਕਰਨਾ ਸੀ।'ਹੈਲਥ ਫਾਰ ਆਲ ਵਿਸ਼ੇ ਤਹਿਤ ਬੱਚਿਆਂ ਨੂੰ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਤਿਆਰ ਕੀਤਾ ਗਿਆ। ਗ੍ਰੀਨ ਮਾਡਲ ਟਾਊਨ ਵਿੱਚ ਡਾ.ਰੋਹਨ ਬੌਰੀ (ਐਮ.ਬੀ.ਬੀ.ਐਸ., ਐਮ.ਐਸ.(ਓਫਥਲਮੋਲੋਜੀ) ਐਫਪੀਆਰਐਸ, ਫੈਕੋ-ਰਿਫ੍ਰੈਕਟਿਵ ਸਰਜਰੀ ਵਿੱਚ ਐਫ ਐਮ ਆਰ ਫੈਲੋ, ਮੈਡੀਕਲ ਵਿੱਚ ਫੈਲੋ, ਡਾਇਰੈਕਟਰ, ਇੰਨੋਸੈਂਟ ਹਾਰਟਸ ਆਈ ਸੈਂਟਰ, ਜਲੰਧਰ), ਲੋਹਾਰਾਂ ਅਤੇ ਕੈਂਟ ਜੰਡਿਆਲਾ ਰੋਡ ਵਿੱਚ ਡਾ: ਨੂਪੁਰ ਸਿੰਘਲ ਸੂਦ (ਸਲਾਹਕਾਰ) ਬਾਲ ਰੋਗ ਮਾਹਿਰ, ਇੰਨੋਸੈਂਟ ਹਾਰਟਸ ਮਲਟੀਸਪੈਸ਼ਲਿਟੀ ਹਸਪਤਾਲ), ਸ਼੍ਰੀਮਾਨ ਹਸਪਤਾਲ, ਨੂਰਪੁਰ ਰੋਡ ਵਿਖੇ ਕੰਮ ਕਰ ਰਹੇ ਡਾ. ਕੰਵਲਪ੍ਰੀਤ ਸਰੋਆ (ਐਮ ਬੀ ਬੀ ਐਸ, ਐਮ.ਡੀ. ਪੀਡੀਆਟ੍ਰਿਕਸ ਫੈਲੋਸ਼ਿਪ ਇਨ ਨਿਓਨੈਟੋਲੋਜੀ) ਨੇ ਡਾ. ਹਰਿੰਦਰ ਕੌਰ ਅਰੋੜਾ (ਬੀ ਏ ਐਮ ਐਸ (ਪੰਜਾਬ) ਨੇ ਬੱਚਿਆਂ ਨੂੰ ਸਿਹਤ ਪ੍ਰਤੀ ਜਾਗਰੂਕ ਕੀਤਾ ਅਤੇ ਮਹੱਤਵਪੂਰਨ ਟਿਪਸ ਦਿੱਤੇ। ਕਲਾਸਾਂ ਵਿੱਚ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਭੋਜਨ ਵਿੱਚ ਦੁੱਧ, ਦਹੀਂ, ਹਰੀਆਂ ਸਬਜ਼ੀਆਂ ਅਤੇ ਤਾਜ਼ੇ ਫਲਾਂ ਵਰਗੇ ਸਿਹਤਮੰਦ ਅਤੇ ਪੌਸ਼ਟਿਕ ਭੋਜਨਾਂ ਦਾ ਸੇਵਨ ਕਰਨ ਲਈ ਪ੍ਰੇਰਿਤ ਕੀਤਾ ਗਿਆ। ਪਹਿਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਨੂੰ ਸਿਹਤ ਅਤੇ ਤੰਦਰੁਸਤੀ ਬਾਰੇ ਪਾਵਰ ਪੁਆਇੰਟ ਪੇਸ਼ਕਾਰੀ ਦਿੱਤੀ ਗਈ।ਜਮਾਤ ਤੀਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਫ਼ਾਈ ਅਤੇ ਖਾਣ-ਪੀਣ ਦੀਆਂ ਆਦਤਾਂ ਬਾਰੇ ਗ੍ਰੇਡ ਮੈਨਟਰਾਂ ਦੁਆਰਾ ਸਿਹਤ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ।

ਛੇਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਫਿੱਟਨੈੱਸ ਮੰਤਰ ਦੇ ਕੇ ਯੋਗਾ ਅਤੇ ਐਰੋਬਿਕਸ ਕਰਨ ਲਈ ਪ੍ਰੇਰਿਤ ਕੀਤਾ ਗਿਆ।ਸਕੂਲਾਂ ਦੇ ਪ੍ਰਿੰਸੀਪਲਾਂ ਨੇ ਬੱਚਿਆਂ ਨੂੰ ਦੱਸਿਆ ਕਿ ਇੱਕ ਸਿਹਤਮੰਦ ਸਮਾਜ ਦੀ ਉਸਾਰੀ ਵਿੱਚ ਸਫ਼ਾਈ ਅਹਿਮ ਭੂਮਿਕਾ ਨਿਭਾਉਂਦੀ ਹੈ।

# ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਜਨਮ ਦਿਹਾੜੇ ਸੰਬੰਧੀ ਵਿਚਾਰ-ਵਟਾਂਦਰਾ



**ਕਪੂਰਥਲਾ, (ਹਨੀ)** ਸ੍ਰੀ ਗੁਰੂ ਹਰਿਕ੍ਰਿਸਨ ਪਬਲਿਕ ਸਕੂਲ ਸਾਹਮਣੇ ਆਰ. ਸੀ. ਐੱਫ.ਕਪੂਰਥਲਾ ਵਿਖੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸਿੱਖ ਪੰਥ ਦੇ ਮਹਾਨ ਜਰਨੈਲ ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਜਨਮ ਦਿਹਾੜੇ ਦੇ ਵਿਸ਼ੇਸ਼ ਸਮਾਗਮਾਂ ਸੰਬੰਧੀ ਭਾਈ ਜਗਦੇਵ ਸਿੰਘ ਮੁਖੀ ਧਰਮ ਪ੍ਰਚਾਰਕ ਕਮੇਟੀ, ਭਾਈ ਤਰਸੇਮ ਸਿੰਘ ਪ੍ਰਚਾਰਕ, ਭਾਈ ਮਨਜੀਤ ਸਿੰਘ ਪ੍ਰਚਾਰਕ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਸੰਬੰਧੀ ਉਨ੍ਹਾਂ ਨੇ ਦੱਸਿਆ ਕਿ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਸੰਬੰਧੀ 20 ਅਪ੍ਰੈਲ ਨੂੰ 'ਖਾਲਸਾ ਫ਼ਤਿਹ ਮਾਰਚ' ਦੇ ਰੂਪ ਵਿੱਚ ਨਗਰ ਕੀਰਤਨ ਦਿੱਲੀ ਤੋਂ ਆਰੰਭ ਹੋ ਕੇ ਹਰਿਆਣਾ ਅਤੇ ਪੰਜਾਬ ਦੇ ਵੱਖ-ਵੱਖ ਸਹਿਰਾਂ ਕਪੂਰਥਲਾ, ਆਰ. ਸੀ. ਐੱਫ., ਸੁਲਤਾਨਪੁਰ ਲੋਧੀ 'ਚੋਂ ਹੁੰਦਾ ਹੋਇਆ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਵਿਖੇ ਸੰਪੰਨ ਹੋਵੇਗਾ।

ਉਨ੍ਹਾਂ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਮਾਗਮ ਵਿੱਚ ਵੱਧ ਤੋਂ ਵੱਧ ਸਮੂਲੀਅਤ ਕਰਨ। ਇਸ ਮੌਕੇ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਗਾ ਸ੍ਰੀ ਗੁਰੂ ਹਰਿਕ੍ਰਿਸਨ ਪਬਲਿਕ ਸਕੂਲ ਆਰ. ਸੀ. ਐੱਫ. , ਭਾਈ ਜਗਦੇਵ ਸਿੰਘ ਮੁਖੀ ਧਰਮ ਪ੍ਰਚਾਰਕ ਕਮੇਟੀ, ਭਾਈ ਤਰਸੇਮ ਸਿੰਘ ਪ੍ਰਚਾਰਕ, ਭਾਈ ਮਨਜੀਤ ਸਿੰਘ ਪ੍ਰਚਾਰਕ ਅਤੇ ਹੋਰ ਪਤਵੰਤੇ ਸੱਜਣ ਵੀ ਮੌਜੂਦ ਸਨ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੀ ਹੋਈ ਤਿਮਾਹੀ ਮੀਟਿੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਪੈਂਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੀ ਤਿਮਾਹੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਕੁਲਵਰਨ ਸਿੰਘ ਦੀ ਪ੍ਰਧਾਨਗੀ ਹੇਠ ਮੁਲਜ਼ਮ ਭਵਨ ਚੰਡੀਗੜ੍ਹ ਰੋਡ, ਅਸਲਾਮਾਬਾਦ, ਹੁਸ਼ਿਆਰਪੁਰ ਵਿਖੇ ਆਯੋਜਿਤ ਕੀਤੀ ਗਈ। ਜਿਸ ਵਿੱਚ ਜਿਲ੍ਹਾ ਕਾਰਜਕਾਰਨੀ ਦੇ ਸਮੂੰਹ ਅਹੁਦੇਦਾਰ ਅਤੇ ਮੈਂਬਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਮੀਟਿੰਗ ਦੇ ਸ਼ੁਰੂ ਵਿੱਚ ਮਰਹੂਮ ਸੁਰਿੰਦਰ ਕੁਮਾਰ ਸਾਬਕਾ ਸੀਨੀਅਰ ਮੀਤ ਪ੍ਰਧਾਨ, ਬੰਸੀ ਲਾਲ ਸਾਬਕਾ ਪ੍ਰਧਾਨ ਤਲਵਾੜਾ, ਕਸ਼ਮੀਰੀ ਲਾਲ ਦਸੂਹਾ ਅਤੇ ਇਸ ਤਿਮਾਹੀ ਦੌਰਾਨ ਹੋਰ ਵਿਛੜੇ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਜਲੀ ਦਿੱਤੀ ਗਈ। ਸਟੇਜ ਸਕੱਤਰ ਦੀ ਜਿੰਮੇਵਾਰੀ ਮੀਤ ਪ੍ਰਧਾਨ ਸੂਰਜ ਪ੍ਰਕਾਸ਼ ਨੇ ਨਿਭਾਉਂਦਿਆਂ ਪੈਨਸ਼ਨਰ ਸਾਥੀਆਂ ਨਾਲ ਖੁਸ਼ੀ ਸਾਂਝੀ ਕਰਦਿਆ ਤਹਿਸੀਲ ਟਾਂਡਾ ਯੂਨਿਟ ਦੀ ਨਵੀਂ ਹੋਈ ਚੋਣ ਬਾਰੇ ਦਸਿਆ ਅਤੇ ਉਨ੍ਹਾਂ ਦੇ ਚੁਣੇ ਗਏ ਨਵੇਂ ਪ੍ਰਧਾਨ ਅਜੀਤ ਸਿੰਘ ਗੁਰਾਇਆ, ਜਨਰਲ ਸਕੱਤਰ ਪ੍ਰੇਮ ਸਾਗਰ ਅਤੇ ਵਿੱਤ ਸਕੱਤਰ ਪ੍ਰਮਾਨੰਦ ਦਿਵੇਦੀ ਨੂੰ ਅੱਜ ਦੀ ਮੀਟਿੰਗ ਵਿੱਚ ਸ਼ਾਮਲ ਹੋਣ ਤੇ ਸਮੂੰਹ ਮੈਂਬਰਾਂ ਵਲੋਂ ਨਿੱਘਾ ਸਵਾਗਤ ਕੀਤਾ ਅਤੇ ਏਕਤਾ ਨੂੰ ਵਿਸ਼ਾਲ ਤੇ ਹੋਰ ਮਜਬੂਤ ਕਰਦਿਆਂ ਹੁਸ਼ਿਆਰਪੁਰ ਜਿਲ੍ਹੇ ਵਿੱਚ ਸ਼ਾਮਲ ਹੋਣ ਲਈ ਵਧਾਈ ਦਿੱਤੀ।

ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆ ਸੂਬਾ ਪ੍ਰੈਸ ਸਕੱਤਰ ਬਲਵੀਰ ਸਿੰਘ ਸੈਣੀ ਨੇ ਦੱਸਿਆ ਕਿ ਮੀਟਿੰਗ ਵਿੱਚ ਕਰਮਵਾਰ ਬੋਲਦਿਆ ਸ਼ਮਸੇਰ ਸਿੰਘ ਧਾਮੀ ਤਹਿਸੀਲ ਪ੍ਰਧਾਨ ਹੁਸ਼ਿਆਰਪੁਰ, ਕ੍ਰਿਪਾਲ ਸਿੰਘ, ਪਿਆਰਾ ਸਿੰਘ ਪ੍ਰਧਾਨ ਗੜ੍ਹਸ਼ੰਕਰ, ਗਿਆਨ ਸਿੰਘ ਗੁਪਤਾ ਪ੍ਰਧਾਨ ਤਲਵਾੜਾ, ਸੂਬਾ ਪ੍ਰੈਸ ਸਕੱਤਰ ਬਲਵੀਰ ਸਿੰਘ ਸੈਣੀ, ਸੁੱਖਦੇਵ ਸਿੰਘ ਢਿਲੋਂ ਜਨਰਲ ਸਕੱਤਰ ਰਾਟਾ, ਬਾਬੂ ਰਾਮ ਸਾਬਕਾ ਪ੍ਰਧਾਨ ਦਸੂਹਾ, ਦਲਬੀਰ ਸਿੰਘ ਪ੍ਰਧਾਨ ਦਸੂਹਾ, ਅਜੀਤ ਸਿੰਘ ਗੁਰਾਇਆ ਪ੍ਰਧਾਨ ਤਹਿਸੀਲ ਟਾਂਡਾ, ਵਿਜੈ ਕੁਮਾਰ ਭਾਟੀਆ ਦਸੂਹਾ, ਮਦਨ ਲਾਲ ਸੈਣੀ ਨੇ ਪੰਜਾਬ ਸਟੇਟ ਪੈਨਸ਼ਨਰਜ਼ ਕੰਨਫੈਡਰੇਸ਼ਨ ਰਜਿ: ਦੀ ਸਾਲ 2023-25 ਲਈ 14 ਮਾਰਚ 2023 ਨੂੰ ਪੰਜਾਬ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਕਨਫੈਡਰੇਸ਼ਨ ਦੀ ਹੋਈ ਸੂਬਾਈ ਚੋਣ ਦੇ ਸਬੰਧ ਵਿੱਚ ਚੋਣ ਵਿੱਚ ਭਾਗ ਲੈਣ ਵਾਲੇ ਡੀਲੀਗੇਟਾਂ ਨੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਉਨ੍ਹਾਂ ਕੇਂਦਰ ਤੇ ਪੰਜਾਬ ਸਰਕਾਰ ਵਲੋਂ ਪੁਰਾਣੀ ਪੈਨਸ਼ਨ ਬਹਾਲ ਨਾ ਕਰਨ ਅਤੇ ਪੈਨਸ਼ਨਰਾਂ ਤੇ 6ਵਾਂ ਤਨਖਾਹ ਕਮਿਸ਼ਨ ਲਾਗੂ ਨਾ ਕਰਕੇ ਪੂਰਾ ਲਾਭ ਨਾ ਦੇਣ, ਡੀ.ਏ. ਦੀਆਂ ਕਿਸ਼ਤਾਂ ਲਾਗੂ ਨਾ ਕਰਨ, ਏਰੀਅਰ ਨਾ ਦੇਣ, ਮੈਡੀਕਲ ਭੱਤਾ 2000 ਰੁਪਏ ਪ੍ਰਤੀ ਮਹੀਨਾ ਨਾ ਕਰਨ, ਕੈਸ਼ਲੈਸ ਮੈਡੀਕਲ ਹੈਲਥ ਸਕੀਮ ਲਾਗੂ ਨਾ ਕਰਨ ਅਤੇ ਕਾਰਪੋਰੇਟਾਂ ਦੇ ਇਸ਼ਾਰੇ ਤੇ ਦਿੱਤੀ ਜਾ ਰਹੀ ਪੈਨਸ਼ਨ ਤੇ ਵੀ ਭੈੜੀ ਨਿਗ੍ਹਾ ਰੱਖਣ ਦੇ ਮਾੜੇ ਸੰਕੇਤਾਂ ਦਾ ਵੀ ਵਰਨਣ ਕਰਕੇ ਕੇਂਦਰ ਅਤੇ ਪੰਜਾਬ ਸਰਕਾਰ ਦੀ ਅਲੋਚਨਾ ਕਰਦਿਆ ਤਿੱਖੇ ਸੰਘਰਸ਼ ਕਰਨ ਦੀ ਚਿਤਾਵਨੀ ਦਿੱਤੀ। ਅੰਤ ਵਿੱਚ ਕਨਫੈਡਰੇਸ਼ਨ ਦੇ ਸੂਬਾ ਜਨਰਲ ਸਕੱਤਰ ਤੇ ਜਿਲ੍ਹਾ ਪ੍ਰਧਾਨ ਕੁਲਵਰਨ ਸਿੰਘ ਨੇ ਹਾਜਰ ਸਾਥੀਆਂ ਨੂੰ 14 ਮਾਰਚ 2023 ਨੂੰ ਪੰਜਾਬ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਕਨਫੈਡਰੇਸ਼ਨ ਦੀ ਹੋਈ ਸੂਬਾਈ ਚੋਣ, ਜੱਥੇਬੰਦਕ ਸੰਘਰਸ਼ਾਂ ਅਤੇ ਸਰਕਾਰ ਨਾਲ ਹੋਈਆਂ ਮੀਟਿੰਗਾਂ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਅਤੇ ਬੁਲਾਰਿਆ ਅਤੇ ਮੈਂਬਰਾਂ ਦੇ ਸਵਾਲਾਂ ਦੇ ਜਵਾਬ ਦਿੱਤੇ। ਇਸ ਮੌਕੇ ਸੁਦੇਸ਼ ਚੰਦਰ ਸ਼ਰਮਾਂ, ਸਰੂਪ ਚੰਦ ਗੜ੍ਹਸ਼ੰਕਰ, ਬਲਵੰਤ ਰਾਮ, ਉਤਮ ਸਿੰਘ, ਧਰਮਪਾਲ ਸਿੰਘ, ਅਵਤਾਰ ਸਿੰਘ, ਅਮੋਲਕ ਚੰਦ, ਰਵਿੰਦਰਪਾਲ ਸ਼ਰਮਾ, ਦਲਜੀਤ ਸਿੰਘ ਆਦਿ ਅਨੇਕਾਂ ਪੈਨਸ਼ਨਰ ਸਾਥੀ ਹਾਜਰ ਸਨ।

# ਸਿੱਖਿਆ ਦਾ ਉਜਾੜਾ ਕਰਨ ਵਾਲੀਆਂ ਨੀਤੀਆਂ ਲਾਗੂ ਕਰਨ ਖਿਲਾਫ਼ ਰੈਲੀ 30 ਨੂੰ



**ਮਾਹਿਲਪੁਰ ( ਸਫਰੀ )** ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੀ ਸੂਬਾ ਕਮੇਟੀ ਦੇ ਦਿੱਤੇ 5 ਤੋਂ 20 ਅਪ੍ਰੈਲ 'ਸੰਘਰਸ਼ੀ ਪੰਦਰਵਾੜਾ' 'ਚ ਭਰਵੇਂ ਡੈਪੂਟੇਸ਼ਨਾਂ ਦੇ ਰੂਪ ਵਿੱਚ ਵਿਧਾਇਕਾਂ ਰਾਹੀਂ ਮੁੱਖ ਮੰਤਰੀ ਵੱਲ ਅਧਿਆਪਕਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਸੰਬੰਧੀ ਮੰਗ ਪੱਤਰ ਅਤੇ ਨਵੀਂ ਸਿੱਖਿਆ ਨੀਤੀ ਅਤੇ ਸਕੂਲ ਆਫ਼ ਐਮੀਨੈਂਸ ਸੰਬੰਧੀ ਸਵਾਲ ਪੱਤਰ ਦੇ ਰੂਪ 'ਚ ਸਵਾਲ ਉਠਾਉਣ ਦੇ ਸੱਦੇ ਤਹਿਤ ਇੱਥੇ ਅਨੰਦਪੁਰ ਸਾਹਿਬ ਰੋਡ ਸਥਿਤ ਸਥਾਨਕ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੋੜੀ ਨੂੰ ਡੈਮੋਕਰੈਟਿਕ ਟੀਚਰਜ ਫਰੰਟ ਦੀ ਸਥਾਨਕ ਇਕਾਈ ਦਾ ਇੱਕ ਵਫਦ ਜਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ ਦੀ ਅਗਵਾਈ ਹੇਠ ਮਿਲਿਆ ਜਿਸ ਵਿੱਚ ਅਧਿਆਪਕਾਂ ਨੂੰ ਦਰਪੇਸ਼ ਮੰਗਾਂ ਤੇ ਸਮੱਸਿਆਵਾਂ ਵਾਰੇ ਵਿਸਥਾਰ ਸਹਿਤ ਚਰਚਾ ਕੀਤੀ।

ਡੀ ਟੀ ਐੱਫ ਦੇ ਸੂਬਾ ਜਨਰਕ ਸਕੱਤਰ ਮੁਕੇਸ਼ ਕੁਮਾਰ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਨਿੱਜੀਕਰਨ, ਕੇਂਦਰੀਕਰਨ ਅਤੇ ਭਗਵੇਕਰਨ ਪੱਖੀ ਨਵੀਂ ਸਿੱਖਿਆ ਨੀਤੀ 2020 ਨੂੰ ਮੁੱਢੋ ਰੱਦ ਕਰਨ ਦਾ ਮਤਾ ਪਾਸ ਕੀਤਾ। ਇਸ ਸਮੇ ਵਫਦ ਵਿੱਚ ਡੀ ਟੀ ਐੱਫ ਦੇ ਆਗੂ ਕਰਨੈਲ ਸਿੰਘ, ਰਮੇਸ਼ ਕੁਮਾਰ, ਮਨਜੀਤ ਸਿੰਘ, ਸੱਤਪਾਲ ਕਲੇਰ ,ਵਿਨੇ ਕੁਮਾਰ , ਪ੍ਰਦੀਪ ਕੁਮਾਰ, ਬਲਜੀਤ ਕੁਮਾਰ ਬੋੜਾ, ਦਿਲਬਾਗ ਸਿੰਘ, ਹਰੀ ਰਾਮ,ਅਸ਼ਨੀ ਕੁਮਾਰ,ਕੁਲਵਿੰਦਰ ਸਿੰਘ,ਹਰਪਿੰਦਰ ਕੁਮਾਰ,ਅਸ਼ਵਨੀ ਕੁਮਾਰ, ਵਿਸ਼ਾਲ ਕੁਮਾਰ, ਬਾਬੂ ਮਨਜਿੰਦਰ ਕੁਮਾਰ,ਸਰੂਪ ਰਾਮ ਅਤੇ ਹੰਸ ਰਾਜ ਗੜ੍ਹਸ਼ੰਕਰ ਆਦਿ ਸ਼ਾਮਲ ਸਨ। ਅੰਤ ਵਿੱਚ ਆਗੂਆਂ ਨੇ ਦੱਸਿਆ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਅਧਿਆਪਕਾਂ ਦੀਆਂ ਹੱਕੀ ਮੰਗਾਂ ਨੂੰ ਹੱਲ ਨਾ ਕੀਤਾ ਤਾਂ ਇਹਨਾਂ ਮੰਗਾਂ ਤੇ ਸਿੱਖਿਆ ਦਾ ਉਜਾੜਾ ਕਰਨ ਵਾਲੀਆਂ ਨੀਤੀਆਂ ਲਾਗੂ ਕਰਨ ਖਿਲਾਫ਼ 30 ਅਪ੍ਰੈਲ (ਐਤਵਾਰ) ਨੂੰ ਜਲੰਧਰ ਵਿਖੇ ਹਜ਼ਾਰਾਂ ਅਧਿਆਪਕਾਂ ਦੀ ਵਿਸ਼ਾਲ ਰੈਲੀ ਕੀਤੀ ਜਾਵੇਗੀ।

# ਵੁਡਬਰੀ ਇੰਟਰਨੈਸ਼ਨਲ ਪਬਲਿਕ ਸਕੂਲ ਭੋਗਪੁਰ ਦਾ ਨਵਾਂ ਸੈਸ਼ਨ ਸ਼ੁਰੂ




**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਇਸ ਨਵੇਂ ਸ਼ੈਸਨ ਦੇ ਦੌਰਾਨ ਬੱਚਿਆਂ ਨੂੰ ਪਿੰਡ ਸੂਸਾਂ ਦੇ ਗੁਰਦੁਆਰਾ ਸਾਹਿਬ ਬਾਬਾ ਜਵਾਹਰ ਦਾਸ ਜੀ ਵਿਖੇ ਮੱਥਾ ਟੇਕਣ ਲਈ ਲਿਜਾਇਆ ਗਿਆ ਜਿਸ ਵਿਚ ਚੇਅਰਮੈਨ ਇੰਜੀਨੀਅਰ ਸੁਖਵਿੰਦਰ ਸਿੰਘ, ਚੇਅਰਪਰਸਨ ਸ੍ਰੀਮਤੀ ਪਰਮਜੀਤ ਕੌਰ, ਸਕੂਲ ਦੇ ਪ੍ਰਿੰਸੀਪਲ, ਨਰਸਰੀ ਤੋਂ 10ਵੀਂ ਦੇ ਵਿਦਿਆਰਥੀ ਅਤੇ ਸਮੂਹ ਸਟਾਫ ਸਾਮਲ ਸਨ। ਇਸ ਦੌਰਾਨ ਗੁਰਦੁਆਰਾ ਸਾਹਿਬ ਪਹੁੰਚ ਕੇ ਅਰਦਾਸ ਕਰਵਾਈ ਗਈ ਤਾਂ ਜੋ ਨਵਾਂ ਸ਼ੈਸਨ ਵਧੀਆ ਤਰੀਕੇ ਨਾਲ ਚੱਲ ਸਕੇ ਅਤੇ ਪਰਮਾਤਮਾ ਦਾ ਆਸਰਾ ਓਟ ਤੱਕਦੇ ਹੋਏ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਦੀ ਅਰਦਾਸ ਕਰਵਾਈ ਗਈ ਅਤੇ ਫਿਰ ਗੁਰਦੁਆਰਾ ਸਾਹਿਬ ਤੋਂ ਵਾਪਿਸ ਆ ਕੇ ਸਕੂਲ ਵਿਚ ਪ੍ਰੀ-ਵਿੰਗ ਦੀਆਂ ਅਧਿਆਪਿਕ ਸ੍ਰੀਮਤੀ ਜੋਤੀ, ਸ੍ਰੀਮਤੀ ਅਨੀਤਾ, ਸ੍ਰੀਮਤੀ ਗਿਆਨ ਕੌਰ ਅਤੇ ਮਨਦੀਪ ਕੌਰ ਨੇ ਪਰੀਆਂ ਬਣਕੇ ਬੱਚਿਆਂ ਦਾ ਸਵਾਗਤ ਕੀਤਾ ਇਸ ਦੌਰਾਨ ਛੋਟੇ ਬੱਚਿਆਂ ਵਿੱਚ ਬਹੁਤ ਉਤਸਾਹ ਦੇਖਣ ਨੂੰ ਮਿਲਿਆ।


## ਉੱਤਰ ਰੇਲਵੇ



### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ.:- 770-W/169/WA-1/FZR/2022-23 ਤਾਰੀਕ 06.04.2023

ਮੰਡਲ ਇੰਜੀਨੀਅਰ-ਟ੍ਰੈਕ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਂ, ਅੰਤਮ ਮਿਤੀ 04.05.2023 ਸਮਾਂ 15.00 ਵਜੇ ਤਕ www.ireps.gov.in 'ਤੇ ਮੰਗ ਕੀਤੀ ਜਾਂਦੀ ਹੈ ਟੈਂਡਰਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਮੈਨੂੰਅਲ ਨਿਵਿਦਾ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਾਰਨ ਦੇ ਮਾਧਿਅਮ ਜਿਵੇਂ ਨੈਟ ਬੈਂਕਿੰਗ, ਡੇਬਿਟ ਕਰੇਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 06.04.2023 | 20.04.2023 | 04.05.2023 / 15:00 ਵਜੇ |

| ਲ.ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 07-2023-24-Track-DRM-FZR | ਫਿਰੋਜ਼ਪੁਰ ਮੰਡਲ ਵਿਚ ਰੇਲ ਅਤੇ ਵੇਲਡ ਅਲਟ੍ਰਾ ਸੋਨਿਕ ਦੋਸ਼ ਜਾਂਚ ਪ੍ਰੀਖਸ਼ਣ ਦੀ ਆਊਟਸੋਰਸਿੰਗ। | | | |
| | | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | ₹ 2,15,17,429.14 /- | 2,57,600 /- | 60 ਦਿਨ | 10 ਮਹੀਨੇ |
| | | ਸਮਾਨ ਨੇਚਰ ਦਾ ਕੰਮ:- ਰੇਲਵੇ ਬੋਰਡ ਦੇ ਪੱਤਰ ਨੰਬਰ 217/ਟ੍ਰਿਕ-ਪੀ/9 92) ਸੈਕਸ਼ਨ III ਮਿਤੀ 07.03.2019 ਦੇ ਅਨੁਸਾਰ ਅਲਟ੍ਰਾ ਸੋਨਿਕ ਦੋਸ਼ ਜਾਂਚ ਦੇ ਲਈ ਆਰਡੀਐਸਓ ਦੁਆਰਾ ਅਨੁਮੋਦਿਤ/ਪ੍ਰਮਾਣਿਤ ਐਸਆਰਟੀ/ਡੀਆਰਟੀ ਹੈਂਡਹੋਲਡ ਟੇਸਟਰ ਦੁਆਰਾ ਰੇਲ/ਵੇਲਡ ਦਾ ਅਲਟ੍ਰਾ ਸੋਨਿਕ ਦੋਸ਼ ਜਾਂਚ ਪ੍ਰੀਖਸ਼ਣ ਦੀ ਏਜੰਸੀ। | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਤਰੁਟੀ ਲਈ ਅੰਗ੍ਰੇਜੀ ਵਰਜਨ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। 1065/23

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

8-APRIL-PAGE-10.qxd 4/7/2023 9:28 PM Page 1



# ਅਧਿਆਪਕਾਂ ਦੀਆਂ ਬਦਲੀਆਂ ਲਈ ਸਟੇਅ ਦੀ ਸ਼ਰਤ ਖ਼ਤਮ ਕਰੇ ਸਰਕਾਰ : ਡੀ ਟੀ ਐੱਫ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਨੇ ਅਧਿਆਪਕਾਂ ਦੀਆਂ ਬਦਲੀਆਂ ਲਈ ਸਟੇਅ ਦੀ ਸ਼ਰਤ ਪੂਰੀ ਤਰ੍ਹਾਂ ਖ਼ਤਮ ਕਰਨ ਦੀ ਮੰਗ ਕੀਤੀ ਹੈ ਤਾਂ ਜੁ ਦੂਰ-ਦੁਰਾਡੇ ਨੌਕਰੀ ਕਰ ਰਹੇ ਅਧਿਆਪਕਾਂ ਨੂੰ ਤੁਰੰਤ ਰਾਹਤ ਮਿਲ ਸਕੇ ਤੇ ਬੀਤੇ ਸਮੇਂ ਵਿੱਚ ਹਾਦਸਿਆਂ 'ਚ ਕੀਮਤੀ ਜਾਨਾਂ ਗਵਾਉਣ ਦੀਆਂ ਵਾਪਰੀਆਂ ਸੈਂਕੜੇ ਘਟਨਾਵਾਂ ਨੂੰ ਭਵਿੱਖ ਵਿੱਚ ਵਾਪਰਨ ਤੋਂ ਰੋਕਿਆ ਜਾ ਸਕੇ।ਡੀਟੀਐੱਫ ਫ਼ਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਬਲਰਾਮ ਸ਼ਰਮਾ ਤੇ ਜਨਰਲ ਸਕੱਤਰ ਰਾਜਦੀਪ ਸੰਧੂ ਨੇ ਕਿਹਾ ਕਿ ਸਿੱਖਿਆ ਪ੍ਰਦਾਨ ਕਰਨਾ ਇੱਕ ਸਿਰਜਣਾਤਮਕ ਕਾਰਜ ਹੈ ਤੇ ਸੁਖਾਵੀਂਆਂ ਸੇਵਾ ਹਾਲਤਾਂ ਵਿੱਚ ਹੀ ਅਧਿਆਪਕ ਵਲੋਂ ਆਪਣੇ ਫ਼ਰਜ਼ ਦੀ ਪੂਰਤੀ ਸਹੀ ਸੰਦਰਭ ਵਿੱਚ ਕੀਤੀ ਜਾ ਸਕਦੀ ਹੈ। ਸੈਂਕੜੇ ਮੀਲਾਂ ਦਾ ਸਫ਼ਰ ਰੋਜ਼ਾਨਾ ਤੈਅ ਕਰਕੇ ਸਕੂਲ ਜਾਣ ਵਾਲੇ ਅਧਿਆਪਕਾਂ ਦੀ ਮਾਨਸਿਕ ਸਥਿਤੀ ਬਾਰੇ ਸਹਿਜੇ ਹੀ ਅੰਦਾਜ਼ਾ ਲਾਇਆ ਜਾ ਸਕਦਾ ਹੈ।ਆਗੂਆਂ ਨੇ ਕਿਹਾ ਕਿ ਆਪਸੀ ਬਦਲੀ 'ਤੇ ਕਿਸੇ ਵੀ ਤਰ੍ਹਾਂ ਦੀ ਸ਼ਰਤ ਨਹੀਂ ਹੋਣੀ ਚਾਹੀਦੀ ਤੇ ਸਰਕਾਰ ਨੂੰ ਇਸ ਸਬੰਧੀ ਹਰ ਤਰ੍ਹਾਂ ਦੀਆਂ ਸ਼ਰਤਾਂ ਤੁਰੰਤ ਖ਼ਤਮ ਕਰਨੀਆਂ ਚਾਹੀਦੀਆਂ ਹਨ। ਸੀਨੀਅਰ ਮੀਤ ਪ੍ਰਧਾਨ ਯੁੱਧਜੀਤ ਸਰਾਂ, ਜਥੇਬੰਦਕ ਸਕੱਤਰ ਗੁਰਦੇਵ ਸਿੰਘ ਭਾਗੋਕੇ, ਮੀਤ ਪ੍ਰਧਾਨ ਉਡੀਕ ਚਾਵਲਾ, ਵਿੱਤ ਸਕੱਤਰ ਗਗਨ ਬਰਾੜ ਤੇ ਪ੍ਰੈੱਸ ਸਕੱਤਰ ਅਜੇ ਪਵਾਰ ਨੇ ਮੰਗ ਕੀਤੀ ਕਿ ਬਾਰਡਰ ਏਰੀਏ ਵਿੱਚ ਨੌਕਰੀ ਕਰ ਰਹੇ, ਆਪਣੀ ਸਥਾਈ ਰਿਹਾਇਸ਼ ਤੋਂ ਸੈਂਕੜੇ ਕਿਲੋਮੀਟਰ ਦੂਰ ਨੌਕਰੀ ਕਰ ਰਹੇ, ਨਵ-ਵਿਆਹੀਆਂ ਲੜਕੀਆਂ, ਅਪੰਗ, ਵਿਧਵਾਵਾਂ, ਕਰੌਨਿਕ ਬਿਮਾਰੀਆਂ ਤੋਂ ਪੀੜਤ ਅਧਿਆਪਕਾਂ ਦੀਆਂ ਬਦਲੀਆਂ ਪਹਿਲ ਦੇ ਆਧਾਰ 'ਤੇ ਬਿਨਾਂ ਕਿਸੇ ਵੀ ਸ਼ਰਤ 'ਤੇ ਤੁਰੰਤ ਕੀਤੀਆਂ ਜਾਣ, ਪ੍ਰਾਇਮਰੀ ਦੀਆਂ ਬਦਲੀਆਂ ਪਹਿਲਾਂ ਅੰਤਰ ਜ਼ਿਲ੍ਹਾ ਤੇ ਫਿਰ ਜ਼ਿਲ੍ਹੇ ਵਿੱਚ ਕੀਤੀਆਂ ਜਾਣ, ਹੋਣ ਵਾਲੀਆਂ ਅਤੇ ਪਹਿਲਾਂ ਹੋਈਆਂ ਬਦਲੀਆਂ ਲਈ ਰੱਦ ਦਾ ਹੱਕ ਵੀ ਦਿੱਤਾ ਜਾਵੇ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਆਪਣੀ ਨੀਤੀ ਦਰੁਸਤ ਕਰਕੇ ਬਦਲੀਆਂ ਸਬੰਧੀ ਅਧਿਆਪਕ ਨਾਲ ਇਨਸਾਫ਼ ਨਹੀਂ ਕਰੇਗੀ ਤਾਂ ਜਥੇਬੰਦੀ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।ਇਸ ਮੌਕੇ ਬਲਾਕ ਸਕੱਤਰ ਗੁਰਪ੍ਰੀਤ ਮੱਲੋਕੇ, ਕਮੇਟੀ ਮੈਂਬਰ ਸੰਤੋਖ ਸਿੰਘ, ਰਾਜ ਕੁਮਾਰ, ਦਰਸ਼ਨ ਸਿੰਘ, ਗੁਰਪ੍ਰੀਤ ਸਿੰਘ, ਹੁਸ਼ਿਆਰ ਸਿੰਘ, ਪਰਮਜੀਤ ਕੌਰ, ਜਯੋਤੀ ਬਾਲਾ, ਜਸਕਰਨ ਮਾਨ, ਸੰਦੀਪ ਕੌਰ ਤੇ ਸਰਬਜੀਤ ਕੌਰ ਹਾਜ਼ਰ ਸਨ।

# ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਬਚਨਬੱਧ : ਜੌੜਾਮਾਜਰਾ



**ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ, ਬਾਗਬਾਨੀ, ਰੱਖਿਆ ਸੇਵਾਵਾਂ ਤੇ ਸੁਤੰਤਰਤਾ ਸੰਗਰਾਮੀ ਭਲਾਈ ਵਿਭਾਗ ਦੇ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬਾ ਨਿਵਾਸੀਆਂ ਨੂੰ ਬੇਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਜੌੜਾਮਾਜਰਾ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ਰੋਟਰੀ ਕਲੱਬ, ਪਟਿਆਲਾ ਦੇ ਸਹਿਯੋਗ ਨਾਲ ਪਿੰਡ ਕਲਿਆਣ ਦੇ ਗੁਰਦੁਆਰਾ ਸਾਹਿਬ ਵਿਖੇ ਲਾਏ ਮੈਡੀਕਲ ਕੈਂਪ ਦਾ ਉਦਘਾਟਨ ਕਰਨ ਪੁੱਜੇ ਹੋਏ ਸਨ। ਉਨ੍ਹਾਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੁੰਦਿਆਂ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ।

ਚੇਤਨ ਸਿੰਘ ਜੌੜਾਮਾਜਰਾ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੀ.ਐਮ. ਦੀ ਯੋਗਸ਼ਾਲਾ ਸ਼ੁਰੂ ਕਰਨ ਨੂੰ ਪੰਜਾਬੀਆਂ ਦੀ ਸਿਹਤ ਲਈ ਇੱਕ ਵੱਡਾ ਤੋਹਫ਼ਾ ਦੱਸਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਤੰਦਰੁਸਤ, ਹੱਸਦਾ, ਖੇਡਦਾ ਤੇ ਰੰਗਲਾ ਪੰਜਾਬ ਬਣਾਉਣਾ ਚਾਹੁੰਦੀ ਹੈ, ਜਿਸ ਲਈ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ 'ਚ ਸਰਕਾਰ ਦੀਆਂ ਵੱਖ-ਵੱਖ ਸੰਸਥਾਵਾਂ ਦੇ ਨਾਲ-ਨਾਲ ਗ਼ੈਰ ਸਰਕਾਰੀ ਸਮਾਜ ਸੇਵੀ ਸੰਸਥਾਵਾਂ ਦਾ ਯੋਗਦਾਨ ਵੀ ਅਹਿਮ ਹੈ।

ਸ੍ਰੀ ਜੌੜਾਮਾਜਰਾ ਨੇ ਪਿੰਡ ਦੇ ਵਸਨੀਕਾਂ ਨੂੰ ਵਿਆਪਕ ਵਿਸ਼ੇਸ਼ ਦੇਖਭਾਲ ਤੱਕ ਆਸਾਨ ਪਹੁੰਚ ਪ੍ਰਦਾਨ ਕਰਨ ਲਈ ਯੂਨੀਵਰਸਿਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਤੇ ਰੋਟਰੀ ਕਲੱਬ ਵੱਲੋਂ ਕਲਿਆਣ ਤੇ ਨੇੜਲੇ ਪਿੰਡਾਂ ਦੇ ਲੋਕਾਂ ਦੀ ਮੁਫ਼ਤ ਸਿਹਤ ਜਾਂਚ ਤੇ ਦਵਾਈਆਂ ਦੇਣ ਦੇ ਲਾਏ ਗਏ ਕੈਂਪ ਦੀ ਪ੍ਰਸੰਸਾ ਕਰਦਿਆਂ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਅਜਿਹੇ ਉਪਰਾਲੇ ਲਗਾਤਾਰ ਜਾਰੀ ਰਹਿਣੇ ਚਾਹੀਦੇ ਹਨ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਯੂਨੀਵਰਸਿਟੀ ਸਮਾਜ ਸੇਵਾ ਦੇ ਉਦੇਸ਼ ਨਾਲ ਵਿੱਦਿਆ ਦੇ ਪਸਾਰ ਦਾ ਕੰਮ ਕਰ ਰਹੀ ਹੈ। ਇਸ ਦੌਰਾਨ ਈ.ਐਨ.ਟੀ. ਮਾਹਰ ਡਾ. ਬੀ.ਐਸ.ਸੋਹਲ, ਛਾਤੀ ਤੇ ਟੀ.ਬੀ. ਰੋਗਾਂ ਦੇ ਮਾਹਰ ਡਾ. ਵਿਸ਼ਾਲ ਚੋਪੜਾ, ਸਰਜਰੀ ਮਾਹਰ ਡਾ. ਏ.ਐਸ. ਗਰੋਵਰ, ਅੱਖਾਂ ਦੇ ਮਾਹਰ ਡਾ. ਜੇ.ਪੀ.ਐਸ ਸੋਢੀ, ਬੱਚਿਆਂ ਦੇ ਮਾਹਰ ਡਾ. ਕੀਰਤਪਾਲ ਕੌਰ, ਔਰਤਾਂ ਦੇ ਰੋਗਾਂ ਦੇ ਮਾਹਰ ਡਾ. ਅਨੂ ਪ੍ਰਭਾ ਤੇ ਆਡੀਓਲੋਜਿਸਟ ਡਾ. ਸਤਿਆਨੰਦ ਨੇ ਮਰੀਜਾਂ ਦਾ ਮੈਡੀਕਲ ਚੈੱਕਅਪ ਕੀਤਾ ਤੇ ਦਵਾਈਆਂ ਦਿੱਤੀਆਂ। ਇਸ ਤੋਂ ਇਲਾਵਾ ਦੰਦਾਂ ਤੇ ਨਿੱਜੀ ਸਫ਼ਾਈ ਦੇ ਮਹੱਤਵ, ਓਰਲ ਰੀਹਾਈਡ੍ਰੇਸ਼ਨ ਥੈਰੇਪੀ ਸਮੇਤ ਬਿਮਾਰੀਆਂ ਤੋਂ ਬਚਣ ਬਾਰੇ ਜਾਗਰੂਕ ਕੀਤਾ। ਕੈਂਪ ਦਾ 400 ਤੋਂ ਵੱਧ ਲੋਕਾਂ ਨੇ ਲਾਭ ਉਠਾਇਆ ਤੇ ਡਾਕਟਰਾਂ ਦੀ ਟੀਮ ਨੂੰ ਵੀ.ਸੀ. ਪ੍ਰੋ. ਕਰਮਜੀਤ ਸਿੰਘ ਨੇ ਸਨਮਾਨਤ ਕੀਤਾ।

ਸਮਾਗਮ ਦੌਰਾਨ ਓ.ਐਸ.ਡੀ. ਗੁਰਦੇਵ ਟਿਵਾਣਾ, ਬਲਕਾਰ ਸਿੰਘ ਗੱਜੂਮਾਜਰਾ, ਗੁਲਜ਼ਾਰ ਸਿੰਘ ਵਿਰਕ, ਪੀ.ਏ. ਸੁਰਜੀਤ ਸਿੰਘ ਗਾਜੀਪੁਰ, ਜਤਿੰਦਰ ਝੰਡੀ, ਰਜਿਸਟਰਾਰ ਪ੍ਰੋ. ਮਨਜੀਤ ਸਿੰਘ, ਚੀਫ਼ ਇੰਜਨੀਅਰ ਇੰਜ. ਐਚ.ਐਸ. ਤਲਵਾੜ, ਸਕੱਤਰ ਰੋਟਰੀ ਕਲੱਬ ਐਸ.ਕੇ. ਭਾਰਦਵਾਜ, ਡੀਨ ਅਕਾਦਮਿਕ ਮਾਮਲੇ ਪ੍ਰੋ: ਗੁਰਦੀਪ ਸਿੰਘ ਬੱਤਰਾ, ਅਧਿਆਪਕ ਤੇ ਕ੍ਰਮਚਾਰੀਆਂ ਤੋਂ ਇਲਾਵਾ ਪਿੰਡ ਵਾਸੀ ਵੀ ਮੌਜੂਦ ਸਨ।

# ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਵੱਲੋਂ 'ਦਿਸ਼ਾਹੀਣ ਨਾਦਾਨ ਪਰਿੰਦੇ' ਨਾਟਕ ਦੀ ਪੇਸ਼ਕਾਰੀ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਵੱਲੋਂ ਕਾਲਜ ਦੇ ਓਪਨ ਏਅਰ ਥੀਏਟਰ ਵਿਖੇ ਬਲਰਾਜ ਸਾਗਰ ਅਤੇ ਰਿਆਨ ਖਾਨ ਦਾ ਨਾਟਕ 'ਦਿਸ਼ਾਹੀਣ ਨਾਦਾਨ ਪਰਿੰਦੇ' ਖੇਡਿਆ ਗਿਆ, ਜਿਸ 'ਚ ਕਾਲਜ ਦੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕ ਸਹਿਬਾਨ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਇਸ ਨਾਟਕ ਦੀ ਨਿਰਦੇਸ਼ਨਾ ਕਾਲਜ ਦੇ ਪੱਤਰਕਾਰੀ ਵਿਭਾਗ ਦੇ ਵਿਦਿਆਰਥੀ ਸੁਖਦੇਵ ਸਿੰਘ ਵੱਲੋਂ ਬਾਖੂਬੀ ਕੀਤੀ ਗਈ ਅਤੇ ਕਾਲਜ ਦੇ ਵਿਦਿਆਰਥੀਆਂ ਗੁਰਪ੍ਰੀਤ ਬਰਗਾੜੀ, ਅਕਾਂਸਾ ਕਾਂਸਲ, ਮਨਦੀਪ ਸਿੰਘ ਮਨੀ, ਸਚਿਨ ਕੁਮਾਰ, ਰਵਿੰਦਰ ਸਿੰਘ ਰਵੀ ਅਤੇ ਮਨਦੀਪ ਸਿੰਘ ਲੋਟੇ ਵੱਲੋਂ ਇਸ ਨਾਟਕ ਵਿੱਚ ਵੱਖ-ਵੱਖ ਕਿਰਦਾਰ ਨਿਭਾਏ ਗਏ। ਇਸ ਮੌਕੇ ਉੱਘੇ ਲੇਖਕ ਅਤੇ ਸਿੱਖਿਆ ਸ਼ਾਸਤਰੀ ਪ੍ਰੋ. ਅੱਛਰੂ ਸਿੰਘ ਨੇ ਨਾਟਕ ਦੀ ਭਰਪੂਰ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੇ ਨਾਟਕ ਅਜੋਕੀ ਨੌਜਵਾਨ ਪੀੜ੍ਹੀ ਨੂੰ ਵੱਖ-ਵੱਖ ਮਹੱਤਵਪੂਰਨ ਸਮਾਜਕ ਮਸਲਿਆਂ ਪ੍ਰਤੀ ਚੇਤੰਨ ਅਤੇ ਜਾਗਰੂਕ ਕਰਦੇ ਹਨ ਅਤੇ ਸਮਾਜ ਦੀ ਅਸਲ ਤਸਵੀਰ ਪੇਸ਼ ਕਰਦੇ ਹਨ। ਉਨ੍ਹਾ ਨਾਟਕ 'ਚ ਭਾਗ ਲੈਣ ਵਾਲੇ ਸਭ ਵਿਦਿਆਰਥੀਆਂ ਨੂੰ ਵਧੀਆ ਪ੍ਰਦਰਸ਼ਨ ਕਰਨ 'ਤੇ ਆਪਣੀਆਂ ਪ੍ਰੇਰਨਾਦਾਇਕ ਪੁਸਤਕਾਂ ਭੇਟ ਕਰਕੇ ਸਨਮਾਨਤ ਵੀ ਕੀਤਾ। ਕਾਲਜ ਡਾਇਰੈਕਟਰ ਪ੍ਰਿੰ. ਡਾ. ਕਸ਼ਮੀਰ ਸਿੰਘ ਨੇ ਪ੍ਰੋ. ਅੱਛਰੂ ਸਿੰਘ ਦਾ ਧੰਨਵਾਦ ਕਰਦਿਆਂ ਅਤੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਵੱਲੋਂ ਖੇਡਿਆ ਗਿਆ ਇਹ ਨਾਟਕ ਸਮਾਜ ਨੂੰ ਸਹੀ ਸੇਧ ਦੇਣ ਵਾਲਾ ਹੈ ਅਤੇ ਰੰਗਮੰਚ ਸਮਾਜ ਦਾ ਸੁਧਾਰ ਅਤੇ ਵਿੱਦਿਆ ਦਾ ਪਸਾਰ ਕਰਨ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ। ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਇਸ ਨਾਟਕ ਨੇ ਨਸ਼ੇ ਦੀ ਸਮੱਸਿਆ ਅਤੇ ਭਰੂਣ ਹੱਤਿਆ ਆਦਿ ਸਮਾਜਕ ਅਲਾਮਤਾਂ ਬਾਰੇ ਜਾਗਰੂਕ ਕੀਤਾ ਹੈ। ਸਮਾਗਮ ਦੇ ਅਖੀਰ 'ਚ ਰਾਜਨੀਤੀ ਵਿਗਿਆਨ ਦੇ ਮੁਖੀ ਡਾ. ਸਤਨਾਮ ਸਿੰਘ ਵੱਲੋਂ ਧੰਨਵਾਦ ਮਤਾ ਪੇਸ਼ ਕੀਤਾ ਗਿਆ।

# ਭਾਰਤੀ ਜਨਤਾ ਪਾਰਟੀ ਨੇ 44ਵਾਂ ਸਥਾਪਨਾ ਦਿਵਸ ਧੂਮ-ਧਾਮ ਨਾਲ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਪੂਰੇ ਦੇਸ਼ ਵਿੱਚ ਭਾਜਪਾ ਦਾ 44ਵਾਂ ਸਥਾਪਨਾ ਦਿਵਸ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਗਿਆ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਜਪਾ ਦੇ 44ਵੇਂ ਸਥਾਪਨਾ ਦਿਵਸ 'ਤੇ ਅੱਜ ਦੇਸ਼ ਦੇ ਲੋਕਾਂ ਨੂੰ ਅਤੇ ਭਾਜਪਾ ਦੇ ਅਹੁਦੇਦਾਰਾਂ ਨੂੰ ਸੰਬੋਧਨ ਕੀਤਾ।

ਭਾਰਤੀ ਜਨਤਾ ਪਾਰਟੀ ਦੇ ਸ਼ਹਿਰੀ ਸਰਕਲ ਪ੍ਰਧਾਨ ਦੀਪਕ ਤਲਵਾੜ ਦੀ ਅਗਵਾਈ ਵਿੱਚ ਬੀ.ਜੇ.ਪੀ ਦੇ ਦਫ਼ਤਰ ਵਿਖੇ ਭਾਜਪਾ ਦਾ 44ਵਾਂ ਸਥਾਪਨਾ ਦਿਵਸ ਬਹੁਤ ਹੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਦਫਤਰ ਵਿਖੇ ਸਵੇਰੇ ਝੰਡਾ ਲਹਿਰਾਇਆ ਗਿਆ ਤੇ ਰਾਸ਼ਟਰੀ ਗਾਇਨ ਕੀਤਾ ਗਿਆ। ਇਸ ਮੌਕੇ ਹਲਕਾ ਇੰਚਾਰਜ ਗੁਰਮਿੰਦਰ ਸਿੰਘ ਬੱਬਲੂ, ਪ੍ਰਦੀਪ ਤਲਵਾੜ, ਪਵਨ ਸ਼ਰਮਾ, ਰਾਮ ਤੀਰਥ ਗੁੰਬਰ, ਡਾ.ਦੇਵ ਰਾਜ, ਯੂਥ ਮੋਰਚਾ ਦੇ ਪ੍ਰਧਾਨ ਗਗਨਦੀਪ ਲੂੰਬਾ, ਵਾਈਸ ਪ੍ਰਧਾਨ ਦੀਪਕ ਸ਼ਰਮਾ, ਸ਼ੁਭਾਸ ਸ਼ਰਮਾ, ਅਜੇ ਗੂੰਬਰ, ਰਾਜੇਸ਼ ਰਾਜਾ, ਪ੍ਰੇਮ ਪਾਲ ਗਰਗ, ਰੇਹੂ ਤਲਵਾੜ, ਰਿੰਕੂ ਤੇ ਹੋਰ ਸ਼ਾਮਲ ਸਨ। ਇਸ ਮੌਕੇ ਸਰਕਲ ਪ੍ਰਧਾਨ ਦੀਪਕ ਤਲਵਾੜ ਅਤੇ ਗੁਰਮਿੰਦਰ ਸਿੰਘ ਬੱਬਲੂ ਨੇ ਸੰਬੋਧਨ ਉਪਰੰਤ ਸਾਰਿਆਂ ਨੂੰ ਭਾਜਪਾ ਦੇ 44ਵੇਂ ਸਥਾਪਨਾ ਦਿਵਸ ਦੀਆਂ ਵਧਾਈਆ ਦਿੱਤੀਆਂ ਤੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇ ਵਰਕਰ ਅੱਜ ਦੇਸ਼ ਦੀ ਸੇਵਾ ਕਰ ਰਹੇ ਹਨ ਅਤੇ ਦੂਜੀ ਵਾਰ ਪ੍ਰਧਾਨ ਮੰਤਰੀ ਬਣ ਚੁੱਕੇ ਹਨ ਅਤੇ 2024 ਵਿੱਚ ਤੀਜੀ ਵਾਰ ਫਿਰ ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਬਣਨਗੇ ਤੇ ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਦੀਆਂ ਚੋਣਾਂ 'ਚ 15 ਵਾਰਡਾਂ ਦੇ ਅੰਦਰ ਬੀ.ਜੇ.ਪੀ ਦੇ ਵਰਕਰ ਖੜਨਗੇ ਤੇ 15 ਦੇ ਪੰਦਰਾਂ ਵਾਰਡਾਂ ਵਿੱਚੋਂ ਜਿੱਤ ਹਾਸਲ ਕਰਨਗੇ।

# .ਗਰੀਬ ਪਰਵਾਰ ਦੇ ਘਰ ਦੀ ਛੱਤ ਡਿੱਗੀ, ਸਰਕਾਰ ਤੋਂ ਮਦਦ ਦੀ ਮੰਗ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**

ਲਗਾਤਾਰ ਮੌਸਮ ਦੇ ਵਿਗੜੇ ਮਿਜਾਜ਼ ਤੇ ਬੇਮੌਸਮੀ ਬਾਰਿਸ਼ ਕਾਰਨ ਗਰੀਬ ਪਰਵਾਰ ਕੁਦਰਤ ਦੀ ਮਾਰ ਨੂੰ ਝੱਲ ਰਹੇ ਹਨ। ਘਰ ਦੀ ਛੱਤ ਡਿੱਗਣ ਕਾਰਨ ਹੋਰ ਮਾਲੀ ਨੁਕਸਾਨ ਹੋ ਗਿਆ, ਜਿਸ ਦੀ ਭਰਪਾਈ ਕਰਨੀ ਪਰਵਾਰ ਨੂੰ ਬਹੁਤ ਮੁਸ਼ਕਲ ਹੋ ਗਈ ਹੈ। ਇਸ ਲਈ ਪਰਵਾਰ ਨੇ ਪਿੰਡ ਦੇ ਸਰਪੰਚ ਰਾਹੀਂ ਸਰਕਾਰ ਤੋਂ ਉਮੀਦ ਕੀਤੀ ਹੈ ਕਿ ਜਿਸ ਤਰ੍ਹਾਂ ਭਗਵੰਤ ਮਾਨ ਸਰਕਾਰ ਨੇ ਕਿਸਾਨਾਂ ਦੇ ਹੋਏ ਨੁਕਸਾਨ ਦੀ ਸਹੀ ਤਰੀਕੇ ਨਾਲ ਗਿਰਦਾਵਰੀਆਂ ਕਰਾ ਕੇ ਨੁਕਸਾਨ ਦੀ ਭਰਪਾਈ ਕਰ ਰਹੇ ਹਨ, ਉਸੇ ਤਰ੍ਹਾਂ ਗਰੀਬਾਂ ਦੇ ਘਰਾਂ ਦੇ ਬਰਸਾਤ ਕਾਰਨ ਡਿੱਗਣ ਨਾਲ ਹੋਏ ਨੁਕਸਾਨ ਦੀ ਵੀ ਸਰਕਾਰ ਭਰਪਾਈ ਕਰੇ।

ਪੀੜਤ ਪਰਵਾਰ ਦੇ ਮੁਖੀ ਸੋਕਾ ਸਿੰਘ ਪੁੱਤਰ ਸੰਧੀ ਸਿੰਘ ਪਿੰਡ ਅਰਾਈਆਂ ਵਾਲਾ ਨੇ ਦੱਸਿਆ ਕਿ ਕਰੀਬ 15 ਸਾਲ ਪਹਿਲਾਂ ਪੰਜਾਬ ਦੀ ਅਕਾਲੀ ਸਰਕਾਰ ਨੇ ਗਰੀਬਾਂ ਨੂੰ ਰਹਿਣ ਲਈ ਪਿੰਡ 'ਚ 5-5 ਮਰਲੇ ਘਰ ਬਣਾਉਣ ਨੂੰ ਦਿੱਤੇ ਸੀ। ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਉਸ ਦੀ ਛੱਤ ਡਿੱਗ ਗਈ, ਜਿਸ ਨਾਲ ਪਰਵਾਰ ਦੇ ਮੈਂਬਰਾਂ ਦੀ ਬੱਚਤ ਹੋ ਗਈ, ਪਰ ਘਰ ਦਾ ਨੁਕਸਾਨ ਹੋ ਗਿਆ। ਸਰਪੰਚ ਕਿਰਨਦੀਪ ਕੌਰ ਪਿੰਡ ਅਰਾਈਆਂ ਵਾਲਾ ਨੇ ਦੱਸਿਆ ਕਿ ਮੈਂ ਖੁਦ ਪਰਿਵਾਰ ਦੇ ਘਰ ਪਹੁੰਚ ਕੇ ਘਰ ਦੇ ਨੁਕਸਾਨ ਨੂੰ ਦੇਖ ਕੇ ਆਈ ਹਾਂ। ਉਨ੍ਹਾਂ ਦੇ ਘਰ ਦੇ ਭਾਂਡੇ ਬਿਸਤਰੇ ਤੇ ਹੋਰ ਬਹੁਤ ਨੁਕਸਾਨ ਹੋਇਆ ਹੈ ਅਤੇ ਇੱਕ ਹੋਰ ਛੱਤ ਡਿੱਗਣ ਦੀ ਹਾਲਤ 'ਚ ਦਿਖਾਈ ਦੇ ਰਹੀ ਹੈ।



# .ਫਾਜ਼ਿਲਕਾ-.ਫਿਰੋਜ਼ਪੁਰ ਰੋਡ 'ਤੇ ਗੱਡੀ ਤੇ ਮੋਟਰਸਾਈਕਲ ਦੀ ਟੱਕਰ, ਇੱਕ ਜ਼ਖ਼ਮੀ

**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**

ਫ਼ਾਜ਼ਿਲਕਾ-ਫ਼ਿਰੋਜ਼ਪੁਰ ਰੋਡ ਤੇ ਪਿੰਡ ਥੇਹ ਕਲੰਦਰ ਦੇ ਨਜ਼ਦੀਕ ਗੱਡੀ ਅਤੇ ਮੋਟਰਸਾਇਕਲ ਦੀ ਟੱਕਰ ਹੋ ਜਾਣ ਕਾਰਨ ਹੋਏ ਹਾਦਸੇ 'ਚ ਮੋਟਰ ਸਾਇਕਲ ਚਾਲਕ ਗੰਭੀਰ ਜ਼ਖ਼ਮੀ ਹੋ ਗਿਆ। ਇਸ ਦੌਰਾਨ ਗੱਡੀ 'ਚ ਸਵਾਰ ਕੁਝ ਵਿਅਕਤੀ ਵੀ ਮਾਮੂਲੀ ਜ਼ਖ਼ਮੀ ਹੋ ਗਏ। ਜਾਣਕਾਰੀ ਅਨੁਸਾਰ ਵੀਰਵਾਰ ਦੁਪਹਿਰ ਦੋ ਵਜੇ ਦੇ ਕਰੀਬ ਇਕ ਗੱਡੀ 'ਚ ਅਬੋਹਰ ਨਿਵਾਸੀ ਚਾਰ ਵਿਅਕਤੀ ਫ਼ਾਜ਼ਿਲਕਾ ਤੋਂ ਫ਼ਿਰੋਜ਼ਪੁਰ ਜਾ ਰਹੇ ਸਨ। ਫ਼ਾਜ਼ਿਲਕਾ ਫ਼ਿਰੋਜ਼ਪੁਰ ਹਾਈਵੇ ਤੇ ਪਿੰਡ ਥੇਹ ਕਲੰਦਰ ਦੇ ਨਜ਼ਦੀਕ ਅੱਗੇ ਇੱਕ ਮੋਟਰ ਸਾਇਕਲ ਆ ਜਾਣ ਕਾਰਨ ਇਹ ਹਾਦਸਾ ਵਾਪਰਿਆ, ਜਿਸ ਤੋਂ ਬਾਅਦ ਮੋਟਰ ਸਾਇਕਲ ਚਾਲਕ ਪਿੱਛੋਂ ਆ ਰਹੀ ਗੱਡੀ ਦੀ ਚਪੇਟ ਵਿੱਚ ਆ ਗਿਆ। ਇਸ ਤੋਂ ਬਾਅਦ ਮੋਟਰਸਾਈਕਲ ਨਹਿਰ ਵਿੱਚ ਜਾ ਡਿੱਗਾ ਤੇ ਗੱਡੀ ਮੋਟਰ ਸਾਈਕਲ ਦੇ ਉੱਪਰ ਜਾ ਡਿੱਗੀ। ਇਸ ਤੋਂ ਬਾਅਦ ਆਸ-ਪਾਸ ਦੇ ਲੋਕਾਂ ਨੇ ਮੋਟਸਾਈਕਲ ਚਾਲਕ ਨੂੰ ਗੱਡੀ ਦੇ ਥੱਲਿਓਂ ਕੱਢਿਆ ਅਤੇ ਬਾਅਦ 'ਚ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ। ਇਸ ਹਾਦਸੇ 'ਚ ਗੱਡੀ ਚਾਲਕ ਨੂੰ ਵੀ ਮਾਮੂਲੀ ਚੋਟਾਂ ਆਈਆਂ। ਇਹ ਗੱਡੀ ਅਬੋਹਰ ਦੀ ਦੱਸੀ ਜਾ ਰਹੀ ਹੈ। ਗੱਡੀ ਦੇ ਮਾਲਕ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਨੇ ਆਪਣਾ ਨਾਂਅ ਆਰ ਡੀ ਗਰਗ ਦੱਸਿਆ। ਗੱਡੀ ਮਾਲਕ ਨੇ ਦੱਸਿਆ ਕਿ ਉਹ ਅਬੋਹਰ ਦੇ ਰਹਿਣ ਵਾਲੇ ਹਨ ਤੇ ਅਬੋਹਰ ਤੋਂ ਆ ਰਹੇ ਸਨ। ਜ਼ਖ਼ਮੀ ਮੋਟਰ ਸਾਈਕਲ ਚਾਲਕ ਗੁਰਮੀਤ ਸਿੰਘ (48) ਨਿਵਾਸੀ ਪਿੰਡ ਝੋਕ ਡੀਪੂਲਾਨਾ ਦੇ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਉਹ ਫ਼ਾਜ਼ਿਲਕਾ ਤੋਂ ਆਪਣੇ ਪਿੰਡ ਜਾ ਰਿਹਾ ਸੀ ਤਾਂ ਪਿੰਡ ਥੇਹ ਕਲੰਦਰ ਦੇ ਨਜ਼ਦੀਕ ਪਿੱਛੋਂ ਤੇਜ ਰਫਤਾਰ ਗੱਡੀ ਨੇ ਟੱਕਰ ਮਾਰ ਦਿੱਤੀ, ਜਿਸ ਤੋਂ ਬਾਅਦ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ 'ਚ ਦਾਖਲ ਕਰਾਇਆ ਗਿਆ, ਜਿੱਥੇ ਡਾਕਟਰਾਂ ਵੱਲੋਂ ਉਸਨੂੰ ਮੈਡੀਕਲ ਕਾਲਜ ਵਿਖੇ ਰੈਫਰ ਕਰ ਦਿੱਤਾ ਗਿਆ, ਪਰ ਉਹ ਉਸਨੂੰ ਇਲਾਜ ਲਈ ਬਠਿੰਡਾ ਵਿਖੇ ਲੈ ਕੇ ਜਾ ਰਹੇ ਹਨ।

# ਕੇਵਲ ਸਿੰਘ ਢਿੱਲੋਂ ਦੀ ਅਗਵਾਈ 'ਚ ਭਾਜਪਾ ਨੇ ਮਨਾਇਆ 44ਵਾਂ ਸਥਾਪਨਾ ਦਿਵਸ



**ਬਰਨਾਲਾ (ਰਜਿੰਦਰ ਬਰਾੜ, ਰਾਕੇਸ਼ ਨੀਟਾ)**

ਭਾਜਪਾ ਦਾ 44ਵਾਂ ਸਥਾਪਨਾ ਦਿਵਸ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਮੁੱਖ ਦਫ਼ਤਰ ਵਿਖੇ ਸੂਬਾ ਮੀਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਮਨਾਇਆ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਾਰਟੀ ਦੇ ਕੌਮੀ ਮੀਤ ਪ੍ਰਧਾਨ ਸੌਦਾਨ ਸਿੰਘ ਤੇ ਕੌਮੀ ਸਕੱਤਰ ਨਰਿੰਦਰ ਰੈਨਾ ਸ਼ਾਮਲ ਹੋਏ ਅਤੇ ਪਾਰਟੀ ਦਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਦੌਰਾਨ ਸੂਬਾ ਮੀਤ ਪ੍ਰਧਾਨ ਸੁਭਾਸ਼ ਸ਼ਰਮਾ ਤੇ ਹੋਰ ਪਾਰਟੀ ਦੇ ਆਗੂ ਤੇ ਵਰਕਰ ਵੀ ਹਾਜ਼ਰ ਸਨ।

ਇਸ ਮੌਕੇ ਕੇਵਲ ਸਿੰਘ ਢਿੱਲੋਂ ਨੇ ਪਾਰਟੀ ਦੇ 44ਵੇਂ ਸਥਾਪਨਾ ਦਿਵਸ ਦੀ ਪਾਰਟੀ ਦੇ ਹਰੇਕ ਵਰਕਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੰਗਠਨ ਦੀ ਸਥਾਪਨਾ ਦਾ ਦਿਨ ਕਿਸੇ ਵੀ ਸੰਗਠਨ ਦੇ ਵਰਕਰਾਂ ਲਈ ਬਹੁਤ ਖਾਸ ਹੁੰਦਾ ਹੈ। ਕੇਵਲ ਸਿੰਘ ਢਿੱਲੋਂ ਨੇ ਭਗਵਾਨ ਹਨੂੰਮਾਨ ਜਯੰਤੀ ਦੀ ਸਭ ਨੂੰ ਵਧਾਈ ਦਿੰਦਿਆਂ ਕਿਹਾ ਕਿ ਹਨੂੰਮਾਨ ਜੀ ਦਾ ਜੀਵਨ ਤੇ ਉਨ੍ਹਾਂ ਦੇ ਜੀਵਨ ਦੀਆਂ ਪ੍ਰਮੁੱਖ ਘਟਨਾਵਾਂ ਸਾਨੂੰ ਅੱਜ ਵੀ ਪ੍ਰੇਰਤ ਕਰਦੀਆਂ ਹਨ। 2014 ਤੋਂ ਪਹਿਲਾਂ ਭਾਰਤ ਦੀ ਸਥਿਤੀ ਬਹੁਤ ਮਾੜੀ ਸੀ, ਪਰ ਅੱਜ ਬਜਰੰਗ ਬਲੀ ਜੀ ਵਾਂਗ ਭਾਰਤ ਨੂੰ ਆਪਣੇ ਅੰਦਰ ਛੁਪੀਆਂ ਸ਼ਕਤੀਆਂ ਦਾ ਅਹਿਸਾਸ ਹੋਇਆ ਹੈ।

# ਸਪੋਰਟਸ ਪਾਰਕਾਂ 'ਚ ਖੁੱਡੀ ਕਲਾਂ ਤੇ ਕਰਮਗੜ੍ਹ ਵੀ ਸ਼ਾਮਲ : ਮੀਤ ਹੇਅਰ

**ਬਰਨਾਲਾ (ਰਜਿੰਦਰ ਬਰਾੜ, ਗੁਰਪ੍ਰੀਤ ਸਿੰਘ)**

ਜ਼ਿਲ੍ਹਾ ਬਰਨਾਲਾ ਦੇ ਹਰੇਕ ਬਲਾਕ ਵਿੱਚ 10 ਸਪੋਰਟਸ ਪਾਰਕ/ਖੇਡ ਸਟੇਡੀਅਮ ਤਿਆਰ ਕੀਤੇ ਜਾ ਰਹੇ ਹਨ ਤਾਂ ਜੁ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡ ਸਹੂਲਤਾਂ ਮੁਹੱਈਆ ਕਰਾਈਆਂ ਜਾ ਸਕਣ। ਇਹ ਪ੍ਰਗਟਾਵਾ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਪਿੰਡ ਖੁੱਡੀ ਕਲਾਂ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸਪੋਰਟਸ ਪਾਰਕ ਦੇ ਨੀਂਹ ਪੱਥਰ ਰੱਖਣ ਮੌਕੇ ਕੀਤਾ।

ਇਸ ਮਗਰੋਂ ਉਨ੍ਹਾਂ ਪਿੰਡ ਕਰਮਗੜ੍ਹ ਵਿਖੇ ਵੀ ਸਪੋਰਟਸ ਪਾਰਕ ਦਾ ਨੀਂਹ ਪੱਥਰ ਰੱਖਿਆ, ਜਿਸ 'ਤੇ ਤਕਰੀਬਨ 35 ਲੱਖ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਤਹਿਤ ਜ਼ਿਲ੍ਹੇ ਦੇ ਹਰੇਕ ਬਲਾਕ ਵਿੱਚ ਤਕਰੀਬਨ 10 ਸਪੋਰਟਸ ਪਾਰਕ ਬਣਾਉਣ ਦੀ ਯੋਜਨਾ ਹੈ, ਜਿਸ 'ਤੇ ਉਨ੍ਹਾਂ ਦੇ ਅਖ਼ਤਿਆਰੀ ਫੰਡਾਂ ਅਤੇ ਮਗਨਰੇਗਾ 'ਚੋਂ ਫੰਡ ਖਰਚੇ ਜਾਣਗੇ। ਇਸ ਤਰ੍ਹਾਂ ਜ਼ਿਲ੍ਹੇ 'ਚ ਲਗਭਗ 10 ਕਰੋੜ ਦੀ ਲਾਗਤ ਨਾਲ ਕਰੀਬ 30 ਸਪੋਰਟਸ ਪਾਰਕ ਬਣਾਉਣ ਲਈ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡ ਸਟੇਡੀਅਮਾਂ ਵਿੱਚ ਲੋੜ ਅਨੁਸਾਰ ਚਾਰਦੀਵਾਰੀ, ਟਰੈਕ, ਝੂਲੇ, ਘਾਹ, ਓਪਨ ਜਿੰਮ, ਖੇਡ ਮੈਦਾਨ, ਫੁਹਾਰਾ ਸਿੰਜਾਈ ਸਿਸਟਮ ਤੇ ਹੋਰ ਖੇਡ ਸਹੂਲਤਾਂ ਮੁਹੱਈਆ ਕਰਾਈਆਂ ਜਾਣਗੀਆਂ ਤਾਂ ਜੁ ਸਾਡੀ ਨੌਜਵਾਨੀ ਨੂੰ ਖੇਡਾਂ ਨਾਲ ਜੋੜਿਆ ਜਾ ਸਕੇ। ਇਸ ਮੌਕੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ, ਬੀਡੀਪੀਓ ਪ੍ਰਵੇਸ਼ ਕੁਮਾਰ, ਐਸਡੀਓ ਪੰਚਾਇਤੀ ਰਾਜ ਦੁੱਲਾ ਰਾਮ, ਪੰਚਾਇਤੀ ਮੈਂਬਰ ਤੇ ਹੋਰ ਪਤਵੰਤੇ ਹਾਜ਼ਰ ਸਨ।



# ਸ੍ਰੀ ਹਨੂੰਮਾਨ ਦੇ ਜਨਮ ਦਿਹਾੜੇ 'ਤੇ ਸੁੰਦਰ ਕਾਂਡ ਦੇ ਪਾਠ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰਾਮ ਨਰਾਇਣ ਗਿਰੀ ਮਹਾਰਾਜ, ਸਵਾਮੀ ਬ੍ਰਹਮ ਮੁਨੀ ਜਲਾਲ ਵਾਲੇ, ਭਗਵਾਨ ਦਾਸ ਜਵਾਲਾ ਜੀ ਵਾਲੇ ਅਤੇ ਮਹੰਤ ਲਵਕੁਸ਼ ਮੁਨੀ ਫੂਲ ਵਾਲੇ ਦੀ ਅਪਾਰ ਕਿਰਪਾ ਨਾਲ ਗੀਤਾ ਭਵਨ, ਫੈਕਟਰੀ ਰੋਡ, ਰਾਮਪੁਰਾਫੂਲ ਵਿਖੇ ਸ੍ਰੀ ਗਊ ਰਕਸ਼ਾ ਬਜਰੰਗ ਦਲ ਰਜਿ: ਰਾਮਪੁਰਾ ਫੂਲ, ਸਮੂਹ ਧਾਰਮਕ ਸੰਸਥਾਵਾਂ ਅਤੇ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਹਨੂੰਮਾਨ ਦੇ ਜਨਮ ਦਿਹਾੜੇ 'ਤੇ 11ਵਾਂ 1101 ਸਮੂਹਿਕ ਸ੍ਰੀ ਸੁੰਦਰ ਕਾਂਡ ਦੇ ਪਾਠ ਦਾ ਅਯੋਜਨ 8 ਅਪ੍ਰੈਲ ਨੂੰ ਸ਼ਾਮ 3 ਵਜੇ ਕੀਤਾ ਜਾਵੇਗਾ। ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਗੋਰਾ ਚੇਅਰਮੈਨ ਸ੍ਰੀ ਗਾਊ ਰਕਸ਼ਾ ਬਜਰੰਗ ਦਲ, ਸਚਿਨ ਕੁਮਾਰ ਪ੍ਰਧਾਨ, ਬਾਲਕਿਸ਼ਨ ਸੈਕਟਰੀ, ਉਪ ਪ੍ਰਧਾਨ ਦੀਪਕ ਜੋਨੀ ਅਤੇ ਕੈਸ਼ੀਅਰ ਪਵਨ ਕੁਮਾਰ ਨੇ ਇਸ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਸ ਤੋਂ ਪਹਿਲਾਂ ਸਵੇਰੇ 10 ਵਜੇ ਭਾਗਵਾ ਯਾਤਰਾ ਦਾ ਅਯੋਜਨ ਕੀਤਾ ਜਾਵੇਗਾ, ਇਹ ਯਾਤਰਾ ਗੀਤਾ ਭਵਨ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ 'ਚੋਂ ਲੰਘ ਕੇ ਵਾਪਸ ਗੀਤਾ ਭਵਨ ਵਿਖੇ ਹੀ ਸਮਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਮੌਕੇ ਪ੍ਰਸਿੱਧ ਕਥਾਵਾਚਕ ਰਾਮ ਤੀਰਥ ਜਲਾਲ ਵਾਲੇ ਪ੍ਰਵਚਨ ਕਰਨਗੇ ਅਤੇ ਇਸ ਸਮਰੋਹ 'ਚ ਭਾਜਪਾ ਪੰਜਾਬ ਦੇ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਓ ਬੀ ਸੀ ਪੰਜਾਬ ਦੇ ਪ੍ਰਧਾਨ ਰਜਿੰਦਰ ਬਿੱਟਾ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਨਗੇ।

# 'ਵਰਲਡ ਵਾਰ ਆ.ਫ ਟੇਲੈਂਟ ਸ਼ੋਅ' ਕਲਾ ਨੂੰ ਅੱਗੇ ਲਿਆਉਣ 'ਚ ਲਾਹੇਵੰਦ ਸਾਬਤ ਹੋਵੇਗਾ : ਸੰਗਦਿਲ/ਅਮਿਤ ਸਕਸੈਨਾ



**ਜਗਰਾਉਂ (ਸੰਜੀਵ ਅਰੋੜਾ)**

ਸਮਾਜ ਅੰਦਰ ਕਿਸੇ ਕਾਰਨਾਂ ਕਰਕੇ ਆਪਣੀ ਕਲਾ ਨੂੰ ਅੱਗੇ ਨਾ ਲਿਆ ਸਕਣ ਵਾਲੇ ਕਲਾਕਾਰਾਂ ਲਈ 'ਵਰਲਡ ਵਾਰ ਆਫ਼ ਟੇਲੰਟ ਸ਼ੋਅ' ਵਰਦਾਨ ਸਾਬਤ ਹੋਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼ੋਅ ਦੇ ਪ੍ਰੋਡਿਊਸਰ ਤੇ ਪ੍ਰਸਿੱਧ ਗੀਤਕਾਰ ਸੰਗਦਿਲ 47 ਤੇ ਡਾਇਰੈਕਟਰ ਅਮਿਤ ਸਕਸੈਨਾ ਨੇ ਕੀਤਾ।

ਇਸ ਮੌਕੇ ਪ੍ਰਸਿੱਧ ਗਾਇਕ ਪੰਮੀ ਬਾਈ, ਅਦਾਕਾਰ ਤਰਸੇਮ ਪੌਲ, ਅਦਾਕਾਰਾ ਗੁਰਪ੍ਰੀਤ ਭੰਗੂ, ਗਾਇਕ ਰਣਜੀਤ ਮਣੀ, ਅਦਾਕਾਰਾ ਰੁਪਿੰਦਰ ਰੂਪੀ, ਅਦਾਕਾਰ ਭੁਪਿੰਦਰ ਬਰਨਾਲਾ, ਪੰਜਾਬ ਐਗਰੋ ਦੇ ਚੇਅਰਮੈਨ ਸ਼ਮਿੰਦਰ ਸਿੰਘ ਖਿੰਡਾ ਨੇ ਬੋਲਦਿਆ ਸੰਗਦਿਲ 47 ਤੇ ਨਾਜ਼ ਫ਼ਿਲਮਜ਼ ਵੱਲੋਂ ਸ਼ੁਰੂ ਕੀਤੇ ਜਾ ਰਹੇ ਇਸ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤਾ। ਉਨ੍ਹਾਂ ਕਿਹਾ ਕਿ ਦੁਨੀਆਂ ਵਿਚ ਬਹੁਤ ਸਾਰੇ ਅਜਿਹੇ ਕਲਾਕਾਰ ਹਨ, ਜਿਨ੍ਹਾਂ ਨੂੰ ਆਪਣੀ ਕਲਾ ਨੂੰ ਦਰਸ਼ਕਾਂ ਅੱਗੇ ਪੇਸ਼ ਕਰਨ ਦਾ ਮੌਕਾ ਨਹੀਂ ਮਿਲਦਾ, ਕਿਉਂਕਿ ਅਰਥਿਕਤਾ ਕਈ ਕਲਾਕਾਰਾਂ ਦੀ ਕਲਾ 'ਤੇ ਭਾਰੂ ਪੈ ਜਾਂਦੀ ਹੈ, ਜਿਸ ਕਰਕੇ 'ਵਰਲਡ ਵਾਰ ਆਫ ਟੈਲੰਟ ਸ਼ੋਅ' ਸ਼ੁਰੂ ਕਰਨਾ ਕਲਾਕਾਰਾਂ ਲਈ ਬੇਹੱਦ ਲਾਹੇਵੰਦ ਸਾਬਤ ਹੋਵੇਗਾ। ਜ਼ਿਕਰਯੋਗ ਹੈ ਕਿ ਇਸ ਸ਼ੋਅ 'ਚ ਗਾਇਕੀ, ਡਾਂਸ, ਫੈਸ਼ਨ ਸਮੇਤ ਹੋਰ ਇੰਟਰਟੇਨਮੈਂਟ ਗਤੀਵਿਧੀਆ ਸੋਲੋ, ਡਿਊਟ ਜਾਂ ਗਰੁੱਪ ਦੇ ਰੂਪ ਵਿਚ ਭਾਗ ਲੈ ਸਕਦੇ ਹਨ।

ਸੰਗਦਿਲ 47 ਨੇ ਦੱਸਿਆ ਕਿ ਦੋ ਦਰਜਨ ਦੇ ਕਰੀਬ ਸਟੇਟਾਂ ਵਿੱਚ ਇਹ ਸ਼ੋਅ ਕਰਾਇਆ ਜਾਵੇਗਾ ਤੇ ਇਸ ਦਾ ਗ੍ਰੈਂਡ ਫਾਇਨਲ ਕੈਨੇਡਾ ਵਿੱਚ ਹੋਵੇਗਾ ਤੇ ਸ਼ੋਅ ਦੇ ਜੇਤੂਆ ਨੂੰ ਲੱਖਾਂ ਰੁਪਏ ਇਨਾਮ ਤੇ ਆਡੀਓ-ਵੀਡੀਓ ਵੀ ਕੀਤੀ ਜਾਵੇਗੀ। ਇਸ ਮੌਕੇ ਸਰਬਜੀਤ ਕੌਰ ਜੀਰਾ, ਜੋਬਨ ਮੋਤਲੇ ਵਾਲਾ, ਅਨੁਰਾਧਾ ਮਾਨ, ਸਤਿੰਦਰ ਸ਼ਰਮਾ ਤੇ ਪ੍ਰਵੀਨ ਕਾਲੜਾ ਆਦਿ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਨਤੀਜੇ ਰਹੇ ਸ਼ਾਨਦਾਰ



**ਸਮਰਾਲਾ (ਸੁਰਜੀਤ ਸਿੰਘ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਲੜਕੀਆਂ ਦੀ ਸਿੱਖਿਆ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮਨ ਝਾੜ ਸਾਹਿਬ ਦੀਆਂ ਵੱਖ-ਵੱਖ ਕਲਾਸਾਂ ਦੇ ਵੱਖ-ਵੱਖ ਸਮੈਸਟਰਾਂ ਦੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਲੋਂ ਐਲਾਨੇ ਗਏ ਸ਼ਾਨਦਾਰ ਨਤੀਜੇ ਆਉਣ 'ਤੇ ਜਿੱਥੇ ਕਾਲਜ ਦੀਆਂ ਅਧਿਆਪਕਾਵਾਂ ਦੇ ਮੂਡ ਬਾਗੋ ਬਾਗ ਹਨ, ਉੱਥੇ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਵਿੱਚ ਵੀ ਖ਼ੁਸ਼ੀ ਦੀ ਦੀ ਲਹਿਰ ਹੈ।

ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਿਹਾ ਕਿ ਮੁਕਾਬਲੇ ਦੇ ਦੌਰ ਵਿੱਚ ਕਾਲਜ ਦੀ ਮਿਆਰੀ ਸਿੱਖਿਆ ਹੀ ਸੰਸਥਾ ਦੀ ਵਿਲੱਖਣਤਾ ਹੈ। ਉਨ੍ਹਾਂ ਕਿਹਾ ਕਿ ਇਸ ਦੌਰ ਵਿੱਚ ਜੋ ਵਿਦਿਆਰਥੀ ਮਿਹਨਤ ਕਰਕੇ ਚੰਗੇ ਨੰਬਰ ਹਾਸਲ ਕਰੇਗਾ, ਉਹ ਆਪਣਾ ਕੈਰੀਅਰ ਸਹੀ ਢੰਗ ਨਾਲ ਉਸਾਰੇਗਾ ਤੇ ਜੋ ਕੈਰੀਅਰ ਪ੍ਰਤੀ ਅਵੇਸਲਾ ਰਹੇਗਾ, ਉਸਦਾ ਭਵਿੱਖ ਧੁੰਦਲਾ ਹੀ ਰਹਿ ਜਾਵੇਗਾ। ਉਨ੍ਹਾਂ ਕਿਹਾ ਕਿ ਝਾੜ ਸਾਹਿਬ ਕਾਲਜ ਦਾ ਪਿਛਲੇ ਸਮੇਂ ਤੋਂ ਇਹ ਸ਼ਾਨਦਾਰ ਇਤਿਹਾਸ ਰਿਹਾ ਹੈ ਕਿ ਉਸਦੀਆਂ ਅਧਿਆਪਕਾਵਾਂ ਤੇ ਵਿਦਿਆਰਥਣਾਂ ਦੀ ਸਖਤ ਮਿਹਨਤ ਦਾ ਸਦਕਾ ਸਾਰੀਆਂ ਕਲਾਸਾਂ ਤੇ ਸਮੈਸਟਰਾਂ ਦੇ ਸ਼ਾਨਦਾਰ ਨਤੀਜੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਕਾਲਜ ਲਈ ਫਖਰ ਦੀ ਗੱਲ ਹੈ ਅਤੇ ਭਵਿੱਖ ਵਿੱਚ ਵੀ ਇਹ ਰਵਾਇਤ ਇਸੇ ਤਰ੍ਹਾਂ ਕਾਇਮ ਰਹੇਗੀ। ਉਨ੍ਹਾਂ ਕਲਾਸਾਂ ਵਿੱਚ ਚੰਗੇ ਨਤੀਜੇ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਅਤੇ ਸ਼ੁਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਹੀ ਯਤਨਸ਼ੀਲ ਰਹਿੰਦੀ ਹੈ।

ਪ੍ਰਿੰਸੀਪਲ ਨੇ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਪੀ.ਜੀ.ਡੀ. ਸੀ.ਏ ਸਮੈਸਟਰ ਪਹਿਲਾ ਦੀ ਵਿਦਿਆਰਥਣ ਹਰਮੀਤ ਕੌਰ ਨੇ 78.89 ਫ਼ੀਸਦੀ ਅੰਕ ਲੈ ਕੇ ਕਲਾਸ ਵਿਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਤਰਨਦੀਪ ਕੌਰ ਅਤੇ ਅਰਸ਼ਦੀਪ ਕੌਰ ਨੇ ਕ੍ਰਮਵਾਰ 68.22 ਫ਼ੀਸਦੀ ਤੇ 67.11 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸੇ ਤਰਾਂ ਐਮ.ਏ (ਪੰਜਾਬੀ) ਸਮੈਸਟਰ ਪਹਿਲਾ ਦੀ ਵਿਦਿਆਰਥਣ ਸੁਖਨੀਤ ਕੌਰ ਨੇ 64.25 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ, ਜਦਕਿ ਜਸਮੀਤ ਕੌਰ ਅਤੇ ਸੁਬਨ ਕੁਮਾਰੀ ਨੇ 63.75 ਫੀਸਦੀ ਅਤੇ ਕਿਰਨ ਕੁਮਾਰੀ ਨੇ 63 ਫੀਸਦੀ ਅੰਕ ਹਾਸਲ ਕਰਕੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਹੈ।

ਐਮ.ਏ (ਪੰਜਾਬੀ) ਸਮੈਸਟਰ ਤੀਜਾ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ 61.5 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ, ਜਦਕਿ ਜੀਵਨਜੋਤ ਕੌਰ ਨੇ 60.25 ਫ਼ੀਸਦੀ ਅਤੇ ਸਿਮਰਨਜੀਤ ਕੌਰ ਨੇ 55.25 ਫ਼ੀਸਦੀ ਅੰਕ ਹਾਸਲ ਕਰਕੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ।

# ਸੁਰਿੰਦਰ ਸ਼ਰਮਾ ਨੇ ਸੰਭਾਲਿਆ ਇੰਪਰੂਵਮੈਂਟ ਟਰੱਸਟ ਚੇਅਰਮੈਨ ਦਾ ਅਹੁਦਾ



**ਨਾਭਾ (ਵਰਿੰਦਰ ਵਰਮਾ)**

ਆਮ ਆਦਮੀ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਨਿਭਾਉਣ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਅਹੁੱਦੇ ਦੇ ਕੇ ਨਿਵਾਜਿਆ ਗਿਆ ਹੈ, ਜਿਸ ਤਹਿਤ ਨਾਭਾ ਤੋਂ ਪਾਰਟੀ ਦੇ ਸੀਨੀਅਰ ਆਗੂ ਸੁਰਿੰਦਰ ਸ਼ਰਮਾ ਨੂੰ ਇੰਪਰੂਵਮੈਂਟ ਟਰੱਸਟ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ।

ਚੇਅਰਮੈਨ ਸੁਰਿੰਦਰ ਸ਼ਰਮਾ ਨੇ ਪੰਜਾਬ ਦੇ ਕੈਬਨਿਟ ਮੰਤਰੀ ਚੇਤਨ ਸਿੰਘ ਜੋੜੇਮਾਜਰਾ, ਹਲਕਾ ਨਾਭਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਤੇ ਰਾਜਪੁਰਾ ਤੋਂ ਵਿਧਾਇਕ ਮੈਡਮ ਨੀਨਾ ਮਿੱਤਲ ਦੀ ਹਾਜ਼ਰੀ ਵਿੱਚ ਇੰਪਰੂਵਮੈਂਟ ਟਰੱਸਟ ਦਾ ਅਹੁਦਾ ਸੰਭਾਲ ਲਿਆ। ਇਸ ਮੌਕੇ ਨਵ ਨਿਯੁਕਤ ਚੇਅਰਮੈਨ ਦੀ ਸੁਪਤਨੀ ਚੰਦਰ ਕਾਂਤਾ ਸਰਮਾ, ਹਰਪੇਸ਼ ਸ਼ਰਮਾ, ਨੰਦਨੀ ਸ਼ਰਮਾ, ਯੂਨਾਇਸ, ਜੁਬਿਨ, ਸੁਰਿੰਦਰ ਜੀ, ਪਰਵੀਨ ਸ਼ਰਮਾ, ਨਵਨੀਤ ਸ਼ਰਮਾ, ਨਵਦੀਪ, ਅੰਸ਼ ਸ਼ਰਮਾ, ਵਿਨੋਦ ਸ਼ਰਮਾ, ਪਰਦੀਪ ਸ਼ਰਮਾ, ਲਵਨਿਸ਼ ਸ਼ਰਮਾ, ਪਰਵੀਨ ਸ਼ਰਮਾ ਆਦਿ ਪਰਵਾਰਕ ਮੈਂਬਰ ਹਾਜ਼ਰ ਸਨ। ਉਨ੍ਹਾਂ ਵੱਲੋਂ ਸੁਰਿੰਦਰ ਸ਼ਰਮਾ ਨੂੰ ਮੁਬਾਰਕਬਾਦ ਦਿੱਤੀ ਗਈ।

ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੋੜੇਮਾਜਰਾ, ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਤੇ ਵਿਧਾਇਕ ਮੈਡਮ ਨੀਨਾ ਮਿੱਤਲ ਨੇ ਨਵ ਨਿਯੁਕਤ ਚੇਅਰਮੈਨ ਸੁਰਿੰਦਰ ਸ਼ਰਮਾ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ, ਆਮ ਲੋਕਾਂ ਦੀ ਪਾਰਟੀ ਹੈ, ਜਿਸ ਵਿੱਚ ਹਰ ਵਰਗ ਦੇ ਲੋਕਾਂ ਦਾ ਪੂਰਾ ਮਾਣ ਸਨਮਾਨ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਸੁਪਰੀਮੋ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਪਾਰਟੀ ਦੇ ਵਰਕਰਾਂ ਤੇ ਆਗੂਆਂ ਨੂੰ ਪੂਰਾ ਮਾਣ ਦਿੱਤਾ ਜਾ ਰਿਹਾ ਹੈ, ਜਿਸ ਦੇ ਚੱਲਦਿਆਂ ਨਾਭਾ ਤੋਂ ਸੁਰਿੰਦਰ ਸ਼ਰਮਾ ਨੂੰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਦਾ ਅਹੁਦਾ ਦੇ ਕੇ ਨਿਵਾਜਿਆ ਗਿਆ ਹੈ। ਇਸ ਮੌਕੇ ਨਵ ਨਿਯੁਕਤ ਚੇਅਰਮੈਨ ਸੁਰਿੰਦਰ ਸ਼ਰਮਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਦੇਵ ਮਾਨ ਸਮੇਤ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਪੂਰੀ ਇਮਾਨਦਾਰੀ, ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ।

# 'ਆਪ' ਨੇ ਮਿਹਨਤੀ ਵਰਕਰਾਂ ਤੇ ਆਗੂਆਂ ਨੂੰ ਬਣਦਾ ਮਾਣ ਸਨਮਾਨ ਦਿੱਤਾ : ਜੌੜੇਮਾਜਰਾ, ਦੇਵ ਮਾਨ

**ਨਾਭਾ (ਵਰਿੰਦਰ ਵਰਮਾ)**

ਆਮ ਆਦਮੀ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਨਿਭਾਉਣ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੂੰ ਅਹੁਦੇ ਦੇ ਕੇ ਨਿਵਾਜਿਆ ਗਿਆ ਹੈ, ਜਿਸ ਤਹਿਤ ਨਾਭਾ ਤੋਂ ਪਾਰਟੀ ਦੇ ਸੀਨੀਅਰ ਆਗੂ ਸੁਰਿੰਦਰ ਸ਼ਰਮਾ ਨੂੰ ਇੰਪਰੂਵਮੈਂਟ ਟਰੱਸਟ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ। ਨਵ ਨਿਯੁਕਤ ਚੇਅਰਮੈਨ ਸੁਰਿੰਦਰ ਸ਼ਰਮਾ ਨੇ ਪੰਜਾਬ ਦੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜੇਮਾਜਰਾ, ਹਲਕਾ ਨਾਭਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਤੇ ਰਾਜਪੁਰਾ ਤੋਂ ਵਿਧਾਇਕ ਮੈਡਮ ਨੀਨਾ ਮਿੱਤਲ ਦੀ ਹਾਜ਼ਰੀ ਵਿੱਚ ਇੰਪਰੂਵਮੈਂਟ ਟਰੱਸਟ ਨਾਭਾ ਦਾ ਅਹੁਦਾ ਸੰਭਾਲ ਲਿਆ। ਇਸ ਮੌਕੇ ਨਵ ਨਿਯੁਕਤ ਚੇਅਰਮੈਨ ਦੀ ਸੁਪਤਨੀ ਚੰਦਰ ਕਾਂਤਾ ਸ਼ਰਮਾ, ਹਰਪੇਸ਼ ਸ਼ਰਮਾ, ਨੰਦਨੀ ਸਰਮਾ, ਯੂਨਾਇਸ, ਜੁਬਿਨ, ਸੁਰਿੰਦਰ ਜੀ, ਪਰਵੀਨ ਸ਼ਰਮਾ, ਨਵਨੀਤ ਸ਼ਰਮਾ, ਨਵਦੀਪ, ਅੰਸ਼ ਸ਼ਰਮਾ, ਵਿਨੋਦ ਸ਼ਰਮਾ, ਪਰਦੀਪ ਸ਼ਰਮਾ, ਲਵਨਿਸ ਸ਼ਰਮਾ, ਪਰਵੀਨ ਸ਼ਰਮਾ ਆਦਿ ਪਰਵਾਰਕ ਮੈਂਬਰ ਹਾਜ਼ਰ ਸਨ। ਉਨ੍ਹਾਂ ਵੱਲੋਂ ਸੁਰਿੰਦਰ ਸ਼ਰਮਾ ਨੂੰ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜੇਮਾਜਰਾ, ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਅਤੇ ਵਿਧਾਇਕ ਮੈਡਮ ਨੀਨਾ ਮਿੱਤਲ ਨੇ ਨਵ ਨਿਯੁਕਤ ਚੇਅਰਮੈਨ ਸੁਰਿੰਦਰ ਸ਼ਰਮਾ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ, ਆਮ ਲੋਕਾਂ ਦੀ ਪਾਰਟੀ ਹੈ, ਜਿਸ ਵਿੱਚ ਹਰ ਵਰਗ ਦੇ ਲੋਕਾਂ ਦਾ ਪੂਰਾ ਮਾਣ ਸਨਮਾਨ ਕੀਤਾ ਜਾਂਦਾ ਹੈ। ਉਨਾਂ ਕਿਹਾ ਕਿ ਹਲਕੇ ਨੂੰ ਸੁੰਦਰ ਬਣਾ ਕੇ ਨਵੀਂ ਦਿੱਖ ਦਿੱਤੀ ਜਾਵੇਗੀ। ਉਨ੍ਹਾਂ ਨੇ ਹਲਕਾ ਵਾਸੀਆ ਤੋ ਸਹਿਯੋਗ ਦੀ ਮੰਗ ਕੀਤੀ।

# ਝਾੜ ਸਾਹਿਬ ਕਾਲਜ ਦੇ ਨਤੀਜੇ ਸ਼ਾਨਦਾਰ ਰਹੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਅਧੀਨ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਪੀ.ਜੀ.ਡੀ.ਸੀ.ਏ. ਸਮੈਸਟਰ ਪਹਿਲਾ ਤੇ ਐੱਮ.ਏ. ਪੰਜਾਬੀ ਸਮੈਸਟਰ ਪਹਿਲਾ ਤੇ ਤੀਜਾ ਦੇ ਨਤੀਜੇ ਵਿਚ ਵਿਦਿਆਰਥਣਾਂ ਦੀ ਕਾਰਗੁਜ਼ਾਰੀ ਸ਼ਾਨਦਾਰ ਰਹੀ। ਪੀ.ਜੀ.ਡੀ.ਸੀ.ਏ. ਸਮੈਸਟਰ ਪਹਿਲਾ ਦੀ ਵਿਦਿਆਰਥਣ ਹਰਮੀਤ ਕੌਰ ਨੇ 78.89 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ 'ਚੋਂ ਪਹਿਲਾ, ਤਰਨਦੀਪ ਕੌਰ ਤੇ ਅਰਸ਼ਦੀਪ ਕੌਰ ਨੇ ਕ੍ਰਮਵਾਰ 68.22 ਫੀਸਦੀ ਅਤੇ 67.11 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਐਮ.ਏ. (ਪੰਜਾਬੀ) ਸਮੈਸਟਰ ਪਹਿਲਾ ਦੀ ਵਿਦਿਆਰਥਣ ਸੁਖਨੀਤ ਕੌਰ ਨੇ 64.25 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਜਸਮੀਤ ਕੌਰ ਅਤੇ ਸ਼ੁਬਨ ਕੁਮਾਰੀ ਨੇ 63.75 ਫੀਸਦੀ ਤੇ ਕਿਰਨ ਕੁਮਾਰੀ ਨੇ 63 ਫੀਸਦੀ ਅੰਕ ਹਾਸਲ ਕਰਕੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਐਮ.ਏ. (ਪੰਜਾਬੀ) ਸਮੈਸਟਰ ਤੀਜਾ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ 61.5 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਜਦਕਿ ਜੀਵਨਜੋਤ ਕੌਰ ਨੇ 60.25 ਫੀਸਦੀ ਅਤੇ ਸਿਮਰਨਜੀਤ ਕੌਰ ਨੇ 55.25 ਫੀਸਦੀ ਅੰਕ ਹਾਸਲ ਕਰਕੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਸਮੂਹ ਸਟਾਫ਼, ਵਿਦਿਆਰਥਣਾਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਹੀ ਯਤਨਸ਼ੀਲ ਰਹਿੰਦੀ ਹੈ। ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਕਾਦਮਿਕ ਪੱਧਰ 'ਤੇ ਅਜਿਹੀ ਮਿਆਰੀ ਸਿੱਖਿਆ ਦੇਣਾ ਹੈ, ਜਿਸ ਨਾਲ ਮੁਕਾਬਲੇ ਦੇ ਅਜੋਕੇ ਦੌਰ ਵਿਚ ਉਹ ਆਪਣੀ ਵਿਲੱਖਣ ਹੋਂਦ ਸਥਾਪਤ ਕਰ ਸਕਣ।

8-April-PAGE-11.qxd 4/7/2023 9:30 PM Page 1



# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ੋਨ ਭਿੱਖੀਵਿੰਡ ਵੱਲੋਂ ਕੌਮੀ ਇਨਸਾਫ ਮੋਰਚੇ 'ਚ ਭਰਵੀਂ ਸ਼ਮੂਲੀਅਤ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸ਼ਹੀਦ ਭਾਈ ਤਾਰੂ ਸਿੰਘ ਜੀ ਪੂਹਲਾ ਜ਼ੋਨ ਭਿੱਖੀਵਿੰਡ ਵੱਲੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ



ਸਭਰਾ ਦੀ ਰਹਿਨੁਮਾਈ ਹੇਠ ਸੂਬਾ ਪੱਧਰੀ ਪ੍ਰੋਗਰਾਮ ਤਹਿਤ ਬੰਦੀ ਸਿੰਘਾਂ ਦੀ ਰਿਹਾਈ, ਬਹਿਬਲ ਕਲਾਂ ਤੇ ਕੋਟਕਪੂਰਾ ਗੋਲੀ ਕਾਂਡ ਸਮੇਤ ਚਾਰ ਮੰਗਾਂ ਨੂੰ ਲੈ ਕੇ ਚੰਡੀਗੜ੍ਹ-ਮੋਹਾਲੀ ਬਾਰਡਰ 'ਤੇ ਲੱਗੇ ਕੌਮੀ ਇਨਸਾਫ ਮੋਰਚੇ ਵਿੱਚ ਹਜ਼ਾਰਾਂ ਕਿਸਾਨ-ਮਜ਼ਦੂਰਾਂ ਅਤੇ ਬੀਬੀਆਂ ਸਮੇਤ ਭਰਵੀਂ ਸ਼ਮੂਲੀਅਤ ਕੀਤੀ ਗਈ। ਵਰਣਨਯੋਗ ਹੈ ਕਿ ਕਿਸਾਨ-ਮਜ਼ਦੂਰਾਂ ਅਤੇ ਬੀਬੀਆਂ ਸੈਂਕੜੇ ਕਾਰਾਂ ਅਤੇ ਟ੍ਰੈਕਟਰ-ਟਰਾਲੀਆਂ ਦੇ ਕਾਫ਼ਲੇ ਨਾਲ ਮੋਰਚੇ 'ਚ ਪਹੁੰਚੇ। ਇਸ ਮੌਕੇ ਬੋਲਦਿਆਂ ਨਿਸ਼ਾਨ ਸਿੰਘ ਮਾੜੀਮੇਘਾ ਅਤੇ ਸੁੱਚਾ ਸਿੰਘ ਵੀਰਮ ਨੇ ਕਿਹਾ ਕਿ ਮਾਨ ਸਰਕਾਰ ਕੌਮੀ ਇਨਸਾਫ ਮੋਰਚੇ ਨੂੰ ਅਣਗੌਲਿਆਂ ਕਰਕੇ ਓਹੀ ਗ਼ਲਤੀ ਕਰ ਰਹੀ ਹੈ, ਜੋ ਮੋਦੀ ਸਰਕਾਰ ਨੇ ਦਿੱਲੀ ਮੋਰਚੇ ਦੌਰਾਨ ਕੀਤੀ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਜਲਦ ਤੋਂ ਜਲਦ ਮੋਰਚੇ ਦੀਆਂ ਮੰਗਾਂ 'ਤੇ ਅਮਲ ਕਰਦਿਆਂ ਆਪਣੇ ਹਿੱਸੇ ਦੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੱਖਾਂ, ਗੈਰ-ਜਮਹੂਰੀ ਢੰਗ ਨਾਲ ਫੜ ਕੇ ਜੇਲ੍ਹਾਂ ਵਿੱਚ ਬੰਦ ਕੀਤੇ ਬੁੱਧੀਜੀਵੀਆਂ, ਪੱਤਰਕਾਰਾਂ ਅਤੇ ਸਮਾਜਸੇਵੀ ਕਾਰਕੁੰਨਾਂ ਨੂੰ ਰਿਹਾਅ ਕਰੇ। ਇਸਦੇ ਨਾਲ ਹੀ ਉਨ੍ਹਾਂ ਸੂਬੇ ਅੰਦਰ ਮੌਜੂਦਾ ਹਾਲਾਤ 'ਤੇ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚੋਂ ਪੈਰਾਮਿਲਟਰੀ ਫੋਰਸਾਂ ਨੂੰ ਤੁਰੰਤ ਵਾਪਸ ਭੇਜੇ ਅਤੇ ਨੌਜਵਾਨਾਂ 'ਤੇ ਲਗਾਈਆਂ ਐਨਐੱਸਏ. ਵਰਗੀਆਂ ਅਣਮਨੁੱਖੀ ਧਰਾਵਾਂ ਰੱਦ ਕਰੇ। ਉਨ੍ਹਾਂ ਕਿਹਾ ਕਿ ਸੂਬਾ ਵਾਸੀਆਂ 'ਚ ਕੌਮੀ ਇਨਸਾਫ ਮੋਰਚੇ ਪ੍ਰਤੀ ਹਮਦਰਦੀ ਦਿਨ ਪ੍ਰਤੀ ਦਿਨ ਵਧਦੀ ਜਾ ਰਹੀ ਹੈ। ਅਜਿਹੇ ਹਾਲਾਤ 'ਚ ਸਰਕਾਰ ਨੂੰ ਸਮਝਦਾਰੀ ਅਤੇ ਲੋਕਤਾਂਤਰਿਕ ਮਾਦਾ ਦਿਖਾਉਂਦੇ ਹੋਏ ਮੋਰਚੇ ਦੀਆਂ ਮੰਗਾਂ ਤੇ ਤੁਰੰਤ ਅਮਲ ਕਰਨਾ ਚਾਹੀਦਾ ਹੈ। ਇਸ ਮੌਕੇ ਬਲਵੀਰ ਸਿੰਘ ਚੀਮਾ, ਬਲਵਿੰਦਰ ਸਿੰਘ ਵਾੜਾ ਠੱਠੀ, ਸਲਵਿੰਦਰ ਸਿੰਘ ਚੀਮਾ, ਮੈਂਬਰ ਕਾਲਾ ਸਿੰਘ, ਪ੍ਰਤਾਪ ਸਿੰਘ ਚੀਮਾ, ਲੱਖਾ ਸਿੰਘ ਚੀਮਾ, ਜਸਵੰਤ ਸਿੰਘ ਨਵਾਂਪਿੰਡ, ਬਲਵੰਤ ਸਿੰਘ ਦੋਦੇ, ਸੁਖਦੇਵ ਸਿੰਘ ਦੋਦੇ, ਬਲਵਿੰਦਰ ਸਿੰਘ ਦੋਦੇ, ਅੰਗਰੇਜ਼ ਸਿੰਘ ਵਾਂ ਤਾਰਾ ਸਿੰਘ, ਦਲਜੀਤ ਸਿੰਘ ਵਾਂ ਤਾਰਾ ਸਿੰਘ, ਯੋਗਾ ਸਿੰਘ ਵਾਂ ਤਾਰਾ ਸਿੰਘ, ਦਰਬਾਰਾ ਸਿੰਘ ਵਾਂ ਤਾਰਾ ਸਿੰਘ, ਬਲਕਾਰ ਸਿੰਘ ਖਾਲੜਾ, ਜਸਵਿੰਦਰ ਸਿੰਘ ਖਾਲੜਾ, ਕਾਰਜ ਸਿੰਘ ਅਮੀਸ਼ਾਹ, ਸੁਖਦੇਵ ਸਿੰਘ ਮਾੜੀਮੇਘਾ, ਸੁਖਚੈਨ ਸਿੰਘ ਮਾੜੀਮੇਘਾ, ਪਰਮਜੀਤ ਸਿੰਘ ਮੱਦਰ, ਹਰੀ ਸਿੰਘ ਮੱਦਰ, ਹਰਜਿੰਦਰ ਸਿੰਘ ਮੱਦਰ, ਸੁਬੇਗ ਸਿੰਘ ਸਮੇਤ ਹਜ਼ਾਰਾਂ ਕਿਸਾਨ-ਮਜ਼ਦੂਰ ਹਾਜ਼ਰ ਸਨ।

# ਫਲਿੱਪਕਾਰਟ ਹੋਲਸੇਲ ਵੱਲੋਂ 'ਵਪਾਰੀ ਦਿਵਸ' ਦਾ ਲੇਟੈਸਟ ਅਡੀਸ਼ਨ ਲਾਂਚ

**ਜਲੰਧਰ** : ਭਾਰਤ ਦੇ ਹੋਮਗ੍ਰੋਨ ਫਲਿੱਪਕਾਰਟ ਗਰੁੱਪ ਦੇ ਡਿਜੀਟਲ ਬੀ2ਬੀ ਪਲੇਟਫਾਰਮ, ਫਲਿੱਪਕਾਰਟ ਹੋਲਸੇਲ ਨੇ ਅੱਜ ਕੰਪਨੀ ਦੀ ਸਾਲਾਨਾ ਫਲੈਗਸ਼ਿਪ ਈਵੈਂਟ, 'ਵਪਾਰੀ ਦਿਵਸ' ਦੇ ਲਾਂਚ ਦਾ ਐਲਾਨ ਕੀਤਾ ਹੈ। ਇਸ ਫਲੈਗਸ਼ਿਪ ਈਵੈਂਟ ਦਾ ਮਕਸਦ ਮੈਂਬਰਾਂ ਦੇ ਲਈ ਬੱਚਤ ਅਤੇ ਲਾਭ ਵਧਾਉਣਾ ਹੈ। 03 ਅਪ੍ਰੈਲ ਤੋਂ 09 ਅਪ੍ਰੈਲ, 2023 ਤੱਕ ਚੱਲਣ ਵਾਲਾ ਇਹ ਅਭਿਆਨ ਫਲਿੱਪਕਾਰਟ ਹੋਲਸੇਲ ਦੇ ਸਾਰੇ ਸਟੋਰਾਂ ਅਤੇ ਫਲਿੱਪਕਾਰਟ ਹੋਲਸੇਲ ਆਨਲਾਈਨ ਪਲੇਟਫਾਰਮ/ਮੋਬਾਈ ਐਪਲੀਕੇਸ਼ਨ 'ਤੇ ਉਪਲਬਧ ਹੋਵੇਗਾ। ਇਸ 'ਚ ਮੈਂਬਰਾਂ ਨੂੰ ਵਿਭਿੰਨ ਸ਼੍ਰੇਣੀਆਂ ਜਿਵੇਂ ਮੁੱਖ ਭੋਜਨ, ਵਿਅਕਤੀਗਤ ਅਤੇ ਹੋਮ ਕੇਅਰ, ਫੂਡ ਅਤੇ ਬੇਵਰੇਜ ਆਦਿ 'ਚ ਆਕਰਸ਼ਕ ਡੀਲਸ ਮਿਲਣਗੀਆਂ। ਪਹਿਲੀ ਵਾਰ ਮੈਂਬਰਾਂ ਨੂੰ ਫਲਿੱਪਕਾਰਟ ਹੋਲਸੇਲ ਐਪ ਅਤੇ ਇਨ-ਸਟੋਰ ਖਰੀਦ 'ਤੇ 9,999 ਰੁਪਏ ਦਾ ਨਿਸ਼ਚਿਤ ਕੈਸ਼ਬੈਕ ਦਿੱਤਾ ਜਾਵੇਗਾ। ਫਲਿੱਪਕਾਰਟ ਹੋਲਸੇਲ ਦੇ ਬਿਜ਼ਨਸ ਹੈਡ, ਕੋਟੇਸ਼ਵਰ ਐਲਐਨ ਨੇ ਕਿਹਾ ਕਿ ਫਲਿੱਪਕਾਰਟ ਹੋਲਸੇਲ ਟੈਕਨੋਲਾਜੀ ਦੀ ਨਿਪੁੰਨਤਾ ਅਤੇ ਬਾਜ਼ਾਰ ਦੀ ਗਹਿਰੀ ਸਮਝ ਨੇ ਕਰਿਆਨਾ ਅਤੇ ਐੱਮਐੱਸਐੱਮਈ ਨੂੰ ਵਿਕਾਸ ਦਾ ਸੰਪੂਰਨ ਹਾਲਾਤ ਪ੍ਰਦਾਨ ਕੀਤਾ ਹੈ।

# ਕੌਮੀ ਇਨਸਾਫ਼ ਮੋਰਚੇ ਨਾਲ ਗੱਲ ਚਲਾ ਕੇ ਸੁਖਾਵੇਂ ਹੱਲ ਵੱਲ ਵਧੇ ਸਰਕਾਰ : ਬੰਡਾਲਾ

**ਖਡੂਰ ਸਾਹਿਬ, ਤਰਨਤਾਰਨ (ਸਰਬਜੋਤ ਸਿੰਘ ਸੰਧਾ/ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਅਤੇ ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਦੀ ਅਗਵਾਈ ਵਿੱਚ ਕੌਮੀ ਇਨਸਾਫ ਮੋਰਚੇ ਵਿੱਚ ਪਹੁੰਚੇ ਹਜ਼ਾਰਾਂ ਕਿਸਾਨ, ਮਜ਼ਦੂਰ ਅਤੇ ਬੀਬੀਆਂ ਨੇ ਮੋਰਚੇ ਵਿੱਚ ਲਗਾਤਾਰ ਦੂਜੇ ਦਿਨ ਹਾਜ਼ਰੀ ਭਰੀ। ਸਟੇਜ ਸ਼ੁਰੂ ਹੋਣ ਤੋਂ ਪਹਿਲਾਂ ਹਜ਼ਾਰਾਂ ਲੋਕ ਜਥੇ ਦੇ ਰੂਪ ਵਿਚ ਮਾਰਚ ਕਰਦੇ ਹੋਏ ਫੇਜ਼ 7 ਦੇ ਲਾਈਟਾਂ ਵਾਲੇ ਚੌਕ ਤੋਂ ਸ਼ੁਰੂ ਹੋ ਕੇ ਵਾਈ. ਪੀ. ਐੱਸ. ਚੌਕ ਤੋਂ ਹੁੰਦੇ ਹੋਏ ਮੋਰਚੇ ਦੀ ਸਟੇਜ 'ਤੇ ਪਹੁੰਚੇ। ਇਸ ਮੌਕੇ ਸਟੇਜ ਤੋਂ ਬੋਲਦੇ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਰਮਨਜੀਤ ਸਿੰਘ ਬੰਡਾਲਾ ਨੇ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਉਮਰ ਕੈਦ ਤੋਂ ਵੀ ਦੁੱਗਣੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ, ਬਹਿਬਲ ਕਲਾਂ ਤੇ ਕੋਟਕਪੂਰਾ ਗੋਲੀ ਕਾਂਡ ਸਮੇਤ ਚਾਰ ਮੰਗਾਂ ਨੂੰ ਲੈ ਕੇ ਤੁਰੰਤ ਮੋਰਚੇ ਦੇ ਆਗੂਆਂ ਨਾਲ ਗੱਲਬਾਤ ਦਾ ਚੈਨਲ ਚਲਾ ਕੇ ਹੱਲ ਕੱਢਣ ਵੱਲ ਅੱਗੇ ਵਧੇ। ਇਸ ਮੌਕੇ ਸੀਨੀਅਰ ਆਗੂ ਸਰਵਣ ਸਿੰਘ ਪੰਧੇਰ ਅਤੇ ਸੂਬਾ ਆਗੂ ਗੁਰਬਚਨ ਸਿੰਘ ਚੱਬਾ ਨੇ ਕਿਹਾ ਕਿ ਬੰਦੀ ਸਿੱਖਾਂ ਦੇ ਨਾਲ ਨਾਲ ਗੈਰ-ਜਮਹੂਰੀ ਢੰਗ ਨਾਲ ਫੜ ਕੇ ਜੇਲ੍ਹਾਂ ਵਿੱਚ ਬੰਦ ਕੀਤੇ ਬੁੱਧੀਜੀਵੀ, ਪੱਤਰਕਾਰ ਅਤੇ ਸਮਾਜ ਸੇਵੀ ਕਾਰਕੁੰਨ, ਚਾਹੇ ਉਹ ਕਿਸੇ ਵੀ ਧਰਮ ਨਾਲ ਸਬੰਧਿਤ ਹੋਣ, ਤੁਰੰਤ ਰਿਹਾਅ ਕੀਤੇ ਜਾਣ।

ਉਨ੍ਹਾਂ ਲੋਕਾਂ ਨੂੰ ਮੋਰਚੇ ਦੀ ਵੱਧ ਤੋਂ ਵੱਧ ਹਮਾਇਤ ਕਰਨ ਦੀ ਅਪੀਲ ਕਰਦੇ ਸਭ ਵਰਗਾਂ ਦੇ ਲੋਕਾਂ ਨੂੰ ਇਸ ਮਨੁੱਖੀ ਅਧਿਕਾਰਾਂ ਦੀ ਲੜਾਈ ਵਿਚ ਸ਼ਮੂਲੀਅਤ ਕਰਨ ਲਈ ਕਿਹਾ। ਇਸ ਮੌਕੇ ਸੂਬਾ ਮੀਤ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ, ਸੂਬਾ ਆਗੂ ਕੰਵਰਦਲੀਪ ਸੈਦੋਲੇਹਲ, ਅੰਮ੍ਰਿਤਸਰ ਜ਼ਿਲ੍ਹਾ ਸਕੱਤਰ ਗੁਰਲਾਲ ਮਾਨ ਨੇ ਕਿਹਾ ਕਿ ਮਾਨ ਸਰਕਾਰ ਬੇਮੌਸਮੀ ਬਰਸਾਤ ਕਾਰਨ ਖ਼ਰਾਬ ਹੋਈਆਂ ਫਸਲਾਂ ਦੀ ਗਿਰਦਾਵਰੀਆਂ ਦੇ ਮਾਮਲੇ ਵਿੱਚ, 60% ਕੰਮ ਪੂਰਾ ਹੋਣ ਵਾਲਾ ਕੋਰਾ ਝੂਠ ਬੋਲ ਰਹੀ



ਹੈ ਜਦਕਿ ਧਰਾਤਲ ਦੀ ਹਕੀਕਤ ਇਸ ਤੋਂ ਕੋਹਾਂ ਦੂਰ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅੱਖਾਂ ਖੋਲ੍ਹ ਕੇ ਇਮਾਨਦਾਰੀ ਨਾਲ ਕੰਮ ਕਰਨਾ ਚਾਹੀਦਾ ਹੈ ਅਤੇ ਗੁੰਮਰਾਹਕੁਨ ਅੰਕੜੇ ਪੇਸ਼ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਣਕ ਦੀ ਖਰੀਦ ਕਰਨ ਲਈ ਮੋਦੀ ਸਰਕਾਰ ਦੁਆਰਾ ਬਣਾਈ ਕਮੇਟੀ ਨੂੰ ਚਾਹੀਦਾ ਹੈ ਕਿ ਕਿਸਾਨਾਂ ਮਜ਼ਦੂਰਾਂ ਦੀ ਹਾਲਤ ਨੂੰ ਨਜ਼ਰ 'ਚ ਰੱਖਦੇ ਹੋਏ, ਖਰੀਦ ਤੇ ਕੋਈ ਵੀ ਕੱਟ ਨਾ ਲਗਾਉਣ ਅਤੇ ਬਿਨਾਂ ਸ਼ਰਤ ਫਸਲ ਚੁੱਕਣ ਦਾ ਫੈਸਲਾ ਕਰੇ।

ਇਸ ਮੌਕੇ ਬਲਦੇਵ ਸਿੰਘ ਬੱਗਾ, ਦਿਆਲ ਸਿੰਘ ਮੀਆਂਵਿੰਡ, ਇੰਦਰਜੀਤ ਸਿੰਘ ਫਿਰੋਜ਼ਪੁਰ, ਸੁਖਮੰਦਰ ਸਿੰਘ ਕਿਸ਼ਨਪੁਰਾ, ਕੰਧਾਰ ਸਿੰਘ ਭੋਏਵਾਲ, ਸੁਖਦੇਵ ਸਿੰਘ ਚਾਟੀਵਿੰਡ, ਮੇਹਰ ਸਿੰਘ ਤਲਵੰਡੀ, ਕੁਲਦੀਪ ਸਿੰਘ ਹੁਸ਼ਿਆਰਪੁਰ, ਰਸ਼ਪਾਲ ਸਿੰਘ ਗੱਟਾ ਬਾਦਸ਼ਾਹ, ਇਕਬਾਲ ਸਿੰਘ ਵੜਿੰਗ, ਸੁੱਚਾ ਸਿੰਘ ਵੀਰਮ ਪ੍ਰਿੰਸੀਪਲ ਨਵਤੇਜ ਸਿੰਘ ਏਕਲ ਗੱਡਾ, ਹਰਜਿੰਦਰ ਸਿੰਘ ਘੱਗੇ, ਬੀਬੀ ਰਣਜੀਤ ਕੌਰ ਕੱਲਾ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਅਤੇ ਬੀਬੀਆਂ ਸ਼ਾਮਿਲ ਸਨ।

# ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦਾ ਪੰਜਵੀਂ ਦਾ ਨਤੀਜਾ ਸੌ ਫੀਸਦੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨ ਕੀਤੇ ਗਏ ਪੰਜਵੀਂ ਜਮਾਤ ਦੇ ਨਤੀਜਿਆਂ ਵਿੱਚ ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦਾ ਨਤੀਜਾ 100 ਫੀਸਦੀ ਰਿਹਾ ਹੈ ਅਤੇ ਸਾਰੇ ਬੱਚੇ ਬਹੁਤ ਵਧੀਆ ਨੰਬਰ ਲੈ ਕੇ ਪਾਸ ਹੋਏ ਹਨ। ਇਸ ਬਾਬਤ ਸਕੂਲ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਪੰਜਵੀਂ ਜਮਾਤ ਵਿੱਚੋਂ ਬਿਕਰਮਜੀਤ ਸਿੰਘ ਨੇ 96% ਅੰਕ ਪ੍ਰਾਪਤ ਕਰਕੇ ਪਹਿਲਾ, ਦਮਨਪ੍ਰੀਤ ਸਿੰਘ ਨੇ 95% ਅੰਕਾਂ ਨਾਲ ਦੂਜਾ ਅਤੇ ਸਾਰਥਕ ਰਾਵਤ ਨੇ 94% ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ, ਜਦਕਿ ਜਸਪ੍ਰੀਤ ਸਿੰਘ ਨੇ 93%, ਪ੍ਰਭਜੋਤ ਸਿੰਘ ਤੇ ਬਿਪਨਸਵਰੂਪ ਸਿੰਘ ਨੇ 92%, ਮਾਨਵੀ ਨੇ 91% ਅਤੇ ਰਾਜਵਿੰਦਰ ਕੌਰ ਤੇ ਤਨਵੀਰ ਸਿੰਘ ਨੇ 90% ਅੰਕ ਪ੍ਰਾਪਤ ਕੀਤੇ ਹਨ। ਇਨ੍ਹਾਂ ਤੋਂ ਇਲਾਵਾ ਵੀ ਬਾਕੀ ਸਾਰੇ ਬੱਚਿਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਤੇ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ। ਸਕੂਲ ਡਾਇਰੈਕਟਰ ਡਾ: ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਮੈਡਮ ਰਣਜੀਤ ਕੌਰ, ਪ੍ਰਿੰਸੀਪਲ ਮੇਜਰ ਸਿੰਘ ਚਾਹਲ ਅਤੇ ਸਕੂਲ ਸਟਾਫ ਵੱਲੋਂ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਬੱਚਿਆਂ ਨੂੰ ਭਵਿੱਖ ਵਿੱਚ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਤੇ ਖੇਤੀ ਪ੍ਰਦਰਸ਼ਨੀ ਅੱਜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਜ਼ਿਲ੍ਹਾ ਅੰਮ੍ਰਿਤਸਰ ਦੇ ਜ਼ਿਲ੍ਹਾ ਮੁੱਖ ਖੇਤੀਬਾੜੀ ਅਫਸਰ ਜਤਿੰਦਰ ਸਿੰਘ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਵਿੱਚ ਹੋ ਰਹੇ ਵਿਕਾਸ ਦੀ ਕੜੀ ਵਜੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਖੇਤੀਬਾੜੀ ਅਤੇ ਕਿਸਾਨ ਸਿਖਲਾਈ ਵਿਭਾਗ ਅੰਮ੍ਰਿਤਸਰ ਵੱਲੋਂ ਆਤਮਾ ਸਕੀਮ ਦੇ ਸਹਿਯੋਗ ਨਾਲ ਸਾਉਣੀ ਦੀਆਂ ਫਸਲਾਂ ਦੀ ਕਾਸਤ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਖੇਤੀ ਪ੍ਰਦਰਸ਼ਨੀ 8 ਅਪ੍ਰੈਲ 2023 ਨੂੰ ਸਥਾਨ ਗੁਰੂ ਨਾਨਕ ਭਵਨ ਨੇੜੇ ਬੱਸ ਅੱਡਾ ਅੰਮ੍ਰਿਤਸਰ ਸਵੇਰੇ ਦਸ ਵਜੇ ਸੁਰੂ ਹੋਵੇਗਾ।

ਜਿਸ ਵਿਚ ਮੁੱਖ ਮਹਿਮਾਨ ਕੈਬਨਿਟ ਖੇਤੀਬਾੜੀ ਪੰਚਾਇਤਾਂ ਐਨਆਰਆਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਹੋਣਗੇ ਅਤੇ ਇਸ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਹਰਪ੍ਰੀਤ ਸਿੰਘ ਸੂਦਨ ਇਸ ਪ੍ਰੋਗਰਾਮ ਦੀ ਪ੍ਰਧਾਨਗੀ ਕਰਨਗੇ ਅਤੇ ਖੇਤੀਬਾੜੀ ਸੰਯੁਕਤ ਡਾਇਰੈਕਟਰ ਡਾ. ਰਾਜ ਕੁਮਾਰ ਇਸ ਪ੍ਰੋਗਰਾਮ ਦੇ ਵਿਸ਼ੇਸ਼ ਮਹਿਮਾਨ ਹੋਣਗੇ। ਸਾਰੇ ਕਿਸਾਨਾਂ ਨੂੰ ਇਸ ਖੇਤੀਬਾੜੀ ਕੈਂਪ ਵਿੱਚ ਪਹੁੰਚ ਕੇ ਤਕਨੀਕੀ ਜਾਣਕਾਰੀ ਲੈਣ ਦੀ ਅਪੀਲ ਕੀਤੀ।

# ਪੰਜਾਬ ਦੀ ਗੁਣਾਤਮਿਕ ਸਿੱਖਿਆ ਦਾ ਵਿਕਾਸ ਕਰਨਾ ਮੇਰਾ ਪਹਿਲਾ ਉਦੇਸ਼ : ਬੈਂਸ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਜਿੱਥੇ ਪੰਜਾਬ ਦੇ ਵਿਕਾਸ ਲਈ ਵਚਨਬੱਧ ਹੈ, ਉੱਥੇ ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਅਧਿਆਪਕਾਂ ਦੇ ਸਨਮਾਨ ਲਈ ਵੀ ਉਸਾਰੂ ਯਤਨ ਕਰ ਰਹੀ ਹੈ। ਇਸੇ ਕੜੀ ਤਹਿਤ ਪੰਜਾਬ ਦੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬ ਸੂਬੇ ਦੇ ਸਟੇਟ ਅਤੇ ਨੈਸ਼ਨਲ ਐਵਾਰਡੀ ਅਧਿਆਪਕਾਂ ਦਾ ਇੱਕ ਅਤੇ ਦੋ ਸਾਲ ਦਾ ਸਨਮਾਨ ਵਜੋਂ ਮਿਲਦਾ ਸੇਵਾ ਵਾਧਾ ਬਹਾਲ ਕਰ ਦਿੱਤਾ ਹੈ, ਜਿਸ ਨੂੰ ਕਿ ਪਿਛਲੀ ਸਰਕਾਰ ਨੇ 2018 ਤੋਂ ਸਟੇਟ ਐਵਾਰਡ ਪ੍ਰਾਪਤ ਕਰਨ ਵਾਲੇ ਐਵਾਰਡੀਆਂ ਲਈ ਬੰਦ ਕਰ ਦਿੱਤਾ ਸੀ। ਇਹ ਸੇਵਾ ਵਾਧਾ 31.03.2023 ਨੂੰ ਸੇਵਾਮੁਕਤ ਹੋਣ ਵਾਲੇ ਸਟੇਟ ਐਵਾਰਡੀ ਅਧਿਆਪਕਾਂ ਨੂੰ ਵੀ ਮਿਲੇਗਾ, ਭਾਵੇਂ ਕਿ ਉਹ ਅਧਿਆਪਕ ਸੇਵਾ ਐਕਟ-2015 ਅਧੀਨ ਹੀ ਇਸ ਸਾਲ 31 ਮਾਰਚ ਨੂੰ ਸੇਵਾਮੁਕਤ ਹੋਏ ਹੋਣ। ਆਲ ਇੰਡੀਆ ਸਟੇਟ ਐਂਡ ਨੈਸ਼ਨਲ ਐਵਾਰਡੀ ਟੀਚਰਜ਼ ਐਸੋਸੀਏਸ਼ਨ ਏਸੰਨਤਾ ਦੇ ਕੌਮੀ ਪ੍ਰਧਾਨ ਡਾ. ਪਰਮਜੀਤ ਸਿੰਘ ਕਲਸੀ ਸਟੇਟ ਤੇ ਨੈਸ਼ਨਲ ਐਵਾਰਡੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੂਬਾ ਇਕਾਈ ਦੇ ਸੂਬਾ ਪ੍ਰਧਾਨ ਰੌਸ਼ਨ ਖੇੜਾ ਦੀ ਪ੍ਰਧਾਨਗੀ ਹੇਠ ਪੰਜਾਬ ਦੇ ਸਟੇਟ ਤੇ ਨੈਸ਼ਨਲ ਐਵਾਰਡੀ ਐਸੋਸੀਏਸ਼ਨ ਪਰਸੰਨਤਾ ਦਾ ਸੂਬਾ ਪੱਧਰੀ ਵਫ਼ਦ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਵਿਸ਼ੇਸ਼ ਸ਼ੁਕਰਾਨਾ ਮੀਟਿੰਗ ਦੇ ਰੂਪ ਵਿੱਚ ਮਿਲਿਆ, ਜਿਸ ਵਿੱਚ ਸੂਬਾ ਐਸੋਸੀਏਸ਼ਨ ਪਰਸੰਨਤਾ ਵੱਲੋਂ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨੂੰ ਉਨ੍ਹਾਂ ਦੀਆਂ ਅਧਿਆਪਕ ਸਨਮਾਨ ਵਾਲੀਆਂ ਉਸਾਰੂ ਨੀਤੀਆਂ ਲਈ ਸ੍ਰੀ ਸਾਹਿਬ, ਦੁਸ਼ਾਲਾ ਅਤੇ ਸਨਮਾਨ-ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸੇ ਸ਼ੁਕਰਾਨਾ ਸਨਮਾਨ ਵਿੱਚ ਸਟੇਟ/ਨੈਸ਼ਨਲ ਐਵਾਰਡੀ ਲਈ ਇੱਕ/ਦੋ ਸਾਲ ਦਾ ਵਾਧਾ ਦੇਣ ਦੇ ਅਧਿਆਪਕ-ਸਨਮਾਨ ਦੇ ਉਸਾਰੂ ਕਾਰਜ ਕਾਰਨ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਅਗਾਂਹਵਧੂ ਉੱਚ ਅਧਿਕਾਰੀਆਂ ਪ੍ਰਮੁੱਖ ਸਕੱਤਰ ਜਸਪ੍ਰੀਤ ਕੌਰ ਤਲਵਾੜ ਆਈ.ਏ.ਐੱਸ., ਸਪੈਸ਼ਲ ਸਕੱਤਰ ਗੌਰੀ ਪਰਾਸ਼ਰ ਜੋਸ਼ੀ ਆਈ.ਏ.ਐੱਸ., ਡੀ.ਪੀ.ਆਈ. ਸਕੂਲ ਸਿੱਖਿਆ ਪੰਜਾਬ ਤੇਜਦੀਪ ਸਿੰਘ ਸੈਣੀ ਪੀ.ਸੀ.ਐੱਸ. ਅਤੇ ਸਟੇਟ ਐਵਾਰਡੀ ਕਰਮਜੀਤ ਕੌਰ ਡਿਪਟੀ ਡਾਇਰੈਕਟਰ ਸਕੂਲ ਸਿੱਖਿਆ] ਨੂੰ ਵੀ ਸਨਮਾਨ-ਚਿੰਨ੍ਹ ਅਤੇ ਦੁਸ਼ਾਲੇ ਨਾਲ ਸਨਮਾਨ ਸਹਿਤ ਸਨਮਾਨਿਤ ਕੀਤਾ ਗਿਆ। ਅਧਿਆਪਕਾਂ ਦੀਆਂ ਪੰਜਾਬ ਪੱਧਰ ਦੀਆਂ ਕਈ ਸਮੱਸਿਆਵਾਂ ਦਾ ਸਿੱਖਿਆ ਮੰਤਰੀ ਬੈਂਸ ਵੱਲੋਂ ਮੌਕੇ 'ਤੇ ਨਿਪਟਾਰਾ ਕਰਦਿਆਂ ਕਿਹਾ ਕਿ ਇਸ ਸਾਲ 31 ਮਾਰਚ ਨੂੰ ਕਿਸੇ ਵੀ ਰੂਪ ਵਿੱਚ ਸੇਵਾਮੁਕਤ ਹੋਣ ਵਾਲੇ ਸਟੇਟ ਐਵਾਰਡੀ ਨੂੰ ਵੀ ਇੱਕ ਸਾਲ ਦਾ ਸੇਵਾ ਵਾਧਾ ਮਿਲਣਯੋਗ ਹੈ ਅਤੇ ਉਹ ਈ-ਪੰਜਾਬ ਦੇ ਪੋਰਟਲ ਰਾਹੀਂ ਤੁਰੰਤ ਆਪਣਾ ਕੇਸ ਵਿਭਾਗ ਨੂੰ ਪੁੱਜਦਾ ਕਰਨ। ਨਾਲ ਹੀ ਉਨ੍ਹਾਂ ਅਧਿਆਪਕਾਂ ਨੂੰ ਸਿੱਖਿਆ ਪ੍ਰਣਾਲੀ ਦੇ ਸੁਧਾਰ ਵਿੱਚ ਪੂਰੀ ਤਨਦੇਹੀ ਨਾਲ ਸੇਵਾਵਾਂ ਨਿਭਾਉਣ ਦੀ ਅਪੀਲ ਵੀ ਕੀਤੀ। ਪਰਸੰਨਤਾ ਤੇ ਏਸੰਨਤਾ ਦੇ ਇਸ ਵਫ਼ਦ ਵਿੱਚ ਹੋਰਨਾਂ ਤੋਂ ਇਲਾਵਾ ਸਮਾਜ ਸੇਵੀ ਸਤਨਾਮ ਸਿੰਘ ਪਾਖਰਪੁਰਾ ਸਰਪ੍ਰਸਤ, ਪ੍ਰਿੰ. ਕੰਵਲਪ੍ਰੀਤ ਸਿੰਘ ਕਾਹਲੋਂ ਡਾਇਟ ਅੰਮ੍ਰਿਤਸਰ ਸੀਨੀਅਰ ਸੂਬਾ ਮੀਤ ਪ੍ਰਧਾਨ ਪਰਸੰਨਤਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਬਲਰਾਜ ਸਿੰਘ ਢਿੱਲੋਂ ਸੂਬਾ ਮੁੱਖ ਸਲਾਹਕਾਰ ਪਰਸੰਨਤਾ, ਹਰਜਿੰਦਰਪਾਲ ਸਿੰਘ ਅੰਮ੍ਰਿਤਸਰ ਸੂਬਾ ਸੰਯੁਕਤ ਸਕੱਤਰ ਪਰਸੰਨਤਾ, ਗੁਰਮੀਤ ਸਿੰਘ ਭੋਮਾ ਸੂਬਾ ਮੀਤ ਪ੍ਰਧਾਨ ਪਰਸੰਨਤਾ, ਪਲਵਿੰਦਰ ਸਿੰਘ ਗੁਰਦਾਸਪੁਰ ਸੂਬਾ ਵਿੱਤ ਸਕੱਤਰ, ਜਸਮਾਨ ਸਿੰਘ ਹੁਸ਼ਿਆਰਪੁਰ [ਸੂਬਾ ਸਲਾਹਕਾਰ, ਪ੍ਰਿੰ. ਭੁਪਿੰਦਰ ਸਿੰਘ ਜਲੰਧਰ ਸੂਬਾ ਮੀਡੀਆ ਸਕੱਤਰ ਪਰਸੰਨਤਾ, ਪ੍ਰਿੰ. ਜੋਗਿੰਦਰ ਕੁਮਾਰ ਪਠਾਨਕੋਟ ਸੂਬਾ ਸਲਾਹਕਾਰ, ਪ੍ਰਿੰ. ਵਿਨੋਦ ਕੁਮਾਰ ਲੁਧਿਆਣਾ ਸੂਬਾ ਕਾਨੂੰਨੀ ਸਲਾਹਕਾਰ, ਡਾ. ਬਲਜੀਤ ਕੌਰ ਤੇ ਲੈਕ ਕੁਲਜੀਤ ਕੌਰ ਮੋਹਾਲੀ ਸੂਬਾ ਸਲਾਹਕਾਰ ਪਰਸੰਨਤਾ, ਰਣਜੀਤ ਸਿੰਘ ਅੰਮ੍ਰਿਤਸਰ ਸੂਬਾ ਪ੍ਰੈੱਸ ਸਕੱਤਰ, ਸੋਹਣ ਲਾਲ ਮਾਨਸਾ ਸੂਬਾ ਕਾਨੂੰਨੀ ਸਕੱਤਰ ਪਰਸੰਨਤਾ, ਗੁਰਮੀਤ ਸਿੰਘ ਬਾਜਵਾ ਗੁਰਦਾਸਪੁਰ ਮੁੱਖ ਸੂਬਾ ਸਲਾਹਕਾਰ ਪਰਸੰਨਤਾ, ਸਰਪ੍ਰਸਤ ਨੈਸ਼ਨਲ ਐਵਾਰਡੀ ਸੁਖਦੇਵ ਸਿੰਘ ਰਾਣਾ, ਬਲਜੀਤ ਸਿੰਘ ਗੁੰਨੋਪੁਰ ਸੂਬਾ ਮੀਤ ਪ੍ਰਧਾਨ ਆਦਿ ਪੰਜਾਬ ਦੇ ਸਟੇਟ ਤੇ ਨੈਸ਼ਨਲ ਐਵਾਰਡੀ ਅਹੁਦੇਦਾਰ ਸ਼ਾਮਲ ਸਨ।

# ਬੇਰੁਜ਼ਗਾਰ ਨੌਜਵਾਨ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦਾ ਲਾਭ ਉਠਾਉਣ : ਸਿਮਰਨਜੀਤ ਕੌਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ ਸਰਕਾਰ ਵੱਲੋ ਸਥਾਪਿਤ ਕੀਤਾ ਗਿਆ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ ਨੌਜਵਾਨਾਂ ਨੂੰ ਵੱਧ ਤੋ ਵੱਧ ਰੋਜ਼ਗਾਰ ਮੁਹੱਈਆ ਕਰਵਾ ਰਿਹਾ ਹੈ। ਇਸ ਮੁਹਿੰਮ ਤਹਿਤ ਸਿਮਰਨਜੀਤ ਕੌਰ ਨੂੰ ਨੌਕਰੀ ਨਸੀਬ ਹੋਈ। ਇਸ ਬਾਰੇ ਪ੍ਰਾਰਥੀ ਸਿਮਰਨਜੀਤ ਕੌਰ ਨੇ ਦੱਸਿਆ ਕਿ ਉਹ ਅੰਮ੍ਰਿਤਸਰ ਦੀ ਰਹਿਣ ਵਾਲੀ ਹੈ। ਰੋਜ਼ਗਾਰ ਬਿਊਰੋ ਵੱਲੋਂ ਮੈਨੂੰ ਵੱਖ-ਵੱਖ ਕੈਰੀਅਰ ਆਪਸ਼ਨ ਬਾਰੇ ਜਾਣੂ ਕਰਵਾਇਆ ਗਿਆ। ਰੋਜ਼ਗਾਰ ਬਿਊਰੋ ਅੰਮ੍ਰਿਤਸਰ ਵੱਲੋਂ ਕੱਢੀ ਗਈ ਅਕਾਊਂਟੈਂਟ ਦੀ ਆਸਾਮੀ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਬਾਅਦ ਸ਼੍ਰਧਾਂਧ ਅਿਰਪੋਰਟ ਵਿਖੇ ਸਥਾਪਿਤ ਕੀਤੀ ਗਈ ਕਮੇਟੀ ਵੱਲੋਂ ਇੰਟਰਵਿਊ ਲਈ ਗਈ । ਮੇਰੇ ਵੱਲੋਂ ਇੰਟਰਵਿਊ ਕਲੀਅਰ ਕਰਨ ਤੋਂ ਬਾਅਦ ਮੈਨੂੰ ਅਕਾਊਂਟੈਂਟ ਦੇ ਤੌਰ 'ਤੇ ਨਿਯੁਕਤ ਕੀਤਾ ਗਿਆ। ਮੈਂ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ ਦਾ ਬਹੁਤ-ਬਹੁਤ ਧੰਨਵਾਦ ਕਰਦੀ ਹਾਂ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕਰਦੀ ਹਾਂ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ ਨਾਲ ਜੁੜ ਕੇ ਰੋਜ਼ਗਾਰ ਸਬੰਧੀ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਉਠਾਉਣ।

# ਸਰਕਾਰ ਗਿਰਦਾਵਰੀ ਤੋਂ ਪਹਿਲਾਂ 20 ਹਜ਼ਾਰ ਰੁਪਏ ਮੁਆਵਜ਼ਾ ਦੇਣ ਤੋਂ ਵੀ ਭੱਜੀ: ਡਾ. ਵੇਰਕਾ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿਛਲੇ ਸਾਲ ਹਜ਼ਾਰਾਂ ਲੋਕਾਂ ਦੀ ਹਾਜ਼ਰੀ ਵਿੱਚ ਵਾਅਦਾ ਕੀਤਾ ਸੀ ਕਿ ਜੇ ਕੋਈ ਕੁਦਰਤੀ ਆਫਤ ਹੁੰਦੀ ਹੈ ਤਾਂ ਉਹ ਫਸਲ ਦਾ 20 ਹਜ਼ਾਰ ਪ੍ਰਤੀ ਏਕੜ ਰੁਪਈਆ ਮੁਆਵਜ਼ਾ ਗਿਰਦਾਵਰੀ ਤੋਂ ਪਹਿਲਾਂ ਦੇਵੇਗਾ ਪਰ ਹੁਣ ਮੁੱਖ ਮੰਤਰੀ ਆਪਣੇ ਕੀਤੇ ਹੋਏ ਐਲਾਨ ਤੋਂ ਭੱਜਦੇ ਹੋਏ ਪਹਿਲਾਂ ਗਿਰਦਾਵਰੀ ਕਰਵਾ ਰਿਹਾ ਹੈ ਅਤੇ ਬਾਅਦ ਵਿੱਚ ਕਿਸਾਨਾਂ ਨੂੰ ਮੁਆਵਜ਼ਾ ਦੇਵੇਗਾ ਜੋ ਕਿ ਕਿਸਾਨਾਂ ਨਾਲ ਬਹੁਤ ਵੱਡਾ ਧੋਖਾ ਹੈ। ਇਹ ਪ੍ਰਗਟਾਵਾ ਸਾਬਕਾ ਵਿਧਾਇਕ ਅਤੇ ਭਾਰਤੀ ਜਨਤਾ ਪਾਰਟੀ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਡਾਕਟਰ ਦਲਬੀਰ ਸਿੰਘ ਵੇਰਕਾ ਨੇ ਸਰਕਲ ਮਹਿਤਾ ਚੌਂਕ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਡਾ. ਵੇਰਕਾ ਨੇ ਕਿਹਾ ਕਿ ਬੇਮੌਸਮੇ ਮੀਂਹ ਤੇ ਗੜਿਆਂ ਕਾਰਨ ਪੰਜਾਬ ਦੇ ਕਿਸਾਨਾਂ ਦੀ ਫਸਲ ਦਾ ਲਗਭਗ ਤੀਹ ਫੀਸਦੀ ਤੋਂ ਵੱਧ ਪ੍ਰਭਾਵਿਤ ਹੈ। ਇਸ ਭਾਰੀ ਤਬਾਹੀ ਲਿਆ ਦਿੱਤੀ ਮੁੱਖ ਮੰਤਰੀ ਨੇ ਕਿਸਾਨਾਂ ਦੀ ਤਰਾਸਦੀ ਵੱਲ ਵੇਖ ਕੇ ਅੱਖਾਂ ਮੀਟੀਆਂ ਹੋਈਆਂ ਹਨ। ਇਸ ਬੇਮੌਸਮੀ ਬਰਸਾਤ ਦੇ ਕਾਰਨ ਕਿਸਾਨ ਆਪਣੀਆਂ ਫਸਲਾਂ ਵੱਲ ਵੇਖ ਕੇ ਝੂਰ ਰਿਹਾ ਹੈ ਜਦਕਿ ਮੁੱਖ ਮੰਤਰੀ ਜੋਗਾ ਕਰ ਰਿਹਾ ਹੈ ਜਿਸ ਤੋਂ ਇਹ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਮੁੱਖ ਮੰਤਰੀ ਨੂੰ ਪੰਜਾਬ ਦੇ ਕਿਸਾਨਾਂ ਦੇ ਨਾਲ ਕੋਈ ਮੋਹ ਨਹੀਂ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਦੇ ਕਿਸਾਨਾਂ ਨੂੰ ਘੱਟੋ-ਘੱਟ 50 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਹਿਸਾਬ ਦੇ ਨਾਲ ਸਰਕਾਰ ਮੁਆਵਜ਼ਾ ਦੇਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜਪਾਲ ਸਿੰਘ ਮਹਿਤਾ ਚੌਂਕ ਮੈਂਬਰ ਐਗਜ਼ੈਕਟਿਵ ਕਮੇਟੀ ਅੰਮ੍ਰਿਤਸਰ, ਸਰਕਲ ਪ੍ਰਧਾਨ ਲਾਡੀ ਮਹਿਤਾ ਚੌਂਕ ਤੇ ਹੋਰ ਵੱਡੀ ਗਿਣਤੀ ਵਿਚ ਆਗੂ ਹਾਜ਼ਰ ਸਨ।

# ਨਸ਼ਿਆਂ ਦੀ ਦਲਦਲ 'ਚ ਫਸੇ ਨੌਜਵਾਨਾਂ ਨਾਲ ਕੀਤੀ ਕੌਂਸਲਿੰਗ

**ਤਰਨਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਹੇਠ ਪਿੰਡ ਵਿੱਚ ਨਸ਼ਾ ਰੋਕੂ ਕਮੇਟੀ ਦੀ ਪਹਿਲੀ ਮੀਟਿੰਗ ਗੁਰਜੀਤ ਸਿੰਘ ਘੈਣਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸਮੂਹ ਨਗਰ ਪੰਚਾਇਤ ਤੇ ਸੂਝਵਾਨ ਪਤਵੰਤੇ ਸੱਜਣ ਨਸ਼ਾ ਛੁਡਾਊ ਕਮੇਟੀ ਦੇ ਸਾਰੇ ਮੈਂਬਰਾਂ ਨੇ ਹਿੱਸਾ ਲਿਆ ਨਸ਼ਿਆਂ ਦਾ ਸੇਵਨ ਕਰਨ ਵਾਲੇ ਨੌਜਵਾਨਾਂ ਨੂੰ ਵੀ ਮੀਟਿੰਗ ਵਿੱਚ ਬੈਠਾਇਆ ਗਿਆ ਤੇ ਉਹਨਾਂ ਦੀ ਕੌਂਸਲਿੰਗ ਕੀਤੀ ਗਈ। ਖੁੱਲ੍ਹੇ ਮਨ ਨਾਲ ਨੌਜਵਾਨਾਂ ਨੇ ਨਸ਼ਿਆਂ ਦੀ ਦਲਦਲ ਵਿਚ ਧੱਸਣ ਦੇ ਕਾਰਨ ਵੀ ਦੱਸੇ ਤੇ ਬਾਹਰ ਆਉਣ ਦੇ ਰਸਤੇ ਵੀ ਦੱਸੇ ਤੇ ਨਨਸ਼ਿਆਂ ਦੇ ਅਸਲ ਜੜ੍ਹ ਕੌਣ ਹੈ ਉਸ ਬਾਰੇ ਵੀ ਚਾਨਣਾ ਪਾਇਆ। ਕਰੀਬ 4 ਘੰਟੇ ਮੀਟਿੰਗ ਚੱਲੀ। ਮੀਟਿੰਗ ਵਿੱਚ ਹੈਰਾਨੀਜਨਕ ਖੁਲਾਸੇ ਵੀ ਹੋਏ। ਮੀਟਿੰਗ ਵਿਚ ਇਕੱਲੇ ਇਕੱਲੇ ਮੈਂਬਰ ਦੇ ਵਿਚਾਰ ਸੁਣੇ ਗਏ ਤੇ ਵਿਚਾਰਾਂ ਤੇ ਸਾਰਥਕ ਸੁਝਾਅ ਵੀ ਲਏ ਗਏ। ਮੀਟਿੰਗ ਦੇ ਅੰਤ ਉੱਤੇ ਕਿਸਾਨ ਆਗੂ ਸਤਨਾਮ ਸਿੰਘ ਪੰਨੂ, ਜਸਬੀਰ ਸਿੰਘ ਪਿੱਦੀ, ਫਤਿਹ ਸਿੰਘ ਪਿੱਦੀ, ਕਰਮ ਸਿੰਘ ਪਹਿਲਵਾਨ ਨੇ ਕਿਹਾ ਕਿ ਪਿਛਲੇ ਦਿਨੀਂ ਹਾਈਕੋਰਟ ਵਿਚ ਨਸ਼ਿਆਂ ਦੇ ਕਾਰੋਬਾਰ ਵਿਚ ਹਿੱਸੇ ਪੱਤੀਆਂ ਤੇ ਮਿਲੀਭੁਗਤ ਕਰਨ ਵਾਲੇ ਪੁਲਸ ਦੇ ਕੁਝ ਸੀਨੀਅਰ ਅਧਿਕਾਰੀਆਂ ਦੇ ਨਾਮ ਵਾਲੀਆਂ 3 ਸੀਲਬੰਦ ਰਿਪੋਰਟਾਂ ਖੋਲ੍ਹੀਆਂ ਹਨ ਤੇ ਰਿਪੋਰਟ ਜਿਸ ਨੂੰ ਖੋਲ੍ਹਿਆ ਤਾਂ ਗਿਆ ਪਰ ਉਸੇ ਵਕਤ ਫਿਰ ਬੰਦ ਕਰ ਦਿੱਤਾ। ਉਸ ਵਿਚ ਵੀ ਪੰਜਾਬ ਦੇ ਕੁਝ ਜੀ ਪੀ ਰੈਂਕ ਦੇ ਅਧਿਕਾਰੀਆਂ ਦੇ ਨਾਮ ਹਨ। ਇਹਨਾਂ ਰਿਪੋਰਟਾਂ ਦੀ ਪੂਰੀ ਜਾਣਕਾਰੀ ਪੰਜਾਬ ਦੇ ਮੁੱਖ ਮੰਤਰੀ ਤੇ ਗ੍ਰਹਿ ਵਿਭਾਗ ਕੋਲ ਪਹੁੰਚ ਚੁੱਕੀ ਹੈ ਪੰਜਾਬ ਦੇ ਬੱਚਿਆਂ ਦੇ ਭਵਿੱਖ ਨੂੰ ਨਸ਼ਿਆਂ ਦੀ ਧੁੰਦ ਤੋਂ ਬਚਾਉਣ ਲਈ ਇਨਾਂ ਕਾਲੀਆਂ ਭੇਡਾਂ ਉਤੇ ਗ੍ਰਹਿ ਵਿਭਾਗ ਧਾਰਾ 11 ਤਹਿਤ ਕਾਰਵਾਈ ਕਰੇ ਤੇ ਪੁਲਸ ਵਿਚ ਭਰਤੀ ਕਾਲੀਆਂ ਭੇਡਾਂ ਨੂੰ ਡਿਸਮਿਸ ਕੀਤਾ ਜਾਵੇ ਪੰਜਾਬ ਵਿੱਚ ਨਸ਼ਿਆਂ ਤੇ ਭ੍ਰਿਸਟਾਚਾਰ ਦੀ ਰੋਕਥਾਮ ਲਈ ਬਦਨਾਮ ਪੁਲਸ ਅਧਿਕਾਰੀ ਦੀ ਪਛਾਣ ਕਰਕੇ 4.4 ਜ਼ਿਲ੍ਹੇ ਟਪਾਏ ਜਾਣ ਪਿੰਡਾਂ ਦੀਆਂ ਪੰਚਾਇਤਾਂ ਨੂੰ ਨਸ਼ਾ ਤਸਕਰਾਂ ਦੀ ਜਾਣਕਾਰੀ ਦੇਣ ਲਈ ਕਿਹਾ ਜਾਵੇ ਜਾਂ ਲਗਾਤਾਰ ਨਸ਼ਾ ਛੁਡਾਊ ਤੇ ਗੋਲੀਆਂ ਖਾਣ ਵਾਲੇ ਨੌਜਵਾਨਾਂ ਦੀ ਕੌਂਸਲਿੰਗ ਕੀਤੀ ਜਾਵੇ ਕਿ ਹੁਣ ਹੁਣ ਇਸ ਕਿਸ ਸਟੇਜ ਤੇ ਹਨ। ਪਿੰਡ ਵਿੱਚ ਚੱਲਦੀਆਂ ਦੁਕਾਨਾਂ ਜਿਨ੍ਹਾਂ 'ਤੇ ਤੰਬਾਕੂ ਬੀੜੀਆਂ ਤੇ ਹੋਰ ਨਸ਼ੇ ਦੀਆਂ ਗੋਲੀਆਂ ਆਦਿ ਮਿਲਦੀਆਂ ਹਨ ਉਨ੍ਹਾਂ 'ਤੇ ਕਾਰਵਾਈ ਵੀ ਕੀਤੀ ਜਾਵ। ਪਿੰਡਾਂ ਵਿਚ ਤੇ ਤਰਨਤਾਰਨ ਸ਼ਹਿਰ ਵਿਚ ਅਲੋਕਹਲ ਵਾਲੀ ਸ਼ਰਾਬ ਜ਼ੋਰਾਂ ਤੇ ਵਿੱਕ ਰਹੀ ਹੈ ਉਸ ਦੀ ਰੋਕਥਾਮ ਕੀਤੀ ਜਾਵੇ। ਭਗਵੰਤ ਮਾਨ ਦੀ ਸਰਕਾਰ ਨਵੇਂ ਖੁੱਲ੍ਹੇ ਯੋਗਾ ਕੇਂਦਰਾਂ ਵਿੱਚ ਨਸ਼ੇ ਦਾ ਸੇਵਨ ਕਰਨ ਵਾਲੇ ਨੌਜਵਾਨਾਂ ਦਾ ਵੀ ਇਲਾਜ ਕਰਵਾਏ। ਇਸ ਮੌਕੇ ਗੁਰਸ਼ਰਨ ਸਿੰਘ, ਰੁਪਿੰਦਰ ਸਿੰਘ, ਬਲਦੇਵ ਸਿੰਘ ਟੋਨੀ, ਮੁਖਤਾਰ ਸਿੰਘ, ਸਵਿੰਦਰਪਾਲ ਸਿੰਘ, ਸੁਖਦੇਵ ਸਿੰਘ, ਸਰਦੂਲ ਸਿੰਘ, ਸਿਵਰਾਜ ਸਿੰਘ, ਦਿਲਬਾਗ ਸਿੰਘ, ਕਰਨਬੀਰ ਸਿੰਘ ਆਦਿ ਹਾਜ਼ਰ ਸਨ।



# ਸੀ ਐੱਚ ਸੀ ਧਨੌਲਾ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ

**ਧਨੌਲਾ (ਕਰਮਜੀਤ ਸਿੰਘ, ਸਾਗਰ ਧਨੌਲਾ)**—ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਿਵਲ ਸਰਜਨ ਬਰਨਾਲਾ ਡਾ. ਜਸਬੀਰ ਸਿੰਘ ਔਲਖ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਐੱਸਐੱਮਓ ਧਨੌਲਾ ਡਾ. ਸਤਵੰਤ ਸਿੰਘ ਔਜਲਾ ਦੀ ਯੋਗ ਅਗਵਾਈ ਹੇਠ ਸੀਐੱਚਸੀ ਧਨੌਲਾ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਸਮੇਂ ਬਲਾਕ ਐਜੂਕੇਟਰ ਬਲਰਾਜ ਸਿੰਘ ਕਾਲੇਕੇ ਨੇ ਦੱਸਿਆ ਵਿਸ਼ਵ ਸਿਹਤ ਦਿਵਸ ਦਾ ਸੰਕਲਪ ਪਹਿਲੀ ਵਾਰ 1948 'ਚ ਪਹਿਲੀ ਸਿਹਤ ਅਸੈਂਬਲੀ 'ਚ ਪੇਸ਼ ਕੀਤਾ ਗਿਆ ਸੀ ਤੇ ਸਾਲ 1950 ਤੋਂ ਇਸ ਨੂੰ ਮਨਾਉਣਾ ਸ਼ੁਰੂ ਕੀਤਾ ਗਿਆ ਸੀ। 1950 ਤੋਂ ਹਰ ਸਾਲ 7 ਅਪ੍ਰੈਲ ਨੂੰ ਵਿਸ਼ਵ ਸਿਹਤ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ਹੈ। ਇਸ ਨੂੰ ਸੰਗਠਨ ਦੁਆਰਾ ਹਰ ਸਾਲ ਵਿਸ਼ਵ



ਵਿਆਪੀ ਸਿਹਤ ਲਈ ਮੁੱਖ ਮਹੱਤਵ ਵਾਲੇ ਵਿਸ਼ੇ ਵੱਲ ਵਿਸ਼ਵ ਵਿਆਪੀ ਧਿਆਨ ਖਿੱਚਣ ਦੇ ਮੌਕੇ ਵਜੋਂ ਵੀ ਦੇਖਿਆ ਜਾਂਦਾ ਹੈ। ਵਿਸ਼ਵ ਸਿਹਤ ਦਿਵਸ 2023 ਦਾ ਥੀਮ ਸਾਰਿਆਂ ਲਈ ਸਿਹਤ ਹੈ। ਵਿਸ਼ਵ ਸਿਹਤ ਸੰਸਥਾ ਦਾ ਮੰਤਵ ਹੈ ਕਿ ਸੰਸਾਰ ਭਰ ਵਿਚ ਹਰ ਇਕ ਵਿਅਕਤੀ ਲਈ ਸਿਹਤ ਸਹੂਲਤਾ ਪ੍ਰਾਪਤ ਹੋਣ। ਇਸ ਸਮੇਂ ਗੁਰਵਿੰਦਰ ਸਿੰਘ, ਜਗਰਾਜ ਸਿੰਘ, ਦਰਸਪ੍ਰੀਤ ਸਿੰਘ, ਗੁਰਮੀਤ ਸਿੰਘ ਹਾਜ਼ਰ ਸਨ।


**Capital Small Finance Bank Ltd.**
H.O. : MIDAS Corporate Park, 3rd Floor, 37, G.T. Road, Jalandhar-144001

**ਜਾਇਦਾਦ ਵਿਕਰੀ ਨੋਟਿਸ**

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ। ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜ੍ਹੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 27.4.2023 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ (ਕਰਜ਼ਦਾਰ) | 1. ਮੈਸਰਜ਼ ਕੇ ਐੱਚ ਟਰੇਡਿੰਗ, ਮੰਡੀ ਅਟਾਰੀ, ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ ਰਾਹੀਂ ਇਸ ਦੇ ਭਾਈਵਾਲ ਏ) ਸ੍ਰੀ ਹਰਪਾਲ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ, ਵਾਸੀ ਮਕਾਨ ਨੰ: 133, ਪਿੰਡ ਦਾਊਕ, ਤਹਿ: ਅਤੇ ਜ਼ਿਲ੍ਹਾ ਅੰਮ੍ਰਿਤਸਰ ਬੀ) ਕਰਨਜੀਤ ਸਿੰਘ ਪੁੱਤਰ ਸ੍ਰੀ ਬਚਨ ਸਿੰਘ ਮਕਾਨ ਨੰ: 133, ਪਿੰਡ ਦਾਊਕ, ਤਹਿ: ਅਤੇ ਜ਼ਿਲ੍ਹਾ ਅੰਮ੍ਰਿਤਸਰ |
| 7.4.2023 ਨੂੰ ਓ ਡੀ ਟੀ-031400000011, ਐੱਫ ਆਈ ਟੀ ਐੱਲ-031628000015 'ਚ ਬਕਾਇਆ ਰਕਮ | ਰੁਪਏ : 63,41,589/-<br>ਰੁਪਏ : 3,57,647/-<br>(ਅਤੇ 1.4.2023 ਤੋਂ ਭਵਿੱਖੀ ਵਿਆਜ) |
| ਗਹਿਣੇ ਰੱਖੀ ਜਾਇਦਾਦ ਦਾ ਵੇਰਵਾ | ਅਚੱਲ ਜਾਇਦਾਦ ਦੁਕਾਨ ਨੰ: 252 ਪੈਮਾਇਸ਼ 91.66 ਵਰਗ ਗਜ਼, ਭਗਤਾਂਵਾਲਾ ਦਾਣਾ ਮੰਡੀ ਅੰਮ੍ਰਿਤਸਰ, ਤਹਿ: ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸ੍ਰੀ ਰਾਜਪਾਲ ਸਿੰਘ ਪੁੱਤਰ ਸ੍ਰੀ ਸਤਬੀਰ ਸਿੰਘ (1/2 ਹਿੱਸਾ), ਸ੍ਰੀ ਹਰਪਾਲ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ (1/4 ਹਿੱਸਾ) ਅਤੇ ਸ੍ਰੀ ਕਰਨਜੀਤ ਸਿੰਘ ਪੁੱਤਰ ਸ੍ਰੀ ਬਚਨ ਸਿੰਘ (1/4 ਹਿੱਸਾ) ਟਾਈਟਲ ਡੀਡ ਨੰ: 9464 ਮਿਤੀ 24.3.2015 |
| ਰਾਖਵੀਂ ਕੀਮਤ | ਰੁਪਏ : 30,00,000 (ਰੁਪਏ ਤੀਹ ਲੱਖ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਰਾਖਵੀਂ ਕੀਮਤ ਦੀ ਕੁੱਲ ਈ ਐੱਮ ਡੀ (ਬਿਆਨਾ ਰਕਮ) 25 ਫੀਸਦੀ ਡਿਮਾਂਡ ਡਰਾਫਟ ਰਾਹੀਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਜਲੰਧਰ ਵਿਖੇ ਅਦਾਇਗੀਯੋਗ। ਟੈਂਡਰ ਫਾਰਮਜ਼ ਅਤੇ ਈ ਐੱਮ ਡੀ ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਵਿਖੇ ਭੇਜੇ ਜਾਣ |

ਬੈਂਕ ਦੀ ਜਾਣਕਾਰੀ 'ਚ ਜੋਖ਼ਮ : ਕੋਈ ਨਹੀਂ। "ਜਾਇਦਾਦ ਜਿਵੇਂ ਹੈ ਜਿੱਥੇ ਹੈ" ਦੇ ਅਧਾਰ 'ਤੇ ਵੇਚੀ ਜਾ ਰਹੀ ਹੈ। ਰਾਖਵੀਂ ਕੀਮਤ ਦੀ ਕੁੱਲ 25% ਈ ਐੱਮ ਡੀ ਡਿਮਾਂਡ ਡਰਾਫਟ ਰਾਹੀਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਜਲੰਧਰ ਵਿਖੇ ਅਦਾਇਗੀਯੋਗ ਦੇ ਨਾਲ ਟੈਂਡਰ ਪ੍ਰਾਪਤ ਕਰਨ ਦੀ ਅੰਤਿਮ ਮਿਤੀ/ਸਮਾਂ : 27.4.2023 ਸਵੇਰ ਦੇ 11:00 ਵਜੇ ਤੱਕ। ਟੈਂਡਰ ਉਕਤ ਮਿਤੀ ਨੂੰ ਸਵੇਰੇ 11.00 ਵਜੇ ਤੋਂ ਬਾਅਦ ਪੇਸ਼ ਕਰਤਾਵਾਂ/ਉਨ੍ਹਾ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਵਿਖੇ ਖੋਲ੍ਹੇ ਤੇ ਵਿਚਾਰੇ ਜਾਣਗੇ। ਵਿੱਕਰੀ ਦੀਆਂ ਵਿਸਥਾਰਤ ਸ਼ਰਤਾਂ ਸਮੇਤ ਟੈਂਡਰ ਫਾਰਮ ਅਤੇ ਜਾਇਦਾਦ ਦੇ ਨਿਰੀਖਣ ਲਈ ਕ੍ਰਿਪਾ ਕਰਕੇ ਸ਼ਾਖਾ ਦਫ਼ਤਰ 32, ਮਾਲ ਰੋਡ, ਅੰਮ੍ਰਿਤਸਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ ਸਕਿਊਰੇਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ਼ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ਼ ਸਕਿਊਰਟੀ ਇੰਟਰੈਸਟ ਐਕਟ, 2002 ਤਹਿਤ ਦਰਸਾਈਆਂ ਸ਼ਰਤਾਂ ਅਤੇ ਨਿਯਮਾਂ ਅਨੁਸਾਰ ਕੀਤੀ ਜਾਵੇਗੀ। ਅਧਿਕਾਰਤ ਅਫ਼ਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਹੋਣ ਤੋਂ ਪਹਿਲਾਂ ਕਿਸੇ ਸਮੇਂ ਵੀ ਬੋਲੀ ਰੱਦ/ਮੁਲਤਵੀ/ ਅਣਮਿੱਥੇ ਸਮੇਂ ਲਈ ਅੱਗੇ ਪਾਉਣ, ਸ਼ਰਤਾਂ ਅਤੇ ਨਿਯਮਾਂ 'ਚ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 7.4.2023 ਸਥਾਨ : ਜਲੰਧਰ (ਅਧਿਕਾਰਤ ਅਫ਼ਸਰ)


# ਫੀਸਾਂ, ਕਿਤਾਬਾਂ ਤੇ ਵਰਦੀ ਦੇ ਮਨਮਰਜ਼ੀ ਦੇ ਵਾਧੇ ਸਬੰਧੀ ਹੋਵੇਗੀ ਜਾਂਚ : ਡੀ ਈ ਓ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਵੱਲੋਂ ਜਾਰੀ ਹਿਦਾਇਤਾਂ ਅਨੁਸਾਰ ਪ੍ਰਾਈਵੇਟ ਸਕੂਲਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਅੰਮਿਬਸਰ ਵਿਖੇ ਚਾਰ ਮੈਂਬਰੀ ਟਾਸਕ ਫੋਰਸ ਕਮੇਟੀ ਦਾ ਗਠਨ ਕੀਤਾ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਨੇ ਦੱਸਿਆ ਕਿ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਜੁਗਰਾਜ ਸਿੰਘ ਨੇ ਦੱਸਿਆ ਕਿ ਸੀਬੀਐੱਸਈ/ਆਈਸੀਐੱਸਈ ਬੋਰਡ ਦੇ ਐਫੀਲਿਏਟਡ ਪ੍ਰਾਈਵੇਟ ਸਕੂਲਾਂ ਦੀਆਂ ਮਾਪਿਆਂ ਵੱਲੋਂ ਕਿਤਾਬਾਂ, ਫੀਸਾਂ ਅਤੇ ਯੂਨੀਫਾਰਮ ਨਾਲ ਸਬੰਧਿਤ ਸ਼ਕਾਇਤਾਂ ਦੇ ਮੌਕੇ 'ਤੇ ਨਿਪਟਾਰੇ ਲਈ ਜ਼ਿਲ੍ਹੇ ਦੇ ਚਾਰ ਪ੍ਰਿੰਸੀਪਲਾਂ ਦੀ ਕਮੇਟੀ ਦਾ ਗਠਨ ਕੀਤਾ ਗਿਆ, ਜਿਨ੍ਹਾਂ ਵਿੱਚ ਪ੍ਰਿੰਸੀਪਲ ਪਰਮਿੰਦਰ ਸਿੰਘ, ਪ੍ਰਿੰਸੀਪਲ ਜਸਪ੍ਰੀਤ ਸਿੰਘ, ਪਿੰਸੀਪਲ ਹਰਪ੍ਰੀਤ ਸਿੰਘ ਅਤੇ ਰਜੀਵ ਕੁਮਾਰ ਨੂੰ ਸ਼ਾਮਿਲ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਇਹ ਕਮੇਟੀ ਪ੍ਰਾਪਤ ਸ਼ਿਕਾਇਤਾਂ ਦੇ ਅਧਾਰ 'ਤੇ ਸਕੂਲਾਂ ਦੀ ਜਾਂਚ ਕਰਨ ਉਪਰੰਤ ਇਸ ਦੀ ਰਿਪੋਰਟ ਨੂੰ ਈ-ਮੇਲ ਰਾਹੀਂ ਭੇਜਣੀ ਯਕੀਨੀ ਬਣਾਉਣਗੇ, ਜਿਸ ਦੇ ਅਧਾਰ 'ਤੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਜੁਗਰਾਜ ਸਿੰਘ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਆਪਣੀ ਮਨਮਰਜੀ ਦੇ ਰੇਟ ਲਗਾਉਣ ਵਾਲੇ ਸਕੂਲਾਂ ਨੂੰ ਠੱਲ ਪਾਉਣ ਵਿੱਚ ਕਾਫੀ ਮੱਦਦ ਮਿਲੇਗੀ। ਉਨ੍ਹਾਂ ਨੇ ਸਮੂਹ ਪ੍ਰਾਈਵੇਟ ਸਕੂਲਾਂ ਨੂੰ ਹਦਾਇਤ ਕੀਤੀ ਕਿ ਫੀਸਾਂ, ਕਿਤਾਬਾਂ ਅਤੇ ਵਰਦੀਆਂ ਸਬੰਧੀ ਜਾਰੀ ਹਦਾਇਤਾਂ ਦੇ ਵੇਰਵੇ ਨੂੰ ਸਕੂਲ ਦੇ ਨੋਟਿਸ ਬੋਰਡ 'ਤੇ ਲਗਾਉਣਾ ਯਕੀਨੀ ਬਣਾਇਆ ਜਾਵੇ।

# ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਮਹਾਰਾਜ ਦਾ ਜਨਮ ਦਿਹਾੜਾ ਮਨਾਇਆ

## ਸਾਨੂੰ ਸਾਰਿਆਂ ਨੂੰ ਰਲ-ਮਿਲ ਕੇ ਧਾਰਮਿਕ ਤਿਓਹਾਰ ਮਨਾਉਣੇ ਚਾਹੀਦੇ : ਕਟਾਰੂਚੱਕ

**ਪਠਾਨਕੋਟ, (ਦਵਿੰਦਰ ਸਿੰਘ)**-ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਜੀ ਮਹਾਰਾਜ ਦੇ ਜਨਮ ਦਿਹਾੜੇ ਦੀਆਂ ਮੇਰੇ ਵੱਲੋਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ। ਅਜਿਹੇ ਤਿਓਹਾਰ ਸਾਨੂੰ ਸਾਰਿਆਂ ਨੂੰ ਰਲ-ਮਿਲ ਕੇ ਮਨਾਉਣੇ ਚਾਹੀਂਦੇ ਹਨ ਤਾਂ ਜੋ ਆਪਸੀ ਭਾਈਚਾਰੇ ਦੀ ਭਾਵਨਾ ਪ੍ਰਫੁੱਲਿਤ ਹੋ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਰਨਾ ਵਿਖੇ ਸ੍ਰੀ ਗੁਰੂ ਨਾਭਾ ਜੀ ਮਹਾਰਾਜ ਦੇ ਜਨਮ ਦਿਹਾੜੇ ਤੇ ਰੱਖੇ ਗਏ ਧਾਰਮਿਕ ਸਮਾਰੋਹ ਦੌਰਾਨ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਕੀਤਾ। ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਜੀ ਮਹਾਰਾਜ ਦੇ ਜਨਮ ਦਿਹਾੜੇ ਤੇ ਸਰਨਾ ਵਿਖੇ ਅਯੋਜਿਤ ਕੀਤੇ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਉਨ੍ਹਾਂ ਨੇ ਸ਼੍ਰੀ ਗੁਰੂ ਨਾਭਾ ਦਾਸ ਜੀ ਦੀ ਪ੍ਰਤਿਮਾ ਮੂਹਰੇ ਸਰਧਾ ਸੁਮਨ ਅਰਪਿਤ ਕੀਤੇ। ਇਸ ਮੌਕੇ ਤੇ ਸ੍ਰੀ ਸੋਹਣ ਲਾਲ ਸਾਬਕਾ ਕੌਂਸਲਰ ਸਰਨਾ, ਵਿਜੇ ਕੁਮਾਰ ਕਟਾਰੂਚੱਕ ਜ਼ਿਲਾ ਮੀਡੀਆ ਕੁਆਰਡੀਨੇਟਰ ਪਠਾਨਕੋਟ, ਨਰੇਸ ਸੈਣੀ, ਪਵਨ ਕੁਮਾਰ ਫੌਜੀ, ਸੂਬੇਦਾਰ ਕੁਲਵੰਤ ਸਿੰਘ, ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਸੇਵਾ ਸਮਿਤੀ ਦੇ ਪ੍ਰਧਾਨ ਮਾਸਟਰ ਜਨਕ ਰਾਜ, ਚੇਅਰਮੈਨ ਬਜੀਰ ਚੰਦ, ਸਮਿਤੀ ਦੇ ਚੀਫ ਆਰਗੇਨਾਈਜਰ ਡਾਕਟਰ ਪ੍ਰਿੰ. ਪੁਰਸ਼ੋਤਮ ਭਜੂਰਾ, ਮਹੰਤ ਮਹਾਵੀਰ ਦਾਸ ਜੈਪੁਰ, ਮਹੰਤ ਬੰਸ਼ੀ ਲਾਲ, ਮਹੰਤ ਸਾਂਵਰੀਆ ਦਾਸ ਹਾਜਰ ਸਨ। ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸਾਨੂੰ ਅਜਿਹੇ ਧਾਰਮਿਕ ਪ੍ਰੋਗਰਾਂਮਾਂ ਵਿੱਚ ਜਾਤੀ ਧਰਮ ਤੋਂ ਉਪਰ ਉਠ ਕੇ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਂਦਾ ਹੈ ਕਿਉਂਕਿ ਇਸ ਨਾਲ ਭਾਈਚਾਰੇ ਦੀ ਭਾਵਨਾ ਪ੍ਰਫੁਲਿਤ ਹੁੰਦੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਸ੍ਰੀ ਗੁਰੂ ਨਾਭਾ ਦਾਸ ਜੀ ਦੇ ਮਾਰਗ ਦਰਸ਼ਨ ਦੇ ਚੱਲ ਕੇ ਆਪਣਾ ਜੀਵਨ ਸਫਲ ਬਨਾਉਣ। ਉਪਰੰਤ ਸ੍ਰੀ ਗੁਰੂ ਨਾਭਾ ਦਾਸ ਜੀ ਮਹਾਰਾਜ ਦੇ ਜਨਮ ਦਿਹਾੜੇ 'ਤੇ ਵਿਸ਼ਾਲ ਸ਼ੋਭਾ ਯਾਤਰਾ ਪ੍ਰਧਾਨ ਜਨਕ ਰਾਜ ਅਤੇ ਚੀਫ ਆਰਗੇਨਾਈਜ਼ਰ ਪੁਰਸ਼ੋਤਮ ਭਜੂਰਾ ਦੀ ਅਗਵਾਈ ਹੇਠ ਭੜੋਲੀ ਤੋਂ ਚੱਲ ਕੇ ਸ਼੍ਰੀ ਗੁਰੂ ਨਾਭਾ ਦਾਸ ਚੌਕ ਪਠਾਨਕੋਟ ਵਿਖੇ ਸੰਤ ਸਮਾਜ ਨੇ ਪੂਜਾ ਅਰਚਨਾ ਕੀਤੀ। ਸ਼ੋਭਾ ਯਾਤਰਾ ਪਠਾਨਕੋਟ ਦੇ ਸਾਰੇ ਬਜਾਰਾਂ ਬਾਲਮੀਕੀ ਚੌਂਕ, ਡਾਕਖਾਨਾ ਚੌਂਕ, ਡਲਹੌਜ਼ੀ ਰੋਡ, ਢਾਂਗੂ ਰੋਡ, ਸ਼ਹੀਦ ਭਗਤ ਚੌਕ ਵਿੱਚ ਜਾ ਕੇ ਸਮਾਪਤ ਹੋਈ ਅਤੇ ਪੂਰਾ ਅਸਮਾਨ ਸ਼੍ਰੀ ਗੁਰੂ ਨਾਭਾ ਦਾਸ ਜੀ ਦੇ ਜੈਕਾਰਿਆਂ ਨਾਲ ਗੂੰਜ ਉਠਿਆ। ਇਸ ਤੋਂ ਬਾਅਦ ਸਥਾਨਕ ਕਬਾੜ ਧਰਮਸ਼ਾਲਾ ਵਿੱਚ ਸ਼ੋਭਾ ਯਾਤਰਾ ਵਿੱਚ ਹਾਜ਼ਰ ਸੰਗਤਾਂ ਲਈ ਕਬਾੜੀਆ ਧਰਮਸ਼ਾਲਾ ਵਿੱਚ ਲੰਗਰ ਦਾ ਬੰਦੋਬਸਤ ਕੀਤਾ ਗਿਆ। ਇਸ ਮੌਕੇ ਪੰਜਾਬ ਪ੍ਰਧਾਨ ਅਤੇ ਐੱਮਐੱਲਏ. ਪਠਾਨਕੋਟ ਅਸ਼ਵਨੀ ਸ਼ਰਮਾ, ਐੱਮਐੱਲਏ ਸੁਜਾਨਪੁਰ ਨਰੇਸ਼ ਪੁਰੀ, ਸਾਬਕਾ ਐੱਮਐੱਲਏ ਮਾਸਟਰ ਮੋਹਨ ਲਾਲ, ਸਾਬਕਾ ਐੱਮਐੱਲਏ ਜੁਗਿੰਦਰ ਪਾਲ, ਸਾਬਕਾ ਐੱਮਐੱਲਏ ਅਮਿਤ ਵਿਜ, ਸਾਬਕਾ ਐੱਮਐੱਲਏ ਦਿਨੇਸ਼ ਸਿੰਘ ਬੱਬੂ ਹਾਜ਼ਰ ਸਨ।




**Capital Small Finance Bank Ltd.**
H.O. : MIDAS Corporate Park, 3rd Floor, 37, G.T. Road, Jalandhar-144001

**ਜਾਇਦਾਦ ਵਿਕਰੀ ਨੋਟਿਸ**

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਸੰਕੇਤਕ ਕਬਜ਼ਾ ਲੈ ਲਿਆ ਹੈ। ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜ੍ਹੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 27.4.2023 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ (ਕਰਜ਼ਦਾਰ) | 1. ਸ੍ਰੀ ਬਾਬੂ ਰਾਮ ਪੁੱਤਰ ਟਿੱਕਾ ਰਾਮ, ਵਾਸੀ ਮਕਾਨ ਨੰ: ਸੀ-492, ਵਾਰਡ ਨੰ: 12, ਰੇਲਵੇ ਕਾਲੋਨੀ, ਫਿਲੌਰ, ਜਲੰਧਰ-144410 2. ਸ੍ਰੀਮਤੀ ਵੀਨਾ ਪਤਨੀ ਬਾਬੂ ਰਾਮ ਵਾਸੀ ਮਕਾਨ ਨੰ: ਸੀ-492, ਵਾਰਡ ਨੰ: 12, ਮੁਹੱਲਾ ਭੰਡੇਰਾ, ਰੇਲਵੇ ਕਾਲੋਨੀ, ਫਿਲੌਰ, ਜਲੰਧਰ-144410 |
| 7.4.2023 ਨੂੰ ਐੱਚ/ਐੱਲ/129-611000001 'ਚ ਬਕਾਇਆ ਰਕਮ | ਰੁਪਏ : 28,99,828.13<br>(ਅਤੇ 1.4.2023 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬਾਬੂ ਰਾਮ ਪੁੱਤਰ ਟਿੱਕਾ ਰਾਮ ਦੇ ਨਾਂਅ ਅਚੱਲ ਜਾਇਦਾਦ ਪੈਮਾਇਸ਼ 10 ਮਰਲੇ ਵਾਕਿਆ ਬੁਰਜ ਪੁਖਤਾ, ਤਹਿ: ਫਿਲੌਰ, ਜ਼ਿਲ੍ਹਾ ਜਲੰਧਰ ਵਿਖੇ ਸਥਿਤ, ਹੱਦਬਸਤ ਨੰ: 150, ਵਿਕਰੀ ਡੀਡ ਦਸਤਾਵੇਜ਼ ਨੰ: 2019-20/180/1/1034, ਮਿਤੀ 20.11.2019 |
| ਰਾਖਵੀਂ ਕੀਮਤ | ਰੁਪਏ : 20,00,000 (ਰੁਪਏ ਵੀਹ ਲੱਖ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਰਾਖਵੀਂ ਕੀਮਤ ਦੀ ਕੁੱਲ ਈ ਐੱਮ ਡੀ (ਬਿਆਨਾ ਰਕਮ) 25 ਫੀਸਦੀ ਡਿਮਾਂਡ ਡਰਾਫਟ ਰਾਹੀਂ ਕੈਪੀਟਲ ਸਮਾਲ ਫਾਇਨਾਸ ਬੈਂਕ ਲਿਮਟਿਡ ਦੇ ਹੱਕ 'ਚ ਜਲੰਧਰ ਵਿਖੇ ਅਦਾਇਗੀਯੋਗ। ਟੈਂਡਰ ਫਾਰਮਜ਼ ਅਤੇ ਈ ਐੱਮ ਡੀ ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਵਿਖੇ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖ਼ਮ : ਕੋਈ ਨਹੀਂ। "ਜਾਇਦਾਦ ਜਿਵੇਂ ਹੈ ਜਿੱਥੇ ਹੈ" ਦੇ ਅਧਾਰ 'ਤੇ ਵੇਚੀ ਜਾ ਰਹੀ ਹੈ। ਰਾਖਵੀਂ ਕੀਮਤ ਦੀ ਕੁੱਲ 25% ਈ ਐੱਮ ਡੀ ਡਿਮਾਂਡ ਡਰਾਫਟ ਰਾਹੀਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਜਲੰਧਰ ਵਿਖੇ ਅਦਾਇਗੀਯੋਗ ਦੇ ਨਾਲ ਟੈਂਡਰ ਪ੍ਰਾਪਤ ਕਰਨ ਦੀ ਅੰਤਿਮ ਮਿਤੀ/ਸਮਾਂ : 27.4.2023 ਸਵੇਰ ਦੇ 11:00 ਵਜੇ ਤੱਕ। ਟੈਂਡਰ ਉਕਤ ਮਿਤੀ ਨੂੰ ਸਵੇਰੇ 11.00 ਵਜੇ ਤੋਂ ਬਾਅਦ ਪੇਸ਼ ਕਰਤਾਵਾਂ/ਉਨ੍ਹਾ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਵਿਖੇ ਖੋਲ੍ਹੇ ਤੇ ਵਿਚਾਰੇ ਜਾਣਗੇ। ਵਿੱਕਰੀ ਦੀਆਂ ਵਿਸਥਾਰਤ ਸ਼ਰਤਾਂ ਸਮੇਤ ਟੈਂਡਰ ਫਾਰਮ ਅਤੇ ਜਾਇਦਾਦ ਦੇ ਨਿਰੀਖਣ ਲਈ ਕ੍ਰਿਪਾ ਕਰਕੇ ਸ਼ਾਖਾ ਔਟੀ ਨਾਲ ਸੰਪਰਕ ਕੀਤਾ ਜਾਵੇ। ਵਿਕਰੀ ਸਕਿਊਰੇਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ਼ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ਼ ਸਕਿਊਰਟੀ ਇੰਟਰੈਸਟ ਐਕਟ, 2002 ਤਹਿਤ ਦਰਸਾਈਆਂ ਸ਼ਰਤਾਂ ਅਤੇ ਨਿਯਮਾਂ ਅਨੁਸਾਰ ਕੀਤੀ ਜਾਵੇਗੀ। ਅਧਿਕਾਰਤ ਅਫ਼ਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਹੋਣ ਤੋਂ ਪਹਿਲਾਂ ਕਿਸੇ ਸਮੇਂ ਵੀ ਬੋਲੀ ਰੱਦ/ਮੁਲਤਵੀ/ ਅਣਮਿੱਥੇ ਸਮੇਂ ਲਈ ਅੱਗੇ ਪਾਉਣ, ਸ਼ਰਤਾਂ ਅਤੇ ਨਿਯਮਾਂ 'ਚ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 7.4.2023 ਸਥਾਨ : ਜਲੰਧਰ (ਅਧਿਕਾਰਤ ਅਫ਼ਸਰ)


# ਬਾਪੂ ਪਿਆਰਾ ਸਿੰਘ ਸਾਬਕਾ ਸਰਪੰਚ ਨੂੰ ਅੰਤਿਮ ਅਰਦਾਸ ਮੌਕੇ ਨਿੱਘੀਆਂ ਸ਼ਰਧਾਂਜਲੀਆਂ

**ਤਰਨਤਾਰਨ (ਨਜ਼ਸ)**—ਪਿੰਡ ਗੰਡੀਵਿੰਡ ਧੱਤਲ ਦੇ ਸਾਬਕਾ ਸਰਪੰਚ ਪਿਆਰਾ ਸਿੰਘ ਦੇ ਵਿਛੋੜੇ ਉਪਰੰਤ ਗੁਰਦੁਆਰਾ ਦੇਸ਼ ਭਗਤ ਗਦਰੀ ਬਾਬਾ ਸੰਤਾ ਸਿੰਘ ਵਿਖੇ ਸਿੱਖ ਮਿਸ਼ਨਰੀ ਕਾਲਜ ਸੰਸਥਾ ਤੋਂ ਪਹੁੰਚੇ ਕਥਾਵਾਚਕ ਭਾਈ ਜਗਜੀਤ ਸਿੰਘ ਚੀਮਾ ਨੇ ਕਥਾ ਰਾਹੀਂ ਸਮਾਜਿਕ ਕੁਰੀਤੀਆਂ ਛੱਡਣ ਦਾ ਹਾਜ਼ਰੀਨ ਨੂੰ ਸੱਦਾ ਦਿੱਤਾ। ਅੰਤਿਮ ਅਰਦਾਸ ਉਪਰੰਤ ਵੱਖ-ਵੱਖ ਰਾਜਨੀਤਕ ਪਾਰਟੀਆਂ ਅਤੇ ਕਿਸਾਨ/ਮਜ਼ਦੂਰ/ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਕਾਂਗਰਸ ਪਾਰਟੀ ਦੇ ਜ਼ਿਲਾ ਪ੍ਰਧਾਨ ਅਤੇ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ, ਸੀਪੀਆਈ ਦੀ ਕੌਮੀ ਕੌਂਸਲ ਦੇ ਸਾਬਕਾ ਮੈਂਬਰ ਕਾਮਰੇਡ ਹਰਭਜਨ ਸਿੰਘ, ਮਾਰਕੀਟ ਕਮੇਟੀ ਤਰਨਤਾਰਨ ਦੇ ਸਾਬਕਾ ਚੇਅਰਮੈਨ ਅਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸੁਬੇਗ ਸਿੰਘ ਧੁੰਨ, ਪੀਐੱਸਪੀਸੀਐੱਲ ਤਰਨਤਾਰਨ ਹਲਕੇ ਦੇ ਡਿਪਟੀ ਚੀਫ ਇੰਜੀਨੀਅਰ ਗੁਰਸ਼ਰਨ ਸਿੰਘ ਖਹਿਰਾ, ਕੁੱਲ ਹਿੰਦ ਬਿਜਲੀ ਫੈਡਰੇਸ਼ਨ ਦੇ ਕੌਮੀ ਆਗੂ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੂਬਾਈ ਕਨਵੀਨਰ ਹਰਭਜਨ ਸਿੰਘ ਪਿਲਖਣੀ, ਕਾਂਗਰਸ ਪਾਰਟੀ ਦੇ ਆਗੂ ਨਵਰੀਤ ਸਿੰਘ ਸਰਪੰਚ ਨੇ ਸ਼ਰਧਾਂਜਲੀਆਂ ਭੇਟ ਕਰਦਿਆਂ ਬਾਪੂ ਪਿਆਰਾ ਸਿੰਘ ਵੱਲੋਂ ਆਪਣੇ ਜੀਵਨ ਵਿੱਚ ਇਮਾਨਦਾਰ ਅਤੇ ਬੇਦਾਗ ਰਹਿ ਕੇ ਨੇਕ ਨੀਤੀ ਨਾਲ ਕੀਤੇ ਚੰਗੇ ਕੰਮਾਂ ਦੀ ਜ਼ੋਰਦਾਰ ਪ੍ਰਸ਼ੰਸਾ ਕੀਤੀ । ਇਸ ਮੌਕੇ ਪਰਿਵਾਰ ਨਾਲ ਦੁੱਖ ਪ੍ਰਗਟ ਕਰਨ ਲਈ ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਦੇ ਸੂਬਾ ਜਨਰਲ ਸਕੱਤਰ ਸਰਿੰਦਰਪਾਲ ਸਿੰਘ ਲਾਹੌਰੀਆ, ਸੂਬਾ ਆਗੂ ਬਲਵਿੰਦਰ ਸਿੰਘ ਉਦੀਪੁਰ, ਗੁਰਧਿਆਨ ਸਿੰਘ, ਬਲਜਿੰਦਰ ਕੌਰ ਡਿਆਲ, ਕੁੱਲ ਹਿੰਦ ਬਿਜਲੀ ਫੈਡਰੇਸ਼ਨ ਦੇ ਡਿਪਟੀ ਜਨਰਲ ਸਕੱਤਰ ਨਰਿੰਦਰ ਸੈਣੀ, ਪਾਵਰਕੌਮ ਅਤੇ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਤਾਰਾ ਸਿੰਘ ਖਹਿਰਾ, ਚਮਕੌਰ ਸਿੰਘ, ਐੱਸਪੀ ਸਿੰਘ, ਕੇਵਲ ਸਿੰਘ ਬਨਵੈਤ, ਚੰਦ ਸਿੰਘ ਡੋਡ, ਜਗਦੀਸ਼ ਸਰਮਾ, ਬਲਬੀਰ ਸਿੰਘ ਲੁਧਿਆਣਾ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਜਨਰਲ ਸਕੱਤਰ ਕਾਮਰੇਡ ਪ੍ਰਿਥੀਪਾਲ ਸਿੰਘ ਮਾੜੀਮੇਘਾ, ਕਿਸਾਨ ਸੰਘਰਸ਼ ਕਮੇਟੀ ਦੇ ਸੂਬਾ ਕਨਵੀਨਰ ਕਵਲਪ੍ਰੀਤ ਸਿੰਘ ਪੰਨੂ, ਪੰਜਾਬ ਕਿਸਾਨ ਸਭਾ ਦੇ ਆਗੂ ਬਲਕਾਰ ਸਿੰਘ ਵਲਟੋਹਾ, ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ, ਖੇਤ ਮਜ਼ਦੂਰ ਯੂਨੀਅਨ ਦੇ ਆਗੂ ਕਾਮਰੇਡ ਗੁਰਦਿਆਲ ਸਿੰਘ, ਵਧੀਕ ਨਿਗਰਾਨ ਇੰਜੀਨੀਅਰ ਹਰਪ੍ਰੀਤ ਸਿੰਘ, ਇੰਜੀ. ਸਰਜੀਤ ਸਿੰਘ, ਇੰਜੀ. ਬਲਦੇਵ ਸਿੰਘ, ਇੰਜੀ. ਜਗਤਾਰ ਸਿੰਘ, ਇੰਜੀ. ਜਗਦੀਪ ਸਿੰਘ, ਇੰਜੀ. ਹਰਜੀਤ ਸਿੰਘ, ਇੰਜੀ. ਬਲਜਿੰਦਰ ਸਿੰਘ, ਇੰਜੀ. ਗੁਰਮੱਖ ਸਿੰਘ (ਸਾਰੇ ਐੱਸਡੀਓ) ਮਾਸਟਰ ਗੁਰਨਾਮ ਸਿੰਘ ਧੁੰਨ, ਮਾਸਟਰ ਦਲਬੀਰ ਸਿੰਘ ਚੰਬਾ, ਉਘੇ ਸਮਾਜ ਸੇਵਕ ਡਾਕਟਰ ਸੁਖਦੇਵ ਸਿੰਘ ਲੋਹਕਾ, ਤਰਕਸੀਲ ਆਗੂ ਰਜਵੰਤ ਸਿੰਘ ਬਾਗੜੀਆ, ਨਰਿੰਦਰ ਸ਼ੇਖਚੱਕ, ਸਵਰਨ ਸਿੰਘ ਸਰਪੰਚ, ਮੇਜਰ ਸਿੰਘ ਭੈਲ ਸਰਪੰਚ, ਡਾਕਟਰ ਇੰਦਰਜੀਤ ਸਿੰਘ ਮਰਹਾਣਾ, ਗੁਰਬਚਨ ਸਿੰਘ ਸਰਪੰਚ ਕਸੇਲ, ਸਰਪੰਚ ਅਮਰਜੀਤ ਸਿੰਘ, ਕਰਨਲ ਕਲਦੀਪ ਸਿੰਘ ਸੰਧੂ, ਐੱਸਐੱਚਓ ਸੁਖਰਾਜ ਸਿੰਘ, ਮੁਲਾਜ਼ਮ ਆਗੂ ਪੂਰਨ ਦਾਸ, ਲਖਵਿੰਦਰ ਸਿੰਘ ਬਹਿਲਾ, ਸੁਖਰਾਜ ਸਿੰਘ ਔਲਖ, ਬਲਜਿੰਦਰ ਸਿੰਘ ਪਲਾਸੌਰ, ਬਲਕਾਰ ਸਿੰਘ ਜੰਡੋਕੇ, ਮੇਜਰ ਸਿੰਘ ਨਾਗੋਕੇ, ਮਨਜੀਤ ਸਿੰਘ ਬਾਹਮਣੀਵਾਲ, ਰਾਜਬੀਰ ਸਿੰਘ ਢਿੱਲੋਂ, ਏਡੀਓ ਡਾਕਟਰ ਸ਼ੇਰਅਜੀਤ ਸਿੰਘ ਮੰਡ, ਪ੍ਰਿੰਸੀਪਲ ਹਰਭੇਜ ਸਿੰਘ, ਨਿੰਕੂ ਸ਼ਾਹ ਆੜ੍ਹਤੀਆ, ਸਤਵਿੰਦਰ ਸਿੰਘ ਮਰਹਾਣਾ, ਡਾ : ਜਗਨਨਾਥ ਨੱਥੂਪੁਰ, ਹੀਰਾ ਸਿੰਘ ਸਰਪੰਚ, ਰਾਜਵਿੰਦਰ ਸਿੰਘ ਸਰਪੰਚ, ਮੈਨੇਜਰ ਗੁਰਮੇਜ ਸਿੰਘ, ਸੂਬੇਦਾਰ ਬਲਵੰਤ ਸਿੰਘ, ਰਾਜੂ ਸਰਪੰਚ ਰੂੜੀਵਾਲਾ, ਪ੍ਰਗਟ ਸਿੰਘ ਚੰਬਾ, ਚੇਅਰਮੈਨ ਕੁਲਵਿੰਦਰ ਸਿੰਘ, ਡਾਇਰੈਕਟਰ ਰਛਪਾਲ ਸਿੰਘ, ਬਲਦੇਵ ਸਿੰਘ ਸਰਪੰਚ, ਸਰਪੰਚ ਨਰਿੰਦਰ ਸਿੰਘ, ਆਤਮਾ ਸਿੰਘ, ਸਰਜੀਤ ਸਿੰਘ, ਚੇਅਰਮੈਨ ਬਲਦੇਵ ਸਿੰਘ ਕੋਟ ਮੁਹੰਮਦ ਖਾਂ ਆਦਿ ਸ਼ਾਮਲ ਸਨ। ਸਟੇਜ ਸਕੱਤਰ ਦੀ ਭੂਮਿਕਾ ਪੂਰਨ ਸਿੰਘ ਮਾੜੀਮੇਘਾ ਨੇ ਬਾਖੂਬੀ ਨਿਭਾਈ। ਇਸ ਮੌਕੇ ਗਦਰੀ ਬਾਬਾ ਸੰਤਾ ਸਿੰਘ ਯੂਥ ਸਪੋਰਟਸ ਕਲੱਬ ਪਿੰਡ ਗੰਡੀਵਿੰਡ ਦੇ ਸਹਿਯੋਗ ਨਾਲ ਸਿਵਲ ਹਸਪਤਾਲ ਤਰਨ ਤਾਰਨ ਦੀ ਬਲੱਡ ਬੈਂਕ ਲਈ ਡਾਕਟਰ ਰਣਦੀਪ ਕੌਰ ਦੀ ਅਗਵਾਈ ਹੇਠ ਪੈਰਾ ਮੈਡੀਕਲ ਟੀਮ ਦੇ ਮੈਂਬਰਾਂ ਨਿਰਵੈਲ ਸਿੰਘ ਸੰਧੂ, ਮੈਡਮ ਸੁਸ਼ਮਾ, ਗੁਰਬਚਨ ਸਿੰਘ, ਮਨਜਿੰਦਰ ਸਿੰਘ ਨੇ ਬਾਪੂ ਪਿਆਰਾ ਸਿੰਘ ਦੀ ਯਾਦ ਨੂੰ ਸਮਰਪਿਤ ਖੂਨ ਦਾਨ ਕੈਂਪ ਲਗਾਇਆ ਜਿਸ ਵਿੱਚ 25 ਨੌਜਵਾਨਾਂ ਨੇ ਖੂਨ ਦਾਨ ਕੀਤਾ। ਅਖੀਰ 'ਤੇ ਬਾਪੂ ਪਿਆਰਾ ਸਿੰਘ ਦੇ ਪੁੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਆਈ ਸੰਗਤ ਦਾ ਧੰਨਵਾਦ ਕੀਤਾ।



8-April-PAGE- 12.qxd 4/7/2023 9:32 PM Page 1



# ਕਾਂਗਰਸੀ ਆਗੂਆਂ ਵੱਲੋਂ ਕਰਮਜੀਤ ਕੌਰ ਚੌਧਰੀ ਦੇ ਹੱਕ 'ਚ ਸ਼ਕਤੀ ਪ੍ਰਦਰਸ਼ਨ



**ਜਲੰਧਰ - (ਇਕਬਾਲ ਸਿੰਘ ਉਭੀ)** - ਪੱਛਮੀ ਵਿਧਾਨ ਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਸਾਬਕਾ ਨਗਰ ਕੌਂਸਲਰਾਂ ਅਤੇ ਆਗੂਆਂ ਨੇ ਜ਼ਿਮਨੀ ਚੋਣ ਦੇ ਉਮੀਦਵਾਰ ਕਰਮਜੀਤ ਕੌਰ ਚੌਧਰੀ ਦੇ ਘਰ ਮੀਟਿੰਗ ਕਰਕੇ ਸ਼ਕਤੀ ਪ੍ਰਦਰਸ਼ਨ ਕੀਤਾ। ਮੀਟਿੰਗ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਵਿਧਾਇਕ ਰਾਣਾ ਗੁਰਜੀਤ ਸਿੰਘ, ਰਾਜ ਕੁਮਾਰ ਚੱਬੇਵਾਲ, ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਅਤੇ ਵਿਕਰਮਜੀਤ ਸਿੰਘ ਚੌਧਰੀ, ਜ਼ਿਲ੍ਹਾ ਕਾਂਗਰਸ ਪ੍ਰਧਾਨ ਰਜਿੰਦਰ ਬੇਰੀ, ਪੱਛਮੀ ਹਲਕੇ ਤੋਂ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਕੌਂਸਲਰ ਹਾਜ਼ਰ ਹੋਏ। ਇਸ ਮੌਕੇ ਨੇਤਾਵਾਂ ਨੇ ਕਰਮਜੀਤ ਕੌਰ ਚੌਧਰੀ ਦੀ ਹਮਾਇਤ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਜ਼ਿਮਨੀ ਚੋਣ ਵਿੱਚ ਕਾਂਗਰਸ ਪਾਰਟੀ ਨੂੰ ਆਪਣੇ ਹਲਕੇ ਤੋਂ ਵੱਧ ਤੋਂ ਵੱਧ ਲੀਡ ਦਿਵਾਉਣ ਲਈ ਸਖਤ ਮਿਹਨਤ ਕਰਨਗੇ। ਇਸ ਮੌਕੇ ਬੋਲਦਿਆਂ ਕਰਮਜੀਤ ਕੌਰ ਚੌਧਰੀ ਨੇ ਸਮੂਹ ਆਗੂਆਂ ਦਾ ਸਹਿਯੋਗ ਅਤੇ ਇਕਜੁੱਟਤਾ ਲਈ ਧੰਨਵਾਦ ਕੀਤਾ ਅਤੇ ਕਿਹਾ ਕਿ ਮੈਂ ਕਾਂਗਰਸੀ ਨੇਤਾਵਾਂ ਅਤੇ ਵਰਕਰਾਂ ਵੱਲੋਂ ਦਿੱਤੇ ਗਏ ਸਮਰਥਨ ਲਈ ਤਹਿ ਦਿਲੋਂ ਧੰਨਵਾਦੀ ਹਾਂ। ਕਾਂਗਰਸ ਵਿਧਾਇਕ ਦਲ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਪਾਰਟੀ ਦਾ ਹਰ ਵਰਕਰ ਜਲੰਧਰ ਜ਼ਿਮਨੀ ਚੋਣ ਜਿੱਤਣ ਲਈ ਦਿਨ ਰਾਤ ਇੱਕ ਕਰ ਰਿਹਾ ਹੈ। ਚੋਣ ਪ੍ਰਚਾਰ ਕਮੇਟੀ ਦੇ ਚੇਅਰਮੈਨ ਰਾਣਾ ਗੁਰਜੀਤ ਸਿੰਘ ਨੇ ਕਿਹਾ, "ਕਾਂਗਰਸ ਪਾਰਟੀ ਜਲੰਧਰ ਜ਼ਿਮਨੀ ਚੋਣ ਜਿੱਤਣ ਲਈ ਇਕਜੁੱਟ ਹੈ। ਇਸ ਮੌਕੇ ਸਾਬਕਾ ਸੀਨੀਅਰ ਡਿਪਟੀ ਮੇਅਰ ਸੁਰਿੰਦਰ ਕੌਰ, ਜਲੰਧਰ (ਸ਼ਹਿਰੀ) ਮੀਤ ਪ੍ਰਧਾਨ ਪਵਨ ਕੁਮਾਰ, ਬਲਾਕ ਪ੍ਰਧਾਨ ਹਰੀਸ਼ ਢੱਲ, ਹਰਜਿੰਦਰ ਲਾਡਾ, ਹੰਸਰਾਜ ਢੱਲ, ਸੁਰਿੰਦਰ ਚੌਧਰੀ, ਗੁਲਜਾਰੀ ਲਾਲ ਸਾਰੰਗਲ, ਤਰਸੇਮ ਸਿੰਘ ਲਖੋਤਰਾ, ਬਚਨ ਲਾਲ, ਅਨਮੋਲ ਗਰੋਵਰ, ਕੁਲਦੀਪ ਮਿੰਟੂ, ਨਵਦੀਪ ਜਰੇਵਾਲ, ਜਗਦੀਸ ਸਮਰਾਏ, ਰਛਪਾਲ ਜੱਖੂ, ਸੁਦੇਸ ਭਗਤ, ਬੰਟੀ ਨੀਲਕੰਠ, ਸੰਜੂ ਅਰੋੜਾ, ਰਾਜ ਕੁਮਾਰ ਰਾਜੂ, ਹਰਪ੍ਰੀਤ ਸਿੰਘ ਆਜਾਦ, ਸੁਰਜੀਤ ਕੌਰ, ਬਲਬੀਰ ਕੌਰ, ਮੀਨੂੰ ਬੱਗਾ, ਮੁਨੀਸ ਪਾਹਵਾ, ਪਵਨ ਕੌਸਲ, ਜਵਾਹਰ ਖਾਨ, ਬਿਸੰਬਰ ਭਗਤ ਅਤੇ ਸੁਨੀਲ ਕੁਮਾਰ ਬੱਬੂ ਹੋਰਾਂ ਸਮੇਤ ਹਾਜ਼ਰ ਸਨ।

# ਸਮਾਰਟ ਸਰਕਾਰੀ ਸਕੂਲ ਅਮਰਾਲੀ 'ਚ ਸਾਲਾਨਾ ਇਨਾਮ ਵੰਡ ਸਮਾਗਮ

**ਸ੍ਰੀ ਚਮਕੌਰ ਸਾਹਿਬ ( ਕੁਲਵਿੰਦਰ ਕਾਲਾ)**

ਬਲਾਕ ਸ੍ਰੀ ਚਮਕੌਰ ਸਾਹਿਬ ਦੇ ਸਮਾਰਟ ਸਰਕਾਰੀ ਸਕੂਲ ਅਮਰਾਲੀ ਵਿਖੇ ਸਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਕਰਦੇ ਹੋਏ ਸਕੂਲ ਦੇ ਈ ਟੀ ਟੀ ਅਧਿਆਪਕ ਇੰਦਰਜੀਤ ਸਿੰਘ ਵੱਲੋ ਸਕੂਲ ਦੀ ਸਲਾਨਾ ਰਿਪੋਰਟ ਪੜੀ ਅਤੇ ਵਿਦਿਆਰਥੀਆਂ ਦੀਆਂ ਵੱਖ ਵੱਖ ਪ੍ਰਾਪਤੀਆਂ ਤੇ ਚਾਨਣਾ ਪਾਇਆ। ਸਕੂਲ ਦੀ ਅਧਿਆਪਕ ਮੈਡਮ ਬੇਬੀ, ਮੈਡਮ ਅਮਨਦੀਪ ਕੌਰ ਅਤੇ ਮੈਡਮ ਜਸਵਿੰਦਰ ਕੌਰ ਵੱਲੋ ਵਿਦਿਆਰਥੀਆਂ ਦੀਆਂ ਅੱਲਗ ਅੱਲਗ ਪ੍ਰਕਾਰ ਦੀਆਂ ਕੋਰੀਓਗ੍ਰਫ਼ੀਆਂ, ਭਾਸਣ, ਗਰੁੱਪ ਡਾਂਸ, ਸਕਿੱਟ, ਗਿੱਧਾ ਤੇ ਭੰਗੜਾ ਆਦਿ ਤਿਆਰ ਕਰਵਾ ਕੇ ਬਾਖੂਬੀ ਸਟੇਜ ਤੇ ਪੇਸ਼ ਕਰਵਾਏ ਗਏ। ਇਸਦੇ ਨਾਲ ਹੀ ਸਕੂਲ ਵੱਲੋਂ ਵਿੱਦਿਅਕ ਵਰ੍ਹੇ 2022-23 ਦੌਰਾਨ ਪੜਾਈ, ਖੇਡਾਂ ਅਤੇ ਹੋਰ ਸਹਿ ਵਿੱਦਿਅਕ ਗਤੀਵਿਧੀਆਂ ਵਿੱਚ ਮੱਲਾਂ ਮਾਰਨ ਵਾਲ਼ੇ ਵਿਦਿਆਰਥੀਆਂ ਦਾ ਸ਼ੀਲਡਾਂ ਤੇ ਮੈਡਲਾਂ ਨਾਲ ਸਨਮਾਨ ਕੀਤਾ ਗਿਆ। ਇਸ ਵਿੱਦਿਅਕ ਵਰੇ ਦੌਰਾਨ ਸਕੂਲ ਦੇ ਵਿੱਦਿਆਰਥੀਆਂ ਮਨਜੋਤ ਸਿੰਘ ਤੇ ਕੁਨਾਲ ਕੁਮਾਰ ਨੇ ਸਟੇਟ ਪੱਧਰੀ ਖੇਡਾਂ ਵਿੱਚ ਰੋਪੜ ਜਿਲ੍ਹਾ ਦੀ ਪ੍ਰਤੀਨਿਧਤਾ ਕੀਤੀ ਸੀ ਤੇ ਐੱਸ ਡੀ ਐੱਮ ਸ੍ਰੀ ਚਮਕੌਰ ਸਾਹਿਬ ਤੋਂ ਵੀ ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਨਮਾਨ ਪ੍ਰਾਪਤ ਕੀਤਾ ਸੀ, ਇਨ੍ਹਾਂ ਵਿਦਿਆਰਥੀਆਂ ਨੂੰ ਇਸ ਮੌਕੇ ਸਮਾਰੋਹ ਦੌਰਾਨ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਪਿੰਡ ਦੇ ਐੱਨ. ਆਰ. ਆਈ ਭਰਾਵਾਂ ਵੱਲੋਂ ਬਣਾਈ 'ਦੀ ਅਮਰਾਲੀ ਸੋਸ਼ਲ ਵੈਲਫੇਅਰ ਸੋਸਾਇਟੀ' ਵੱਲੋਂ ਸਕੂਲ ਉੱਤੇ 12-13 ਲੱਖ ਰੁਪਏ ਲਗਾ ਕੇ ਸਕੂਲ ਦੀ ਨੁਹਾਰ ਬਦਲੀ ਗਈ ਅਤੇ ਹਾਲੇ ਵੀ ਸੁਧਾਰ ਕਾਰਜ ਤੇਜੀ ਨਾਲ਼ ਜਾਰੀ ਹਨ। ਸਕੂਲ ਲਈ ਕੀਤੇ ਇਨ੍ਹਾਂ ਅਣਮੁੱਲੇ ਕਾਰਜਾਂ ਲਈ ਧੰਨਵਾਦ ਕਰਦੇ ਹੋਏ ਇਸ ਕਮੇਟੀ ਦੇ ਸਮੂਹ ਮੈਂਬਰਾਂ ਜਿਸ ਵਿੱਚ ਪ੍ਰਧਾਨ ਗੁਰਚਰਨ ਸਿੰਘ ਬਾਵਾ, ਜਰਨਲ ਸਕੱਤਰ ਹੁਸ਼ਿਆਰ ਸਿੰਘ, ਕੈਸ਼ੀਅਰ ਕੁਲਦੀਪ ਸਿੰਘ ਸੰਧੂ, ਮੈਂਬਰਾਂ ਗੁਰਜੋਤ ਸਿੰਘ, ਹਰਿੰਦਰ ਸਿੰਘ, ਕੁਲਵਿੰਦਰ ਸਿੰਘ ਪੰਚ, ਜਸਵਿੰਦਰ ਸਿੰਘ, ਮਨਪ੍ਰੀਤ ਸਿੰਘ, ਰਾਮ ਸਿੰਘ, ਰਾਜਵੀਰ ਸਿੰਘ, ਕੁਲਵੀਰ ਸਿੰਘ, ਗੁਰਪ੍ਰੀਤ ਸਿੰਘ, ਕਮਲਜੀਤ ਸਿੰਘ ਤੋਂ ਇਲਾਵਾ ਹਾਜਰ ਪੰਚਾਇਤ ਮੈਂਬਰਾਂ ਨੂੰ ਵੀ ਸਕੂਲ ਸਟਾਫ ਦੁਆਰਾ ਆਦਿ ਨੂੰ ਸਨਮਾਨਿਤ ਕੀਤਾ ਗਿਆ। ਬਲਾਕ ਸਿੱਖਿਆ ਅਫਸਰ ਦਵਿੰਦਰਪਾਲ ਬੇਦੀ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਲਾਕ ਸਿੱਖਿਆ ਅਫਸਰ ਨੇ ਅਪਣੇ ਭਾਸ਼ਣ ਦੌਰਾਨ ਸੈਂਟਰ ਹੈੱਡ ਟੀਚਰ ਮੈਡਮ ਜਸਵਿੰਦਰ ਕੌਰ ਅਤੇ ਸਮੂਹ ਸਕੂਲ ਸਟਾਫ ਦੀ ਬਹੁਤ ਸ਼ਲਾਘਾ ਕੀਤੀ ਗਈ ਅਤੇ ਸਕੂਲ ਨੂੰ ਅਪਣੇ ਵੱਲੋਂ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਨਾ ਆਉਣ ਦੇਣ ਦਾ ਵੀ ਯਕੀਨ ਦਵਾਇਆ ਗਿਆ। ਸਰਕਾਰੀ ਪ੍ਰਾਇਮਰੀ ਸਕੂਲ ਬਰਸਾਲਪੁਰ ਦੇ ਅਧਿਆਪਕ ਹਰਿੰਦਰ ਸਿੰਘ ਨੇ ਮਾਪਿਆਂ ਨੂੰ ਵੱਧ ਤੋਂ ਵੱਧ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ। ਮੈਨੇਜਰ ਕੁਲਦੀਪ ਸਿੰਘ ਸੰਧੂ ਨੇ ਆਏ ਪਤਵੰਤਿਆਂ ਨੂੰ ਸਕੂਲ ਲਈ ਤਨ ਮਨ ਧਨ ਤੋਂ ਸੇਵਾ ਕਰਨ ਦੀ ਗੱਲ ਆਖੀ, ਉਨ੍ਹਾਂ ਕਿਹਾ ਕਿ ਸਿੱਖਿਆ ਤੋਂ ਅਹਿਮ ਕੁਝ ਵੀ ਨਹੀਂ ਹੈ। ਸਮੂਹ ਪੰਚਾਇਤ ਵੱਲੋਂ ਕੇਹਰ ਸਿੰਘ ਨੇ ਸਕੂਲ ਸਟਾਫ ਦੀ ਮਿਹਨਤ ਤੇ ਉਪਰਾਲਿਆਂ ਦੀ ਪ੍ਰਸ਼ੰਸਾ ਕੀਤੀ ਤੇ ਪੰਚਾਇਤ ਵੱਲੋਂ ਇੱਕ ਹਜਾਰ ਰੁਪਏ ਸਕੂਲ ਸਟਾਫ ਨੂੰ ਭੇਟ ਕੀਤੇ। ਸਕੂਲ ਵਲੋਂ ਗੁਰਨਾਮ ਸਿੰਘ ਅਮਰਾਲੀ ਦਾ ਧੰਨਵਾਦ ਕੀਤਾ ਜਿਨ੍ਹਾਂ ਦੀ ਹਿੰਮਤ ਤੇ ਕੋਸਸਿ ਸਦਕਾ ਵਿਸਵ ਮਾਨਵ ਰੂਹਾਨੀ ਕੇਂਦਰ ਵੱਲੋ ਸਕੂਲ ਦੇ ਬੱਚਿਆਂ ਨੂੰ ਸਕੂਲ ਬੈਗ, ਪਾਣੀ ਦੀ ਬੋਤਲ , ਕਾਪੀਆਂ ਤੇ ਹੋਰ ਸਟੇਸਨਰੀ ਦਾ ਸਮਾਨ ਪ੍ਰਾਪਤ ਹੋਇਆ। ਸਕੂਲ ਮੁੱਖੀ ਵਲੋਂ ਉਹਨਾਂ ਸਭ ਦਾ ਬਹੁਤ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਵੀ ਇਸੇ ਪ੍ਰਕਾਰ ਸਕੂਲ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ। ਸਮਾਗਮ ਦੌਰਾਨ ਸਟੇਜ ਸਕੱਤਰ ਦੀ ਭੂਮੀਕਾ ਮੈਡਮ ਜਸਪ੍ਰੀਤ ਕੌਰ ਵੱਲੋਂ ਹੀ ਨਿਭਾਈ ਗਈ।



# 'ਸਫਰ ਅਜੇ ਬਾਕੀ ਹੈ' ਰਿਲੀਜ਼



**ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ)** ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੀ ਪ੍ਰੋਫੈਸਰ ਡਾਕਟਰ ਬਲਵੀਰ ਕੌਰ ਰੀਹਲ ਦੀ ਪੁਸਤਕ 'ਸਫਰ ਅਜੇ ਬਾਕੀ ਹੈ' ਇੱਕ ਸਮਾਰੋਹ ਵਿੱਚ ਪ੍ਰਧਾਨਗੀ ਮੰਡਲ ਵੱਲੋਂ ਜਾਰੀ ਕੀਤੀ ਗਈ। ਪੁਸਤਕ ਬਾਰੇ ਬੋਲਦਿਆਂ ਉੱਘੇ ਚਿੰਤਕ ਡਾਕਟਰ ਪਿਆਰੇ ਲਾਲ ਗਰਗ ਨੇ ਕਿਹਾ ਕਿ ਅਜਿਹੀਆਂ ਪੁਸਤਕਾਂ ਨਵੀਂ ਪਨੀਰੀ ਨੂੰ ਨਰੋਈ ਦਿਸ਼ਾ ਪ੍ਰਦਾਨ ਕਰਦੀਆਂ ਹਨ। ਪ੍ਰਿੰਸੀਪਲ ਹਰਭਜਨ ਸਿੰਘ ਵਿਚਾਰ ਮੰਚ ਵੱਲੋਂ ਆਯੋਜਿਤ ਇਸ ਸਮਾਰੋਹ ਵਿਚ ਆਲ ਇੰਡੀਆ ਰੇਡੀਓ ਦੇ ਡਿਪਟੀ ਡਾਇਰੈਕਟਰ ਸੁਰਿੰਦਰ ਪਾਲ ਝੱਲ ਅਤੇ ਉੱਘੇ ਸਾਇਰ ਗੁਰਦਿਆਲ ਰੌਸਨ ਉਚੇਚੇ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਆਪਣੇ ਸੰਬੋਧਨ ਵਿਚ ਕਿਹਾ ਕਿ ਡਾ. ਰੀਹਲ ਨੇ ਇਸ ਤੋਂ ਪਹਿਲਾਂ ਵੀ ਇਕ ਦਰਜਨ ਪੁਸਤਕਾਂ ਦਾ ਯੋਗਦਾਨ ਪਾਇਆ। ਨਿੱਕੀਆਂ ਕਰੂੰਬਲਾਂ ਦੇ ਸੰਪਾਦਕ ਬਲਜਿੰਦਰ ਮਾਨ ਨੇ ਪੁਸਤਕ ਬਾਰੇ ਬੋਲਦਿਆਂ ਕਿਹਾ ਕਿ ਇਸ ਪੁਸਤਕ 'ਚੋਂ ਨਾਵਲ, ਕਹਾਣੀ, ਨਾਟਕ ਅਤੇ ਸਫਰਨਾਮੇ ਦੇ ਰਸ ਵੇਖੇ ਜਾ ਸਕਦੇ ਹਨ। ਨੌਜਵਾਨਾਂ ਨੂੰ ਸਫਲ ਕਰਨ ਲਈ ਇਹ ਇਕ ਗਾਈਡ ਬੁੱਕ ਹੈ। ਪ੍ਰੋਫੈਸਰ ਅਜੀਤ ਲੰਗੇਰੀ ਨੇ ਇਸ ਗੱਲ 'ਤੇ ਫ਼ਖ਼ਰ ਕੀਤਾ ਕਿ ਇਲਾਕੇ ਦੀਆਂ ਲੜਕੀਆਂ ਬੜੇ ਲੰਬੇ ਸਮੇਂ ਤੋਂ ਖਾਸ ਮੁਕਾਮ ਹਾਸਲ ਕਰ ਲਈਆਂ ਹਨ। ਇਸ ਮੌਕੇ ਵੈਟਰਨ ਅਥਲੀਟ ਦਵਿੰਦਰ ਕੌਰ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਜਸਪਾਲ ਸਿੰਘ, ਪ੍ਰਿੰਸੀਪਲ ਰੋਹਤਸ਼, ਪ੍ਰੋਫੈਸਰ ਵਿਕਰਮ ਚੰਦੇਲ, ਸੁਰਿੰਦਰ ਪਾਲ ਸਿੰਘ ਪ੍ਰਦੇਸੀ, ਰੌਸਨਜੀਤ ਸਿੰਘ ਪਨਾਮ , ਮੈਡਮ ਦਲਵਿੰਦਰ ਅਜੀਤ, ਵਿੰਗ ਕਮਾਂਡਰ ਹਰਦੇਵ ਸਿੰਘ ਢਿੱਲੋਂ, ਕਰਨਲ ਜੀ ਐਸ ਢਿੱਲੋਂ ,ਮੈਡਮ ਜਸਦੀਪ,ਐਡਵੋਕੇਟ ਹਰਮਨਜੀਤ ਸਿੰਘ ਥਿਆੜਾ,ਗੁਰਦੀਪ ਕੌਰ,ਕਪਿਲ ਸਰਮਾ,ਐਕਸੀਅਨ ਪ੍ਰੇਮ ਪਾਲ ,ਪਰਵਿੰਦਰ ਸਿੰਘ ਕਿਤਨਾ, ਸੁਖਮਨ ਸਿੰਘ, ਬੱਗਾ ਸਿੰਘ ਆਰਟਿਸਟ, ਚੈਚਲ ਸਿੰਘ ਬੈਂਸ,ਸਰਪੰਚ ਬਲਵਿੰਦਰ ਸਿੰਘ,ਰੁਪਿੰਦਰਜੋਤ ਸਿੰਘ, ਡਾ. ਪਰਵਿੰਦਰ ਸਿੰਘ, ਹਰਭਜਨ ਸਿੰਘ ਚੇੜਾ ਸਮੇਤ ਦੂਰ-ਨੇੜੇ ਦੇ ਸਾਹਿਤ ਪ੍ਰੇਮੀ, ਸਟਾਫ ਮੈਂਬਰ ਅਤੇ ਸਾਹਿਤਕਾਰ ਹਾਜ਼ਰ ਸਨ।

# ਖਾਲਸਾ ਪੰਥ ਦੇ ਸਾਜਨਾ ਦਿਵਸ 'ਤੇ ਸਰਬੱਤ ਦੇ ਭਲੇ ਲਈ ਧਾਰਮਕ ਸਮਾਗਮ ਕਰਵਾਇਆ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ੍ਰੀ ਚੰਦ ਟਾਂਡਾ-ਸ੍ਰੀ ਹਰਗੋਬਿੰਦਪੁਰ ਰੋਡ ਨੇੜੇ ਪਿੰਡ ਕੋਟਲੀ-ਜੰਡ ਵਿਖੇ ਖਾਲਸਾ ਪੰਥ ਦੇ ਸਾਜਨਾ ਦਿਵਸ 'ਤੇ ਸਰਬੱਤ ਦੇ ਭਲੇ ਲਈ ਮਹੀਨਾਵਾਰ ਧਾਰਮਿਕ ਸਮਾਗਮ ਕਰਵਾਇਆ ਗਿਆ। ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁਖਦੇਵ ਸਿੰਘ ਬੇਦੀ ਸੋਲਵੀ ਸੰਤਾਨ ਸ੍ਰੀ ਗੁਰੂ ਨਾਨਕ ਦੇਵ ਜੀ ਅੰਸ-ਵੰਸ ਦਰਬਾਰ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੀ ਅਗਵਾਈ ਵਿੱਚ ਅਸੀ ਦੇ ਦਿਹਾੜੇ ਤੇ ਕਰਵਾਏ ਗਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ 31 ਮਾਰਚ ਤੋਂ ਆਰੰਭ ਕੀਤੀ ਗਈ ਸ੍ਰੀ ਸਹਿਜ ਪਾਠ ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪਾਏ ਗਏ ਅਤੇ ਪੰਥ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸਜਾਏ ਗਏ ਗੁਰਮਤਿ ਸਮਾਗਮ ਦੌਰਾਨ ਗਿਆਨੀ ਤਰਸੇਮ ਸਿੰਘ ਖਾਲਸਾ ਅੰਮ੍ਰਿਤਸਰ, ਗਿਆਨੀ ਅਮਰਜੀਤ ਸਿੰਘ ਮੂਨਕਾਂ , ਭਾਈ ਕਰਮਜੀਤ ਸਿੰਘ ਖਾਨਪੁਰ, ਕਥਾ ਵਾਚਕ ਭਾਈ ਕਰਨੈਲ ਸਿੰਘ ਲੁਧਿਆਣੇ ਵਾਲਿਆਂ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵੀਚਾਰ ਰਾਹੀਂ ਸੇਵਾ ਤੇ ਸਿਮਰਨ ਦੇ ਮਾਰਗ ਤੇ ਚਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੰਤ ਬਾਬਾ ਸੁਖਦੇਵ ਸਿੰਘ ਜੀ ਬੇਦੀ ਨੇ ਸਮੂਹ ਸੰਗਤ ਨੂੰ ਇਨ੍ਹਾਂ ਸਮਾਗਮ ਵਿਚ ਸਾਮਲ ਵੱਡੀ ਗਿਣਤੀ ਵਿੱਚ ਸੰਗਤ ਨੂੰ ਗੁਰੂ ਸਾਹਿਬਾਨਾਂ ਵੱਲੋਂ ਦਰਸਾਏ ਗਏ ਕਿਰਤ ਕਰੋ, ਵੰਡ ਛਕੋ ਅਤੇ ਨਾਮ ਜਪੋ ਦੇ ਮਾਰਗ ਉੱਤੇ ਚਲ ਕੇ ਆਪਣਾ ਮਨੁੱਖਾ ਜਨਮ ਸਫਲ ਕਰਨ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਵਿਸੇਸ ਤੌਰ ਤੇ ਪਹੁੰਚੇ ਜੱਜ ਮਹਿੰਦਰ ਪ੍ਰਤਾਪ ਸਿੰਘ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਵੱਖ-ਵੱਖ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ.ਸੁਖਵਿੰਦਰ ਸਿੰਘ ਬੇਦੀ, ਨਾਜਰ ਸਿੰਘ ਸਹਿਬਾਜਪੁਰ, ਹੈਡ ਗ੍ਰੰਥੀ ਹਰਵੰਤ ਸਿੰਘ ਲਖਵੀਰ ਸਿੰਘ ਗਿੱਲ ਸਾਬਕਾ ਸਰਪੰਚ ਕੁਲਵੰਤ ਵੀਰ ਸਿੰਘ, ਸਾਬਕਾ ਸਰਪੰਚ ਗੁਰਮੀਤ ਸਿੰਘ, ਕੁਲਦੀਪ ਸਿੰਘ ਰਿੰਕੂ, ਸੁਖਪ੍ਰੀਤ ਸਿੰਘ, ਦੀਦਾਰ ਸਿੰਘ, ਪਰਮਜੀਤ ਸਿੰਘ, ਸਨਪ੍ਰੀਤ ਸਿੰਘ, ਹੈਪੀ ਟਾਂਡਾ ਤੋਂ ਇਲਾਵਾ ਦੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਜਨਰਲ ਕਮਿਸ਼ਨ ਸਥਾਪਤ ਨਾ ਕਰਨ ਕਰਕੇ ਜਨਰਲ ਵਰਗ 'ਚ ਭਾਰੀ ਰੋਸ : ਫੁਗਲਾਣਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਦੋਆਬਾ ਜਨਰਲ ਕੈਟਾਗਰੀਜ ਫਰੰਟ ਪੰਜਾਬ, ਜਨਰਲ ਕੈਟਾਗਰੀਜ ਵੈਲਫੇਅਰ ਫੈਡਰੇਸਨ ਪੰਜਾਬ ਅਤੇ ਜਨਰਲ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਦੀ ਅਹਿਮ ਮੀਟਿੰਗ ਫਰੰਟ ਦੇ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ ਦੀ ਰਹਿਨੁਮਾਈ ਹੇਠ ਹੋਈ ਜਿਸ 'ਚ ਵੱਖ ਵੱਖ ਜਿਲਿਆ ਦੇ ਆਗੂਆ ਨੇ ਭਾਗ ਲਿਆ ਜਿਸ ਵਿਚ ਸ਼ਿਆਮ ਲਾਲ ਸ਼ਰਮਾ ਚੀਫ ਆਰਗੇਨਾਈਜ਼ਰ, ਕੁਲਜੀਤ ਸਿੰਘ ਪਟਿਆਲਾ, ਸਰਬਜੀਤ ਸਿੰਘ ਕੌਸਲ ਮਾਨਸਾ, ਸੁਖਜੀਤ ਪਾਲ ਸਿੰਘ ਫਰੀਦਕੋਟ, ਸੁਰਿੰਦਰ ਸਿੰਘ ਪਟਿਆਲਾ, ਜਗਤਾਰ ਸਿੰਘ ਭੂੰਗਰਨੀ, ਗੁਰਦਿਆਲ ਸਿੰਘ ਜਲਵੇੜਾ, ਜਸਵਿੰਦਰ ਸਿੰਘ ਸੰਘਾ, ਮਾਸਟਰ ਅਵਤਾਰ ਸਿੰਘ, ਅਸ਼ਵਨੀ ਸ਼ਰਮਾ ਪਠਾਨਕੋਟ, ਰਮਨ ਨਹਿਰਾ ਫਗਵਾੜਾ ਅਤੇ ਹੋਰ ਸਾਥੀਆ ਨੇ ਭਾਗ ਲਿਆ। ਮੀਟਿੰਗ ਨੂੰ ਸੰਬੋਧਨ ਕਰਦਿਆ ਬਲਵੀਰ ਸਿੰਘ ਫੁਗਲਾਣਾ ਅਤੇ ਬਾਕੀ ਬੁਲਾਰਿਆ ਨੇ ਆਪ ਸਰਕਾਰ ਦੀ ਡਟਕੇ ਮੁਖ਼ਾਲਫਤ ਕਰਦਿਆ ਆਖਿਆ ਕਿ ਮੁਖ ਮੰਤਰੀ ਪੰਜਾਬ ਦਿੱਲੀ ਸਰਕਾਰ ਦੀ ਕਠਪੁਤਲੀ ਵਜੋਂ ਕੰਮ ਕਰ ਰਹੇ ਹਨ।

ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਆਪ ਸਰਕਾਰ ਵੀ ਜਨਰਲ ਵਰਗ ਦੀਆ ਮੰਗਾ ਵਲ ਧਿਆਨ ਨਹੀ ਦੇ ਰਹੀ। ਜਦਕਿ ਐਸੀ ਐਸ ਟੀ ਕਾਨੂੰਨ ਦੀ ਦੁਰਵਰਤੋਂ ਕਰਕੇ ਸਰੇਆਮ ਜਨਰਲ ਵਰਗ ਨਾਲ ਧੱਕਾ ਕੀਤਾ ਜਾ ਰਿਹਾ। ਸਮੂਹ ਜਨਰਲ ਜਥੇਬੰਦੀਆ ਵੱਲੋਂ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਆਖਿਆ ਕਿ ਅਗਰ ਸਰਕਾਰ ਨੇ ਜਨਰਲ ਕਮਿਸ਼ਨ ਸਥਾਪਤ ਨਾ ਕੀਤਾ ਤਾਂ ਜਲੰਧਰ ਜਿਮਨੀ ਚੋਣ ਵਿੱਚ ਸਰਕਾਰ ਦਾ ਡਟਕੇ ਵਿਰੋਧ ਕੀਤਾ ਜਾਵੇਗਾ।

# ਰਵਿੰਦਰ ਸਿੰਘ ਟੁਰਨਾ ਦੀ ਮਾਤਾ ਗੁਰਦੇਵ ਕੌਰ ਟੁਰਨਾ ਦਾ ਅੰਤਿਮ ਸੰਸਕਾਰ



**ਸ਼ਾਹਕੋਟ (ਗਿਆਨ ਸੈਦਪੁਰੀ)** ਸਾਬਕਾ ਮੁੱਖ ਮੰਤਰੀ ਬੀਬੀ ਰਜਿੰਦਰ ਕੌਰ ਭੱਠਲ ਦੇ ਓ ਐਸ ਡੀ ਅਤੇ ਸਿਆਸੀ ਸਕੱਤਰ ਰਵਿੰਦਰ ਸਿੰਘ ਟੁਰਨਾ ਦੀ ਮਾਤਾ ਗੁਰਦੇਵ ਕੌਰ ਦਾ ਸ਼ੁੱਕਰਵਾਰ ਨੂੰ ਪਿੰਡ ਫਾਜਲਵਾਲ (ਸ਼ਾਹਕੋਟ) ਦੇ ਸ਼ਮਸ਼ਾਨ ਘਾਟ ਵਿੱਚ ਅੰਤਮ ਸੰਸਕਾਰ ਕਰ ਦਿੱਤਾ ਗਿਆ। ਮਾਤਾ ਗੁਰਦੇਵ ਕੌਰ ਟੁਰਨਾ ਦਾ ਵੀਰਵਾਰ ਨੂੰ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦੀ ਅੰਤਿਮ ਯਾਤਰਾ ਵਿੱਚ ਬੀਬੀ ਰਜਿੰਦਰ ਕੌਰ ਭੱਠਲ,ਉਨ੍ਹਾਂ ਬੇਟਾ ਰਾਹੁਲ ਭੱਠਲ ਅਤੇ ਨੂੰਹ ਨੇਹਾ ਭੱਠਲ ਉਚੇਚੇ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਨੇ ਟੁਰਨਾ ਪਰਵਾਰ ਨਾਲ ਆਪਣੀਆਂ ਸੰਵੇਦਨਾਵਾਂ ਦਾ ਇਜਹਾਰ ਕਰਦਿਆਂ ਕਿਹਾ ਕਿ ਅਜੇ ਮਾਤਾ ਜੀ ਦੇ ਜਾਣ ਦਾ ਸਮਾਂ ਨਹੀਂ ਸੀ। ਉਨ੍ਹਾਂ ਦੇ ਵਿਛੋੜੇ ਨਾਲ ਟੁਰਨਾ ਪਰਵਾਰ ਡੂੰਘੇ ਸਦਮੇ ਵਿੱਚ ਹੈ। ਅੰਤਿਮ ਸੰਸਕਾਰ ਮੌਕੇ ਹੋਰਨਾਂ ਤੋਂ ਇਲਾਵਾ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਤਨ ਸਿੰਘ ਕਾਕੜ ਕਲਾਂ, ਮਾਰਕਿਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ, ਸਿੱਖ ਚਿੰਤਕ ਭਾਈ ਪਾਲ ਸਿੰਘ ਫਰਾਂਸ, ਸੀ ਪੀ ਆਈ ਤਹਿਸੀਲ ਸ਼ਾਹਕੋਟ-ਨਕੋਦਰ ਦੇ ਸਕੱਤਰ ਕਾਮਰੇਡ ਚਰਨਜੀਤ ਸਿੰਘ ਥੰਮੂਵਾਲ, ਸਟੀਲ ਅਥਾਰਟੀ ਆਫ ਇੰਡੀਆ ਦੇ ਸਾਬਕਾ ਮੈਂਬਰ ਡਾ. ਜਗਤਾਰ ਸਿੰਘ ਚੰਦੀ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਂਹਾਂ) ਦੇ ਆਗੂ ਬਲਕਾਰ ਸਿੰਘ ਫਾਜਲਵਾਲ, ਕੋਆਪ੍ਰੇਟਿਵ ਸੁਸਾਇਟੀ ਢੰਡੋਵਾਲ ਦੇ ਪ੍ਰਧਾਨ ਜਗਤਾਰ ਸਿੰਘ ਖਾਲਸਾ, ਡਾ. ਵਿਲੀਅਮ ਜੌਨ, ਰਮੇਸ਼ ਹੰਸ, ਮਨੋਜ ਅਰੋੜਾ, ਜਸਵੀਰ ਜਲਾਲਪੁਰੀ (ਚਾਰੇ ਆਗੂ ਆਪ), ਜਸਵੀਰ ਸਿੰਘ ਪੰਨੂ, ਸ਼ਹਿਰੀ ਪ੍ਰਧਾਨ ਕਾਂਗਰਸ ਕਮੇਟੀ ਪ੍ਰਵੀਨ ਗਰੋਵਰ, ਸਾਬਕਾ ਐਮ.ਸੀ. ਕਮਲ ਕੁਮਾਰ ਨਾਹਰ, ਸੁਖਰਾਜ ਸਿੰਘ ਸਰਪੰਚ , ਹਰਦੀਪ ਸਿੰਘ ਪੰਨੂ, ਬਾਲ ਸਹਿਤ ਲੇਖਕ ਡਾ: ਨਰਿੰਦਰ ਸਿੰਘ ਬਾਂਸਲ, ਸੁਖਰਾਜ ਸਿੰਘ ਸਰਪੰਚ ਬੱਗਾ, ਦਵਿੰਦਰ ਸਿੰਘ ਨੰਬਰਦਾਰ, ਮਾਸਟਰ ਮਹਿੰਦਰ ਸਿੰਘ ਝੰਡ, ਬਖਸ਼ੀਸ਼ ਸਿੰਘ ਸਿੰਧੜ, ਰਾਜੀਵ ਅਰੋੜਾ, ਡਾ. ਪ੍ਰਿਤਪਾਲ ਸਿੰਘ, ਤਰਸੇਮ ਸਿੰਘ ਸ਼ੇਖੇਵਾਲ, ਭਾਈਚਾਰਾ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਸਨ। ਪਰਵਾਰਕ ਸੂਤਰਾਂ ਅਨੁਸਾਰ ਬੀਬੀ ਗੁਰਦੇਵ ਕੌਰ ਟੁਰਨਾ ਨਮਿਤ ਅੰਤਿਮ ਅਰਦਾਸ ਅਤੇ ਪਾਠ ਦੇ ਭੋਗ 11 ਅਪਰੈਲ ਨੂੰ ਪਿੰਡ ਫਾਜਲਵਾਲ ਦੇ ਗੁਰਦਵਾਰਾ ਸਾਹਿਬ ਵਿੱਚ ਹੋਣਗੇ।

# ਸਾਧੂ ਸੰਪਰਦਾਇ ਸੁਸਾਇਟੀ ਵੱਲੋਂ ਪੱਤਰਕਾਰ ਓ ਪੀ ਰਾਣਾ ਦਾ ਸਨਮਾਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ (ਰਜਿ.) ਪੰਜਾਬ ਵੱਲੋਂ ਹਰਿਦੁਆਰ ਵਿਖੇ ਸ੍ਰੀ ਗੁਰੂ ਰਵਿਦਾਸ ਪ੍ਰਕਾਸ਼ ਪੁਰਬ ਸਮਾਗਮ ਮੌਕੇ ਪੱਤਰਕਾਰ ਓ ਪੀ ਰਾਣਾ ਹੁਸ਼ਿਆਰਪੁਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ (ਰਜਿ.) ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ ਦੀ ਯੋਗ ਅਗਵਾਈ ਹੇਠ ਹੋਏ ਸਮਾਗਮ ਵਿਚ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ ਤੇ ਹਾਜ਼ਰ ਮਹਾਂਪੁਰਸ਼ਾਂ ਵੱਲੋਂ ਹਰਿਦੁਆਰ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 646ਵੇਂ ਪ੍ਰਕਾਸ਼ ਪੁਰਬ ਸਮਾਗਮ ਮੌਕੇ ਹਾਜ਼ਰ ਹਜ਼ਾਰਾਂ ਸੰਗਤਾਂ ਦੀ ਹਾਜ਼ਰੀ ਵਿਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਸੁੰਦਰ ਸਰੂਪ ਅਤੇ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਅਤੇ ਸੰਤ ਇੰਦਰ ਦਾਸ ਜਨਰਲ ਸਕੱਤਰ ਨੇ ਕਿਹਾ ਕਿ ਓ.ਪੀ.ਰਾਣਾ ਵਲੋਂ ਸਾਧੂ ਸੰਪਰਦਾਇਕ ਸੁਸਾਇਟੀ ਦੇ ਮੀਡੀਆ ਦੇ ਸਾਰੇ ਕਾਰਜਾਂ ਨੂੰ ਬੜੀ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਨੇਪਰੇ ਚਾੜਿਆ ਜਾ ਰਿਹਾ ਹੈ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਬਾਣੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਵਿਸ਼ੇਸ਼ ਯੋਗਦਾਨ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੁਸਾਇਟੀ ਪੱਤਰਕਾਰ ਰਾਣਾ ਤੋਂ ਭਵਿੱਖ ਵਿੱਚ ਵੀ ਇਹੀ ਸਹਿਯੋਗ ਦੀ ਆਸ ਰੱਖਦੀ ਹੈ। ਪੱਤਰਕਾਰ ਰਾਣਾ ਵਲੋਂ ਵਿਸ਼ੇਸ਼ ਸਨਮਾਨ ਲਈ ਸਮੂਹ ਸੰਤਾਂ ਮਹਾਪੁਰਸ਼ਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਸਾਊਥ ਕੈਂਪਸ ਵਿਖੇ ਅੰਤਰ-ਕਾਲਜ ਫੈਸ਼ਨ ਸ਼ੋਅ ਮੁਕਾਬਲੇ




**ਜਲੰਧਰ (ਸ਼ੈਲੀ ਐਲਬਰਟ)**-: ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਸਾਊਥ ਕੈਂਪਸ ਵਿਖੇ ਆਯੋਜਿਤ ਅੰਤਰ-ਕਾਲਜ ਫੈਸ਼ਨ ਸ਼ੋਅ ਮੁਕਾਬਲੇ ਗਲੈਮਰ ਐਂਡ ਗਲੋਸ ਵਿੱਚ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਨੌਜਵਾਨ ਮਾਡਲਾਂ ਨੇ ਰੈਂਪ ਵਾਕ ਕੀਤਾ। ਮੁਕਾਬਲੇ ਵਿੱਚ ਨੌਂ ਟੀਮਾਂ ਸਨ ਆਨੰਦ ਕਾਲਜ ਆਫ਼ ਇੰਜਨੀਅਰਿੰਗ ਐਂਡ ਮੈਨੇਜਮੈਂਟ, ਸੀਟੀ ਯੂਨੀਵਰਸਿਟੀ, ਐਚ ਐਮ ਵੀ ਕਾਲਜ, ਪੀ ਸੀ ਐਮ ਐਸਡੀ ਕਾਲਜ ਫ਼ਾਰ ਵੂਮੈਨ, ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸ਼ਾਹਪੁਰ, ਐਸ ਟੀ ਸੋਲਜਰ ਇੰਸਟੀਚਿਊਟ ਆਫ ਬਿਜ਼ਨਸ ਮੈਨੇਜਮੈਂਟ ਐਂਡ ਐਗਰੀਕਲਚਰ, ਰਿਆਤ ਬਾਹਰਾ ਇੰਸਟੀਚਿਊਟ ਆਫ ਮੈਨੇਜਮੈਂਟ, ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਅਤੇ ਕੇ ਐੱਮ ਵੀ, ਜਲੰਧਰ ਆਦਿ ਸ਼ਾਮਿਲ ਸਨ। ਸ਼ੋਅ ਦੀ ਥੀਮ ਇੰਡੋ-ਵੈਸਟਰਨ ਸੀ ਜਿਸ ਵਿਚ ਰੈਂਪ ਤੇ 113 ਮਾਡਲ ਅਤੇ 105 ਡਿਜ਼ਾਈਨਰ ਸਨ, ਜਿਨ੍ਹਾਂ ਨੇ ਆਪਣੀ ਕਾਰੀਗਰੀ ਪੇਸ਼ ਕੀਤੀ। ਟੀਮਾਂ ਦਾ ਨਿਰਣਾ 3 ਜੱਜਾਂ ਦੇ ਇੱਕ ਪੈਨਲ ਦੁਆਰਾ ਕੀਤਾ ਗਿਆ ਸੀ ਜਿਵੇਂ ਕਿ ਪੰਕਜ ਠਾਕੁਰ, ਸਟੂਡੀਓ ਸੀ ਕੇ ਸੀ ਵਿਖੇ ਫੈਸ਼ਨ ਡਿਜ਼ਾਈਨਰ, ਪਾਰੁਲ ਵਰਮਾ ਜੇਡੋਰ ਵਿਖੇ ਡਿਜ਼ਾਈਨਰ ਅਤੇ ਨੇਹਾ ਵੜੈਚ ਗਰੋਵਰ ਫੁੱਲ ਲੁੱਕ ਐਕਸਪਰਟ ਅਤੇ ਮੇਕਅਪ ਕਲਾਕਾਰ ਆਦਿ ਸ਼ਾਮਲ ਸਨ। ਪਹਿਲਾ ਸਥਾਨ ਕੇ ਐਮ ਵੀ, ਜਲੰਧਰ, ਦੂਜਾ ਸਥਾਨ ਸੀਟੀ ਯੂਨੀਵਰਸਿਟੀ, ਲੁਧਿਆਣਾ ਅਤੇ ਤੀਜਾ ਸਥਾਨ ਐਚ.ਐਮ.ਵੀ, ਜਲੰਧਰ ਨੇ ਪ੍ਰਾਪਤ ਕੀਤਾ। ਸੀਟੀ ਮਿਊਜ਼ੀਕਲ ਸੋਸਾਇਟੀ ਵੱਲੋਂ ਪੇਸ਼ ਲਾਈਵ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ ਗਿਆ। ਇਸ ਮੌਕੇ ਸੀਟੀ ਗਰੁੱਪ ਦੀ ਕੋ-ਚੇਅਰਪਰਸਨ ਪਰਮਿੰਦਰ ਕੌਰ ਚੰਨੀ, ਸੀਟੀ ਗਰੁੱਪ ਦੀ ਮੈਨੇਜਿੰਗ ਡਾਇਰੈਕਟਰ ਡਾ: ਮਨਬੀਰ ਸਿੰਘ, ਕੋ-ਮੈਨੇਜਿੰਗ ਡਾਇਰੈਕਟਰ ਤਨਿਕਾ ਸਿੰਘ, ਕੈਂਪਸ ਡਾਇਰੈਕਟਰ ਡਾ: ਗੁਰਪ੍ਰੀਤ ਸਿੰਘ, ਖੋਜ ਨਿਰਦੇਸ਼ਕ ਅਤੇ ਇਨੋਵੇਸ਼ਨ, ਡਾ. ਜਸਦੀਪ ਕੌਰ ਧਾਮੀ, ਵਿਦਿਆਰਥੀ ਭਲਾਈ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਅਰਜਨ ਸਿੰਘ, ਸੀ.ਟੀ.ਆਈ.ਐਚ.ਪੀ.ਐਮ ਦੇ ਪ੍ਰਿੰਸੀਪਲ ਦਿਵਯੇ ਛਾਬੜਾ, ਹਾਸਪਿਟੈਲਿਟੀ ਵਿਭਾਗ ਦੇ ਮੁਖੀ, ਮਹੇਸ਼ ਖਡਵਾਲ, ਫੈਸ਼ਨ ਡਿਜ਼ਾਈਨਿੰਗ ਵਿਭਾਗ ਦੇ ਕੰਟਰੋਲਰ ਰੇਣੂਕਾ ਸਟਾਫ਼ ਅਤੇ ਵਿਦਿਆਰਥੀਆਂ ਨਾਲ।ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਭਾਗ ਲੈਣ ਵਾਲੀਆਂ ਟੀਮਾਂ ਦੇ ਫੈਸ਼ਨ ਹੁਨਰ ਨੂੰ ਪ੍ਰਦਰਸ਼ਿਤ ਕਰਨ ਦੇ ਯਤਨਾਂ ਦੀ ਸ਼ਲਾਘਾ ਕੀਤੀ

# ਫਿਲੌਰ ਪੁੱਜਣ 'ਤੇ ਸਾਲਾਨਾ ਗੁਫਾ ਸ਼ੁਕਰਾਨਾ ਪੈਦਲ ਯਾਤਰਾ ਦਾ ਸਵਾਗਤ



**ਫਿਲੌਰ (ਨਿਰਮਲ)**- ਲੁਧਿਆਣਾ ਤੋਂ ਸਾਲਾਨਾ ਗੁਫਾ ਸ਼ੁਕਰਾਨਾ ਪੈਦਲ ਯਾਤਰਾ ਦਾ ਸ਼ੁੱਕਰਵਾਰ ਸਵੇਰੇ ਫਿਲੌਰ ਪੁੱਜਣ 'ਤੇ ਫਿਲੌਰ ਦੀਆਂ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਹ ਯਾਤਰਾ ਸਾਂਈ ਇੰਦਰ ਸ਼ਾਹ, ਰਹਿਮਤੇ ਨੂਰੀ ਦਰਬਾਰ ਸਰਪੰਚ ਕਾਲੋਨੀ ਚੂਹੜ ਪੁਰ (ਲੁਧਿਆਣਾ) ਤੋਂ ਸਵੇਰੇ ਸ਼ੁਰੂ ਹੋ ਕੇ ਫਿਲੌਰ ਪੁੱਜੀ। ਇਸ ਮੌਕੇ ਸਾਂਈ ਇੰਦਰ ਸ਼ਾਹ ਨੇ ਦੱਸਿਆ ਕਿ ਇਹ ਯਾਤਰਾ ਮੁਕੰਦਪੁਰ, ਗੜ੍ਹਸ਼ੰਕਰ, ਨੰਗਲ, ਸ਼ਾਹਤਲਾਈ ਹੋ ਕੇ 11 ਅਪ੍ਰੈਲ ਨੂੰ ਸਿੱਧ ਗੁਫਾ ਪੁੱਜੇਗੀ।

ਇਸ ਯਾਤਰਾ ਵਿੱਚ ਭਾਰੀ ਗਿਣਤੀ ਵਿੱਚ ਔਰਤਾਂ, ਬੱਚੇ, ਨੌਜਵਾਨ ਸ਼ਰਧਾਲੂ ਸਨ।

# ਪਹਿਲੀ ਵਾਰ ਅਜਿਹਾ ਹੋਇਆ ਕਿ ਇੱਕ ਸਾਲ 'ਚ ਹਜ਼ਾਰਾਂ ਨੌਕਰੀਆਂ ਦਿੱਤੀਆਂ ਗਈਆਂ : ਬਰਸਟ



**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਸ਼ੁੱਕਰਵਾਰ ਨੂੰ ਨੌਜਵਾਨਾਂ ਨੂੰ ਘਰ-ਘਰ ਅਤੇ ਮੁਹੱਲੇ 'ਚ ਜਾ ਕੇ ਲੋਕਾਂ ਨੂੰ 'ਆਪ' ਪਾਰਟੀ ਨਾਲ ਜੁੜਨ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ ਤਾਂ ਜੋ ਪੰਜਾਬ ਨੂੰ ਇੱਕ ਸੁੰਦਰ ਸੂਬਾ ਬਣਾਇਆ ਜਾ ਸਕੇ। ਸੂਬਾ ਸਕੱਤਰ ਰਾਜਵਿੰਦਰ ਕੌਰ ਥਿਆੜਾ, ਜਲੰਧਰ ਲੋਕ ਸਭਾ ਇੰਚਾਰਜ ਮੰਗਲ ਸਿੰਘ ਅਤੇ ਯੂਥ ਵੈਲਫੇਅਰ ਬੋਰਡ ਦੇ ਚੇਅਰਮੈਨ ਪਰਮਿੰਦਰ ਗੋਲਡੀ ਦੀ ਹਾਜਰੀ 'ਚ ਜਿਲ੍ਹੇ ਦੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ 'ਆਪ' ਪਾਰਟੀ ਨੌਜਵਾਨਾਂ ਦੀ ਪਾਰਟੀ ਹੈ। ਅਸੀਂ ਜਲੰਧਰ ਲੋਕ ਸਭਾ ਚੋਣਾਂ ਨੂੰ ਲੈ ਕੇ ਨੌਜਵਾਨਾਂ ਵਿਚਲੇ ਜਨੂੰਨ ਨੂੰ ਦੇਖਣ ਲਈ ਇਕੱਠੇ ਹੋਏ ਹਾਂ। ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਸਰਕਾਰ ਨੇ ਇੱਕ ਸਕੀਮ ਸ਼ੁਰੂ ਕੀਤੀ ਹੈ ਤਾਂ ਜੋ ਨੌਜਵਾਨ ਰੁਜ਼ਗਾਰ ਦੀ ਭਾਲ ਲਈ ਵਿਦੇਸ਼ ਜਾਣ ਦੀ ਬਜਾਏ ਆਪਣਾ 'ਕਾਰੋਬਾਰ' ਸ਼ੁਰੂ ਕਰ ਸਕਣ।

ਹਰਚੰਦ ਸਿੰਘ ਬਰਸਟ ਨੇ ਕਿਹਾ ਕਿ 1994 ਤੋਂ ਬਾਅਦ ਇਹ ਪਹਿਲੀ ਵਾਰ ਹੋ ਰਿਹਾ ਹੈ ਕਿ 'ਆਪ' ਸਰਕਾਰ ਨੇ ਆਪਣੇ ਇੱਕ ਸਾਲ ਦੇ ਕਾਰਜਕਾਲ 'ਚ ਨੌਜਵਾਨਾਂ ਨੂੰ ਸਾਰੇ ਵਿਭਾਗਾਂ ਵਿੱਚ ਰੈਗੂਲਰ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਪਿਛਲੇ ਇੱਕ ਸਾਲ ਵਿੱਚ 30 ਹਜ਼ਾਰ ਦੇ ਕਰੀਬ ਨੌਕਰੀਆਂ ਦਿੱਤੀਆਂ ਗਈਆਂ ਹਨ।

ਹਰਚੰਦ ਸਿੰਘ ਬਰਸਟ ਨੇ ਯੂਥ ਵੈਲਫੇਅਰ ਬੋਰਡ ਦੇ ਚੇਅਰਮੈਨ ਪਰਮਿੰਦਰ ਗੋਲਡੀ ਨੂੰ ਉਨ੍ਹਾਂ ਦੀ ਨਿਯੁਕਤੀ 'ਤੇ ਵਧਾਈ ਦਿੰਦੇ ਹੋਏ ਕਿਹਾ ਕਿ ਪਰਮਿੰਦਰ ਗੋਲਡੀ ਨੇ ਪਾਰਟੀ ਵਿਚ ਸਾਮਲ ਹੋਣ ਦੇ ਬਾਅਦ ਤੋਂ ਹੀ ਸਖਤ ਮਿਹਨਤ ਕਰਕੇ ਆਪਣੀ ਪਛਾਣ ਬਣਾਈ ਹੈ। ਇਸ ਮੌਕੇ ਪਰਮਿੰਦਰ ਗੋਲਡੀ ਨੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਤੋਂ ਲੋਕਾਂ ਨੂੰ ਜਾਣੂ ਕਰਵਾਉਣ ਲਈ ਆਉਣ ਵਾਲੇ ਦਿਨਾਂ ਵਿੱਚ ਜਿਲ੍ਹੇ ਵਿੱਚ ਯੂਥ ਰੈਲੀ ਕਰਨਗੇ। ਇਸ ਮੌਕੇ ਹੋਰਨਾਂ ਆਗੂਆਂ ਤੋਂ ਇਲਾਵਾ 'ਆਪ' ਦੀ ਸੂਬਾ ਸਕੱਤਰ ਰਾਜਵਿੰਦਰ ਕੌਰ ਥਿਆੜਾ, ਜਲੰਧਰ ਲੋਕ ਸਭਾ ਇੰਚਾਰਜ ਮੰਗਲ ਸਿੰਘ, ਸੰਦੀਪ ਸਿੰਘ ਮੀਤ ਪ੍ਰਧਾਨ ਯੂਥ ਵਿੰਗ ਜਲੰਧਰ, ਹਿੰਮਤ ਸੱਭਰਵਾਲ ਜਨਰਲ ਸਕੱਤਰ ਯੂਥ ਵਿੰਗ ਜਲੰਧਰ, ਡਾ: ਅਮਿਤ ਜਿਲ੍ਹਾ ਯੂਥ ਪ੍ਰਧਾਨ ਜਲੰਧਰ, ਅਮਿਤ ਢੱਲ, ਬੌਬੀ ਢੱਲ, ਹਰਚਰਨ ਸੰਧੂ, ਕਾਕੂ ਆਹਲੂਵਾਲੀਆ, ਲੱਕੀ ਓਬਰਾਏ, ਸੂਰਜ ਗਿੱਲ, ਦੀਪਕ ਸੰਧੂ, ਲੱਕੀ ਅਟਵਾਲ ਜੁਆਇੰਟ ਸਕੱਤਰ ਯੂਥ ਵਿੰਗ ਜਲੰਧਰ, ਗੁਰਪਾਲ ਸਿੰਘ ਜਿਲ੍ਹਾ ਯੂਥ ਜੁਆਇੰਟ ਸਕੱਤਰ, ਅੰਮ੍ਰਿਤਪਾਲ ਸਿੰਘ ਜਿਲ੍ਹਾ ਪ੍ਰਧਾਨ, ਸੁਭਾਸ ਸਰਮਾ ਜਿਲ੍ਹਾ ਸਕੱਤਰ ਆਦਿ ਵੀ ਹਾਜ਼ਰ ਸਨ।

# ਚੌਧਰੀ ਸਵਰਨਾ ਰਾਮ ਸਨ ਗਰੀਬਾਂ ਦੇ ਅਸਲੀ ਮਸੀਹਾ : ਸਾਹਨੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਪਿੰਡ ਸਾਹਨੀ ਦੇ ਸਰਪੰਚ ਰਾਮ ਪਾਲ ਮੱਟੂ ਸਾਹਨੀ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਾਬਕਾ ਮੰਤਰੀ ਪੰਜਾਬ ਚੌਧਰੀ ਸਵਰਨਾ ਰਾਮ ਦੇ ਦੇਹਾਂਤ ਦੀ ਖਬਰ ਨੇ ਲੋਕ ਮਨਾਂ ਨੂੰ ਬਹੁਤ ਗਹਿਰਾ ਸਦਮਾ ਪਹੁੰਚਾਇਆ ਹੈ। ਚੌਧਰੀ ਸਵਰਨਾ ਰਾਮ ਇੱਕ ਬਹੁਤ ਹੀ ਸਤਿਕਾਰ ਯੋਗ ਸਖਸ਼ੀਅਤ ਦੇ ਮਾਲਕ ਸਨ। ਉਹ ਇੱਕ ਪੜ੍ਹੇ-ਲਿਖੇ, ਸੁਲਝੇ ਹੋਏ, ਨਿਧੜਕ, ਜੁਮੇਵਾਰ, ਇਮਾਨਦਾਰ, ਮਿਲਣਸਾਰ ਸੁਭਾਅ ਦੇ ਮਾਲਕ ਸਨ। ਵੈਸੇ ਤਾਂ ਉਹ ਹਮੇਸ਼ਾਂ ਹੀ ਕਿਸੇ ਵੀ ਤਰ੍ਹਾਂ ਦੀ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਆਪਣੇ ਹਲਕੇ ਦੇ ਸਮੁੱਚੇ ਵਰਗਾਂ ਦੇ ਲੋਕਾਂ ਨਾਲ ਸਮਾਨਤਾ ਨਾਲ ਵਿਵਹਾਰ ਕਰਦੇ ਸਨ ਅਤੇ ਕਿਸੇ ਵੀ ਵਿਅਕਤੀ ਨਾਲ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਨੂੰ ਬਰਦਾਸਤ ਨਹੀਂ ਕਰਦੇ ਸਨ। ਪ੍ਰੰਤੂ ਦਲਿਤ ਭਾਈਚਾਰੇ ਦੇ ਲੋਕਾਂ ਨਾਲ ਧੱਕੇਸ਼ਾਹੀ ਨੂੰ ਉਹ ਬਹੁਤ ਹੀ ਗੰਭੀਰਤਾ ਨਾਲ ਲੈਂਦੇ ਸਨ ਅਤੇ ਦਲਿਤ ਲੋਕਾਂ ਨੂੰ ਇਨਸਾਫ ਦਿਵਾਉਣ ਲਈ ਉਹ ਹਮੇਸ਼ਾਂ ਹੀ ਕਿਸੇ ਵੀ ਤਰ੍ਹਾਂ ਦੇ ਸੰਘਰਸ਼, ਤਿਆਗ ਅਤੇ ਕੁਰਬਾਨੀ ਲਈ ਤਿਆਰ ਬਰ ਤਿਆਰ ਰਹਿੰਦੇ ਸਨ ਅਤੇ ਉਹਨਾਂ ਨੂੰ ਫਗਵਾੜਾ ਵਿਧਾਨ ਸਭਾ ਹਲਕੇ ਤੋਂ ਆਪਣੀ ਨੁਮਾਇੰਦਗੀ ਗੁਵਾ ਕੇ ਕੁਰਬਾਨੀ ਦੇਣੀ ਵੀ ਪਈ ਸੀ। ਉਹਨਾਂ ਦੇ ਦੇਹਾਂਤ ਨਾਲ ਇਕੱਲੇ ਚੌਧਰੀ ਪਰਵਾਰ ਨੂੰ ਹੀ ਨਹੀਂ ਸਗੋਂ ਸਮੁੱਚੇ ਵਿਧਾਨ ਸਭਾ ਹਲਕਾ ਫਗਵਾੜਾ ਦੇ ਵਾਸੀਆਂ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ। ਇਸ ਸਬੰਧੀ ਇੱਕ ਸੋਕ ਸਭਾ ਪਿੰਡ ਸਾਹਨੀ ਵਿਖੇ ਕੀਤੀ ਗਈ ਜਿਸ ਵਿੱਚ ਸਾਈਂ ਬਾਬਾ ਕਰਨੈਲ ਸਾਹ ਗੱਦੀ ਨਸ਼ੀਨ ਦਰਬਾਰ ਬਾਬਾ ਮੰਗੂ ਸ਼ਾਹ, ਸਰਪੰਚ ਰਾਮ ਪਾਲ ਮੱਟੂ ਸਾਹਨੀ, ਰਣਦੀਪ ਸਿੰਘ, ਰਣਜੀਤ ਸਿੰਘ, ਮੁਖਤਿਆਰ ਚੰਦ, ਮਲਕੀਤ ਸਿੰਘ ਸਰਬਨ ਸਿੰਘ,ਬੰਤ ਸਿੰਘ, ਕੁਲਦੀਪ ਕੁਮਾਰ,ਪੂਰਨ ਚੰਦ ਮਲਕਪੁਰ, ਚਮਨ ਲਾਲ ਮਲਕਪੁਰ,ਜੈਲ ਚੰਦ ਪ੍ਰੇਮਪੁਰ, ਸੁਖਜਿੰਦਰ ਕੌਰ, ਰੋਜੀ ਮੱਟੂ, ਨੀਨਾ ਰਾਣੀ, ਰਜਨੀ, ਨੀਲਮ, ਭਜਨੋ, ਪਰਮਜੀਤ ਕੌਰ ਸਮੇਤ ਹੋਰ ਪਿੰਡ ਵਾਸੀ ਹਾਜ਼ਰ ਹੋਏ।

## ਫਸਲਾਂ ਦੇ ਹੋਏ ਖ਼ਰਾਬੇ ਦਾ ਡਿਪਟੀ ਕਮਿਸ਼ਨਰ ਨੇ ਲਿਆ ਜਾਇਜ਼ਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪਿਛਲੇ ਕੁਝ ਦਿਨਾਂ ਤੋਂ ਹੋਈ ਬੇਮੌਸਮੀ ਬਰਸਾਤ ਕਾਰਨ ਫਸਲਾਂ ਦੇ ਹੋਏ ਖ਼ਰਾਬੇ ਸਬੰਧੀ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਪਿੰਡ ਭਟੋਲੀਆਂ, ਰੋੜਾਂ, ਫ਼ਾਂਬੜਾ ਆਦਿ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਫ਼ਸਲਾਂ ਦੇ ਹੋਏ ਖ਼ਰਾਬੇ ਦਾ ਮੁਆਇਨਾ ਕਰਦਿਆਂ ਕਿਹਾ ਕਿ ਬੇਮੌਸਮੀ ਬਰਸਾਤ ਕਾਰਨ ਜਿਨ੍ਹਾਂ ਕਿਸਾਨਾਂ ਦਾ ਖਰਾਬਾ ਹੋਇਆ ਹੈ, ਉਨ੍ਹਾਂ ਦੀ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਮੁਆਵਜ਼ੇ ਲਈ ਰਿਪੋਰਟ ਸਰਕਾਰ ਨੂੰ ਭੇਜੀ ਜਾਵੇਗੀ ਅਤੇ ਫਸਲਾਂ ਦੇ ਹੋਏ ਨੁਕਸਾਨ ਦੀ ਪ੍ਰਤੀਸ਼ਤਤਾ ਦੇ ਹਿਸਾਬ ਨਾਲ ਮੁਆਵਜਾ ਦਿੱਤਾ ਜਾਵੇਗਾ। ਇਸ ਦੌਰਾਨ ਐਸ.ਡੀ.ਐਮ. ਹੁਸ਼ਿਆਰਪੁਰ ਪ੍ਰੀਤ ਇੰਦਰ ਸਿੰਘ ਬੈਂਸ, ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਦੇਵ ਸਿੰਘ ਤੋਂ ਇਲਾਵਾ ਮਾਲ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਅਤੇ ਕਿਸਾਨ ਵੀ ਹਾਜ਼ਰ ਸਨ।

## ਭਲਕੇ ਬਿਜਲੀ ਬੰਦ ਰਹੇਗੀ

**ਫਿਲੌਰ (ਬੀ ਐੱਸ ਕੈਨੇਡੀ ਫਿਲੌਰ)** ਸਹਾਇਕ ਇੰਜ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ ਫਿਲੌਰ ਨੇ ਦੱਸਿਆ ਕਿ ਫਿਲੌਰ 11 ਕੇ ਵੀ ਲਾਈਨਾਂ ਦੀ ਜ਼ਰੂਰੀ ਮੁਰੰਮਤ ਲਈ ਕਰੀਮਕਾ ਫੀਡਰ, ਇੰਡ ਫੀਡਰ, ਪੀ ਟੀ ਸੀ ਫੀਡਰ, ਬੈਕਟਰ ਫੂਡ ਫੀਡਰ, ਕੋਰਟ ਕੰਪਲੈਸ ਫੀਡਰ ਬੰਦ ਰਹਿਣਗੇ। 8ਅਪੈਲ ਦਿਨ ਸ਼ਨੀਵਾਰ ਸਵੇਰੇ 10 ਵਜੇ ਤੋਂ ਸ਼ਾਮੀ 4 ਵਜੇ ਤੱਕ ਬੰਦ ਰਹਿਣਗੇ। ਬ੍ਰਹਮਪੁਰੀ। ਅਕਲਪੁਰ ਰੋਡ, ਲੱਕੀ ਕਲੋਨੀ, ਡੀ ਏ ਵੀ ਕਾਲਜ, ਜੀ ਟੀ ਰੋਡ ਦੇ ਦੋਨੋ ਪਾਸੇ ਤਲਵਨ ਰੋਡ ਪੁਲਸ ਕਿਲ੍ਹਾ, ਗੜ੍ਹਾ ਰੋਡ, ਨੂਰਮਹਿਲ ਰੋਡ ਫਿਲੌਰ ਤੋਂ ਗੋਰਾਇਆ ਸਿਵਲ ਹਸਪਤਾਲ ਮੁਹੱਲਾ ਚੌਧਰੀਆਂ ਦੀ ਬਿਜਲੀ ਬੰਦ ਰਹਿਗੀ।

## ਨੌਜਵਾਨ ਦਾ ਬੇਰਹਿਮੀ ਨਾਲ ਕਤਲ



**ਮਾਹਿਲਪੁਰ (ਸਫਰੀ)** ਥਾਣਾ ਗੜ੍ਹਸ਼ੰਕਰ ਅਧੀਨ ਪੈਂਦੇ ਇਲਾਕਾ ਬੀਤ ਦੇ ਪਿੰਡ ਡੱਲੇਵਾਲ ਦੇ ਨੌਜਵਾਨ ਰਜਿੰਦਰ ਕੁਮਾਰ ਉਰਫ਼ ਰਵੀ (23) ਪੁੱਤਰ ਨਸੀਬ ਚੰਦ ਦਾ ਪਿੰਡ ਮੈਹਿੰਦਵਾਨੀ ਨਾਲ ਲੱਗਦੇ ਹਿਮਾਚਲ ਪ੍ਰਦੇਸ਼ ਦੇ ਪਿੰਡ ਗੋਂਦਪੁਰ ਜੈ ਚੰਦ ਤਹਿਸੀਲ ਹਰੋਲੀ ਦੇ ਜੰਗਲ ਵਿੱਚ ਬੜੀ ਬੇਰਹਿਮੀ ਨਾਲ ਕਤਲ ਹੋਣ ਦਾ ਸਮਾਚਾਰ ਹੈ। ਮ੍ਰਿਤਕ ਦੋ ਭੈਣਾਂ ਦਾ ਇਕਲੌਤਾ ਭਰਾ ਸੀ ਅਤੇ ਮ੍ਰਿਤਕ ਦੇ ਪਿਤਾ ਦੀ ਵੀਹ ਸਾਲ ਪਹਿਲਾਂ ਮੌਤ ਹੋ ਚੁੱਕੀ ਹੈ। ਮ੍ਰਿਤਕ ਦੀਆਂ ਦੋਵੇਂ ਵੱਡੀਆਂ ਭੈਣਾਂ ਅਤੇ ਮਾਤਾ ਦਾ ਰੋ ਰੋ ਕੇ ਬੁਰਾ ਹਾਲ ਹੈ ਦਿਨੋ ਦਿਨੇ ਇਸ ਤਰ੍ਹਾਂ ਦੀਆਂ ਵਾਰਦਾਤਾਂ ਵੱਧਣ ਕਾਰਨ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।


## ਜਨਮ ਦਿਨ ਮੁਬਾਰਕ



ਸਾਹਿਬ ਰੰਧਾਵਾ

## ਵਰ੍ਹੇਗੰਢ ਮੁਬਾਰਕ



ਕਾਮਰੇਡ ਹਰਦਿਆਲ ਸਿੰਘ ਘੁਮਾਣ ਅਤੇ ਬੀਬੀ ਜਸਪਾਲ ਕੌਰ ਦੀ ਵਰ੍ਹੇਗੰਢ ਦੀਆਂ ਲੱਖ-ਲੱਖ ਮੁਬਾਰਕਾਂ।


# ਕੁੱਲ ਹਿੰਦ ਕਿਸਾਨ ਸਭਾ ਨੇ ਫੌਰੀ ਤੌਰ 'ਤੇ ਗਿਰਦਾਵਰੀਆਂ ਕਰਵਾਉਣ ਦੀ ਕੀਤੀ ਮੰਗ



**ਸ੍ਰੀ ਅਨੰਦਪੁਰ ਸਾਹਿਬ (ਸੁਰਜੀਤ ਢੇਰ)**- ਬੇਮੌਸਮੇ ਮੀਂਹ ਝੱਖੜ ਨਾਲ ਇਲਾਕੇ ਵਿੱਚ ਹਾੜੀ ਦੀਆਂ ਫਸਲਾਂ ਬਿਲਕੁੱਲ ਤਬਾਹ ਹੋ ਗਈਆ ਹਨ। ਭਾਵੇਂ ਪੰਜਾਬ ਸਰਕਾਰ ਨੇ ਗਿਰਦਾਵਰੀਆਂ ਕਰਕੇ ਵਿਸਾਖੀ ਵਾਲੇ ਦਿਨ ਮੁਆਵਜਾ ਦੇਣ ਦਾ ਐਲਾਨ ਕੀਤਾ ਹੈ। ਪਰ ਇਹ ਐਲਾਨ ਹਵਾ ਵਿੱਚ ਹੀ ਜਾਪ ਰਹੇ ਹਨ। ਹੁਣ ਤੱਕ ਇਲਾਕੇ ਵਿੱਚ ਕਿਸੇ ਵੀ ਪਿੰਡ ਦੀ ਗਿਰਦਾਵਰੀ ਮੁਕੰਮਲ ਨਹੀਂ ਹੋਈ ਹੈ। ਦੂਜੇ ਪਾਸੇ ਕਣਕ ਤੇ ਸਰੋਂ ਦੀ ਵਾਢੀ ਸੂਰੁ ਹੋ ਗਈ ਹੈ। ਅੱਜ ਕੁੱਲ ਹਿੰਦ ਕਿਸਾਨ ਸਭਾ ਦੇ ਜਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਢੇਰ, ਤਹਿਸੀਲ ਪ੍ਰਧਾਨ ਇੰਦਰਜੀਤ ਸਿੰਘ ਫੌਜੀ, ਕੁਲਵਿੰਦਰ ਸਿੰਘ ਭੰਗਲ, ਗੁਰਦਿਆਲ ਸਿੰਘ ਅਟਵਾਲ, ਖੁਸ਼ਹਾਲ ਸਿੰਘ ਭੰਗਲ, ਗੁਰਚਰਨ ਸਿੰਘ ਕੂਨਰ ਨੇ ਦੱਸਿਆ ਕਿ ਫਸਲਾਂ ਦਾ ਬਹੁਤ ਨੁਕਸਾਨ ਹੋਇਆ ਹੈ। ਸਰਕਾਰ ਨੂੰ ਫੌਰੀ ਤੌਰ 'ਤੇ ਗਿਰਦਾਵਰੀਆਂ ਕਰਵਾਉਣੀਆਂ ਚਾਹੀਦੀਆਂ ਹਨ। ਪਰ ਪਟਵਾਰੀਆਂ ਦੀ ਘਾਟ ਕਾਰਨ ਸਰਕਾਰੀ ਹੁਕਮਾਂ ਤੇ ਪਾਲਣਾ ਨਹੀਂ ਹੋ ਸਕਦੀ ਹੈ। ਕਿਸਾਨ ਨੂੰ 50,000 ਹਜਾਰ ਰੁਪਏ ਪ੍ਰਤੀ ਏਕੜ ਮੁਆਵਜਾ ਦਿੱਤਾ ਜਾਵੇ। ਇਹ ਮੁਆਵਜਾ ਇੱਕ ਏਕੜ ਨੂੰ ਇਕਾਈ ਮੰਨ ਕੇ ਦਿੱਤਾ ਜਾਵੇ। ਕਿਸਾਨ ਆਗੂਆਂ ਨੇ ਪੰਜਾਬ ਸਰਕਾਰ, ਜਿਲ੍ਹਾ ਪ੍ਰਸ਼ਾਸਨ ਕੋਲੋਂ ਜੋਰਦਾਰ ਮੰਗ ਕੀਤੀ ਕਿ ਛੇਤੀ ਤੋਂ ਛੇਤੀ ਗਿਰਦਾਵਰੀਆਂ ਕਰਵਾਈਆਂ ਜਾਣ। ਕਿਸਾਨਾਂ ਨੂੰ ਢੁਕਵਾਂ ਮੁਆਵਜਾ ਦਿੱਤਾ ਜਾਵੇ, ਕਰਜ਼ਿਆਂ ਦੀ ਉਗਰਾਹੀ ਅਗਲੇ ਸਾਲ ਤੱਕ ਨਾ ਕੀਤੀ ਜਾਵੇ, ਵਿਆਜ ਮੁਆਫ ਕੀਤਾ ਜਾਵੇ। ਜੇਕਰ ਪ੍ਰਸ਼ਾਸਨ ਨੇ ਗਿਰਦਾਵਰੀਆਂ ਨਾ ਕੀਤੀਆਂ ਤਾਂ ਤਹਿਸੀਲਦਾਰ ਦਫਤਰ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਕਸਤੂਰ ਸਿੰਘ, ਬਲਵਿੰਦਰ ਸਿੰਘ ਅਟਵਾਲ,ਦਿਦਾਰ ਸਿੰਘ ਸੰਧੂ ਵੀ ਹਾਜ਼ਰ ਸਨ।

# ਐੱਲ ਪੀ ਯੂ ਕੈਂਪਸ 'ਚ ਵਿਸ਼ਵ ਸੱਭਿਆਚਾਰਕ ਵਿਭਿੰਨਤਾ ਦਾ ਜਸ਼ਨ




**ਜਲੰਧਰ (ਸ਼ੈਲੀ ਐਲਬਰਟ)**-ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਆਪਣੇ ਕੈਂਪਸ 'ਚ 72 ਘੰਟੇ ਲੰਬੀ ਗਲੋਬਲ ਸੱਭਿਆਚਾਰਕ ਵਿਭਿੰਨਤਾ ਦਾ ਜਸ਼ਨ ਮਨਾ ਰਹੀ ਹੈ। 50 ਤੋਂ ਵੱਧ ਦੇਸ਼ਾਂ ਨਾਲ ਸਬੰਧਤ ਹਜ਼ਾਰਾਂ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਨਾਲ ਲਗਭਗ 25 ਭਾਰਤੀ ਯੂਨੀਵਰਸਿਟੀਆਂ ਵੱਖ-ਵੱਖ ਦੇਸ਼ਾਂ ਦੇ ਵਿਲੱਖਣ ਸੱਭਿਆਚਾਰ ਨੂੰ ਪ੍ਰਦਰਸ਼ਿਤ ਕਰਨ ਲਈ ਹਿੱਸਾ ਲੈ ਰਹੀਆਂ ਹਨ। ਇਸੇ ਉਦੇਸ਼ ਦੁਨੀਆ ਦੇ ਇੱਕ ਪਰਵਾਰ ਹੋਣ ਦੇ ਵਿਚਾਰ ਨੂੰ ਉਤਸ਼ਾਹਿਤ ਕਰਨਾ ਹੈ।ਇਸ ਤਿਉਹਾਰ ਨੂੰ 4 ਕਿਲੋਮੀਟਰ ਲੰਬੇ ਜਲੂਸ ਦੇ ਨਾਲ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਬਾਅਦ ਵਿੱਚ, ਐਲਪੀਯੂ ਦੇ ਸ਼ਾਂਤੀ ਦੇਵੀ ਮਿੱਤਲ ਆਡੀਟੋਰੀਅਮ ਵਿੱਚ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਵਿਸ਼ਾਲ ਇਕੱਠ ਨੂੰ ਅੰਤਰਰਾਸ਼ਟਰੀ ਕੂਟਨੀਟੀ ਦੇ ਸਿਖਰਲੇ ਮੈਂਬਰਾਂ, ਰਾਸ਼ਟਰੀ ਅਤੇ ਸਿੱਖਿਆ ਖੇਤਰ ਦੇ ਨੇਤਾਵਾਂ ਦੁਆਰਾ ਸੰਬੋਧਿਤ ਵੀ ਕੀਤਾ ਗਿਆ । ।ਐੱਲ.ਪੀ.ਯੂ ਦੇ ਚਾਂਸਲਰ ਡਾ: ਅਸ਼ੋਕ ਕੁਮਾਰ ਮਿੱਤਲ ਦੀ ਪ੍ਰਧਾਨਗੀ ਹੇਠ ਹੋਏ ਉਦਘਾਟਨੀ ਦਿਨ ਦੀ ਮੁਖ ਮੇਹਮਾਨ, ਐਸੋਸੀਏਸ਼ਨ ਆਫ਼ ਇੰਡੀਅਨ ਯੂਨੀਵਰਸਿਟੀਜ਼ (ਏ.ਆਈ.ਯੂ.) ਦੀ ਸਕੱਤਰ ਜਨਰਲ ਡਾ.(ਸ਼੍ਰੀਮਤੀ) ਪੰਕਜ ਮਿੱਤਲ ਸਨ। ਪ੍ਰੋ ਚਾਂਸਲਰ ਰਸ਼ਮੀ ਮਿੱਤਲ ਅਤੇ ਏ ਆਈ ਯੂ ਦੇ ਸੰਯੁਕਤ ਸਕੱਤਰ (ਯੁਵਾ ਮਾਮਲੇ ਅਤੇ ਖੇਡਾਂ) ਡਾ. ਬਲਜੀਤ ਸਿੰਘ ਸੇਖੋਂ ਨੇ ਵੀ ਉਦਘਾਟਨੀ ਸਮਾਰੋਹਾਂ ਦੀ ਸ਼ੋਭਾ ਵਧਾਈ।